ਸ਼ੁੱਕਰਵਾਰ, 4 ਅਕਤੂਬਰ, 2024

19 ਅੱਸੂ { ਨਾਨਕਸ਼ਾਹੀ 556 / ਬਿਕਰਮੀ 2081

ਜਿਲਦ/VOL. : 73

ਅੰਕ/NO. : 124

# ਨਵਾਂ ਜ਼ਮਾਨਾ

DAILY NAWAN ZAMANA • FRIDAY, 4 OCTOBER, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


# ਸੁਪਰੀਮ ਕੋਰਟ ਨੇ ਜੱਗੀ ਦਾ ਕੇਸ ਆਪਣੇ ਹੱਥ 'ਚ ਲਿਆ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਵੀਰਵਾਰ ਜੱਗੀ ਵਾਸੂਦੇਵ ਦੀ ਈਸ਼ਾ ਫਾਊਂਡੇਸ਼ਨ ਨੂੰ ਰਾਹਤ ਦਿੰਦੇ ਹੋਏ ਤਾਮਿਲਨਾਡੂ ਪੁਲਸ ਨੂੰ ਨਿਰਦੇਸ਼ ਦਿੱਤਾ ਕਿ ਉਹ ਮਦਰਾਸ ਹਾਈ ਕੋਰਟ ਦੇ ਉਸ ਹੁਕਮ ਦੀ ਪਾਲਣਾ 'ਚ ਅਗਲੇਰੀ ਕਾਰਵਾਈ ਨਾ ਕਰੇ, ਜਿਸ 'ਚ ਆਸ਼ਰਮ 'ਚ ਦੋ ਮਹਿਲਾਵਾਂ ਨੂੰ ਕਥਿਤ ਤੌਰ 'ਤੇ ਗੈਰਕਾਨੂੰਨੀ ਤੌਰ 'ਤੇ ਬੰਦੀ ਬਣਾਉਣ ਦੀ ਜਾਂਚ ਕਰਨ ਲਈ ਕਿਹਾ ਸੀ। ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਜੇ ਬੀ ਪਾਰਦੀਵਾਲਾ ਤੇ ਜਸਟਿਸ ਮਨੋਜ ਮਿਸ਼ਰਾ 'ਤੇ ਅਧਾਰਤ ਤਿੰਨ ਮੈਂਬਰੀ ਬੈਂਚ ਨੇ ਕਿਹਾ—ਤੁਸੀਂ ਇਸ ਵਰਗੇ ਅਦਾਰੇ ਵਿਚ ਫੌਜ ਜਾਂ ਪੁਲਸ ਨਹੀਂ ਘੱਲ ਸਕਦੇ।

ਤਾਂ ਵੀ, ਬੈਂਚ ਨੇ ਕਿਹਾ ਕਿ ਕੋਇੰਬਟੂਰ ਦਿਹਾਤੀ ਪੁਲਸ ਦੋਸ਼ਾਂ ਦੀ ਜਾਂਚ ਕਰ ਸਕਦੀ ਹੈ, ਪਰ ਉਹ ਆਪਣੀ ਰਿਪੋਰਟ ਸੁਪਰੀਮ ਕੋਰਟ ਨੂੰ ਸੌਂਪੇਗੀ। ਅਗਲੀ ਸੁਣਵਾਈ 18 ਅਕਤੂਬਰ ਨੂੰ ਹੋਵੇਗੀ। ਸੁਪਰੀਮ ਕੋਰਟ ਨੇ ਹਾਈਕੋਰਟ 'ਚ ਸਾਬਕਾ ਪ੍ਰੋਫੈਸਰ ਡਾ. ਕਾਮਰਾਜ ਵੱਲੋਂ ਦਾਇਰ ਹੈਬੀਅਸ ਕਾਰਪਸ ਪਟੀਸ਼ਨ (ਨਾਜਾਇਜ਼ ਨਜ਼ਰਬੰਦੀ ਦੀ ਪੜਤਾਲ ਲਈ) ਨੂੰ ਆਪਣੇ ਕੋਲ ਤਬਦੀਲ ਕਰਦਿਆਂ ਇਹ ਹੁਕਮ ਸੁਣਾਏ। ਪ੍ਰੋਫੈਸਰ ਨੇ ਦੋਸ਼ ਲਗਾਇਆ ਸੀ ਕਿ ਉਸ ਦੀਆਂ ਦੋ ਧੀਆਂ ਨੂੰ ਈਸ਼ਾ ਫਾਊਂਡੇਸ਼ਨ ਦੇ ਅਹਾਤੇ 'ਚ ਬੰਦੀ ਬਣਾ



ਕੇ ਰੱਖਿਆ ਗਿਆ ਹੈ। ਈਸ਼ਾ ਫਾਊਂਡੇਸ਼ਨ ਦੇ ਵਕੀਲ ਮੁਕੁਲ ਰੋਹਤਗੀ ਨੇ ਮਾਮਲੇ 'ਤੇ ਸੁਣਵਾਈ ਤੁਰੰਤ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਹਾਲਾਂਕਿ ਦੋਨੋਂ ਧੀਆਂ (42 ਤੇ 39 ਸਾਲ ਦੀਆਂ) ਨੇ ਕਿਹਾ ਹੈ ਕਿ ਉਹ ਮਰਜ਼ੀ ਨਾਲ ਈਸ਼ਾ ਫਾਊਂਡੇਸ਼ਨ ਦੇ ਆਸ਼ਰਮ ਵਿਚ ਰਹਿ ਰਹੀਆਂ ਹਨ, ਮਦਰਾਸ ਹਾਈ ਕੋਰਟ ਕੋਈ ਹੁਕਮ ਪਾਸ ਕਰ ਸਕਦੀ ਹੈ। ਦੋਹਾਂ ਦੀ ਮਾਂ ਵੱਲੋਂ ਅੱਠ ਸਾਲ ਪਹਿਲਾਂ ਦਾਇਰ ਕੀਤੀ ਗਈ ਇਸ ਤਰ੍ਹਾਂ ਦੀ ਪਟੀਸ਼ਨ ਨੂੰ ਰੱਦ ਕਰ ਦਿੱਤਾ ਗਿਆ ਸੀ। ਰੋਹਤਗੀ ਨੇ ਇਹ ਕਹਿੰਦਿਆਂ ਕਿ ਸੈਂਕੜੇ ਪੁਲਸ ਵਾਲਿਆਂ ਨੇ ਆਸ਼ਰਮ ਵਿਚ ਛਾਪਾ ਮਾਰ ਕੇ ਹਰ ਖੂੰਜੇ ਦੀ ਤਲਾਸ਼ੀ ਲਈ ਹੈ, ਸੁਪਰੀਮ ਕੋਰਟ ਹਾਈ ਕੋਰਟ ਦੇ ਹੁਕਮ 'ਤੇ ਰੋਕ ਲਾਏ। ਇਹ ਧਾਰਮਿਕ ਆਜ਼ਾਦੀ ਦੇ ਮਾਮਲੇ ਹਨ। ਇਹ ਬਹੁਤ ਗੰਭੀਰ ਕੇਸ ਹੈ। ਇਹ ਈਸ਼ਾ ਫਾਊਂਡੇਸ਼ਨ ਦਾ ਮਾਮਲਾ ਹੈ, ਜਿਸ ਦੇ ਸਦਗੁਰੂ ਦੀ ਬਹੁਤ ਮਾਨਤਾ ਹੈ ਤੇ ਜਿਸ ਦੇ ਲੱਖਾਂ ਪੈਰੋਕਾਰ ਹਨ। ਹਾਈ ਕੋਰਟ ਜ਼ੁਬਾਨੀ ਦਾਅਵਿਆਂ 'ਤੇ ਜਾਂਚ ਦੇ ਹੁਕਮ ਨਹੀਂ ਦੇ ਸਕਦੀ। ਕੇਂਦਰ ਵੱਲੋਂ ਪੇਸ਼ ਹੋਏ ਸਾਲੀਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਈਸ਼ਾ ਫਾਊਂਡੇਸ਼ਨ ਦੀ ਪਟੀਸ਼ਨ ਦੀ ਹਮਾਇਤ ਕੀਤੀ। ਮਹਿਤਾ ਨੇ ਕਿਹਾ—ਹਾਈ ਕੋਰਟ ਨੂੰ ਬਹੁਤ ਸਾਵਧਾਨੀ ਵਰਤਣੀ ਚਾਹੀਦੀ ਸੀ। ਇਸ 'ਤੇ ਤੁਹਾਨੂੰ ਧਿਆਨ ਦੇਣਾ ਪੈਣਾ।

ਬੈਂਚ ਨੇ ਡਾ. ਕਾਮਰਾਜ ਦੀਆਂ ਦੋਹਾਂ ਧੀਆਂ ਨਾਲ ਵਰਚੁਅਲੀ ਗੱਲਬਾਤ ਕੀਤੀ। ਡਾ. ਕਾਮਰਾਜ ਨੇ ਮਦਰਾਸ ਹਾਈਕੋਰਟ ਨੂੰ ਅਪੀਲ ਕੀਤੀ ਸੀ ਕਿ ਉਹ ਤਾਮਿਲਨਾਡੂ ਪੁਲਸ ਨੂੰ ਉਸ ਦੀਆਂ ਧੀਆਂ ਪੇਸ਼ ਕਰਨ ਦਾ ਨਿਰਦੇਸ਼ ਦੇਵੇ। ਸੁਪਰੀਮ ਕੋਰਟ ਨੇ ਡਾ. ਕਾਮਰਾਜ ਦੀਆਂ ਧੀਆਂ ਨਾਲ ਗੱਲਬਾਤ ਤੋਂ ਬਾਅਦ ਨੋਟ ਕੀਤਾ ਕਿ ਉਹ ਮਰਜ਼ੀ ਨਾਲ ਆਸ਼ਰਮ ਵਿਚ ਹਨ। ਇਕ ਨੇ ਕਿਹਾ ਕਿ ਉਸ ਨੂੰ ਪਿਤਾ ਤੰਗ ਕਰ ਰਿਹਾ ਹੈ ਤੇ ਦੂਜੀ ਨੇ ਕਿਹਾ ਕਿ ਉਸ ਨੇ ਹਾਲ ਹੀ ਵਿਚ 10 ਕਿਲੋਮੀਟਰ ਦੀ ਮੈਰਾਥਨ ਦੌੜ ਵਿਚ ਹਿੱਸਾ ਲਿਆ। ਮਦਰਾਸ ਹਾਈ ਕੋਰਟ ਨੇ 30 ਸਤੰਬਰ ਨੂੰ ਪੁਲਸ ਨੂੰ ਹੁਕਮ ਦਿੱਤਾ ਸੀ ਕਿ ਉਹ ਸੰਸਥਾ ਦੇ ਇੱਕ ਡਾਕਟਰ ਖਿਲਾਫ ਬਾਲਾਂ ਨੂੰ ਜਿਨਸੀ ਸ਼ੋਸ਼ਣ ਤੋਂ ਬਚਾਉਣ ਦੇ ਐਕਟ (ਪੋਕਸੋ) ਤਹਿਤ ਦਰਜ ਕੇਸ ਅਤੇ ਆਸ਼ਰਮ ਵਿਚ ਲੋਕਾਂ ਨੂੰ ਬੰਦੀ ਬਣਾ ਕੇ ਰੱਖਣ ਦੇ ਦੋਸ਼ਾਂ ਦੀ ਜਾਂਚ ਕਰੇ।

ਡਾ. ਕਾਮਰਾਜ ਤਾਮਿਲਨਾਡੂ ਐਗਰੀਕਲਚਰਲ ਯੂਨੀਵਰਸਿਟੀ, ਕੋਇੰਬਟੂਰ ਤੋਂ ਰਿਟਾਇਰ ਹਨ ਤੇ ਉਨ੍ਹਾ ਦੀਆਂ ਦੋਨੋਂ ਧੀਆਂ ਇੰਜੀਨੀਅਰਿੰਗ ਵਿਚ ਮਾਸਟਰ ਹਨ। ਡਾ. ਕਾਮਰਾਜ ਦਾ ਦੋਸ਼ ਹੈ ਕਿ ਈਸ਼ਾ ਫਾਊਂਡੇਸ਼ਨ ਨੇ ਉਨ੍ਹਾਂ ਦਾ ਬ੍ਰੇਨਵਾਸ਼ ਕਰਕੇ ਸੰਨਿਆਸਣਾਂ ਬਣਾ ਦਿੱਤਾ ਹੈ ਅਤੇ ਉਨ੍ਹਾਂ ਨੂੰ ਮਾਪਿਆਂ ਤੇ ਰਿਸ਼ਤੇਦਾਰਾਂ ਨੂੰ ਮਿਲਣ ਨਹੀਂ ਦਿੱਤਾ ਜਾ ਰਿਹਾ। ਸੁਣਵਾਈ ਦੇ ਅਖੀਰ ਵਿਚ ਤਾਮਿਲਨਾਡੂ ਸਰਕਾਰ ਦੇ ਵਕੀਲ ਸਿਧਾਰਥ ਲੂਥਰਾ ਨੇ ਈਸ਼ਾ ਫਾਊਂਡੇਸ਼ਨ ਦੇ ਇਸ ਦੋਸ਼ ਦਾ ਖੰਡਨ ਕੀਤਾ ਕਿ ਪੁਲਸ ਆਸ਼ਰਮ ਵਿਚਲੇ ਬੰਦਿਆਂ ਨੂੰ ਲਿਖਤੀ ਸ਼ਿਕਾਇਤਾਂ ਦੇਣ ਲਈ ਮਜਬੂਰ ਕਰ ਰਹੀ ਹੈ। ਲੂਥਰਾ ਨੇ ਕਿਹਾ ਕਿ ਆਸ਼ਰਮ ਵਿਚ ਗਈ ਪੁਲਸ ਟੀਮ ਨਾਲ ਸਿਹਤ ਵਿਭਾਗ ਦੇ ਅਧਿਕਾਰੀ ਅਤੇ ਬਾਲ ਭਲਾਈ ਕਮੇਟੀ ਦੇ ਮੈਂਬਰ ਵੀ ਸਨ। ਮਦਰਾਸ ਹਾਈ ਕੋਰਟ ਨੇ ਆਪਣੀ ਸੁਣਵਾਈ ਦੌਰਾਨ ਕਿਹਾ ਸੀ ਕਿ ਜਿਸ ਵਿਅਕਤੀ (ਸਦਗੁਰੂ ਜੱਗੀ) ਨੇ ਆਪਣੀ ਧੀ ਚੰਗੇ ਘਰ ਵਿਆਹ ਦਿੱਤੀ, ਉਹ ਹੋਰਨਾਂ ਦੀਆਂ ਧੀਆਂ ਦੇ ਮੁੰਡਨ ਕਰਵਾ ਕੇ ਉਨ੍ਹਾਂ ਨੂੰ ਸੰਨਿਆਸਣਾਂ ਕਿਉਂ ਬਣਾ ਰਿਹਾ ਹੈ। ਇਸ ਕਰਕੇ ਮਾਮਲਾ ਸ਼ੱਕੀ ਲਗਦਾ ਹੈ।

# ਅਸ਼ੋਕ ਤੰਵਰ ਮੋੜ-ਘੋੜ ਕੇ ਕਾਂਗਰਸ 'ਚ

**ਮਹਿੰਦਰਗੜ੍ਹ** : ਸਾਬਕਾ ਸਾਂਸਦ ਅਸ਼ੋਕ ਤੰਵਰ ਨੇ ਵੀਰਵਾਰ ਕਾਂਗਰਸ ਵਿਚ ਵਾਪਸੀ ਕਰ ਲਈ। ਉਸ ਨੇ ਪਿਛਲੀਆਂ ਲੋਕ ਸਭਾ ਚੋਣਾਂ ਵਿਚ ਸਿਰਸਾ (ਰਿਜ਼ਰਵ) ਸੀਟ ਭਾਜਪਾ ਉਮੀਦਵਾਰ ਵਜੋਂ ਲੜੀ ਸੀ ਤੇ ਕੁਮਾਰੀ ਸ਼ੈਲਜਾ ਤੋਂ ਹਾਰ ਗਿਆ ਸੀ। ਉਸ ਦੀ ਮਹਿੰਦਰਗੜ੍ਹ ਜ਼ਿਲ੍ਹੇ ਦੇ ਪਿੰਡ ਭਵਾਨੀਆ ਵਿਚ ਰੈਲੀ ਦੌਰਾਨ ਰਾਹੁਲ ਗਾਂਧੀ ਤੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਹੁੱਡਾ ਨੇ ਵਾਪਸੀ ਕਰਵਾਈ।

ਤੰਵਰ 20 ਜਨਵਰੀ ਨੂੰ ਭਾਜਪਾ ਦੇ ਕੌਮੀ ਪ੍ਰਧਾਨ ਜੇ ਪੀ ਨੱਢਾ ਤੇ ਵੇਲੇ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਦੀ ਮੌਜੂਦਗੀ ਵਿਚ ਭਾਜਪਾ ਵਿਚ ਸ਼ਾਮਲ ਹੋਇਆ ਸੀ। ਉਦੋਂ ਖੱਟਰ ਨੇ ਉਸ ਨੂੰ ਭਾਣਜਾ ਦੱਸਿਆ ਸੀ। ਤੰਵਰ ਨੇ ਆਪਣੇ ਸਿਆਸੀ ਕੈਰੀਅਰ ਦੀ ਸ਼ੁਰੂਆਤ 17 ਸਾਲ ਦੀ ਉਮਰ ਵਿਚ 1993 'ਚ ਕਾਂਗਰਸ ਤੋਂ ਕੀਤੀ ਸੀ। ਉਹ 2003 ਵਿਚ ਐੱਨ ਐੱਸ ਯੂ ਆਈ ਦਾ ਪ੍ਰਧਾਨ ਬਣਿਆ ਤੇ 2005 ਵਿਚ ਯੂਥ ਕਾਂਗਰਸ ਦਾ ਕੁਲ ਹਿੰਦ ਪ੍ਰਧਾਨ ਬਣਿਆ। ਉਸ ਨੇ ਯੂਥ ਕਾਂਗਰਸ ਵਿਚ ਰਾਹੁਲ ਨਾਲ ਮਿਲ ਕੇ ਕੰਮ ਕੀਤਾ। ਫਰਵਰੀ 2014 ਵਿਚ ਰਾਹੁਲ ਨੇ ਉਸ ਨੂੰ ਹਰਿਆਣਾ ਕਾਂਗਰਸ ਦਾ ਪ੍ਰਧਾਨ ਬਣਾਇਆ। ਤੰਵਰ ਦੀ ਹੁੱਡਾ ਨਾਲ ਕਦੇ ਨਹੀਂ ਬਣੀ, ਜਿਸ ਕਰਕੇ ਉਸ ਨੇ 2019 ਵਿਚ ਕਾਂਗਰਸ ਛੱਡ ਦਿੱਤੀ ਤੇ 2022 ਵਿਚ ਆਪ 'ਚ ਸ਼ਾਮਲ ਹੋ ਗਿਆ। ਇਸ ਦਰਮਿਆਨ ਉਸ ਨੇ ਆਪਣੀ ਪਾਰਟੀ ਵੀ ਬਣਾਈ ਤੇ ਤ੍ਰਿਣਮੂਲ ਕਾਂਗਰਸ ਵੀ ਜੁਆਇਨ ਕੀਤੀ। ਤੰਵਰ ਨੇ ਭਾਜਪਾ ਵਿਚ ਸ਼ਾਮਲ ਹੋਣ ਵੇਲੇ ਕਿਹਾ ਸੀ ਕਿ ਮੋਦੀ ਦੀ ਅਗਵਾਈ ਵਿਚ ਦੇਸ਼ ਬਦਲ ਰਿਹਾ ਹੈ। ਦਿਲਚਸਪ ਗੱਲ ਹੈ ਕਿ ਕਾਂਗਰਸ ਵਿਚ ਸ਼ਾਮਲ ਹੋਣ ਤੋਂ ਕੁਝ ਘੰਟੇ ਪਹਿਲਾਂ ਤੰਵਰ ਜੀਂਦ ਜ਼ਿਲ੍ਹੇ ਦੇ ਸਫੀਦੋਂ ਵਿਚ ਭਾਜਪਾ ਉਮੀਦਵਾਰ ਦੇ ਹੱਕ ਵਿਚ ਪ੍ਰਚਾਰ ਕਰ ਰਿਹਾ ਸੀ। ਜਦੋਂ ਰਾਹੁਲ ਆਪਣੀ ਤਕਰੀਰ ਸਮੇਟ ਰਹੇ ਸਨ



ਤਾਂ ਸਟੇਜ ਤੋਂ ਐਲਾਨ ਹੋਇਆ ਕਿ ਦਰਸ਼ਕ ਕੁਝ ਮਿੰਟ ਹੋਰ ਬੈਠਣ। ਇਸੇ ਦਰਮਿਆਨ ਤੰਵਰ ਦੀ ਸਟੇਜ 'ਤੇ ਐਂਟਰੀ ਹੋਈ ਤੇ ਉਸ ਦੀ ਘਰ ਵਾਪਸੀ ਦਾ ਐਲਾਨ ਕਰ ਦਿੱਤਾ ਗਿਆ।

ਤੰਵਰ ਨੇ ਕਿਹਾ—ਪੰਜ ਸਾਲ ਪਹਿਲਾਂ ਅੱਜ ਦੇ ਦਿਨ ਹੀ ਮੈਂ ਕਾਂਗਰਸ ਛੱਡੀ ਸੀ। ਕਾਂਗਰਸ ਛੱਡਣ ਦੇ ਬਾਵਜੂਦ ਮੈਂ ਇਸ ਦੇ ਕਈ ਆਗੂਆਂ ਦੇ ਸੰਪਰਕ ਵਿਚ ਰਿਹਾ। ਹੁਣ ਪਿਛਲੀਆਂ ਗੱਲਾਂ ਛੱਡੋ। ਹੁਣ ਮੈਂ ਤੇ ਕਾਂਗਰਸ ਹਰਿਆਣਾ ਨੂੰ ਨੰਬਰ ਇਕ ਬਣਾਉਣ ਲਈ ਜ਼ੋਰ ਲਾਵਾਂਗੇ।

ਕਾਂਗਰਸੀ ਸੂਤਰਾਂ ਦਾ ਕਹਿਣਾ ਹੈ ਕਿ ਸੂਬਾਈ ਆਗੂਆਂ ਨੂੰ ਨਹੀਂ ਪਤਾ ਸੀ, ਪਰ ਤੰਵਰ ਰਾਹੁਲ ਗਾਂਧੀ ਦੇ ਸੰਪਰਕ ਵਿਚ ਹਮੇਸ਼ਾ ਰਿਹਾ। ਤੰਵਰ ਦਾ ਵਿਆਹ ਅਵਾਂਤਿਕਾ ਨਾਲ ਹੋਇਆ ਸੀ। ਉਸ ਦੀ ਮਾਤਾ ਗੀਤਾਂਜਲੀ ਤੇ ਪਿਤਾ ਲਲਿਤ ਮਾਕਨ ਨੂੰ ਦਹਿਸ਼ਤਗਰਦਾਂ ਨੇ ਦਿੱਲੀ ਵਿਚ 1985 'ਚ ਮਾਰ ਦਿੱਤਾ ਸੀ। ਗਾਂਧੀ ਪਰਵਾਰ ਨੇ ਹੀ ਬਚਪਨ ਵਿਚ ਅਵਾਂਤਿਕਾ ਨੂੰ ਸੰਭਾਲਿਆ।

ਹਰਿਆਣਾ ਅਸੰਬਲੀ ਲਈ ਚੋਣ ਪ੍ਰਚਾਰ ਦਾ ਰੌਲਾ-ਗੌਲਾ ਵੀਰਵਾਰ ਖਤਮ ਹੋ ਗਿਆ। ਪੰਜ ਅਕਤੂਬਰ ਨੂੰ ਵੋਟਾਂ ਪੈਣਗੀਆਂ। ਹਰਿਆਣਾ ਦੇ ਨਾਲ-ਨਾਲ ਜੰਮੂ-ਕਸ਼ਮੀਰ ਅਸੰਬਲੀ ਦਾ ਨਤੀਜਾ 8 ਅਕਤੂਬਰ ਨੂੰ ਆਏਗਾ।

## ਬਿਜਲੀ ਦੀ ਵੱਡੇ ਪੱਧਰ 'ਤੇ ਚੋਰੀ

**ਪਟਿਆਲਾ** : ਪੰਜਾਬ ਵਿਚ ਘਰੇਲੂ ਖਪਤਕਾਰਾਂ ਨੂੰ ਹਰ ਮਹੀਨੇ 300 ਯੂਨਿਟ ਮੁਫਤ ਬਿਜਲੀ ਮਿਲਣ ਦੇ ਬਾਵਜੂਦ ਵੱਡੇ ਪੱਧਰ 'ਤੇ ਬਿਜਲੀ ਚੋਰੀ ਹੋ ਰਹੀ ਹੈ। ਸੂਬੇ ਵਿਚ 2023-24 'ਚ ਇਹ ਘਾਟਾ 2,600 ਕਰੋੜ ਰੁਪਏ ਤੱਕ ਪਹੁੰਚ ਗਿਆ ਹੈ। ਪੰਜਾਬ ਸਰਕਾਰ ਮੁਫਤ ਬਿਜਲੀ ਲਈ ਛੇ ਹਜ਼ਾਰ ਕਰੋੜ ਰੁਪਏ ਸਬਸਿਡੀ ਦਿੰਦੀ ਹੈ। ਇਸ ਵੇਲੇ ਪੰਜਾਬ ਦੀਆਂ 20 ਡਵੀਜ਼ਨਾਂ ਵਿਚ ਧੜੱਲੇ ਨਾਲ ਬਿਜਲੀ ਚੋਰੀ ਹੋ ਰਹੀ ਹੈ। ਸਭ ਤੋਂ ਵੱਧ ਬਿਜਲੀ ਚੋਰੀ ਸਰਹੱਦੀ ਜ਼ੋਨ 'ਚ ਹੁੰਦੀ ਹੈ, ਇਸ ਤੋਂ ਬਾਅਦ ਪੱਛਮੀ ਅਤੇ ਦੱਖਣੀ ਜ਼ੋਨ ਆਉਂਦੇ ਹਨ। ਤਰਨ ਤਾਰਨ ਸਰਕਲ ਦੀਆਂ ਚਾਰ ਡਵੀਜ਼ਨਾਂ ਅਤੇ ਫਿਰੋਜ਼ਪੁਰ ਸਰਕਲ, ਉਪਨਗਰੀ ਅੰਮ੍ਰਿਤਸਰ ਅਤੇ ਸੰਗਰੂਰ ਸਰਕਲ ਦੀਆਂ ਤਿੰਨ-ਤਿੰਨ ਡਵੀਜ਼ਨਾਂ ਵਿਚ ਵੱਡੇ ਪੱਧਰ 'ਤੇ ਬਿਜਲੀ ਚੋਰੀ ਹੋ ਰਹੀ ਹੈ।

## ਗਿਆਨੀ ਰਘਬੀਰ ਸਿੰਘ ਹਸਪਤਾਲ ਦਾਖਲ

**ਅੰਮ੍ਰਿਤਸਰ** : ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਗੰਭੀਰ ਦਰਦ ਦੀ ਸ਼ਿਕਾਇਤ ਤੋਂ ਬਾਅਦ ਬੁੱਧਵਾਰ ਰਾਤ ਗੁਰੂ ਰਾਮਦਾਸ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ 'ਚ ਦਾਖਲ ਕਰਵਾਇਆ ਗਿਆ ਸੀ। ਡਾਕਟਰੀ ਜਾਂਚ ਦੌਰਾਨ ਉਨ੍ਹਾ ਨੂੰ ਵਾਇਰਲ ਇਨਫੈਕਸ਼ਨ ਦਾ ਪਤਾ ਲੱਗਿਆ ਹੈ। ਡਾਕਟਰਾਂ ਦਾ ਪੈਨਲ ਉਨ੍ਹਾ ਦੀ ਲਗਾਤਾਰ ਨਿਗਰਾਨੀ ਕਰ ਰਿਹਾ ਹੈ।

## ਹਸਪਤਾਲ 'ਚ ਅੱਗ, 8 ਮੌਤਾਂ

**ਤਾਈਪੇਈ** : ਇੱਥੋਂ ਦੇ ਹਸਪਤਾਲ ਵਿਚ ਵੀਰਵਾਰ ਸਵੇਰੇ ਅੱਗ ਲੱਗਣ ਕਾਰਨ 8 ਲੋਕਾਂ ਦੀ ਮੌਤ ਹੋ ਗਈ। ਉਸ ਵੇਲੇ ਹਸਪਤਾਲ ਵਿਚ ਕਾਫੀ ਲੋਕ ਸਨ। ਮੌਤਾਂ ਦਾ ਕਾਰਨ ਸਾਹ ਘੁਟਣਾ ਦੱਸਿਆ ਜਾ ਰਿਹਾ ਹੈ।

## ਸਾਬਕਾ ਮੰਤਰੀ ਦੇ ਕਤਲ 'ਚ ਸਾਬਕਾ ਵਿਧਾਇਕ ਨੂੰ ਉਮਰ ਕੈਦ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਬਿਹਾਰ ਦੇ ਸਾਬਕਾ ਮੰਤਰੀ ਬ੍ਰਿਜ ਬਿਹਾਰੀ ਪ੍ਰਸਾਦ ਦੀ ਹੱਤਿਆ ਦੇ ਮਾਮਲੇ ਵਿਚ ਸਾਬਕਾ ਵਿਧਾਇਕ ਮੁੰਨਾ ਸ਼ੁਕਲਾ ਤੇ ਦੋ ਹੋਰਾਂ ਨੂੰ ਦੋਸ਼ੀ ਠਹਿਰਾ ਕੇ ਉਮਰ ਕੈਦ ਦੀ ਸਜ਼ਾ ਸੁਣਾਈ ਹੈ। ਦੋਸ਼ੀਆਂ ਨੂੰ 15 ਦਿਨਾਂ ਦੇ ਅੰਦਰ-ਅੰਦਰ ਆਤਮਸਮਰਪਣ ਕਰਨ ਦੇ ਹੁਕਮ ਸੁਣਾਏ ਗਏ ਹਨ। ਸਾਬਕਾ ਮੰਤਰੀ ਦੀ ਸਾਲ 1998 ਵਿਚ ਹੱਤਿਆ ਕਰ ਦਿੱਤੀ ਗਈ ਸੀ। ਮਾਮਲੇ ਵਿਚ ਅਦਾਲਤ ਨੇ ਸਾਬਕਾ ਸੰਸਦ ਮੈਂਬਰ ਸੂਰਜਭਾਨ ਨੂੰ ਰਾਹਤ ਦਿੰਦਾ ਹੇਠਲੀ ਅਦਾਲਤ ਦਾ ਫੈਸਲਾ ਹੀ ਲਾਗੂ ਰੱਖਿਆ ਹੈ।

## ਜੇਲ੍ਹਾਂ 'ਚ ਜਾਤੀ ਵਿਤਕਰੇ ਵਾਲੇ ਨੇਮ ਬਦਲਣ ਦੇ ਹੁਕਮ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਜਾਤੀ ਵਿਤਕਰੇ ਨੂੰ ਵਧਾਉਣ ਵਾਲੇ ਨਿਯਮਾਂ ਨੂੰ ਜੇਲ੍ਹ ਮੈਨੂਅਲ ਤੋਂ ਹਟਾਉਣ ਦੇ ਹੁਕਮ ਦਿੱਤੇ ਹਨ। ਉਸ ਨੇ ਕੁਝ ਸੂਬਿਆਂ ਨੂੰ ਜਾਤੀ ਆਧਾਰ 'ਤੇ ਜੇਲ੍ਹਾਂ ਵਿਚ ਕੰਮ ਨਾ ਵੰਡਣ ਲਈ ਵੀ ਕਿਹਾ ਹੈ। ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਜੇ ਬੀ ਪਾਰਦੀਵਾਲਾ ਅਤੇ ਜਸਟਿਸ ਮਨੋਜ ਮਿਸ਼ਰਾ ਦੀ ਬੈਂਚ ਨੇ ਵੀਰਵਾਰ ਹੁਕਮ ਜਾਰੀ ਕਰਦਿਆਂ ਕਿਹਾ ਕਿ ਅਜਿਹਾ ਭੇਦਭਾਵ ਕਰਨ ਦੀ ਹਰਗਿਜ਼ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਕਿਸੇ ਵਿਸ਼ੇਸ਼ ਜਾਤੀ ਦੇ ਕੈਦੀਆਂ ਪਾਸੋਂ ਸੀਵਰੇਜ ਤੇ ਟੈਂਕੀਆਂ ਦੀ ਸਫਾਈ ਕਰਵਾਉਣਾ ਗਲਤ ਹੈ ਤੇ ਪੁਲਸ ਨੂੰ ਇਸ ਮਾਮਲੇ ਵਿਚ ਕਾਰਵਾਈ ਕਰਨੀ ਚਾਹੀਦੀ ਹੈ। ਇਸ ਦੇ ਨਾਲ ਹੀ ਸੁਪਰੀਮ ਕੋਰਟ ਨੇ ਸੂਬਿਆਂ ਦੀਆਂ ਸਰਕਾਰਾਂ ਨੂੰ ਤਿੰਨ ਮਹੀਨਿਆਂ ਦੇ ਅੰਦਰ ਜੇਲ੍ਹ ਮੈਨੂਅਲ ਵਿਚ ਜਾਤੀ ਵਿਤਕਰੇ ਨੂੰ ਵਧਾਉਣ ਵਾਲੇ ਨਿਯਮਾਂ ਵਿਚ ਬਦਲਾਅ ਕਰਨ ਦਾ ਹੁਕਮ ਦਿੱਤਾ ਹੈ। ਸੁਪਰੀਮ ਕੋਰਟ ਵਿਚ ਦਸੰਬਰ 2023 ਵਿਚ ਇਕ ਜਨਹਿੱਤ ਪਟੀਸ਼ਨ ਦਾਇਰ ਕਰਦਿਆਂ ਕਿਹਾ ਗਿਆ ਸੀ ਕਿ ਦੇਸ਼ ਦੇ ਲੱਗਭੱਗ 17 ਸੂਬਿਆਂ ਦੀਆਂ ਜੇਲ੍ਹਾਂ ਵਿਚ ਕੈਦੀਆਂ ਨਾਲ ਜਾਤ ਦੇ ਆਧਾਰ 'ਤੇ ਵਿਤਕਰਾ ਕੀਤਾ ਜਾਂਦਾ ਹੈ।

# ਪਰਾਲੀ ਨੂੰ ਸੜਨੋਂ ਨਾ ਰੋਕਣ 'ਤੇ ਸੁਪਰੀਮ ਕੋਰਟ ਗਰਮ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਕਾਬੂ ਕਰਨ 'ਚ ਅਸਫਲ ਰਹਿਣ 'ਤੇ ਕਮਿਸ਼ਨ ਫਾਰ ਏਅਰ ਕੁਆਲਿਟੀ ਮੈਨੇਜਮੈਂਟ (ਸੀ ਏ ਕਿਊ ਐੱਮ) ਦੀ ਵੀਰਵਾਰ ਮੁੜ ਝਾੜਝੰਬ ਕੀਤੀ। ਉਸ ਨੇ ਕਿਹਾ ਕਿ ਕਮਿਸ਼ਨ ਨੇ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਉਸ ਦੇ ਨਿਰਦੇਸ਼ਾਂ ਨੂੰ ਲਾਗੂ ਕਰਨ ਲਈ ਕੋਈ ਉਪਰਾਲਾ ਨਹੀਂ ਕੀਤਾ। ਜਸਟਿਸ ਅਭੇ ਐੱਸ ਓਕਾ ਅਤੇ ਜਸਟਿਸ ਆਗਸਟੀਨ ਜਾਰਜ ਮਸੀਹ ਦੀ ਬੈਂਚ ਨੇ ਕਿਹਾ ਕਿ ਕਮਿਸ਼ਨ ਨੇ ਰਾਜਧਾਨੀ ਅਤੇ ਆਸ-ਪਾਸ ਦੇ ਖੇਤਰਾਂ 'ਚ ਪਰਾਲੀ ਸਾੜਨ ਦੀਆਂ ਘਟਨਾਵਾਂ ਖਿਲਾਫ ਇੱਕ ਵੀ ਕੇਸ ਦਰਜ ਨਹੀਂ ਕੀਤਾ, ਜਦਕਿ ਵਿਭਾਗ ਨੇ ਕਿਹਾ ਕਿ ਇਸ ਮਾਮਲੇ 'ਤੇ 29 ਅਗਸਤ ਨੂੰ ਹੀ ਮੀਟਿੰਗ ਹੋਈ ਸੀ। ਕੋਰਟ ਨੇ ਨੋਟ ਕੀਤਾ ਕਿ ਮੀਟਿੰਗ 'ਚ 11 ਵਿੱਚੋਂ ਸਿਰਫ ਪੰਜ ਮੈਂਬਰ ਹਾਜ਼ਰ ਸਨ, ਜਿੱਥੇ ਇਸ ਦੇ ਨਿਰਦੇਸ਼ਾਂ ਨੂੰ ਲਾਗੂ ਕਰਨ ਬਾਰੇ ਵੀ ਚਰਚਾ ਨਹੀਂ ਕੀਤੀ ਗਈ। ਸੁਪਰੀਮ ਕੋਰਟ ਨੇ ਪੰਜਾਬ ਅਤੇ ਹਰਿਆਣਾ ਸਰਕਾਰਾਂ ਨੂੰ ਵੀ ਆੜੇ ਹੱਥੀਂ ਲੈਂਦਿਆਂ ਕਿਹਾ ਕਿ ਦੋਵਾਂ ਰਾਜਾਂ ਨੇ ਪਰਾਲੀ ਸਾੜਨ ਵਾਲੇ ਕਿਸਾਨਾਂ ਤੋਂ ਮਾਮੂਲੀ ਮੁਆਵਜ਼ਾ ਹੀ ਵਸੂਲਿਆ ਹੈ। ਸੁਪਰੀਮ ਕੋਰਟ ਨੇ ਕੇਂਦਰ ਅਤੇ ਕਮਿਸ਼ਨ ਨੂੰ ਇਸ ਮਾਮਲੇ 'ਤੇ ਇਕ ਹਫਤੇ ਦੇ ਅੰਦਰ ਹਲਫਨਾਮਾ ਦਾਇਰ ਕਰਨ ਦੇ ਨਿਰਦੇਸ਼ ਦਿੰਦਿਆਂ ਅਗਲੀ ਸੁਣਵਾਈ 16 ਅਕਤੂਬਰ 'ਤੇ ਪਾ ਦਿੱਤੀ ਹੈ। ਇਸ ਤੋਂ ਪਹਿਲਾਂ ਕਮਿਸ਼ਨ ਫਾਰ ਏਅਰ ਕੁਆਲਿਟੀ ਮੈਨੇਜਮੈਂਟ ਨੇ ਕੋਰਟ ਨੂੰ ਦੱਸਿਆ ਕਿ ਉਸ ਨੇ ਝੋਨੇ ਦੇ ਸੀਜ਼ਨ ਦੌਰਾਨ ਪਰਾਲੀ ਸਾੜਨ ਤੋਂ ਰੋਕਣ ਲਈ ਪੰਜਾਬ ਦੇ 16 ਜ਼ਿਲ੍ਹਿਆਂ ਅਤੇ ਹਰਿਆਣਾ ਦੇ 10 ਜ਼ਿਲ੍ਹਿਆਂ 'ਚ ਫਲਾਇੰਗ ਸਕੁਐਡ ਤਾਇਨਾਤ ਕੀਤੇ ਹਨ। ਇਸ ਤੋਂ ਇਲਾਵਾ ਸੂਬਿਆਂ ਤੇ ਕੇਂਦਰ ਦਰਮਿਆਨ ਤਾਲਮੇਲ ਵਧਾਉਣ ਲਈ ਮੁਹਾਲੀ ਤੇ ਚੰਡੀਗੜ੍ਹ ਵਿਚ ਝੋਨੇ ਦਾ ਪਰਾਲੀ ਪ੍ਰਬੰਧਨ ਸੈੱਲ ਜਲਦੀ ਹੀ ਸਥਾਪਤ ਕੀਤਾ ਜਾਵੇਗਾ। ਕਮਿਸ਼ਨ ਦੇ ਅਧਿਕਾਰੀ ਨੇ ਕਿਹਾ ਕਿ ਪੰਜਾਬ ਦੇ ਅੰਮ੍ਰਿਤਸਰ, ਬਰਨਾਲਾ, ਬਠਿੰਡਾ, ਫਰੀਦਕੋਟ, ਫਤਿਹਗੜ੍ਹ ਸਾਹਿਬ, ਫਾਜ਼ਿਲਕਾ, ਫਿਰੋਜ਼ਪੁਰ, ਜਲੰਧਰ, ਕਪੂਰਥਲਾ, ਲੁਧਿਆਣਾ, ਮਾਨਸਾ, ਮੋਗਾ, ਮੁਕਤਸਰ, ਪਟਿਆਲਾ, ਸੰਗਰੂਰ ਅਤੇ ਤਰਨ ਤਾਰਨ ਵਿਚ ਕੇਂਦਰੀ ਟੀਮਾਂ ਵੱਲੋਂ ਪਰਾਲੀ ਸਾੜਨ ਦੇ ਮਾਮਲਿਆਂ ਦੀ ਜਾਂਚ ਕੀਤੀ ਜਾਵੇਗੀ।

# ਹਾਥਰਸ ਕੇਸ 'ਚ 3200 ਪੰਨਿਆਂ ਦੀ ਚਾਰਜਸ਼ੀਟ 'ਚ ਬਾਬੇ ਦਾ ਨਾਂਅ ਨਹੀਂ

**ਨਵੀਂ ਦਿੱਲੀ** : ਯੂ ਪੀ ਪੁਲਸ ਨੇ ਹਾਥਰਸ ਭਗਦੜ ਦੀ ਘਟਨਾ ਨਾਲ ਸੰਬੰਧਤ 11 ਜਣਿਆਂ ਖਿਲਾਫ 3200 ਪੰਨਿਆਂ ਦੀ ਚਾਰਜਸ਼ੀਟ ਤਿਆਰ ਕੀਤੀ ਹੈ। ਇਸ ਭਗਦੜ 'ਚ 121 ਲੋਕਾਂ ਦੀ ਮੌਤ ਹੋ ਗਈ ਸੀ। ਦੂਜੇ ਪਾਸੇ ਬਚਾਅ ਪੱਖ ਦੇ ਵਕੀਲ ਏ ਪੀ ਸਿੰਘ ਅਨੁਸਾਰ ਚਾਰਜਸ਼ੀਟ 'ਚ ਸੂਰਜ ਪਾਲ ਉਰਫ ਭੋਲੇ ਬਾਬਾ ਦਾ ਜ਼ਿਕਰ ਨਹੀਂ ਹੈ, ਜਿਸ ਨੇ ਹਾਥਰਸ 'ਚ ਸਤਿਸੰਗ ਨੂੰ ਸੰਬੋਧਨ ਕੀਤਾ ਸੀ। ਉਸ ਨੇ ਅੱਗੇ ਦੱਸਿਆ ਕਿ ਇਸ ਮਾਮਲੇ ਦੀ ਸੁਣਵਾਈ 4 ਅਕਤੂਬਰ ਨੂੰ ਤੈਅ ਕੀਤੀ ਗਈ ਹੈ। ਪੁਲਸ ਨੇ 91 ਦਿਨਾਂ ਵਿਚ ਜਾਂਚ ਮੁਕੰਮਲ ਕਰਨ ਤੋਂ ਬਾਅਦ ਚਾਰਜਸ਼ੀਟ ਦਾਇਰ ਕੀਤੀ। ਪੁਲਸ ਵੱਲੋਂ ਪਹਿਲਾਂ ਦਰਜ ਕੀਤੀ ਐੱਫ ਆਈ ਆਰ ਅਨੁਸਾਰ ਸਤਿਸੰਗ ਸਮਾਗਮ ਵਿਚ ਸਿਰਫ 80,000 ਸ਼ਰਧਾਲੂਆਂ ਦੇ ਇਕੱਠੇ ਹੋਣ ਦੀ ਇਜਾਜ਼ਤ ਦਿੱਤੀ ਗਈ ਸੀ। ਇਸ ਦੇ ਬਾਵਜੂਦ ਲੱਗਭੱਗ 2,50,000 ਲੋਕ ਇਕੱਠੇ ਹੋ ਗਏ ਸਨ। ਪੁਲਸ ਅਨੁਸਾਰ ਇਸ ਘਟਨਾ ਵਿਚ ਮੁੱਖ ਦੋਸ਼ੀ ਦੀ ਪਛਾਣ ਦੇਵਪ੍ਰਕਾਸ਼ ਮਧੁਕਰ ਵਜੋਂ ਹੋਈ।

# ਨਿਵੇਸ਼ਕਾਂ ਦੇ 11 ਲੱਖ ਕਰੋੜ ਰੁਪਏ ਡੁੱਬੇ

**ਮੁੰਬਈ** : ਸੰਸਾਰ ਵਿਚ ਚੱਲ ਰਹੇ ਖਿਚਾਅ ਤੇ ਤੇਲ ਦੀਆਂ ਕੀਮਤਾਂ ਵਿਚ ਉਛਾਲ ਨੇ ਵੀਰਵਾਰ ਭਾਰਤੀ ਸ਼ੇਅਰ ਬਾਜ਼ਾਰ 'ਚ ਨਿਵੇਸ਼ਕਾਂ ਦੀ ਲੁਟੀਆ ਡੁਬੋ ਦਿੱਤੀ। ਹਫਤੇ ਦੇ ਚੌਥੇ ਦਿਨ ਸ਼ੇਅਰ ਬਾਜ਼ਾਰ ਦੇ ਦੋਹਾਂ ਸੂਚਕ ਅੰਕਾਂ—ਸੈਂਸੇਕਸ ਤੇ ਨਿਫਟੀ ਵਿਚ ਵੱਡੀ ਗਿਰਾਵਟ ਦੇਖੀ ਗਈ। ਇਸ ਕਾਰਨ ਸਾਰੀਆਂ ਸੂਚੀਬੱਧ ਕੰਪਨੀਆਂ ਦਾ ਮਾਰਕਿਟ ਕੈਪੀਟਲ ਕਰੀਬ 11 ਲੱਖ ਕਰੋੜ ਰੁਪਏ ਘਟ ਕੇ 464.3 ਲੱਖ ਕਰੋੜ ਰੁਪਏ 'ਤੇ ਆ ਗਿਆ। ਇਸ ਤਰ੍ਹਾਂ ਇਕ ਹੀ ਦਿਨ ਵਿਚ ਨਿਵੇਸ਼ਕਾਂ ਦੇ ਕਰੀਬ 11 ਲੱਖ ਕਰੋੜ ਰੁਪਏ ਸਵਾਹ ਹੋ ਗਏ। ਟਰੇਡਿੰਗ ਦੌਰਾਨ ਸੈਂਸੇਕਸ 1800 ਤੇ ਨਿਫਟੀ 500 ਅੰਕ ਡਿੱਗ ਗਿਆ। ਕਾਰੋਬਾਰ ਦੇ ਅੰਤ ਵਿਚ ਸੈਂਸੇਕਸ 1769.19 ਅੰਕ ਦਾ ਗੋਤਾ ਲਾਉਂਦਿਆਂ 82497 ਅੰਕ ਤੇ ਨਿਫਟੀ 547 ਅੰਕ ਡਿੱਗ ਕੇ 25250 ਅੰਕ 'ਤੇ ਬੰਦ ਹੋਇਆ। ਈਰਾਨ ਵੱਲੋਂ ਇਜ਼ਰਾਈਲ 'ਤੇ ਮਿਜ਼ਾਈਲਾਂ ਦਾਗਣ ਤੇ ਇਜ਼ਰਾਈਲ ਵੱਲੋਂ ਜਵਾਬੀ ਕਾਰਵਾਈ ਦੀ ਧਮਕੀ ਦੇਣ ਕਰਕੇ ਸੰਸਾਰ ਵਿਚ ਮਾਹੌਲ ਖਰਾਬ ਚੱਲ ਰਿਹਾ ਹੈ। ਇਸੇ ਦੌਰਾਨ ਚੀਨ ਨੇ ਆਰਥਕ ਪ੍ਰੋਤਸਾਹਨ ਦੇ ਉਪਾਵਾਂ ਦਾ ਐਲਾਨ ਕੀਤਾ ਹੈ। ਵਿਸ਼ਲੇਸ਼ਕਾਂ ਦੀ ਕਹਿਣਾ ਹੈ ਕਿ ਸੰਸਥਾਗਤ ਨਿਵੇਸ਼ਕਾਂ ਦਾ ਧਿਆਨ ਹੁਣ ਉਧਰ ਹੋ ਜਾਵੇਗਾ। ਪਿਛਲੇ ਦੋ ਕਾਰੋਬਾਰੀ ਦਿਨਾਂ ਵਿਚ ਭਾਰਤੀ ਇਕੁਇਟੀ ਵਿੱਚੋਂ 15370 ਕਰੋੜ ਰੁਪਏ ਕੱਢੇ ਵੀ ਜਾ ਚੁੱਕੇ ਹਨ।

# ਸਰਕਾਰ ਤੇ ਕਾਰਪੋਰੇਟ ਘਰਾਣਿਆਂ ਖਿਲਾਫ ਅੰਬਾਲਾ 'ਚ ਪੰਜਾਬ ਦੇ ਮੁਲਾਜ਼ਮ ਤੇ ਪੈਨਸ਼ਨਰ ਗਰਜੇ

**ਅੰਬਾਲਾ** : ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਸੱਦੇ 'ਤੇ ਵੀਰਵਾਰ ਸਥਾਨਕ ਸ਼ਹਿਰ ਦੇ ਰੇਲਵੇ ਸਟੇਸ਼ਨ ਸਾਹਮਣੇ ਵੱਡੀ ਗਿਣਤੀ ਵਿੱਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਇਕੱਠੇ ਹੋ ਕੇ ਰੋਸ ਰੈਲੀ ਕੀਤੀ ਅਤੇ ਬਾਅਦ ਵਿੱਚ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਤੇ ਗਲੀਆਂ ਵਿੱਚ ਲਾਲ ਤੇ ਕਾਲੇ



ਝੰਡਿਆਂ ਨਾਲ ਕੇਂਦਰ ਤੇ ਪੰਜਾਬ ਸਰਕਾਰ ਖਿਲਾਫ ਤਿੱਖੀ ਨਾਅਰੇਬਾਜ਼ੀ ਕੀਤੀ। ਇਸ ਐਕਸ਼ਨ ਦੀ ਅਗਵਾਈ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੇ ਪ੍ਰਮੁੱਖ ਆਗੂ ਸਤੀਸ਼ ਰਾਣਾ, ਰਣਜੀਤ ਸਿੰਘ ਰਾਣਵਾਂ, ਸੁਖਦੇਵ ਸਿੰਘ ਸੈਣੀ, ਗਗਨਦੀਪ ਸਿੰਘ ਭੁੱਲਰ,

ਬਾਜ਼ ਸਿੰਘ ਖਹਿਰਾ, ਰਤਨ ਸਿੰਘ ਮਜਾਰੀ, ਭਜਨ ਸਿੰਘ ਗਿੱਲ, ਸ਼ਵਿੰਦਰ ਪਾਲ ਸਿੰਘ ਮੋਲੋਵਾਲੀ, ਡਾ. ਐੱਨ ਕੇ ਕਲਸੀ, ਕਰਮ ਸਿੰਘ ਧਨੋਆ, ਗੁਰਪ੍ਰੀਤ ਸਿੰਘ ਗੰਡੀਵਿੰਡ, ਰਾਧੇ ਸ਼ਾਮ, ਜਗਦੀਸ਼ ਸਿੰਘ ਚਾਹਲ, ਦਰਸ਼ਨ ਸਿੰਘ ਲੁਬਾਣਾ, ਸੁਖਵਿੰਦਰ ਸਿੰਘ ਚਾਹਲ, ਬੋਬਿੰਦਰ ਸਿੰਘ, ਸਾਮ ਲਾਲ ਗੁਪਤਾ, ਸੁਖਵਿੰਦਰ ਸਿੰਘ ਪੰਜਾਬ ਪੁਲਸ, ਜੈ ਵੀਰ ਧਨਖਸ ਅਤੇ ਕੌਮੀ ਆਗੂ ਐੱਮ ਐੱਲ ਸਹਿਗਲ ਨੇ ਸੰਬੋਧਨ ਕਰਦੇ ਹੋਏ ਹਰਿਆਣਾ ਦੇ ਸਮੂਹ ਵੋਟਰਾਂ, ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਕੇਂਦਰੀ ਹੁਕਮਰਾਨ ਮੋਦੀ ਸਰਕਾਰ ਤੇ ਪੰਜਾਬ ਸਰਕਾਰ ਦੀਆਂ ਵੱਖ-ਵੱਖ ਲੋਕ ਵਿਰੋਧੀ ਨੀਤੀਆਂ ਬਾਰੇ ਜਾਗਰੂਕ ਕੀਤਾ। ਆਗੂਆਂ ਨੇ ਕਿਹਾ ਕਿ ਇਹ ਸਰਕਾਰਾਂ ਲੋਕਾਂ ਦੇ ਪੱਖ ਵਿੱਚ ਘੱਟ ਅਤੇ ਕਾਰਪੋਰੇਟ ਘਰਾਣਿਆਂ ਦੀ ਕਠਪੁਤਲੀ ਅਤੇ ਝੂਠਾਂ ਦੀਆਂ ਪੰਡਾਂ ਬਣ ਕੇ ਪੇਸ਼ ਹੋ ਰਹੀਆਂ ਹਨ। ਇਸ ਕਰਕੇ ਹਰਿਆਣਾ ਵਿਧਾਨ ਸਭਾ ਚੋਣਾਂ ਵਿੱਚ ਇਹਨਾਂ ਸਿਆਸੀ ਪਾਰਟੀਆਂ ਨੂੰ ਤਕੜੀ ਮਾਤ ਦਿੱਤੀ ਜਾਵੇ ਅਤੇ ਸਬਕ ਸਿਖਾਇਆ ਜਾਵੇ। ਵੱਖ-ਵੱਖ ਬੁਲਾਰਿਆਂ ਨੇ ਦੱਸਿਆ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਸਰਮਾਏਦਾਰੀ ਪੱਖੀ ਨੀਤੀਆਂ ਨੂੰ ਤੇਜ਼ੀ ਨਾਲ ਲਾਗੂ ਕਰਦੇ ਹੋਏ ਵੱਖ ਵੱਖ ਵਿਭਾਗਾਂ ਦਾ ਬਹੁਤ ਤੇਜ਼ੀ ਨਾਲ ਨਿੱਜੀਕਰਨ ਕੀਤਾ ਜਾ ਰਿਹਾ ਹੈ, ਵੱਡੇ ਪੱਧਰ 'ਤੇ ਅਸਾਮੀਆਂ ਨੂੰ ਖਤਮ ਕੀਤਾ ਜਾ ਰਿਹਾ ਹੈ, ਮੁਲਾਜ਼ਮਾਂ ਦੀ ਭਰਤੀ ਰੈਗੂਲਰ ਕਰਨ ਦੀ ਬਜਾਏ ਠੇਕਾ ਤੇ ਆਊਟਸੋਰਸ ਅਧੀਨ ਭਰਤੀਆਂ ਕੀਤੀਆਂ ਗਈਆਂ ਹਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਨਹੀਂ ਕੀਤੀ ਜਾ ਰਹੀ, ਭਵਿੱਖ ਵਿੱਚ ਤਨਖਾਹ ਕਮਿਸ਼ਨ ਨਾ ਬਿਠਾਉਣ ਦਾ ਫੈਸਲਾ ਕੀਤਾ ਗਿਆ ਹੈ, ਲੇਬਰ ਕਾਨੂੰਨਾਂ ਵਿੱਚ ਵੱਡੇ ਪੱਧਰ 'ਤੇ ਮਜ਼ਦੂਰ ਵਿਰੋਧੀ ਸੋਧਾਂ ਕੀਤੀਆਂ ਗਈਆਂ ਹਨ, ਮੁਲਾਜ਼ਮਾਂ ਤੇ ਆਮ ਲੋਕਾਂ ਦੇ ਹੱਕਾਂ 'ਤੇ ਡਾਕੇ ਮਾਰੇ ਜਾ ਰਹੇ ਹਨ। ਇਸ ਦੇ ਨਾਲ ਹੀ ਪੰਜਾਬ ਸਰਕਾਰ ਨੇ

# ਪੰਚਾਇਤਾਂ ਦੀ ਚੋਣ ਸਰਬਸੰਮਤੀ ਨਾਲ ਕਰਨ ਦੀ ਅਪੀਲ

**ਸਤੌਜ (ਚੀਮਾ ਮੰਡੀ)**
**(ਰਵਿੰਦਰ ਚੀਮਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਲੋਕਾਂ ਨੂੰ ਆਗਾਮੀ ਪੰਚਾਇਤੀ ਚੋਣਾਂ ਦੌਰਾਨ ਪੈਸੇ ਅਤੇ ਤਾਕਤ ਦੀ ਵਰਤੋਂ ਕਰਨ ਵਾਲਿਆਂ ਨੂੰ ਪੂਰੀ ਤਰ੍ਹਾਂ ਨਕਾਰਨ ਦਾ ਸੱਦਾ ਦਿੱਤਾ ਹੈ।ਆਪਣੇ ਪਿੰਡ ਦੇ ਦੌਰੇ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਚਾਇਤੀ ਚੋਣਾਂ ਦੇਸ਼ ਵਿੱਚ ਜਮਹੂਰੀ ਪ੍ਰਣਾਲੀ ਦਾ ਆਧਾਰ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਚੋਣਾਂ ਦਾ ਮਕਸਦ ਲੋਕਾਂ ਨੂੰ ਜ਼ਮੀਨੀ ਪੱਧਰ 'ਤੇ ਲੋਕਤੰਤਰ ਦਾ ਹਿੱਸਾ ਬਣਾਉਣਾ ਹੈ। ਮਾਨ ਨੇ ਕਿਹਾ ਕਿ ਸੂਬਾ ਸਰਕਾਰ ਇਨ੍ਹਾਂ ਚੋਣਾਂ ਨੂੰ ਆਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਨ



ਢੰਗ ਨਾਲ ਕਰਵਾਉਣ ਲਈ ਵਚਨਬੱਧ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਲੋਕ ਪੰਚਾਇਤਾਂ ਵਿੱਚ ਚੁਣੇ ਜਾਣ ਵਾਲੇ ਉਮੀਦਵਾਰਾਂ ਬਾਰੇ ਸਰਬਸੰਮਤੀ ਬਣਾਉਣ। ਉਨ੍ਹਾ ਕਿਹਾ ਕਿ ਲੋਕਾਂ ਨੂੰ ਇਨ੍ਹਾਂ ਚੋਣਾਂ ਵਿੱਚ ਪੈਸੇ ਅਤੇ ਤਾਕਤ ਦੀ ਵਰਤੋਂ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਤਾਂ ਜੋ ਉਹ ਜਮਹੂਰੀ ਪ੍ਰਕਿਰਿਆ ਦਾ ਅਨਿੱਖੜਵਾਂ ਅੰਗ ਬਣਨ। ਇਹ ਸੂਬੇ ਭਰ ਦੇ ਪਿੰਡਾਂ ਦੇ ਸਰਵਪੱਖੀ ਵਿਕਾਸ ਦੇ ਨਾਲ-ਨਾਲ ਉਨ੍ਹਾਂ

● ਬਾਕੀ ਸਫ਼ਾ 2 'ਤੇ

# ਪੰਚਾਇਤੀ ਚੋਣਾਂ ਬਾਰੇ ਪਟੀਸ਼ਨਾਂ ਦਾ ਨਿਬੇੜਾ

**ਚੰਡੀਗੜ੍ਹ** : ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਵਿਚ ਹੋਣ ਵਾਲੀਆਂ ਪੰਚਾਇਤੀ ਚੋਣਾਂ ਵਿਚ ਰਾਖਵੇਂਕਰਨ ਸੰਬੰਧੀ ਪਾਈਆਂ ਪਟੀਸ਼ਨਾਂ ਨੂੰ ਰੱਦ ਕਰ ਦਿੱਤਾ ਹੈ। ਅਦਾਲਤ ਨੇ ਵੱਖ-ਵੱਖ ਵਾਰਡਾਂ ਵਿਚ ਵੰਡੀਆਂ ਵੋਟਾਂ ਵੀ ਦਰੁਸਤ ਕਰਨ ਦੇ ਹੁਕਮ ਦਿੱਤੇ ਹਨ। ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਹੁਕਮ ਦਿੱਤਾ ਹੈ ਕਿ ਚੁੱਲ੍ਹਾ ਟੈਕਸ ਦੇ ਮਾਮਲੇ ਛੇਤੀ ਨਿਪਟਾਏ ਜਾਣ। ਇਸ ਸੰਬੰਧੀ ਚੋਣ ਲੜਨ ਦੇ ਚਾਹਵਾਨਾਂ ਨੇ ਪਟੀਸ਼ਨਾਂ ਵਿਚ ਮੰਗ ਕੀਤੀ ਸੀ ਕਿ ਪੰਜਾਬ ਸਰਕਾਰ ਚੁੱਲ੍ਹਾ ਟੈਕਸ ਦੇ ਵੇਰਵੇ ਨਹੀਂ ਦੇ ਰਹੀ। ਦੱਸ ਦੇਈਏ ਕਿ ਪੰਚਾਇਤੀ ਚੋਣਾਂ ਨੂੰ ਲੈ ਕੇ ਹਾਈ ਕੋਰਟ ਵਿਚ ਵੱਡੀ ਗਿਣਤੀ 'ਚ ਪਟੀਸ਼ਨਾਂ ਦਾਇਰ ਕੀਤੀਆਂ ਗਈਆਂ ਸਨ, ਜਿਨ੍ਹਾਂ ਦਾ ਵੀਰਵਾਰ ਅਦਾਲਤ ਨੇ ਨਿਪਟਾਰਾ ਕਰ ਦਿੱਤਾ ਹੈ।

## ਅੱਜ-ਨਾਮਾ

ਕਿਹਾ ਜੀ ਜਾਖੜ ਨੇ ਭਾਜਪਾ ਆਗੂਆਂ ਨੂੰ,
ਬਦਲੋ ਪੰਜਾਬ ਲਈ ਸੋਚ ਦਾ ਢੰਗ ਭਾਈ।
ਕਿਤੇ ਨਾ ਕਿਤੇ ਤਾਂ ਸੋਚ ਦਾ ਫਰਕ ਡਾਢਾ,
ਚੜ੍ਹਿਆ ਤਦੇ ਨਹੀਂ ਤੁਸਾਂ ਦਾ ਰੰਗ ਭਾਈ।
ਚੱਲਦੇ ਚਾਲ ਹੀ ਤੁਸੀਂ ਕੁਝ ਵੱਖ ਜਿਹੜੀ,
ਨਹੀਂ ਪੰਜਾਬੀਆਂ ਦੀ ਜਿਹੜੀ ਮੰਗ ਭਾਈ।
ਲੀਡਰ ਬੋਲ ਰਹੇ ਚੰਗਾ ਨਹੀਂ ਭਾਜਪਾ ਦੇ,
ਮੰਦਾ ਬੋਲਣ ਤਾਂ ਕਰਨ ਨਹੀਂ ਸੰਗ ਭਾਈ।
ਸੋਚਣੀ ਬਦਲੋ, ਨਜ਼ਾਰਾ ਵੀ ਬਦਲ ਜਾਊ,
ਕਹਿ'ਤੀ ਜਾਖੜ ਨੇ ਸੱਚੀ ਹੈ ਗੱਲ ਭਾਈ।
ਕੌੜੀ ਗੋਲੀ ਕੁਨੀਨ ਇਹ ਛੱਡ ਆਇਆ,
ਸਕਣੀ ਕਦੀ ਨਹੀਂ ਕਿਸੇ ਨੇ ਝੱਲ ਭਾਈ।

-ਤੀਸ ਮਾਰ ਖਾਂ

# ਖੱਬੀਆਂ ਪਾਰਟੀਆਂ 7 ਅਕਤੂਬਰ ਦਾ ਦਿਨ ਫ਼ਲਸਤੀਨ ਨਾਲ ਇੱਕਮੁਠਤਾ ਵਜੋਂ ਮਨਾਉਣਗੀਆਂ

**ਬੰਗਾ (ਅਵਤਾਰ ਕਲੇਰ)**

ਸੀ ਪੀ ਆਈ (ਐੱਮ), ਸੀ ਪੀ ਆਈ ਅਤੇ ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਵੱਲੋਂ 7 ਅਕਤੂਬਰ ਦਾ ਦਿਨ ਪੰਜਾਬ 'ਚ ਗਾਜ਼ਾ ਵਿੱਚ ਜੰਗਬੰਦੀ ਦੀ ਮੰਗ ਅਤੇ ਫ਼ਲਸਤੀਨ ਨਾਲ ਇੱਕਮੁਠਤਾ ਵਜੋਂ ਮਨਾਇਆ ਜਾਵੇਗਾ ।ਸੀ ਪੀ ਆਈ (ਐੱਮ) ਦੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਸੇਖੋਂ, ਸੀ ਪੀ ਆਈ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ ਅਤੇ ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਦੇ ਸੂਬਾ ਸਕੱਤਰ ਗੁਰਮੀਤ ਸਿੰਘ ਬਖ਼ਤੂਪੁਰਾ ਵੱਲੋਂ ਜਾਰੀ ਕੀਤੇ ਸਾਂਝੇ ਬਿਆਨ 'ਚ ਇਹ ਐਲਾਨ ਕੀਤਾ ਗਿਆ। ਇਹ ਦੱਸਣਾ ਬਣਦਾ ਹੈ ਕਿ ਪਿਛਲੇ ਦਿਨੀਂ ਸੀ ਪੀ ਆਈ (ਐੱਮ), ਸੀ ਪੀ ਆਈ, ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ, ਆਲ ਇੰਡੀਆ ਫਾਰਵਰਡ ਬਲਾਕ ਅਤੇ ਰੈਵੋਲਿਊਸ਼ਨਰੀ ਸੋਸ਼ਲਿਸਟ ਪਾਰਟੀ ਦੇ ਆਗੂਆਂ ਨੇ ਬਿਆਨ ਜਾਰੀ ਕਰਦਿਆਂ ਸੱਦਾ ਦਿੱਤਾ ਸੀ ਕਿ 7 ਅਕਤੂਬਰ ਦਾ ਦਿਨ ਕੌਮੀ ਪੱਧਰ 'ਤੇ ਗਾਜ਼ਾ ਵਿੱਚ ਜੰਗਬੰਦੀ ਦੀ ਮੰਗ ਤੇ ਫ਼ਲਸਤੀਨ ਨਾਲ ਇੱਕਮੁਠਤਾ



ਵਜੋਂ ਮਨਾਇਆ ਜਾਵੇਗਾ। ਪੰਜਾਬ ਦੇ ਆਗੂਆਂ ਨੇ ਕਿਹਾ ਕਿ ਕੇਂਦਰ ਦੇ ਇਸ ਸੱਦੇ ਦੇ ਤਹਿਤ ਹੀ 7 ਅਕਤੂਬਰ ਨੂੰ ਇਹ ਐਕਸ਼ਨ ਕਰਨ ਦਾ ਫ਼ੈਸਲਾ ਲਿਆ ਗਿਆ ਹੈ।

ਆਗੂਆਂ ਕਿਹਾ ਕਿ ਗਾਜ਼ਾ ਵਿੱਚ ਇਜ਼ਰਾਈਲ ਵੱਲੋਂ ਕੀਤੀ ਜਾ ਰਹੀ ਨਸਲਕੁਸ਼ੀ ਦੀ ਲੜਾਈ ਦਾ ਇੱਕ ਸਾਲ ਪੂਰਾ ਹੋ ਰਿਹਾ ਹੈ। ਪਿਛਲੇ ਸਾਲ 7 ਅਕਤੂਬਰ ਨੂੰ ਇਜ਼ਰਾਈਲ ਅੰਦਰ ਹਮਾਸ ਦੁਆਰਾ ਕੀਤੇ ਗਏ ਹਮਲੇ ਦਾ ਬਦਲਾ ਲੈਣ ਦੇ ਨਾਂਅ 'ਤੇ ਇਜ਼ਰਾਇਲੀ ਹਥਿਆਰਬੰਦ ਬਲਾਂ ਨੇ ਗਾਜ਼ਾ ਵਿੱਚ ਫ਼ਲਸਤੀਨੀਆਂ 'ਤੇ ਬੇਰਹਿਮੀ ਨਾਲ ਅੰਨ੍ਹੇਵਾਹ ਹਮਲਾ ਕੀਤਾ। ਇਸ ਜੰਗ ਦੇ ਨਤੀਜੇ ਵਜੋਂ ਲਗਭਗ 42,000 ਫ਼ਲਸਤੀਨੀਆਂ, ਮੁੱਖ ਤੌਰ 'ਤੇ ਔਰਤਾਂ ਅਤੇ ਬੱਚੇ ਮਾਰੇ ਗਏ। ਹਜ਼ਾਰਾਂ ਹੋਰ ਲੋਕ ਮਲਬੇ ਹੇਠ ਦੱਬੇ ਹੋਏ ਹਨ। ਇਜ਼ਰਾਈਲ ਨੇ ਹਵਾਈ ਅਤੇ ਜ਼ਮੀਨੀ ਹਮਲੇ ਕਰਦਿਆਂ ਰਿਹਾਇਸ਼ੀ ਇਮਾਰਤਾਂ, ਸਕੂਲਾਂ ਅਤੇ ਹਸਪਤਾਲਾਂ ਨੂੰ ਵੀ ਨਹੀਂ ਬਖਸ਼ਿਆ । ਪ੍ਰਸਿੱਧ ਡਾਕਟਰੀ ਰਸਾਲੇ 'ਦ ਲੈਂਸੇਟ' ਦਾ ਅਨੁਮਾਨ ਹੈ ਕਿ ਸਿੱਧੇ ਅਤੇ ਅਸਿੱਧੇ ਦੋਵਾਂ ਤਰ੍ਹਾਂ ਦੀਆਂ ਮੌਤਾਂ ਨੂੰ ਮਿਲਾ ਕੇ ਇਜ਼ਰਾਈਲ ਦੇ ਹਮਲੇ ਨਾਲ ਮਰਨ ਵਾਲਿਆਂ ਦੀ ਗਿਣਤੀ 85,000 (6 ਅਗਸਤ ਤੱਕ) ਤੋਂ ਵੱਧ ਹੋ ਸਕਦੀ ਹੈ।

ਇਸ ਸਾਲ ਜਨਵਰੀ ਵਿੱਚ ਇੰਟਰਨੈਸ਼ਨਲ ਕੋਰਟ ਆਫ਼ ਜਸਟਿਸ (ਆਈ ਸੀ ਜੇ) ਨੇ ਇਜ਼ਰਾਈਲ ਦੀਆਂ ਕਾਰਵਾਈਆਂ ਨੂੰ ਸੰਭਾਵਿਤ ਨਸਲਕੁਸ਼ੀ ਵੱਲ ਲਿਜਾਉਣ ਵਾਲਾ ਦੱਸਿਆ ਸੀ ਅਤੇ ਇਜ਼ਰਾਈਲ ਨੂੰ ਗਾਜ਼ਾ ਵਿੱਚ ਫੌਜੀ ਕਾਰਵਾਈਆਂ ਬੰਦ ਕਰਨ ਲਈ ਕਿਹਾ ਸੀ। ਇਜ਼ਰਾਈਲ ਨੇ ਹੁਣ ਤੱਕ ਜੰਗਬੰਦੀ ਲਈ ਸਾਰੀ ਸਾਰਥਕ ਗੱਲਬਾਤ ਨੂੰ ਰੱਦ ਕਰ ਦਿੱਤਾ ਹੈ। ਐਨਾ ਹੀ ਨਹੀਂ, ਇਜ਼ਰਾਈਲ ਨੇ ਪੂਰੇ ਸਾਲ ਦੌਰਾਨ ਕਬਜ਼ੇ ਵਾਲੇ ਪੱਛਮੀ ਤੱਟ 'ਤੇ ਫ਼ਲਸਤੀਨੀਆਂ 'ਤੇ ਹਮਲੇ ਕੀਤੇ। ਇਜ਼ਰਾਈਲ ਨੇ ਵੱਡੇ ਪੱਧਰ 'ਤੇ ਬੰਬ ਵਿਸਫੋਟ ਕਰਨ ਲਈ ਪੇਜਰ ਅਤੇ ਹੋਰ ਸੰਚਾਰ ਸਾਧਨਾਂ ਦਾ ਇਸਤੇਮਾਲ ਕੀਤਾ, ਜਿਸ ਨਾਲ ਜੰਗ ਲਿਬਨਾਨ ਤੱਕ ਫੈਲ ਗਈ। ਦੁਨੀਆ ਭਰ ਵਿੱਚ ਲੱਖਾਂ ਲੋਕ ਇਜ਼ਰਾਇਲੀ ਨਸਲਕੁਸ਼ੀ ਯੁੱਧ ਦੇ ਖ਼ਿਲਾਫ਼ ਵਿਰੋਧ ਪ੍ਰਦਰਸ਼ਨ ਕਰ ਰਹੇ ਹਨ ਅਤੇ ਜੰਗ ਨੂੰ ਖ਼ਤਮ ਕਰਨ ਦੀ ਮੰਗ ਕਰ ਰਹੇ ਹਨ। ਇਸ ਵਹਿਸ਼ੀ ਜੰਗ ਦੀ ਪਹਿਲੀ ਬਰਸੀ ਮੌਕੇ ਭਾਰਤ ਦੇ ਅਮਨਪਸੰਦ ਲੋਕ

● ਬਾਕੀ ਸਫ਼ਾ 2 'ਤੇ


NAAC GRADE A++

LOVELY PROFESSIONAL UNIVERSITY

Transforming Education Transforming India

A RESEARCH FOCUSSED UNIVERSITY WORKING ON GLOBAL RESEARCH ISSUES

- 3400+ patents published
- 18000+ research publications indexed in Scopus/ WOS
- 34 faculty members are enlisted in the "Stanford world top 2% scientists" for the year 2024.
- We foster global collaboration and elevate academic prowess through our 'International Research Exchange' and 'Co-Supervision' programs

ADMISSION NOTICE

Ph.D.

Engineering (ECE, CSE, EE, ME, CE, Chemical Engineering, Aerospace Engineering, Molecular Biology and Genetic Engg., Geospatial Information Science and Technology), Computer Applications, Agronomy, Entomology, Fruit Science, Genetics and Plant Breeding, Plant Pathology, Vegetable Science, Soil Science, Food Science and Technology, Environmental Sciences, Biotechnology, Bioinformatics, Microbiology, Biochemistry, Botany, Zoology, Chemistry, Physics, Mathematics, Statistics, Management, Commerce, Economics, Hotel Management, Tourism Management, Law, Planning, Architecture, Fashion, Interior and Furniture Design, Product and Industrial Design, User Experience, Animation and Visual Design, Film and TV Production, Fine Arts, Performing Arts-Music, Psychology, Journalism and Mass Communication, English, Performing Arts-Theatre, Political Science, Sociology, Social Work, History, Hindi, Education, Public Administration, Physical Education, Punjabi, Pharmaceutics, Pharmaceutical Chemistry, Pharmacognosy, Pharmacology, Pharmacy Practice, Ayurvedic Pharmacy, Pharmaceutical Analysis, Clinical Microbiology, Clinical Biochemistry

FLEXI COURSE WORK

- On every weekend for 1 semester (Jan. - April 2025)
- 4 days every month for 1 semester (Jan. - April 2025)
- 15 days continuously for 1 semester (May & June 2025)

Individuals who have been awarded a Ph.D. degree in accordance with UGC regulations are exempted from the requirement of the minimum eligibility condition of NET/ SLET/ SET for recruitment/ appointment of Assistant Professor or equivalent positions in Universities/ Colleges/ Institutions

| | |
|---|---|
| Last Date of Application | 20th November 2024 |
| Dates of Entrance Test (LPUNEST) | 22nd & 24th Nov. 2024 |
| Result of LPUNEST (Ph.D.) | 30th November 2024 |
| Interview Dates | 6th & 12th Dec. 2024 |
| Result for Interview | 18th December 2024 |
| Last Date of Admission | 31st December 2024 |

*subject to availability and fulfillment of eligibility criteria.

Scholarship/ Fellowship/ Travel Grant

- Scholarship upto ₹3.2 Lakh per student based on perfomance in LPUNEST Exam and also for Research Associates/ JRFs (UGC/CSIR) / NET/ GATE/ GPAT qualified/ Women Candidates^
- Research publication incentives upto ₹2 Crore awarded in 2024
- Teaching Fellowship of ₹15,600 per month and Travel grant upto ₹35,000 to attend National/ International Conference^ #

^For application process, scholarship, disciplines, student intake (seats), eligibility, admission criteria, test centres and other details, refer the link https://nest.lpu.in/phd/

LOVELY PROFESSIONAL UNIVERSITY (LPU)
Jalandhar-Delhi G.T. Road, Phagwara, Punjab | www.lpu.in
admissions@lpu.co.in | Contact us: 01824-404403

## ਜੇ ਪੀ ਮੱਕੜ ਵੱਲੋਂ ਬਾਲ ਰਾਮਲੀਲ੍ਹਾ ਮੰਚਨ ਦਾ ਉਦਘਾਟਨ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਕੁਹਾੜਾ ਰੋਡ 'ਤੇ ਸਥਿਤ ਇੰਦਰਾ ਕਾਲੋਨੀ ਵਿਖੇ ਸ੍ਰੀ ਬਾਲ ਰਾਮਲੀਲ੍ਹਾ ਕਮੇਟੀ ਵੱਲੋਂ ਕਰਵਾਏ ਜਾ ਰਹੇ ਰਾਮਲੀਲ੍ਹਾ ਮੰਚਨ ਦੇ ਤੀਜੇ ਦਿਨ ਮੁੱਖ ਮਹਿਮਾਨ ਵਜੋਂ ਕਾਂਗਰਸੀ ਆਗੂ ਜੇ. ਪੀ. ਸਿੰਘ ਮੱਕੜ ਨੇ ਸ਼ਮੂਲੀਅਤ ਕੀਤੀ। ਉਨ੍ਹਾਂ ਮੰਚਨ ਦਾ ਉਦਘਾਟਨ ਕਰਦਿਆਂ ਕਿਹਾ ਕਿ ਇਹ ਬਾਲ ਕਲਾਕਾਰਾਂ ਸਾਨੂੰ ਭਗਵਾਨ ਰਾਮ ਜੀ ਦੀਆਂ ਸਿੱਖਿਆਵਾਂ ਦੇ ਰਹੇ ਹਨ, ਜਿਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲ ਕੇ ਅਸੀਂ ਆਪਣਾ ਜੀਵਨ ਸਫ਼ਲ ਬਣਾ ਸਕਦੇ ਹਾਂ। ਕਲਾਕਾਰਾਂ ਵੱਲੋਂ ਮੰਚਨ ਦੌਰਾਨ ਜੋ ਦ੍ਰਿਸ਼ ਦਿਖਾਏ ਗਏ, ਉਸ ਦੀ ਦਰਸ਼ਕਾਂ ਵੱਲੋਂ ਸ਼ਲਾਘਾ ਕੀਤੀ ਗਈ। ਇਸ ਮੌਕੇ ਵਿਨੋਦ ਸਿੰਗਲਾ, ਸੰਜੇ ਜੈਨ, ਡਾ. ਨੀਟੂ, ਸਾਬਕਾ ਕੌਂਸਲਰ ਪਰਮਜੀਤ ਪੰਮੀ, ਅਮਰਜੀਤ ਸਿੰਘ, ਡਾਇਰੈਕਟਰ ਦੀਨਾ ਨਾਥ, ਪ੍ਰਧਾਨ ਸਤਪਾਲ ਸਿੰਘ ਮੌਜੂਦ ਸਨ।

## ਲਾਇਨਜ਼ ਕਲੱਬ ਸਮਾਣਾ ਗੋਲਡ ਨੇ ਗਾਂਧੀ ਜਯੰਤੀ ਮੌਕੇ ਕੱਢੀ ਸਾਈਕਲ ਰੈਲੀ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਲਾਇਨਜ਼ ਕਲੱਬ ਗੋਲਡ ਵੱਲੋਂ ਪ੍ਰਧਾਨ ਲਾਇਨ ਮੋਹਿਤ ਗਰਗ ਤਨੂ ਤੇ ਲਾਇਨ ਜੇ ਪੀ ਗਰਗ ਦੀ ਅਗਵਾਈ ਹੇਠ ਗਾਂਧੀ ਜਯੰਤੀ ਮੌਕੇ ਸੱਤਵੀਂ ਸਾਲਾਨਾ ਸਾਇਕਲ ਰੈਲੀ ਕੱਢੀ ਗਈ।ਹਲਕਾ ਵਿਧਾਇਕ ਜੌੜਾਮਾਜਰਾ, ਐਸ.ਡੀ.ਐਮ ਸਮਾਣਾ ਤਰਸੇਮ ਚੰਦ, ਸ਼੍ਰੀ ਅਮਿਤ ਸਿੰਗਲਾ ਜ਼ਿਲ੍ਹਾ ਰੋਟਰੀ ਗਵਰਨਰ, ਅਗਰਵਾਲ ਧਰਮਸ਼ਾਲਾ ਪ੍ਰਧਾਨ ਮਦਨ ਮਿੱਤਲ, ਈ.ਓ ਬਰਜਿੰਦਰ ਸਿੰਘ, ਸਦਰ ਥਾਣਾ ਮੁਖੀ ਅਵਤਾਰ ਸਿੰਘ ਤੇ ਪ੍ਰਦੀਪ ਗੋਇਲ ਮਿੰਕਾ ਆਦਿ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਇਸ ਸਾਇਕਲ ਰੈਲੀ ਵਿੱਚ ਹਿੱਸਾ ਲਿਆ।ਜੌੜਾਮਾਜਰਾ ਨੇ ਕਿਹਾ ਕਿ ਇਸ ਸਾਈਕਲ ਰੈਲੀ ਵਿੱਚ ਨੌਜਵਾਨਾਂ ਤੇ ਬੱਚਿਆਂ ਦੇ ਉਤਸ਼ਾਹ ਨੂੰ ਦੇਖ ਬਹੁਤ ਖੁਸ਼ੀ ਹੋਈ ਹੈ ਅਤੇ ਅਜਿਹੇ ਮੌਕੇ ਤੇ ਹਰ ਵਰਗ ਇਕੱਠੇ ਹੋ ਕੇ ਤੁਰਨਾ ਸਾਡੀ ਆਪਸੀ ਇਕਜੁਟਤਾ ਦਾ ਸੁਨੇਹਾ ਦਿੰਦਾ ਹੈ।ਉਨ੍ਹਾਂ ਅੱਗੇ ਕਿਹਾ ਕਿ, ਅਸੀਂ ਸਾਇਕਲਿੰਗ ਕਰਕੇ ਵੀ ਨਿਰੋਗ ਰਹਿ ਸਕਦੇ ਹਾਂ ਤੇ ਨਾਲ ਹੀ ਵਾਤਾਵਰਣ ਪੱਖੀ ਆਵਾਜਾਈ ਦਾ ਸਾਧਨ ਵਰਤਕੇ ਪ੍ਰਦੂਸ਼ਣ ਘਟਾਉਣ ਵਿੱਚ ਵੀ ਯੋਗਦਾਨ ਪਾ ਸਕਦੇ ਹਾਂ। ਇਹ ਰੈਲੀ ਸਵੇਰੇ 6.30 ਵਜੇ ਤਹਿਸੀਲ ਕੰਪਲੈਕਸ ਵਾਲੇ ਪਾਰਕ ਤੋਂ ਸ਼ੁਰੂ ਹੋ ਕੇ ਤਹਿਸੀਲ ਰੋਡ, ਪੰਜਾਬ ਨੈਸ਼ਨਲ ਬੈਂਕ ਤੋਂ ਮਾਜਰੀ ਰੋਡ, ਗੁਰਦੁਆਰਾ ਰਵਿਦਾਸ ਜੀ ਤੋਂ ਘੱਗਾ ਰੋਡ, ਪੁਲਿਸ ਚੌਕੀ ਗਾਂਧੀ ਗਰਾਊਂਡ ਤੋਂ ਨਗਰ ਕੌਂਸਲ ਦਫ਼ਤਰ ਹੁੰਦੇ ਹੋਏ ਤਹਿਸੀਲ ਪਾਰਕ ਵਿਖੇ ਸਮਾਪਤ ਹੋਈ।ਸੰਸਥਾ ਵੱਲੋਂ ਰੈਲੀ ਵਿੱਚ ਸ਼ਾਮਲ ਹੋਣ ਵਾਲੇ ਬੱਚਿਆਂ ਤੇ ਆਏ ਹੋਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

## ਡੀ ਏ ਵੀ ਸਕੂਲ ਰਾਜਪੁਰਾ 'ਚ ਰਨ ਫਾਰ ਫਨ ਮੈਰਾਥਨ ਦਾ ਆਯੋਜਨ



**ਰਾਜਪੁਰਾ (ਰਮੇਸ਼ ਕਟਾਰੀਆ)**-ਰਾਸ਼ਟਰ ਪਿਤਾ ਮਹਾਤਮਾ ਗਾਂਧੀ ਤੇ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦਰ ਸ਼ਾਸਤਰੀ ਦੇ ਜਨਮ ਦਿਨ ਮੌਕੇ ਡੀ ਏ ਵੀ ਸਕੂਲ ਰਾਜਪੁਰਾ ਵਿਖੇ 'ਰਨ ਫਾਰ ਡੀਏਵੀ' ਦੇ ਬੈਨਰ ਹੇਠ 2 ਕਿਲੋਮੀਟਰ ਮੈਰਾਥਨ ਕਰਾਈ ਗਈ।ਪ੍ਰਿੰਸੀਪਲ ਸ਼੍ਰੀਮਤੀ ਅਲਪਨਾ ਪਾਠਕ ਦੀ ਪ੍ਰਧਾਨਗੀ ਹੇਠ ਵਿਦਿਆਰਥੀਆਂ, ਅਧਿਆਪਕਾਂ ਤੇ ਸਟਾਫ਼ ਨੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਤੇ ਲਾਲ ਬਹਾਦਰ ਸ਼ਾਸਤਰੀ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਨਾਮ ਦਾ ਜਾਪ ਕੀਤਾ ਤੇ ਮਹਾਤਮਾ ਗਾਂਧੀ ਦੀਆਂ ਸੱਚਾਈ, ਅਹਿੰਸਾ, ਸ਼ਾਂਤੀ, ਏਕਤਾ ਤੇ ਸੇਵਾ ਦੀਆਂ ਸਿੱਖਿਆਵਾਂ 'ਤੇ ਅਮਲ ਕੀਤਾ। ਸਮਾਜ ਨੂੰ ਸਿੱਖਿਆ ਤੇ ਸਿਹਤ ਦਾ ਸੁਨੇਹਾ ਦਿੱਤਾ।ਅਧਿਆਪਕਾ ਸ਼੍ਰੀਮਤੀ ਸੰਗੀਤਾ ਨੇ ਇਸ ਦੌੜ ਨੂੰ ਹਰੀ ਝੰਡੀ ਦਿਖਾ ਕੇ ਸ਼ੁਰੂ ਕੀਤਾ, ਜਿਸ ਵਿੱਚ ਸਕੂਲ ਦੇ 100 ਵਿਦਿਆਰਥੀਆਂ ਨੇ ਭਾਗ ਲਿਆ, ਜਿਸ ਵਿੱਚ ਸਮਾਜ ਨੂੰ ਸਰੀਰਕ ਤੰਦਰੁਸਤੀ, ਸਮਾਜਿਕ ਜ਼ਿੰਮੇਵਾਰੀ ਤੇ ਰਾਸ਼ਟਰੀ ਕਦਰਾਂ ਕੀਮਤਾਂ ਬਾਰੇ ਜਾਗਰੂਕ ਕੀਤਾ ਗਿਆ।ਸਕੂਲ ਪਹੁੰਚਣ 'ਤੇ ਸਾਰੇ ਵਿਦਿਆਰਥੀਆਂ ਲਈ ਰਿਫਰੈਸ਼ਮੈਂਟ ਦਾ ਪ੍ਰਬੰਧ ਕੀਤਾ ਗਿਆ ਤੇ ਸਾਰੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।

## ਅਰਵਿੰਦਰ ਢਿੱਲੋਂ ਦਾ ਵੱਖ-ਵੱਖ ਸੰਸਥਾਵਾਂ ਵੱਲੋਂ ਸਨਮਾਨ



**ਨਾਭਾ (ਵਰਿੰਦਰ ਵਰਮਾ)**-ਜ਼ਿਲ੍ਹਾ ਸਿੱਖਿਆ ਤੇ ਸਿਖਲਾਈ ਸੰਸਥਾ ਵਿਖੇ ਨਵਕਿਰਨ ਪੰਜਾਬੀ ਸਾਹਿਤ ਸਭਾ, ਭਾਈ ਕਾਹਨ ਸਿੰਘ ਰਚਨਾ ਵਿਚਾਰ ਮੰਚ ਤੇ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ ਵੱਲੋਂ ਅਰਵਿੰਦਰ ਢਿੱਲੋਂ ਦਾ ਪੰਜਾਬੀ ਸਾਹਿਤ ਅਕਾਦਮੀ ਦਾ ਉਪ ਪ੍ਰਧਾਨ ਬਣਨ ਤੇ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਭਾਈ ਕਾਹਨ ਸਿੰਘ ਰਚਨਾ ਵਿਚਾਰ ਮੰਚ ਤੇ ਕੇਂਦਰੀ ਲੇਖਕ ਸਭਾ ਪੰਜਾਬ ਦੇ ਪ੍ਰਧਾਨ ਦਰਸ਼ਨ ਸਿੰਘ ਬੁੱਟਰ ਨੇ ਅਰਵਿੰਦਰ ਢਿੱਲੋਂ ਵੱਲੋਂ ਪੰਜਾਬੀ ਸਾਹਿਤ ਨੂੰ ਦਿੱਤੀ ਦੇਣ ਦੀ ਪ੍ਰਸੰਸਾ ਕੀਤੀ ਤੇ ਕਿਹਾ ਕਿ ਇਹ ਨਾਭਾ ਲਈ ਮਾਣ ਦੀ ਗੱਲ ਹੈ ਕਿ ਇੱਥੋਂ ਦੇ ਇਸ ਸਾਹਿਤਕਾਰ ਨੂੰ ਇਹ ਵਿਸੇਸ਼ ਰੁਤਬਾ ਮਿਲਿਆ ਹੈ।ਨਵਕਿਰਨ ਪੰਜਾਬੀ ਸਾਹਿਤ ਸਭਾ ਪੰਜਾਬ ਦੇ ਪ੍ਰਧਾਨ ਹਰਵੀਰ ਢੀਂਡਸਾ ਤੇ ਇੰਡੀਅਨ ਐਜੂਕੇਸ਼ਲ ਸੁਸਾਇਟੀ ਦੇ ਚੇਅਰਮੈਨ ਅਵਿਨਾਸ਼ ਰਾਣਾ ਨੇ ਅਰਵਿੰਦਰ ਢਿੱਲੋਂ ਵੱਲੋਂ ਪਿਛਲੇ ਸਮੇਂ ਦੌਰਾਨ ਪੰਜਾਬ ਸਾਹਿਤ ਅਕਾਦਮੀ ਲਈ ਕੀਤੇ ਕੰਮਾਂ ਦੀ ਚਰਚਾ ਕੀਤੀ।ਡਾਇਟ ਦੇ ਪ੍ਰਿੰਸੀਪਲ ਸੰਦੀਪ ਨਾਗਰ ਨੇ ਅਰਵਿੰਦਰ ਢਿੱਲੋਂ ਵੱਲੋਂ ਵਿਸ਼ਵ ਪੰਜਾਬੀ ਕਾਨਫਰੰਸਾਂ 'ਤੇ ਕੀਤੇ ਖੋਜ ਕਾਰਜਾਂ ਤੇ ਪੰਜਾਬੀ ਭਾਸ਼ਾ ਦੇ ਵਿਕਾਸ ਤੇ ਪ੍ਰਸਾਰ ਲਈ ਕੀਤੇ ਲਗਾਤਾਰ ਕੰਮਾ ਲਈ ਉਨ੍ਹਾਂ ਦੀ ਪ੍ਰਸੰਸਾ ਕੀਤੀ ਅਤੇ ਕਿਹਾ ਕਿ ਉਹ ਇਸ ਅਹੁੱਦੇ ਦੇ ਹੱਕਦਾਰ ਸਨ।ਗੁਰਬੰਸ ਸਿੰਘ ਬੈਸ ਨੇ ਕਿਹਾ ਕਿ ਨਵੀਂ ਟੀਮ ਦੀ ਅਗਵਾਈ ਵਿਚ ਅਕਦਾਮੀ ਨਵੀ ਮੀਲ ਪੱਥਰ ਸਥਾਪਤ ਕਰੇਗੀ।

## ਵਿਧਾਇਕ ਸੁਖਾਨੰਦ ਦੇ ਥਾਪੜੇ ਤੋਂ ਬਾਅਦ ਗੁਰਭੇਜ ਬਰਾੜ ਨਾਲ ਲੋਕ ਕਾਫ਼ਲੇ ਬੰਨ੍ਹ ਤੁਰੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਇੱਥੋਂ ਨੇੜਲੇ ਪਿੰਡ ਮਾੜੀ ਮੁਸਤਫ਼ਾ ਵਿੱਚ ਸਰਪੰਚ ਦੀ ਚੋਣ ਲੜ ਰਹੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਗੁਰਭੇਜ ਸਿੰਘ ਬਰਾੜ, ਜੋ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੇ ਖਾਸਮ-ਖਾਸ ਚੁਹੇਤਿਆਂ ਵਿੱਚ ਸ਼ਾਮਲ ਸੋਨੀ ਧਾਲੀਵਾਲ ਦੇ ਅਤਿ ਕਰੀਬੀ ਦੀ, ਨੂੰ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦਾ ਥਾਪੜਾ ਮਿਲਣ ਦੇ ਬਾਅਦ ਪਿੰਡ ਦੇ ਲੋਕ ਉਨ੍ਹਾਂ ਨਾਲ ਕਾਫ਼ਲੇ ਬੰਨ੍ਹ ਕੇ ਤੁਰ ਪਏ ਹਨ।ਗੁਰਭੇਜ ਸਿੰਘ ਬਰਾੜ ਨੇ ਕਿਹਾ ਕਿ ਜੇਕਰ ਪਿੰਡ ਦੇ ਲੋਕ ਉਨ੍ਹਾਂ 'ਤੇ ਸਰਪੰਚੀ ਚੋਣਾਂ ਵਿੱਚ ਵਿਸ਼ਵਾਸ ਜਤਾਉਂਦੇ ਹਨ ਤਾਂ ਉਨ੍ਹਾਂ ਭਰੋਸਾ ਦਿੱਤਾ ਕਿ ਉਹ ਪਿੰਡ ਦੇ ਵਿਕਾਸ ਕਾਰਜਾਂ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ।ਲੋਕ ਸੇਵਾ ਨੂੰ ਸਮਰਪਤ ਤੇ ਇਮਾਨਦਾਰੀ ਨਾਲ ਪਿੰਡ ਦੀ ਸੇਵਾ ਕਰਨ ਵਾਲੇ ਗੁਰਭੇਜ ਸਿੰਘ ਬਰਾੜ ਪਿੰਡ ਦੇ ਲੋਕਾਂ ਕਹਿਣ 'ਤੇ ਚੋਣ ਮੈਦਾਨ ਵਿੱਚ ਨਿੱਤਰੇ ਹਨ।ਪਿੰਡ ਵਾਸੀ ਕਾਫ਼ਲੇ ਬੰਨ੍ਹ ਕੇ ਗੁਰਭੇਜ ਸਿੰਘ ਬਰਾੜ ਦੀ ਚੋਣ ਮੁਹਿੰਮ ਵਿੱਚ ਕੁੱਦ ਪਏ ਹਨ, ਜਿਸ ਤੋਂ ਸਪੱਸ਼ਟ ਹੈ ਕਿ ਲੋਕ ਸੇਵਾ ਦਾ 'ਮੁੱਲ' ਪਾਉਣ ਲਈ ਕਾਹਲੇ ਹਨ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾ ਕਿਹਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਖੁਸ਼ ਹਨ ਤੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਵੱਲੋਂ ਹਲਕੇ ਵਿੱਚ ਕੀਤੇ ਜਾ ਰਹੇ ਧੜਾਧੜ ਵਿਕਾਸ ਕਾਰਜ ਇਸ ਗੱਲ ਦਾ ਸਬੂਤ ਹੈ ਕਿ ਪਿੰਡ ਦੇ ਲੋਕ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਨਾਲ ਖੁੱਲ੍ਹ ਕੇ ਚੋਣ ਮੈਦਾਨ ਵਿੱਚ ਨਿੱਤਰ ਪਏ ਹਨ।ਉਨ੍ਹਾ ਕਿਹਾ ਕਿ ਵਿਧਾਇਕ ਸੁਖਾਨੰਦ ਦੀ ਰਹਿਨੁਮਾਈ ਹੇਠ ਪਿੰਡ ਮਾੜੀ ਮੁਸਤਫ਼ਾ ਵਿੱਚ ਵਿਕਾਸ ਕਾਰਜਾਂ ਦੀ ਲਹਿਰ ਝੁੱਲੀ ਹੈ ਤੇ ਪੰਚਾਇਤੀ ਚੋਣਾਂ ਹੁੰਦਿਆਂ ਸਾਰ ਹੀ ਪਿੰਡ ਦੇ ਰਹਿੰਦੇ ਵਿਕਾਸ ਕਾਰਜ ਉਨ੍ਹਾਂ ਵੱਲੋਂ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਰਹਿਨੁਮਾਈ ਹੇਠ ਕਰਵਾਏ ਜਾਣਗੇ।

## ਰਾਈਟ-ਵੇ ਏਅਰਲੰਕਸ ਦੇ ਵਿਦਿਆਰਥੀਆਂ ਪੀ ਟੀ ਈ 'ਚ ਲਈ ਚੰਗੇ ਸਕੋਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਾਲਵਾ ਖਿੱਤੇ ਦੀ ਮਸ਼ਹੂਰ ਸੰਸਥਾ ਰਾਈਟ-ਵੇ ਏਅਰਲਿੰਕਸ ਜੋ ਕਈ ਸਾਲਾਂ ਤੋਂ ਆਈਲਟਸ ਤੇ ਇੰਮੀਗ੍ਰੇਸ਼ਨ ਦੇ ਖੇਤਰ ਵਿੱਚ ਚੰਗੀ ਭੂਮਿਕਾ ਨਿਭਾ ਰਹੀ ਹੈ। ਇਸੇ ਲੜੀ ਤਹਿਤ ਰਾਈਟ-ਵੇ ਏਅਰਲਿੰਕਸ ਦੇ ਵਿਦਿਆਰਥੀ ਪ੍ਰਭਜੋਤ ਕੌਰ ਪੁੱਤਰੀ ਪ੍ਰਗਟ ਸਿੰਘ ਵਾਸੀ ਪਿੰਡ ਕਟਰੋਂ, ਧੂਰੀ, (ਸੰਗਰੂਰ) ਨੇ ਕ੍ਰਮਵਾਰ ਲਿਸਨਿੰਗ 'ਚ 72, ਰੀਡਿੰਗ 'ਚ 59, ਰਾਈਟਿੰਗ 'ਚ 69, ਸਪੀਕਿੰਗ 'ਚ 64 ਤੇ ਓਵਰਆਲ ਪੀਟੀਈ ਵਿੱਚੋਂ 65 ਸਕੋਰ ਪ੍ਰਾਪਤ ਕਰਕੇ ਆਪਣੇ ਮਾਤਾ-ਪਿਤਾ ਦਾ ਨਾਮ ਰੋਸ਼ਨ ਕੀਤਾ। ਇਸੇ ਤਰ੍ਹਾਂ ਜਪਨੀਤ ਕੌਰ ਪੁੱਤਰੀ ਦੁਰਲਾਭਜੋਤ ਸਿੰਘ ਵਾਸੀ ਪਿੰਡ ਚਿੰਤਵਾਲਾ, ਨਾਭਾ, (ਸੰਗਰੂਰ) ਨੇ ਕ੍ਰਮਵਾਰ ਲਿਸਨਿੰਗ 'ਚ 72, ਰੀਡਿੰਗ 'ਚ 59, ਰਾਈਟਿੰਗ 'ਚ 69, ਸਪੀਕਿੰਗ 'ਚ 64 ਤੇ ਓਵਰਆਲ ਪੀਟੀਈ ਵਿੱਚੋਂ 65 ਸਕੋਰ ਪ੍ਰਾਪਤ ਕਰਕੇ ਆਪਣੇ ਮਾਤਾ-ਪਿਤਾ ਦਾ ਨਾਮ ਰੋਸ਼ਨ ਕੀਤਾ। ਇਸ ਮੌਕੇ ਸੰਸਥਾ ਦੇ ਡਾਇਕਟਰ ਦੇਵ ਪ੍ਰਿਆ ਤਿਆਗੀ ਨੇ ਨੂਰ ਅਰੋੜਾ ਨੂੰ ਵਧਾਈ ਦਿੱਤੀ। ਉਨ੍ਹਾਂ ਪ੍ਰਭਜੋਤ ਕੌਰ ਤੇ ਜਪਨੀਤ ਕੌਰ ਦੇ ਚੰਗੇ ਭਵਿੱਖ ਦੀ ਕਾਮਨਾ ਕਰਦਿਆਂ ਨੂੰ ਜ਼ਿਆਦਾ ਮਿਹਨਤ ਕਰਕੇ ਅੱਗੇ ਵੱਧਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰਭਜੋਤ ਕੌਰ ਤੇ ਜਪਨੀਤ ਕੌਰ ਨੇ ਰਾਈਟ-ਵੇ ਏਅਰਲਿੰਕਸ ਦੇ ਸਾਰੇ ਸਟਾਫ ਮੈਂਬਰਾਂ ਤੇ ਸੰਸਥਾ ਦੇ ਡਾਇਰੈਕਟਰ ਦਾ ਧੰਨਵਾਦ ਕੀਤਾ।

# ਆੜ੍ਹਤੀਆ ਐਸੋਸੀਏਸ਼ਨ ਵੱਲੋਂ ਅਣਮਿੱਥੇ ਸਮੇਂ ਲਈ ਹੜਤਾਲ

### ■ ਮੰਡੀ ਬੋਰਡ ਦੇ ਦਫਤਰ ਅੱਗੇ ਦਿੱਤਾ ਧਰਨਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਬੇਸ਼ੱਕ ਸੂਬਾ ਸਰਕਾਰ ਵੱਲੋਂ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਝੋਨੇ ਦੀ ਸਰਕਾਰੀ ਖਰੀਦ ਪਹਿਲੀ ਅਕਤੂਬਰ ਤੋਂ ਕਰਵਾਉਣ ਦਾ ਐਲਾਨ ਕੀਤਾ ਗਿਆ ਹੈ, ਜਿਸ ਲਈ ਜ਼ਿਲ੍ਹਾ ਪ੍ਰਸ਼ਾਸਨ ਤੇ ਮੰਡੀ ਬੋਰਡ ਨੇ ਵੀ ਆਪਣੇ ਪੱਧਰ 'ਤੇ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਪਰ ਕਮਿਸ਼ਨ ਏਜੰਟਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਕਮਿਸ਼ਨ ਏਜੰਟਾਂ ਨੇ ਵੀਰਵਾਰ ਨੂੰ ਸਿਟੀ ਪਾਰਕ ਵਿੱਚ ਮੀਟਿੰਗ ਕਰਕੇ ਪਹਿਲੀ ਅਕਤੂਬਰ ਤੋਂ ਹੜਤਾਲ 'ਤੇ ਜਾਣ ਦਾ ਐਲਾਨ ਕੀਤਾ। ਮੋਗਾ ਮੰਡੀ ਦੇ ਜਨਰਲ ਸਕੱਤਰ ਦੀਪਕ ਤਾਇਲ ਨੇ ਦੱਸਿਆ ਕਿ ਆੜ੍ਹਤੀਆ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਵਿਜੇ ਕਾਲੜਾ ਦੇ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ ਜ਼ਿਲ੍ਹਿਆਂ 'ਚ ਕਮਿਸ਼ਨ ਏਜੰਟ ਹੜਤਾਲ 'ਤੇ ਜਾਣਗੇ ਕਮਿਸ਼ਨ ਏਜੰਟਾਂ ਨੂੰ ਘਟਾ ਕੇ 46 ਰੁਪਏ ਪ੍ਰਤੀ ਕੁਇੰਟਲ ਕਰ ਦਿੱਤਾ ਗਿਆ ਸੀ, ਜਦੋਂ ਕਿ ਉਨ੍ਹਾਂ ਦੀ ਮੰਗ ਹੈ ਕਿ ਪੰਜਾਬ ਸਰਕਾਰ ਦੇ ਕਾਨੂੰਨ ਅਨੁਸਾਰ ਕਮਿਸ਼ਨ ਏਜੰਟਾਂ ਨੂੰ ਫਸਲ ਦੇ ਘੱਟੋ-ਘੱਟ ਸਮਰਥਨ ਮੁੱਲ 'ਤੇ 2.5 ਫੀਸਦੀ ਕਮਿਸ਼ਨ ਦਿੱਤਾ ਜਾਵੇ। ਜਦੋਂ 2023 ਦੇ ਕਣਕ ਦੇ ਸੀਜ਼ਨ ਦੌਰਾਨ ਅਡਾਨੀ ਸੀਲੋ ਪਲਾਂਟ ਵਿੱਚ ਖੁੱਲ੍ਹੀ ਕਣਕ ਭੇਜੀ ਗਈ ਸੀ ਤਾਂ ਅਜੇ ਤੱਕ ਅੱਧਾ ਕਮਿਸ਼ਨ ਜਾਰੀ ਨਹੀਂ ਕੀਤਾ ਗਿਆ, ਜੋ ਪਹਿਲ ਦੇ ਆਧਾਰ 'ਤੇ ਜਾਰੀ ਕੀਤਾ ਜਾਵੇ, ਤਾਂ ਜੋ ਕਮਿਸ਼ਨ ਏਜੰਟਾਂ ਨੂੰ ਬਣਦਾ ਕਮਿਸ਼ਨ ਮਿਲ ਸਕੇ।

ਐੱਫ.ਸੀ.ਆਈ. ਹਰ ਸਾਲ ਲੇਬਰ ਦੇ ਨਾਂ 'ਤੇ ਕਮਿਸ਼ਨ ਏਜੰਟਾਂ ਤੋਂ 30 ਫੀਸਦੀ ਈ.ਪੀ.ਐੱਫ. ਦੀ ਕਟੌਤੀ ਕਰਦੀ ਹੈ, ਜਦਕਿ ਕਮਿਸ਼ਨ ਏਜੰਟਾਂ ਕੋਲ ਪੱਕੇ ਤੌਰ 'ਤੇ ਲੇਬਰ ਨਹੀਂ ਹੈ, ਇਸ ਲਈ ਐੱਫ.ਸੀ.ਆਈ. ਨੂੰ 30 ਫੀਸਦੀ ਈ.ਪੀ.ਐੱਫ. ਦੀ ਕਟੌਤੀ ਬੰਦ ਕਰਨੀ ਚਾਹੀਦੀ ਹੈ, ਜਦੋਂਕਿ ਪਿਛਲੇ ਸੱਤ ਸਾਲਾਂ ਤੋਂ ਕੱਟੇ ਗਏ ਈ.ਪੀ.ਐੱਫ. ਇਹ ਯਕੀਨੀ ਬਣਾਇਆ ਜਾਵੇ ਕਿ ਝੋਨੇ ਤੇ ਕਣਕ ਦੇ ਸੀਜ਼ਨ ਦੌਰਾਨ ਖਰੀਦੀ ਗਈ ਫਸਲ 72 ਘੰਟਿਆਂ ਦੇ ਅੰਦਰ-ਅੰਦਰ ਚੁਕਾਈ ਜਾਵੇ। ਜੇਕਰ ਲਿਫਟਿੰਗ ਵਿੱਚ ਦੇਰੀ ਹੁੰਦੀ ਹੈ ਤੇ ਫ਼ਸਲ ਦੀ ਗੁਣਵੱਤਾ ਪ੍ਰਭਾਵਿਤ ਹੁੰਦੀ ਹੈ, ਤਾਂ ਇਸ ਦੀ ਜ਼ਿੰਮੇਵਾਰੀ ਕਮਿਸ਼ਨ ਏਜੰਟਾਂ ਦੀ ਨਹੀਂ ਹੋਣੀ ਚਾਹੀਦੀ। ਉਨ੍ਹਾਂ ਕਿਹਾ ਕਿ ਬੇਸ਼ੱਕ ਝੋਨੇ ਦਾ ਸੀਜ਼ਨ ਸ਼ੁਰੂ ਹੋਣ 'ਚ ਕੁਝ ਹੀ ਦਿਨ ਬਾਕੀ ਰਹਿ ਗਏ ਹਨ, ਪਰ ਅਜੇ ਤੱਕ ਸਰਕਾਰੀ ਗੋਦਾਮਾਂ 'ਚੋਂ ਚੌਲਾਂ ਦੀ ਲਿਫਟਿੰਗ ਨਹੀਂ ਹੋਈ ਹੈ, ਜਿਸ ਕਾਰਨ ਆਉਣ ਵਾਲੇ ਦਿਨਾਂ 'ਚ ਜਗ੍ਹਾ ਦੀ ਵੱਡੀ ਸਮੱਸਿਆ ਬਣ ਸਕਦੀ ਹੈ। ਉਨ੍ਹਾਂ ਕੇਂਦਰ ਤੇ ਰਾਜ ਸਰਕਾਰਾਂ ਤੋਂ ਮੰਗ ਕੀਤੀ ਕਿ ਕਮਿਸ਼ਨ ਏਜੰਟਾਂ ਦੀਆਂ ਮੰਗਾਂ ਨੂੰ ਪ੍ਰਵਾਨ ਕਰਕੇ ਲਾਗੂ ਕੀਤਾ ਜਾਵੇ ਤੇ ਸਰਕਾਰੀ ਗੋਦਾਮਾਂ ਵਿੱਚ ਸਮੇਂ ਸਿਰ ਝੋਨੇ ਦੀ ਲਿਫਟਿੰਗ ਲਈ ਜਗ੍ਹਾ ਬਣਾਈ ਜਾਵੇ। ਇਸ ਮੌਕੇ ਐਸੋਸੀਏਸ਼ਨ ਦੇ ਸਕੱਤਰ ਰਾਹੁਲ ਗਰਗ ਤੇ ਕੈਸ਼ੀਅਰ ਹਿਤੇਸ਼ ਗੁਪਤਾ ਨੇ ਦੱਸਿਆ ਕਿ ਸਵੇਰੇ 11 ਵਜੇ ਤੋਂ ਦੁਪਹਿਰ 1 ਵਜੇ ਤੱਕ ਮੰਡੀ 'ਚ ਰੋਸ ਧਰਨਾ ਦਿੱਤਾ ਗਿਆ ਤੇ ਮੰਡੀ 'ਚ ਆਉਣ ਵਾਲੀ ਝੋਨਾ, ਕਣਕ, ਬਾਸਮਤੀ, ਸਰ੍ਹੋਂ, ਮੱਕੀ ਤੇ ਹੋਰ ਫ਼ਸਲਾਂ ਦੀ ਖ਼ਰੀਦ ਬੰਦ ਕਰ ਦਿੱਤੀ ਗਈ। ਇਸ ਮੌਕੇ ਐਸੋਸੀਏਸ਼ਨ ਦੇ ਚੇਅਰਮੈਨ ਅੰਗਰੇਜ਼ ਸਿੰਘ, ਰਿਪਨ ਬਾਂਸਲ, ਸਤੀਸ਼ ਚੰਦਰ ਜੈਨ, ਪੰਕਜ ਮੰਗਲਾ, ਵਿਨੋਦ ਕੁਮਾਰ ਟੈਨੀ, ਮੁਰਾਰੀ ਸਿੰਗਲਾ, ਵਿਪਨ ਸਿੰਗਲਾ, ਕਸ਼ਿਸ਼ ਬਾਂਸਲ, ਅਸ਼ੋਕ ਬਾਂਸਲ ਹਾਜ਼ਰ ਸਨ।

## ਐੱਫ਼ ਸੀ ਆਈ ਨੇ ਗੁਦਾਮਾਂ 'ਚ ਫੈਲੇ ਭ੍ਰਿਸ਼ਟਾਚਾਰ ਦੀ ਖ਼ਬਰ ਲਾਉਣ 'ਤੇ ਪੱਤਰਕਾਰ ਤੋਂ ਫਿਰ ਮੰਗੇ ਸਬੂਤ

**ਜੈਤੋ (ਸਤੀਸ਼ ਕੁਮਾਰ ਭੀਰੀ)**-ਫੂਡ ਕਾਰਪੋਰੇਸ਼ਨ ਆਫ਼ ਇੰਡੀਆ ਦੇ ਗੁਦਾਮਾਂ ਦੀ ਜਾਂਚ ਪੜਤਾਲ ਤੇ ਅਧਿਕਾਰੀਆਂ ਨੂੰ ਕਾਬੂ ਕਰਨ ਉਪਰੰਤ ਐਫ਼ ਸੀ ਆਈ ਵਿੱਚ ਡੂੰਘੀਆਂ ਜੜ੍ਹਾਂ ਜਮਾ ਚੁੱਕੇ ਭ੍ਰਿਸ਼ਟਾਚਾਰ ਦੇ ਕਿੱਸੇ ਉਘੇੜਨ ਵਿੱਚ ਸਫਲਤਾ ਪ੍ਰਾਪਤ ਕੀਤੀ ਜਾ ਸਕਦੀ ਹੈ। ਭਰੋਸੇਯੋਗ ਸੂਤਰਾਂ ਮੁਤਾਬਕ ਐਫ਼ ਸੀ ਆਈ ਜੈਤੋ ਦੇ ਛੋਟੇ ਤੋਂ ਲੈ ਕੇ ਵੱਡੇ ਕ੍ਰਮਚਾਰੀਆਂ ਅਧਿਕਾਰੀਆਂ ਵੱਲੋਂ ਲਗਭਗ 25 ਦਿਨ ਪਹਿਲਾਂ ਆਪਣੇ ਜ਼ਿਲ੍ਹਾ ਮੈਨੇਜਰ ਨੂੰ ਇੱਕ ਰਾਈਸ ਮਿੱਲਰ ਪਾਸੋਂ ਆਪਣੀ ਜਾਨ ਮਾਲ ਦੀ ਸੁਰੱਖਿਆ ਨੂੰ ਲੈ ਕੇ ਗੰਭੀਰ ਚਿੰਤਾ ਜਤਾਈ ਗਈ ਸੀ, ਜਿਸ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਐਫ਼.ਸੀ.ਆਈ ਦੇ ਜ਼ਿਲ੍ਹਾ ਮੈਨੇਜਰ ਵੱਲੋਂ ਆਪਣੇ ਕ੍ਰਮਚਾਰੀਆਂ ਨੂੰ ਗੰਭੀਰ ਨਤੀਜੇ ਭੁਗਤਣ ਦੀਆਂ ਧਮਕੀਆਂ ਦੇਣ ਵਾਲੇ ਤੇ ਉਨ੍ਹਾਂ ਨਾਲ ਬਹੁਤ ਹੀ ਬੁਰਾ ਵਿਹਾਰ ਕਰਨ ਵਾਲੇ ਰਾਈਸ ਮਿੱਲਰ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕਰਦਾ ਇੱਕ ਸ਼ਿਕਾਇਤ ਪੱਤਰ ਐਸ ਐਸ ਪੀ ਫ਼ਰੀਦਕੋਟ, ਡਿਪਟੀ ਕਮਿਸ਼ਨਰ ਫ਼ਰੀਦਕੋਟ, ਜ਼ਿਲ੍ਹਾ ਮੈਨੇਜਰ ਵੇਅਰ ਹਾਊਸਿੰਗ ਕਾਰਪੋਰੇਸ਼ਨ, ਜ਼ਿਲ੍ਹਾ ਮੈਨੇਜਰ ਫੂਡ ਸਪਲਾਈ ਵਿਭਾਗ, ਡੀ.ਐਮ.ਫ਼ੂਡ ਕਾਰਪੋਰੇਸ਼ਨ ਆਫ਼ ਇੰਡੀਆ ਪੰਜਾਬ ਸਮੇਤ ਅਨੇਕਾਂ ਹੋਰ ਉੱਚ ਅਧਿਕਾਰੀਆਂ ਨੂੰ ਲਿਖਿਆ ਗਿਆ ਸੀ। ਐਫ਼ ਸੀ ਆਈ ਦੇ ਅੰਦਰੂਨੀ ਮਾਮਲਿਆਂ ਦੇ ਜਾਣਕਾਰ ਮੁਤਾਬਕ ਇਸ ਗੰਭੀਰ ਮਸਲੇ ਦਾ ਭੋਗ ਪਾਉਂਦੇ ਹੋਏ ਇਸ ਨੂੰ ਭ੍ਰਿਸ਼ਟਾਚਾਰ ਦੀ ਕੰਬਲੀ ਵਿੱਚ ਲਪੇਟ ਦਿੱਤਾ ਗਿਆ ਹੈ।ਫੂਡ ਕਾਰਪੋਰੇਸ਼ਨ ਆਫ਼ ਇੰਡੀਆ ਦੇ ਉੱਚ ਅਧਿਕਾਰੀਆਂ ਵੱਲੋਂ ਆਪਣੇ ਅਧਿਕਾਰੀਆਂ ਵੱਲੋਂ ਕੀਤੇ ਘੁਟਾਲੇ, ਭ੍ਰਿਸ਼ਟਾਚਾਰ ਤੇ ਰਿਸ਼ਵਤਖੋਰੀ ਨੂੰ ਗੰਭੀਰਤਾ ਨਾਲ ਲੈਣ, ਗੁਦਾਮਾਂ ਦੀ ਜਾਂਚ ਕਰਨ, ਰਿਸ਼ਵਤਖੋਰਾਂ ਨੂੰ ਕਾਬੂ ਕਰਨ ਦੀ ਥਾਂ ਤੇ ਅਖ਼ਬਾਰ ਵਿੱਚ ਖ਼ਬਰ ਲਾਉਣ ਵਾਲੇ ਪੱਤਰਕਾਰ ਨੂੰ ਇੱਕ ਵਾਰ ਫਿਰ ਤੋਂ ਭ੍ਰਿਸ਼ਟਾਚਾਰ ਸਬੰਧੀ ਸਬੂਤ ਪੇਸ਼ ਕਰਨ ਲਈ ਪੱਤਰ ਜਾਰੀ ਕਰ ਦਿੱਤਾ ਗਿਆ।ਜਦੋਂ ਇਸ ਸਬੰਧੀ ਚੰਡੀਗੜ੍ਹ ਸਥਿਤ ਫੂਡ ਕਾਰਪੋਰੇਸ਼ਨ ਆਫ਼ ਇੰਡੀਆ ਦੇ ਐਸ ਆਰ ਐਮ ਨੂੰ ਪੱਖ ਲੈਣ ਲਈ ਸੰਪਰਕ ਕਰਨ ਦੀ ਵਾਰ-ਵਾਰ ਕੋਸ਼ਿਸ਼ ਕੀਤੀ ਗਈ, ਜੋ ਸੰਪਰਕ ਨੰਬਰ ਫੇਕ ਹੋਣ ਕਰਕੇ ਸਿਰੇ ਨਹੀਂ ਚੜ੍ਹ ਸਕੀ।

## ਪੰਜਾਬ ਦੇ ਗੋਦਾਮ ਚੌਲਾਂ ਤੇ ਕਣਕ ਨਾਲ ਨੱਕੋ-ਨੱਕ ਭਰੇ ਪਏ : ਬਹਿਰੂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਦੇ ਗੋਦਾਮ ਚੌਲਾਂ ਤੇ ਕਣਕ ਨਾਲ ਨੱਕੋ-ਨੱਕ ਭਰੇ ਪਏ ਹਨ।ਇਸ ਗੰਭੀਰ ਮਸਲੇ ਵੱਲ ਨਾ ਕੇਂਦਰ ਸਰਕਾਰ, ਨਾ ਹੀ ਪੰਜਾਬ ਸਰਕਾਰ ਇਸ ਪਾਸੇ ਧਿਆਨ ਦਿੱਤਾ ਹੈ।ਹੁਣ ਜਦੋਂ ਜੀਰੀ ਮੰਡੀਆਂ ਵਿੱਚ ਆਉਣੀ ਸ਼ੁਰੂ ਹੋਈ ਤਾਂ ਆੜ੍ਹਤੀਆਂ ਅਤੇ ਸ਼ੈਲਰ ਐਸੋਸੀਏਸ਼ਨਾਂ ਤੇ ਮੰਡੀਆਂ ਵਿੱਚ ਕੰਮ ਕਰਨ ਵਾਲੀ ਲੇਬਰ ਨੇ ਅਣਮਿੱਥੇ ਸਮੇਂ ਲਈ ਹੜਤਾਲ ਕਰ ਦਿੱਤੀ ਹੈ ਤਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੇਂਦਰ ਸਰਕਾਰ ਨੂੰ ਇੱਕ ਚਿੱਠੀ ਲਿਖ ਕੇ ਆਪਣੀ ਜ਼ਿੰਮੇਵਾਰੀ ਤੋਂ ਮੁਕਤ ਹੋਣਾ ਚਾਹੁੰਦੇ ਹਨ। ਇਸ ਵਿਸਫੋਟਕ ਮਸਲੇ 'ਤੇ ਇੰਡੀਅਨ ਫਾਰਮਰਜ਼ ਐਸੋਸੀਏਸ਼ਨ ਦੇ ਕੌਮੀ ਪ੍ਰਧਾਨ ਸਤਨਾਮ ਸਿੰਘ ਬਹਿਰੂ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਖੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਨੱਕੋ ਨੱਕ ਭਰੇ ਸਟੋਰਾਂ ਬਾਰੇ ਕੇਂਦਰ ਸਰਕਾਰ ਤੱਕ ਪਹੁੰਚ ਨਹੀ ਕੀਤੀ, ਜਦੋਂ ਕਿ ਪਿਛਲੇ 3 ਮਹੀਨਿਆਂ ਤੋਂ ਕਿਸਾਨ, ਆੜ੍ਹਤੀ, ਸ਼ੈਲਰ ਮਾਲਕ ਦੁਹਾਈ ਦੇ ਰਹੇ ਹਨ ਕਿ ਜੇਕਰ ਗੋਦਾਮ ਖਾਲੀ ਨਾ ਹੋਏ ਤਾਂ ਜੀਰੀ ਦੀ ਖਰੀਦੋ ਫਰੋਖਤ ਵਿੱਚ ਵੱਡਾ ਵਿਘਨ ਪਵੇਗਾ।ਬਹਿਰੂ ਨੇ ਆੜ੍ਹਤੀਆਂ, ਸ਼ੈਲਰ ਐਸੋਸੀਏਸ਼ਨਾਂ ਤੇ ਮਜ਼ਦੂਰ ਜਥੇਬੰਦੀਆਂ ਦੀਆਂ ਜਾਇਜ਼ ਮੰਗਾਂ ਦੀ ਹਮਾਇਤ ਕਰਦਿਆਂ ਕੇਂਦਰ ਤੇ ਰਾਜ ਸਰਕਾਰ ਨੂੰ ਖਬਰਦਾਰ ਕੀਤਾ ਕਿ ਜੇਕਰ ਸਰਕਾਰਾਂ ਨੇ ਟਾਲ-ਮਟੋਲ ਦੀ ਨੀਤੀ ਨਾ ਬਦਲੀ ਤਾਂ ਪੰਜਾਬ ਵਿੱਚ ਲਾਅ ਐਂਡ ਆਰਡਰ ਦੀ ਸਮੱਸਿਆ ਖਤਰਨਾਕ ਹੋ ਸਕਦੀ ਹੈ।ਇਸ ਲਈ ਫੌਰੀ ਤੌਰ 'ਤੇ ਸਰਕਾਰਾਂ ਇਸ ਗੰਭੀਰ ਮਸਲੇ ਵੱਲ ਧਿਆਨ ਦੇਣ ਤਾਂ ਜੁ ਦਾਣਾ ਮੰਡੀਆਂ 'ਚ ਕਿਸਾਨਾਂ ਦੀ ਖੱਜਲ ਖੁਆਰੀ ਨਾ ਹੋਵੇ।ਬਹਿਰੂ ਨੇ ਹੜਤਾਲ 'ਤੇ ਗਏ ਆੜ੍ਹਤੀਆਂ ਤੇ ਸ਼ੈਲਰ ਮਾਲਕਾਂ ਨੂੰ ਵੀ ਸਵਾਲ ਕੀਤਾ ਕਿ ਜਦੋਂ ਤੁਹਾਡੀਆਂ ਜਾਇਜ਼ ਮੰਗਾਂ ਤੇ ਸਟੋਰੇਜ ਸਮੱਸਿਆ ਆਉਣ ਵਾਲੀ ਸੀ ਤਾਂ ਤੁਸੀਂ ਜਨਤਕ ਤੌਰ 'ਤੇ ਕਿਸਾਨਾਂ ਜਥੇਬੰਦੀਆਂ ਨੂੰ ਨਾਲ ਲੈ ਕੇ ਚੰਡੀਗੜ੍ਹ ਅਤੇ ਦਿੱਲੀ ਵਿਖੇ ਸਰਕਾਰਾਂ ਦਾ ਪਿੱਟ ਸਿਆਪਾ ਕਿਉਂ ਨਹੀਂ ਕੀਤਾ।

ਉਨ੍ਹਾਂ ਕਿਹਾ ਕਿ ਹਰ ਵਾਰ ਜਦੋਂ ਕਿਸਾਨਾਂ ਦੀ ਫ਼ਸਲ ਮੰਡੀਆਂ ਵਿੱਚ ਆਉਣੀ ਸ਼ੁਰੂ ਹੁੰਦੀ ਹੈ, ਉਦੋਂ ਹੀ ਤੁਸੀਂ ਹੜਤਾਲ ਕਰਕੇ ਕਿਸਾਨਾਂ ਨੂੰ ਪ੍ਰੇਸ਼ਾਨ ਕਰਦੇ ਹੋ।ਉਨ੍ਹਾਂ ਆੜ੍ਹਤੀ ਵੀਰਾਂ ਨੂੰ ਯਾਦ ਕਰਾਇਆ ਕਿ ਜਦੋਂ ਦੇਸ਼ ਦੇ ਹੈਂਕੜਬਾਜ਼ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 3 ਕਾਲੇ ਕਾਨੂੰਨ ਲਿਆ ਕਿ ਪੂਰੇ ਮੰਡੀਕਰਨ ਨੂੰ ਤਬਾਹ ਕਰਨ ਵਾਲੇ ਸਨ ਤਾਂ ਉਦੋਂ ਪੰਜਾਬ ਦੇ ਕਿਸਾਨਾਂ ਨੇ ਲੰਬਾ ਅੰਦੋਲਨ ਕਰਕੇ ਮੰਡੀਕਰਨ ਤੇ ਤੁਹਾਡੇ ਕਾਰੋਬਾਰ ਦੀ ਰਾਖੀ ਕੀਤੀ ਸੀ।

## ਪੰਜਾਬ ਗੌਰਮਿੰਟ ਟ੍ਰਾਂਸਪੋਰਟ ਵਰਕਰਜ਼ ਯੂਨੀਅਨ (ਏਟਕ) ਮੋਗਾ ਦੀ ਚੋਣ ਕਾਨਫਰੰਸ

### ■ ਰਜਾਵੀਰ ਸਿੰਘ ਪ੍ਰਧਾਨ ਤੇ ਮਨਦੀਪ ਮੱਖੂ ਜਨਰਲ ਸਕੱਤਰ ਬਣੇ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਗੌਰਮਿੰਟ ਟ੍ਰਾਂਸਪੋਰਟ ਵਰਕਰਜ਼ ਯੂਨੀਅਨ (ਏਟਕ) ਬ੍ਰਾਂਚ ਮੋਗਾ ਦੀ ਚੋਣ ਕਾਨਫਰੰਸ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿੱਚ ਹੋਈ। ਜਥੇਬੰਦੀ ਦੇ ਸੂਬਾਈ ਆਗੂ ਜਗਦੀਸ਼ ਸਿੰਘ ਚਾਹਲ, ਬਚਿੱਤਰ ਸਿੰਘ ਧੋਥੜ, ਗੁਰਜੰਟ ਸਿੰਘ ਕੋਕਰੀ, ਗੁਰਦੀਪ ਸਿੰਘ ਮੁੱਲਾਂਪੁਰ, ਦੀਦਾਰ ਸਿੰਘ ਪੱਟੀ ਉਚੇਚੇ ਤੌਰ 'ਤੇ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਵਿਰੁੱਧ ਸੰਘਰਸ਼ ਤੇਜ਼ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਵਾਅਦਿਆਂ ਤੋਂ ਮੁੱਕਰੀ ਭਗਵੰਤ ਮਾਨ ਸਰਕਾਰ ਨੂੰ ਲੋਕ ਚੋਣਾਂ ਵਿੱਚ ਸਬਕ ਸਿਖਾਉਣਗੇ। 21 ਅਕਤੂਬਰ ਨੂੰ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਦੀ ਬਰਸੀ ਦੀ ਤਿਆਰੀ ਸਬੰਧੀ ਕਮੇਟੀਆਂ ਬਣਾਈਆਂ ਗਈਆਂ ਹਨ। ਇਸ ਇਕੱਤਰਤਾ ਸਮੇਂ ਇਕੱਠੇ ਹੋਏ ਮੁਲਾਜ਼ਮਾਂ ਨੇ ਵਧ ਚੜ੍ਹ ਕੇ ਬਰਸੀ ਸਮਾਗਮ ਲਈ ਫੰਡ ਦਿੱਤਾ। ਚੋਣ ਦੀ ਕਾਰਵਾਈ ਸ਼ੁਰੂ ਕਰਦਿਆਂ ਪ੍ਰਧਾਨ ਜਗਪਾਲ ਸਿੰਘ ਨੇ ਪਹਿਲੀ ਕਮੇਟੀ ਨੂੰ ਭੰਗ ਕਰ ਦਿੱਤਾ ਤੇ ਅਗਲੀ ਕਾਰਵਾਈ ਸੁਰਿੰਦਰ ਸਿੰਘ ਬਰਾੜ ਨੇ ਨਿਭਾਈ। ਬਚਿੱਤਰ ਸਿੰਘ ਧੋਥੜ ਨੇ ਨਵੀਂ ਕਮੇਟੀ ਦੇ ਨਾਵਾਂ ਦੀ ਸੂਚੀ ਪੇਸ਼ ਕੀਤੀ, ਜਿਸ ਨੂੰ ਸਰਵਸੰਮਤੀ ਨਾਲ ਪ੍ਰਵਾਨ ਕਰ ਲਿਆ ਗਿਆ। ਨਵੀਂ ਚੁਣੀ ਟੀਮ ਵਿੱਚ ਚੇਅਰਮੈਨ ਸਤਪਾਲ ਸਿੰਘ ਭਿੰਡਰ, ਰਜਾਵੀਰ ਸਿੰਘ ਪ੍ਰਧਾਨ, ਮਨਦੀਪ ਮੱਖੂ ਜਨਰਲ ਸਕੱਤਰ, ਗੁਰਪ੍ਰੀਤ ਸਿੰਘ ਕੈਸ਼ੀਅਰ, ਸੀਨੀਅਰ ਮੀਤ ਪ੍ਰਧਾਨ ਸਤਨਾਮ ਸਿਵੀਆ ਚੁਣੇ ਗਏ। ਇਸ ਮੌਕੇ ਮਨਪ੍ਰੀਤ ਸਿੰਘ, ਜੁਗਰਾਜ ਸਿੰਘ ਬੁੱਟਰ, ਗਗਨਜੀਤ ਸਿੰਘ, ਹਰਮੀਤ ਸਿੰਘ, ਜਸਵੀਰ ਦਿੜ੍ਹਬਾ, ਦਿਲਬਾਗ ਸਿੰਘ ਤੇ ਹੋਰ ਸਾਥੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਜਗਦੀਸ਼ ਸਿੰਘ ਚਾਹਲ ਨੇ ਦੱਸਿਆ ਕਿ 8-9 ਨਵੰਬਰ ਨੂੰ ਪੰਜਾਬ ਗੌਰਮਿੰਟ ਟ੍ਰਾਂਸਪੋਰਟ ਵਰਕਜ਼ ਯੂਨੀਅਨ ਦੀ ਸੂਬਾਈ ਕਮੇਟੀ ਦੀ ਚੋਣ ਕਾਨਫਰੰਸ ਤਰਨਤਾਰਨ ਦੇ ਬੱਸ ਅੱਡੇ ਵਿੱਚ ਕੀਤੀ ਜਾ ਰਹੀ ਹੈ। ਚੋਣ ਕਾਨਫਰੰਸ ਦੇ ਸ਼ੁਰੂ ਵਿੱਚ 8 ਨਵੰਬਰ ਨੂੰ ਬਜ਼ਾਰਾਂ ਵਿੱਚ ਵੱਡੀ ਰੈਲੀ ਕੀਤੀ ਜਾਵੇਗੀ। ਇਸ ਚੋਣ ਕਾਨਫਰੰਸ ਦੇ ਖਰਚ ਤੇ ਪ੍ਰਬੰਧ ਦਾ ਜ਼ਿੰਮਾ ਪੱਟੀ ਡਿੱਪੂ ਦੇ ਮੁਲਾਜ਼ਮਾਂ ਨੇ ਲਿਆ ਹੈ।

## ਫੌਜ 'ਚ ਭਰਤੀ ਦਾ ਝਾਂਸਾ ਦੇ ਕੇ 3 ਲੱਖ ਠੱਗੇ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਛਾਉਣੀ ਫ਼ਿਰੋਜ਼ਪੁਰ ਦੀ ਪੁਲਸ ਨੇ ਟਿੱਕਾਵਾਲੀ ਬਸਤੀ ਦੇ ਰਹਿਣ ਵਾਲੇ ਨੌਜਵਾਨ ਨੂੰ ਆਰਮੀ 'ਚ ਭਰਤੀ ਕਰਵਾਉਣ ਦਾ ਝਾਂਸਾ ਦੇ ਕੇ 3 ਲੱਖ 13 ਹਜ਼ਾਰ 500 ਲੱਖਾਂ ਰੁਪਏ ਦੀ ਠੱਗੀ ਮਾਰਨ ਵਾਲੇ ਦੋ ਵਿਅਕਤੀਆਂ ਖ਼ਿਲਾਫ਼ ਧੋਖਾਧੜੀ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ।ਜਾਣਕਾਰੀ ਦਿੰਦਿਆਂ ਥਾਣਾ ਛਾਉਣੀ ਦੇ ਸਹਾਇਕ ਇੰਸਪੈਕਟਰ ਰਮਨ ਕੁਮਾਰ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨਾਂ 'ਚ ਸ਼ਿਕਾਇਤਕਰਤਾ ਦੀਪਕ ਕੁਮਾਰ ਪੁੱਤਰ ਬਾਬੂ ਰਾਮ ਵਾਸੀ ਮਕਾਨ ਨੰਬਰ 26, ਗਲੀ ਨੰਬਰ 5, ਬਸਤੀ ਟੈਂਕਾਂਵਾਲੀ ਨੇ ਦੱਸਿਆ ਕਿ ਦੋਸ਼ੀ ਮਨਪ੍ਰੀਤ ਸਿੰਘ ਪੁੱਤਰ ਬਲਵੀਰ ਸਿੰਘ ਵਾਸੀ ਡੇਰਾ ਬਾਬਾ ਜੱਗੂ ਸ਼ਾਹ ਕਪੂਰਥਲਾ ਤੇ ਅਜੇ ਕੁਮਾਰ ਪੁੱਤਰ ਦਿਲਬਾਗ ਸਿੰਘ ਵਾਸੀ 547 ਐੱਲ ਟੀ ਸੈਕਟਰ ਤਲਵਾੜਾ ਰਾਜਵਾਲ ਜ਼ਿਲ੍ਹਾ ਹੁਸ਼ਿਆਰਪੁਰ ਨੇ ਉਸ ਨਾਲ 3 ਲੱਖ 13500 ਰੁਪਏ ਦੀ ਠੱਗੀ ਮਾਰੀ, ਜਿਸ ਕਾਰਨ ਦੋਸ਼ੀਆਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇ। ਮਾਮਲੇ ਦੀ ਜਾਂਚ ਕਰ ਰਹੇ ਥਾਣਾ ਮੁਖੀ ਰਮਨ ਕੁਮਾਰ ਨੇ ਦੱਸਿਆ ਕਿ ਪੁਲਸ ਨੇ ਉਕਤ ਮਾਮਲੇ 'ਚ ਕਥਿਤ ਦੋਸ਼ੀਆਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਕੇਂਦਰੀ ਜੇਲ੍ਹ 'ਚੋਂ 6 ਮੋਬਾਇਲ ਫ਼ੋਨ ਤੇ ਤੰਬਾਕੂ ਬਰਾਮਦ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੇਂਦਰੀ ਜੇਲ੍ਹ ਫ਼ਿਰੋਜ਼ਪੁਰ ਵਿੱਚ ਮੋਬਾਇਲ ਫੋਨ ਤੇ ਨਸ਼ੀਲੇ ਪਦਾਰਥ ਮਿਲਣ ਦਾ ਸਿਲਸਿਲਾ ਜਾਰੀ ਹੈ।ਇਸੇ ਲੜੀ ਤਹਿਤ ਕੱਲ੍ਹ ਜੇਲ੍ਹ ਵਿੱਚ ਤਲਾਸ਼ੀ ਮੁਹਿੰਮ ਦੌਰਾਨ ਜੇਲ੍ਹ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਜੇਲ੍ਹ ਵਿੱਚ ਬੰਦ ਕੈਦੀਆਂ ਕੋਲੋਂ ਮੋਬਾਈਲ ਫ਼ੋਨ ਤੇ ਤੰਬਾਕੂ ਬਰਾਮਦ ਕੀਤਾ ਹੈ।ਇਸ ਸਬੰਧੀ ਪੁਲਸ ਥਾਣਾ ਸਿਟੀ ਫ਼ਿਰੋਜ਼ਪੁਰ ਨੇ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫ਼ਿਰੋਜ਼ਪੁਰ ਦੇ ਬਿਆਨਾਂ 'ਤੇ 6 ਹਵਾਲਾਤੀਆਂ ਤੇ ਅਣਪਛਾਤੇ ਵਿਅਕਤੀਆਂ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਜਾਣਕਾਰੀ ਦਿੰਦਿਆਂ ਥਾਣਾ ਸਿਟੀ ਫ਼ਿਰੋਜ਼ਪੁਰ ਦੇ ਸਹਾਇਕ ਇੰਸਪੈਕਟਰ ਅਯੂਬ ਮਸੀਹ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨਾਂ 'ਚ ਕੇਂਦਰੀ ਜੇਲ੍ਹ ਫ਼ਿਰੋਜ਼ਪੁਰ ਦੇ ਸਹਾਇਕ ਸੁਪਰਡੈਂਟ ਨੇ ਦੱਸਿਆ ਕਿ ਬੀਤੇ ਦਿਨ ਉਨ੍ਹਾਂ ਆਪਣੇ ਸਾਥੀ ਕਰਮਚਾਰੀਆਂ ਸਮੇਤ ਜੇਲ੍ਹ 'ਚ ਤਲਾਸ਼ੀ ਦੌਰਾਨ ਜੇਲ੍ਹ 'ਚ ਬੰਦ ਮਨਪ੍ਰੀਤ ਸਿੰਘ ਪੁੱਤਰ ਲਖਵਿੰਦਰ ਸਿੰਘ ਵਾਸੀ ਕਿਰਤੋਵਾਲ ਖੁਰਦ, ਨਛੱਤਰ ਸਿੰਘ ਪੁੱਤਰ ਪੱਪੂ ਸਿੰਘ ਵਾਸੀ ਵਾਰਡ ਨੰਬਰ 6 ਮੱਲਾਂਵਾਲਾ, ਗੁਰਵਿੰਦਰ ਸਿੰਘ ਪੁੱਤਰ ਮੁਖਤਿਆਰ ਸਿੰਘ, ਗੁਰਪ੍ਰੀਤ ਸਿੰਘ ਪੁੱਤਰ ਅੰਗਰੇਜ਼ ਸਿੰਘ ਵਾਸੀ ਹਾਮਦਵਾਲਾ, ਦਲਜੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਸਾਦਿਕਪੁਰ ਤੇ ਪਰਮਜੀਤ ਸਿੰਘ ਪੁੱਤਰ ਤਾਰਾ ਸਿੰਘ ਵਾਸੀ ਰੁਕਨੇਵਾਲਾ ਕੋਲੋਂ 4 ਮੋਬਾਈਲ ਫੋਨ ਨੂੰ ਬਰਾਮਦ ਹੋਏ, ਜਦਕਿ 2 ਮੋਬਾਈਲ ਫੋਨ ਤੇ ਕੁਝ ਲਾਵਾਰਿਸ ਪਿਆ ਤੰਬਾਕੂ ਬਰਾਮਦ ਕੀਤਾ ਗਿਆ ਹੈ।ਮਾਮਲੇ ਦੀ ਜਾਂਚ ਕਰ ਰਹੇ ਥਾਣਾ ਮੁਖੀ ਅਯੂਬ ਮਸੀਹ ਨੇ ਦੱਸਿਆ ਕਿ ਪੁਲਸ ਨੇ ਉਪਰੋਕਤ ਮੁਲਜ਼ਮਾਂ ਸਮੇਤ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਡੀ ਸੀ ਨੇ ਲੋਕਾਂ ਨੂੰ ਪਰਾਲੀ ਨਾ ਸਾੜਨ ਦੀ ਕੀਤੀ ਅਪੀਲ



**ਗਿੱਦੜਬਾਹਾ/ਮਲੋਟ (ਜਸਵੰਤ ਗਿੱਲ ਛੱਤਿਆਣਾ/ਗੁਰਮੀਤ ਸਿੰਘ ਮੱਕੜ)**-ਜ਼ਿਲ੍ਹਾ ਪ੍ਰਸ਼ਾਸਨ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਯਤਨਸ਼ੀਲ ਹੈ। ਇਨ੍ਹਾਂ ਮਾਮਲਿਆਂ ਨੂੰ ਜ਼ੀਰੋ ਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ।ਕਿਸਾਨਾਂ ਨੂੰ ਆਧੁਨਿਕ ਖੇਤੀਬਾੜੀ ਸੰਦ ਵੀ ਸਬਸਿਡੀ ਉੱਪਰ ਦਿੱਤੇ ਜਾ ਰਹੇ ਹਨ, ਜਿਹੜੇ ਫ਼ਸਲ ਦੀ ਰਹਿੰਦ-ਖੂੰਹਦ ਨੂੰ ਬਿਨਾਂ ਅੱਗ ਲਾਏ ਅਗਲੀ ਫ਼ਸਲ ਦੀ ਬਿਜਾਈ ਨੂੰ ਪੂਰਨ ਸੁਖਾਲਾ ਕਰ ਦਿੰਦੇ ਹਨ। ਇਹ ਪ੍ਰਗਟਾਵਾ ਸ੍ਰੀ ਰਾਜੇਸ਼ ਤ੍ਰਿਪਾਠੀ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਨੇ ਖੇਤੀਬਾੜੀ ਵਿਭਾਗ ਵੱਲੋਂ ਹਾਟ ਸਪਾਟ ਪਿੰਡ ਭੂੰਦੜ, ਵਾਦੀਆਂ, ਭੋਰੜ ਅਤੇ ਆਲਮਵਾਲਾ ਵਿੱਚ ਲਹਏ ਜਾਗਰੂਕਤਾ ਕੈਂਪਾਂ ਦੀ ਪ੍ਰਧਾਨਗੀ ਕਰਦਿਆਂ ਕੀਤਾ।

ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਉਹ ਵਾਤਾਵਰਨ ਦੀ ਸ਼ੁੱਧਤਾ ਵਿੱਚ ਯੋਗਦਾਨ ਪਾਉਣ, ਕਿਉਂਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਰਾਲੀ ਨੂੰ ਅੱਗ ਤੋਂ ਬਚਾਉਣ ਲਈ ਆਦੇਸ਼ ਵੀ ਜਾਰੀ ਕੀਤੇ ਗਏ ਹਨ, ਜਿਨ੍ਹਾਂ ਦੀ ਪਾਲਣਾ ਕਰਨੀ ਅਤਿ ਜ਼ਰੂਰੀ ਹੈ । ਉਨ੍ਹਾਂ ਕੰਬਾਈਨ ਆਪ੍ਰੇਟਰਾਂ/ਮਾਲਕਾਂ ਨੂੰ ਪਰਾਲੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਦਾ ਸਾਥ ਦੇਣ ਦੀ ਅਪੀਲ ਵੀ ਕੀਤੀ।ਉਨ੍ਹਾਂ ਦੱਸਿਆ ਕਿ ਵੱਖ-ਵੱਖ ਕੋਰਟ ਕੇਸਾਂ ਵਿੱਚ ਪੰਜਾਬ ਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ ਅਤੇ ਸੁਪਰੀਮ ਕੋਰਟ ਵੱਲੋਂ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਬਿਨਾਂ ਸੁਪਰ ਐਸ.ਐਮ.ਐਸ. ਤੋਂ ਕੰਬਾਈਨਾਂ ਨੂੰ ਚਲਾਉਣ ਉੱਪਰ ਰੋਕ ਲਾਉਣ ਦੇ ਆਦੇਸ਼ ਜਾਰੀ ਕੀਤੇ ਹਨ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਉਹ ਅਨਾਜ ਮੰਡੀਆਂ ਵਿੱਚ ਸੁੱਕਾ ਤੇ ਸਾਫ਼-ਸੁਥਰਾ ਝੋਨਾ ਲੈ ਕੇ ਆਉਣ ਤਾਂ ਜੁ ਉਨ੍ਹਾਂ ਨੂੰ ਫ਼ਸਲ ਵੇਚਣ ਦੌਰਾਨ ਕੋਈ ਪ੍ਰੇਸ਼ਾਨੀ ਪੇਸ਼ ਨਾ ਆਵੇ।

## ਅਨਮੋਲ ਨੇ 'ਵਰਸਿਟੀ ਦੀ ਮੈਰਿਟ ਸੂਚੀ 'ਚ ਸੋਨ ਤਗਮਾ ਹਾਸਲ ਕੀਤਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਗੁਰੂ ਨਾਨਕ ਕਾਲਜ ਦੇ ਪੋਸਟ ਗ੍ਰੈਜੂਏਟ ਫੈਸ਼ਨ ਡਿਜਾਇਨਿੰਗ ਵਿਭਾਗ ਦੀ ਵਿਦਿਆਰਥਣ ਨੇ ਕਾਲਜ ਦੇ ਅਕਾਦਮਿਕ ਇਤਿਹਾਸ ਨੂੰ ਦੁਹਰਾਉਂਦਿਆਂ ਹੋਇਆ ਪੰਜਾਬ ਯੂਨੀਵਰਸਿਟੀ ਦੀ ਮੈਰਿਟ ਸੂਚੀ ਵਿੱਚੋਂ ਪਹਿਲੇ ਸਥਾਨ ਰਾਹੀਂ ਸੋਨ ਤਮਗੇ 'ਤੇ ਕਬਜ਼ਾ ਕਰਕੇ ਕਾਲਜ ਅਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ। ਵਿਭਾਗ ਦੇ ਮੁਖੀ ਪ੍ਰੋਫੈਸਰ ਸੀਮਾ ਰਾਣੀ ਨੇ ਖੁਸ਼ੀ ਭਰੇ ਲਫ਼ਜ਼ਾਂ ਵਿੱਚ ਜਾਣਕਾਰੀ ਦਿੱਤੀ ਕਿ ਪੋਸਟ ਗ੍ਰੈਜੂਏਟ ਡਿਪਲੋਮਾ ਇਨ ਫ਼ੈਸ਼ਨ ਡਿਜ਼ਾਇਨਿੰਗ ਦੀ ਵਿਦਿਆਰਥਣ ਅਨਮੋਲਪ੍ਰੀਤ ਕੌਰ ਸਪੁੱਤਰੀ ਹਰਮੇਲ ਸਿੰਘ ਨੇ 93.34% ਅੰਕਾਂ ਨਾਲ ਯੂਨੀਵਰਸਿਟੀ ਦੀ ਮੈਰਿਟ ਸੂਚੀ ਦੇ ਪਹਿਲੇ ਸਥਾਨ 'ਤੇ ਕਬਜ਼ਾ ਕਰਕੇ ਆਪਣਾ ਸੋਨ ਤਗਮਾ ਪੱਕਾ ਕੀਤਾ ਹੈ।ਅਰਨਦੀਪ ਕੌਰ ਸਪੁੱਤਰੀ ਮਹਿਮਾ ਸਿੰਘ ਨੇ 88.5% ਅੰਕਾਂ ਨਾਲ ਤੇ ਅਮਨਦੀਪ ਕੌਰ ਸਪੁੱਤਰੀ ਮੇਜਰ ਸਿੰਘ ਨੇ 84.4% ਅੰਕਾਂ ਨਾਲ ਕਾਲਜ ਵਿੱਚੋਂ ਕ੍ਰਮਵਾਰ ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ ਹੈ। ਕਾਲਜ ਦੀ ਸਥਾਨਕੀ ਪ੍ਰਬੰਧਕੀ ਕਮੇਟੀ ਦੇ ਵਧੀਕ ਸਕੱਤਰ ਮਨਜੀਤ ਸਿੰਘ ਬਰਕੰਦੀ ਤੇ ਕਾਲਜ ਪ੍ਰਿੰਸੀਪਲ ਡਾ. ਰਾਣਾ ਬਲਜਿੰਦਰ ਕੌਰ ਨੇ ਫੈਸ਼ਨ ਡਿਜ਼ਾਇਨਿੰਗ ਵਿਭਾਗ ਦੇ ਸਮੂਹ ਸਟਾਫ਼ ਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਹਾਰਦਿਕ ਮੁਬਾਰਕਬਾਦ ਦਿੱਤੀ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਵੀ ਭੇਟ ਕੀਤੀਆਂ।

## ...ਸ.ਫ਼ਾ 1 ਦੇ ਬਾਕੀ

### ਸਰਕਾਰ ਤੇ ਕਾਰਪੋਰੇਟ ਘਰਾਣਿਆਂ ...

ਆਪਣੇ ਢਾਈ ਸਾਲਾਂ ਦੇ ਰਾਜਭਾਗ ਦੌਰਾਨ ਮੁਲਾਜ਼ਮਾਂ ਲਈ 1 ਜਨਵਰੀ 2004 ਤੋਂ ਬਾਅਦ ਭਰਤੀ ਸਰਕਾਰੀ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਲਾਗੂ ਨਹੀਂ ਕੀਤੀ, ਪੈਨਸ਼ਨਾਂ ਦੀ ਸੁਧਾਈ ਦਾ 2.59 ਦੇ ਗੁਣਾਂਕ ਨੂੰ ਲਾਗੂ ਨਹੀਂ ਕੀਤਾ ਗਿਆ, ਹਰ ਤਰ੍ਹਾਂ ਦੇ ਕੱਚੇ, ਠੇਕਾ ਅਤੇ ਆਊਟਸੋਰਸ ਮੁਲਾਜ਼ਮਾਂ, ਆਸ਼ਾ ਵਰਕਰਾਂ, ਮਿਡ ਡੇ ਮੀਲ ਵਰਕਰਾਂ, ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਆਦਿ ਸਕੀਮ ਵਰਕਰਾਂ ਨੂੰ ਪੱਕਾ ਨਹੀਂ ਕੀਤਾ ਗਿਆ, 1 ਜਨਵਰੀ 2016 ਤੋਂ 30 ਜੂਨ 2021 ਤੱਕ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਤਨਖਾਹ ਰਵੀਜ਼ਨ ਦਾ ਬਕਾਇਆ ਨਹੀਂ ਦਿੱਤਾ ਗਿਆ ਮਹਿੰਗਾਈ ਭੱਤੇ ਦੀਆ 12 ਫੀਸਦੀ ਤਿੰਨ ਕਿਸਤਾਂ ਪੰਜਾਬ ਸਰਕਾਰ ਵੱਲ ਬਕਾਇਆ ਪਈਆਂ ਹਨ। ਪੰਜਾਬ ਸਰਕਾਰ ਵੱਲੋਂ ਪਰਖ ਸਾਲ ਦੇ ਸਮੇਂ ਦੌਰਾਨ ਘੱਟ ਤਨਖਾਹਾਂ ਦੇਣ ਸੰਬੰਧੀ ਪਿਛਲੀਆਂ ਹੁਕਮਰਾਨ ਪਾਰਟੀਆਂ ਵੱਲੋਂ ਮਿਤੀ 15-1-2015 ਅਤੇ ਕੇਂਦਰੀ ਪੈਟਰਨ ਅਨੁਸਾਰ ਤਨਖਾਹਾਂ ਸੰਬੰਧੀ ਮਿਤੀ 17-7-2020 ਦੇ ਪੱਤਰ ਅਜੇ ਤੱਕ ਰੱਦ ਨਹੀਂ ਕੀਤੇ ਗਏ, ਸੰਘਰਸ਼ਸ਼ੀਲ ਲੋਕਾਂ 'ਤੇ ਝੂਠੇ ਪੁਲਸ ਮੁਕੱਦਮੇ ਦਰਜ ਕੀਤੇ ਜਾ ਰਹੇ ਹਨ, ਪੰਜਾਬ ਸਰਕਾਰ ਖ਼ਿਲਾਫ਼ ਬੋਲਣ ਵਾਲੇ ਪੱਤਰਕਾਰਾਂ ਨੂੰ ਜੇਲ੍ਹਾਂ ਵਿੱਚ ਬੰਦ ਕੀਤਾ ਜਾ ਰਿਹਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੁਲਾਜ਼ਮ ਅਤੇ ਪੈਨਸ਼ਨਰ ਆਗੂ ਪ੍ਰੇਮ ਚਾਵਲਾ, ਐੱਨ ਡੀ ਤਿਵਾੜੀ, ਕਰਤਾਰ ਸਿੰਘ ਪਾਲ, ਨਵਪ੍ਰੀਤ ਸਿੰਘ ਬੱਲੀ, ਬੀ ਐੱਸ ਸੈਣੀ, ਸੁਰਿੰਦਰ ਰਾਮ ਕੁੱਸਾ, ਅਮਰੀਕ ਸਿੰਘ ਮਸੀਤਾਂ, ਗੁਰਦੀਪ ਸਿੰਘ ਵਾਲੀਆ, ਸ਼ਾਮ ਲਾਲ ਗੁਪਤਾ, ਹਰਜੀਤ ਸਿੰਘ ਤਰਖਾਣ ਮਾਜਰਾ, ਗੁਰਦੀਪ ਸਿੰਘ ਬਾਜਵਾ, ਗੁਰਜੰਟ ਸਿੰਘ ਵਾਲੀਆ, ਹਰਜੰਟ ਸਿੰਘ ਬੋਡੇ, ਸੁਰਿੰਦਰ ਪਾਲ ਲਾਹੌਰੀਆ, ਗੁਰਵੇਲ ਸਿੰਘ ਬਲਪੁਰੀਆ, ਸਿਸ਼ਨ ਕੁਮਾਰ ਪਟਿਆਲਾ, ਗੁਲਜ਼ਾਰ ਸਿੰਘ ਫਤਿਹਗੜ੍ਹ, ਰਾਮ ਸਿੰਘ ਕਾਲੜਾ, ਨਾਹਰ ਸਿੰਘ, ਪ੍ਰੇਮ ਚੰਦ, ਸਿਕੰਦਰ ਸਿੰਘ, ਜੋਗਿੰਦਰ ਸਿੰਘ ਤੇ ਰਣਦੀਪ ਸਿੰਘ ਫਤਿਹਗੜ੍ਹ ਸਾਹਿਬ ਆਦਿ ਸ਼ਾਮਲ ਸਨ।

### ਪੰਚਾਇਤਾਂ ਦੀ ਚੋਣ ...

ਵਿੱਚ ਭਾਈਚਾਰਕ ਸਾਂਝ ਅਤੇ ਫਿਰਕੂ ਸਦਭਾਵਨਾ ਮਜ਼ਬੂਤ ਕਰਨ ਵਿੱਚ ਸਹਾਈ ਹੋਵੇਗਾ।ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਪੰਚਾਇਤੀ ਚੋਣਾਂ ਬਿਨਾਂ ਪਾਰਟੀ ਚੋਣ ਨਿਸ਼ਾਨਾਂ ਤੋਂ ਲੜੀਆਂ ਜਾ ਰਹੀਆਂ ਹਨ।ਉਨ੍ਹਾ ਕਿਹਾ ਕਿ ਇਸ ਨਾਲ ਪਿੰਡਾਂ ਵਿੱਚੋਂ ਧੜੇਬੰਦੀ ਖ਼ਤਮ ਹੋਵੇਗੀ ਅਤੇ ਪੇਂਡੂ ਖੇਤਰ ਦਾ ਸਰਵਪੱਖੀ ਵਿਕਾਸ ਯਕੀਨੀ ਬਣੇਗਾ। ਸੂਬਾ ਸਰਕਾਰ ਨੇ ਵਡੇਰੇ ਲੋਕ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਉਮੀਦਵਾਰਾਂ ਨੂੰ ਪਾਰਟੀ ਦੇ ਚੋਣ ਨਿਸ਼ਾਨਾਂ 'ਤੇ ਚੋਣ ਲੜਨ ਤੋਂ ਰੋਕਣ ਦਾ ਵੱਡਾ ਫੈਸਲਾ ਲਿਆ ਹੈ।ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਜਿਹੜਾ ਵੀ ਪਿੰਡ ਸਰਬਸੰਮਤੀ ਨਾਲ ਪੰਚਾਇਤਾਂ ਦੀ ਚੋਣ ਕਰੇਗਾ, ਉਸ ਪਿੰਡ ਨੂੰ ਸਟੇਡੀਅਮ, ਸਕੂਲ ਜਾਂ ਹਸਪਤਾਲ ਸਮੇਤ ਪੰਜ ਲੱਖ ਰੁਪਏ ਦੀ ਗ੍ਰਾਂਟ ਦਿੱਤੀ ਜਾਵੇਗੀ।ਉਨ੍ਹਾਂ ਪਿੰਡ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਪੰਚਾਇਤ ਸਰਬਸੰਮਤੀ ਨਾਲ ਚੁਣ ਕੇ ਸੂਬੇ ਵਿੱਚ ਮਿਸਾਲ ਕਾਇਮ ਕਰਨ।ਉਨ੍ਹਾ ਕਿਹਾ ਕਿ ਉਨ੍ਹਾ ਨੇ ਆਪਣੇ ਜੱਦੀ ਪਿੰਡ ਦੇ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ।ਅੱਗੇ ਵੀ ਪਿੰਡ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੋਵੇਗੀ ਅਤੇ ਇਹ ਸੂਬੇ ਦਾ ਮਾਡਲ ਪਿੰਡ ਬਣ ਕੇ ਉੱਭਰੇਗਾ।

### ਖੱਬੀਆਂ ਪਾਰਟੀਆਂ 7 ਅਕਤੂਬਰ...

ਜੰਗ ਨੂੰ ਤੁਰੰਤ ਖ਼ਤਮ ਕਰਨ ਦੀ ਮੰਗ ਕਰਦੇ ਹਨ। ਖੱਬੀਆਂ ਪਾਰਟੀਆਂ 7 ਅਕਤੂਬਰ ਨੂੰ ਤੁਰੰਤ ਜੰਗਬੰਦੀ ਅਤੇ ਦੁਸ਼ਮਣੀ ਖ਼ਤਮ ਕਰਨ ਦੇ ਸੱਦੇ ਨਾਲ ਮਨਾਉਣਗੀਆਂ। ਇਸ ਦਿਨ ਫੌਰੀ ਜੰਗਬੰਦੀ ਦੀ ਮੰਗ ਲਈ ਪ੍ਰਦਰਸ਼ਨ ਅਤੇ ਮੀਟਿੰਗਾਂ ਕੀਤੀਆਂ ਜਾਣਗੀਆਂ।ਖੱਬੀਆਂ ਪਾਰਟੀਆਂ ਨੇ ਭਾਰਤ ਸਰਕਾਰ ਨੂੰ ਇਜ਼ਰਾਈਲ ਨੂੰ ਹਥਿਆਰਾਂ ਦੇ ਸਾਰੇ ਨਿਰਯਾਤ ਨੂੰ ਰੋਕਣ ਅਤੇ ਦੋ-ਮੁਲਕੀ ਹੱਲ ਲਈ ਕੰਮ ਕਰਨ ਦਾ ਸੱਦਾ ਦਿੱਤਾ, ਜਿਸ ਨਾਲ ਇੱਕ ਸੁਤੰਤਰ ਫ਼ਲਸਤੀਨੀ ਰਾਜ ਹੋਂਦ ਵਿੱਚ ਆ ਸਕੇ। ਦੱਸਣਾ ਬਣਦਾ ਹੈ ਕਿ ਭਾਰਤ ਇਜ਼ਰਾਈਲ ਨੂੰ ਡਰੋਨ ਸਪਲਾਈ ਕਰ ਰਿਹਾ ਹੈ। ਪੰਜਾਬ ਦੇ ਆਗੂਆਂ ਨੇ ਆਪੋ-ਆਪਣੀਆਂ ਪਾਰਟੀਆਂ ਦੇ ਆਗੂਆਂ ਅਤੇ ਵਰਕਰਾਂ ਨੂੰ ਸੱਦਾ ਦਿੱਤਾ ਕਿ 7 ਅਕਤੂਬਰ ਨੂੰ ਇਸ ਐਕਸ਼ਨ 'ਚ ਹਿੱਸਾ ਲੈਂਦਿਆਂ ਇਜ਼ਰਾਈਲ ਦੇ ਪੁਤਲੇ ਫੂਕੇ ਜਾਣ ਤੇ ਹੋਰ ਵਿਰੋਧ ਪ੍ਰਦਰਸ਼ਨ ਕੀਤੇ ਜਾਣ।

## ਗੁਰੂ ਰਾਮਦਾਸ ਕੀਰਤਨ ਦਰਬਾਰ ਸੁਸਾਇਟੀ ਵੱਲੋਂ ਗੁਰਮਤਿ ਸਮਾਗਮ 18 ਨੂੰ



**ਮੋਗਾ (ਇਕਬਾਲ ਸਿੰਘ ਖਹਿਰਾ)**-ਗੁਰੂ ਰਾਮਦਾਸ ਕੀਰਤਨ ਦਰਬਾਰ ਕੀਰਤਨ ਕਮੇਟੀ ਮੋਗਾ ਵੱਲੋਂ ਸ਼ਹਿਰ ਤੇ ਇਲਾਕੇ ਦੀਆਂ ਸਮੂਹ ਧਾਰਮਿਕ ਸਮਾਜ ਸੇਵੀ, ਰਾਜਸੀ ਜਥੇਬੰਦੀਆਂ ਤੇ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਦੇ ਸਹਿਯੋਗ ਨਾਲ ਧੰਨ ਧੰਨ ਸ੍ਰੀ ਗੁਰੂ ਰਾਮ ਦਾਸ ਜੀ ਦੇ 490 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਸ਼ਬਦ ਪ੍ਰਚਾਰ ਗੁਰਮਤਿ ਕੀਰਤਨ ਸਮਾਗਮ 18 ਅਕਤੂਬਰ ਨੂੰ ਸ਼ਾਮ 6:30 ਤੋਂ ਰਾਤ 11:30 ਵਜੇ ਤੱਕ ਸਥਾਨਕ ਸ਼ਹਿਰ ਦੇ ਗੁਰਦੁਆਰਾ ਬੀਬੀ ਕਾਹਨ ਕੌਰ ਮੋਗਾ (ਨੇੜੇ ਰੇਲਵੇ ਫਾਟਕ ਮੇਨ ਬਾਜ਼ਾਰ ਮੋਗਾ) ਵਿਖੇ ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਅੱਜ ਕਾਰਡ ਸੰਸਥਾ ਦੇ ਸਰਪ੍ਰਸਤ ਬਾਬਾ ਮਹਿੰਦਰ ਸਿੰਘ ਜਨੇਰ ਵਾਲੇ, ਬਲਜੀਤ ਸਿੰਘ ਵਿੱਕੀ ਪ੍ਰਧਾਨ, ਬਲਜੀਤ ਸਿੰਘ ਚਾਨੀ ਮੇਅਰ, ਰਸ਼ਪਾਲ ਸਿੰਘ ਅਰੋੜਾ, ਸੁਰਿੰਦਰਪਾਲ ਸਿੰਘ ਸੀਨੀਅਰ ਮੀਤ ਪ੍ਰਧਾਨ, ਜਸਪਾਲ ਸਿੰਘ ਬੱਬੀ ਪ੍ਰੈੱਸ ਸਕੱਤਰ, ਬਲਜਿੰਦਰ ਸਿੰਘ ਸਹਿਗਲ ਸਕੱਤਰ, ਅਜੀਤ ਸਿੰਘ ਮਰਵਾਹਾ ਖਜ਼ਾਨਚੀ, ਸਤਨਾਮ ਸਿੰਘ ਬੀ. ਏ. ਕੁਆਰਡੀਨੇਟਰ, ਬਲਦੇਵ ਸਿੰਘ ਛਾਬੜਾ, ਭੁਪਿੰਦਰ ਸਿੰਘ ਬਬਲੂ, ਸਾਬਕਾ ਡੀ.ਪੀ.ਆਰ.ਓ. ਗਿਆਨ ਸਿੰਘ, ਗੁਰਸੇਵਕ ਸਿੰਘ ਸੰਨਿਆਸੀ ਪ੍ਰਧਾਨ ਸਮਾਜ ਸੇਵਾ ਸੁਸਾਇਟੀ ਵੱਲੋਂ ਰਿਲੀਜ਼ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਲਜੀਤ ਸਿੰਘ ਵਿੱਕੀ ਪ੍ਰਧਾਨ ਤੇ ਸੀਨੀਅਰ ਮੀਤ ਪ੍ਰਧਾਨ ਸੁਰਿੰਦਰਪਾਲ ਸਿੰਘ ਨੇ ਦੱਸਿਆ ਕਿ 18 ਅਕਤੂਬਰ ਨੂੰ ਕਰਵਾਏ ਜਾ ਰਹੇ ਗੁਰਮਤਿ ਸਮਾਗਮ ਵਿੱਚ ਪੰਥ ਦੀਆਂ ਪ੍ਰਸਿੱਧ ਮਹਾਨ ਸ਼ਖ਼ਸੀਅਤਾਂ ਸ਼ਿਰਕਤ ਕਰ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਸਮਾਗਮ ਦੀਆਂ ਤਿਆਰੀਆਂ ਬੜੇ ਜ਼ੋਰ ਸ਼ੋਰ ਨਾਲ ਚੱਲ ਰਹੀਆਂ ਹਨ ਅਤੇ ਧੰਨ ਧੰਨ ਸ੍ਰੀ ਗੁਰੂ ਰਾਮ ਦਾਸ ਜੀ ਦੇ 490 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਤ ਕਰਵਾਏ ਜਾ ਰਹੇ ਗੁਰਮਤਿ ਸਮਾਗਮ ਨੂੰ ਲੈ ਕੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾ ਦੱਸਿਆ ਕਿ ਇਸ ਸਮਾਗਮ ਵਿੱਚ ਪ੍ਰਿੰਸੀਪਲ ਸੁਖਵੰਤ ਸਿੰਘ ਜਵੱਦੀ ਵਾਲੇ ਤੇ ਲੋਕਲ ਗੁਰਪੁਰਬ ਕਮੇਟੀ ਮੋਗਾ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਜਾ ਰਿਹਾ ਹੈ। ਇਸ ਮੌਕੇ ਨਗਰ ਨਿਗਮ ਮੋਗਾ ਦੇ ਮੇਅਰ ਬਲਜੀਤ ਸਿੰਘ ਚਾਨੀ ਨੇ ਗੁਰੂ ਰਾਮਦਾਸ ਕੀਰਤਨ ਦਰਬਾਰ ਕਮੇਟੀ ਮੋਗਾ ਨੂੰ 18 ਅਕਤੂਬਰ ਨੂੰ ਸ਼ਾਮ 6:30 ਵਜੇ ਤੋਂ ਰਾਤ 11:30 ਵਜੇ ਤੱਕ ਗੁਰੂ ਸ਼ਬਦ ਪ੍ਰਚਾਰ ਗੁਰਮਤਿ ਕੀਰਤਨ ਸਮਾਗਮ ਕਰਵਾਇਆ ਜਾ ਰਿਹਾ ਹੈ, ਜੋ ਕਿ ਅਜੋਕੇ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਆਪਣੇ ਤੇ ਨਗਰ ਨਿਗਮ ਮੋਗਾ ਵੱਲੋਂ ਹਰ ਤਰ੍ਹਾਂ ਦਾ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ। ਇਸ ਮੌਕੇ ਬਲਜਿੰਦਰ ਸਿੰਘ ਸਹਿਗਲ ਸਕੱਤਰ ਨੇ ਇਸ ਸਮਾਗਮ ਦੀ ਜਾਣਕਾਰੀ ਦਿੰਦਿਆਂ ਆਏ ਹੋਏ ਪੱਤਰਕਾਰਾਂ ਨਾਲ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਗੁਰਦੁਆਰਾ ਬੀਬੀ ਕਾਹਨ ਕੌਰ ਵਿਖੇ ਗੁਰੂ ਰਾਮਦਾਸ ਕੀਰਤਨ ਦਰਬਾਰ ਕਮੇਟੀ ਮੋਗਾ ਵੱਲੋਂ ਸ੍ਰੀ ਗੁਰੂ ਰਾਮਦਾਸ ਜੀ ਦੇ 490 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਤ ਕਰਵਾਏ ਜਾ ਰਹੇ ਗੁਰਮਤਿ ਕੀਰਤਨ ਸਮਾਗਮ ਦਾ ਬਾਬਾ ਮਹਿੰਦਰ ਸਿੰਘ ਜਨੇਰ, ਪ੍ਰਧਾਨ ਬਲਜੀਤ ਸਿੰਘ ਵਿੱਕੀ, ਮੇਅਰ ਬਲਜੀਤ ਸਿੰਘ ਚਾਨੀ, ਸੁਰਿੰਦਰਪਾਲ ਸਿੰਘ, ਰਸ਼ਪਾਲ ਸਿੰਘ ਅਰੋੜਾ, ਸਤਨਾਮ ਸਿੰਘ ਬੀ.ਏ., ਬਲਦੇਵ ਸਿੰਘ ਛਾਬੜਾ, ਅਜੀਤ ਸਿੰਘ ਮਰਵਾਹਾ, ਗੁਰਸੇਵਕ ਸਿੰਘ ਸੰਨਿਆਸੀ, ਬਲਜਿੰਦਰ ਸਿੰਘ ਸਹਿਗਲ, ਭੁਪਿੰਦਰ ਸਿੰਘ ਬਬਲੂ ਜਸਬੀਰ ਸਿੰਘ ਇੰਗਲੈਂਡ, ਜਸਪਾਲ ਸਿੰਘ ਬੱਬੀ ਨੇ ਕਾਰਡ ਰਿਲੀਜ਼ ਕੀਤਾ।

## ਰਾਜ ਪੱਧਰੀ ਅਗਰਸੇਨ ਜਯੰਤੀ ਮਲੂਕ ਧੂਮਧਾਮ ਨਾਲ ਮਨਾਈ ਜਾਵੇਗੀ



**ਸੁਨਾਮ (ਅਸ਼ੋਕ ਬਾਂਸਲ)**-5 ਅਕਤੂਬਰ ਨੂੰ ਰਾਜ ਪੱਧਰੀ ਅਗਰਸੇਨ ਜੈਅੰਤੀ ਸੁਨਾਮ ਦੇ ਮਹਾਰਾਜਾ ਪੈਲੇਸ ਵਿਖੇ ਧੂਮਧਾਮ ਨਾਲ ਮਨਾਈ ਜਾਵੇਗੀ।ਇਸ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਅਗਰਵਾਲ ਸਭਾ ਸੁਨਾਮ ਦੇ ਮੁੱਖ ਸਲਾਹਕਾਰ ਘਨਸ਼ਿਆਮ ਕਾਂਸਲ, ਚੇਅਰਮੈਨ ਪ੍ਰੇਮ ਗੁਪਤਾ ਅਤੇ ਪ੍ਰਧਾਨ ਈਸ਼ਵਰ ਗਰਗ ਨੇ ਦੱਸਿਆ ਕਿ ਸਮਾਗਮ ਦੇ ਸਾਰੇ ਵਿਸ਼ੇਸ਼ ਮਹਿਮਾਨਾਂ ਨੂੰ ਸੱਦਾ ਪੱਤਰ ਦਿੱਤੇ ਗਏ ਹਨ।ਇਸ ਮੌਕੇ ਦੇਸ਼ ਦੇ ਪ੍ਰਸਿੱਧ ਉਦਯੋਗਪਤੀ ਤੇ ਕੁਰੂਕਸ਼ੇਤਰ ਤੋਂ ਸੰਸਦ ਮੈਂਬਰ ਨਵੀਨ ਜਿੰਦਲ, ਸੰਸਦ ਮੈਂਬਰ ਮੀਤ ਹੇਅਰ, ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ, ਵਿਧਾਇਕ ਡਾ. ਵਿਜੇ ਸਿੰਗਲਾ, ਡੀਆਈਜੀ ਮਨਦੀਪ ਸਿੰਘ ਸਿੱਧੂ, ਟਰਾਈਡੈਂਟ ਦੇ ਸੰਸਥਾਪਕ ਰਜਿੰਦਰ ਗੁਪਤਾ, ਅਭਿਜੈ ਚੋਪੜਾ ਸ਼ਾਮਲ ਹੋਣਗੇ। ਸਮਾਗਮ ਵਿੱਚ ਰਾਜ ਪੱਧਰੀ ਅਗਰਸੇਨ ਜਯੰਤੀ 5 ਅਕਤੂਬਰ ਨੂੰ ਧੂਮਧਾਮ ਨਾਲ ਮਨਾਈ ਜਾਵੇਗੀ ਸਮਾਗਮ ਵਿੱਚ ਪੰਜਾਬ ਅਗਰਵਾਲ ਸਭਾ ਦੇ ਪ੍ਰਧਾਨ ਸਰੂਪ ਚੰਦ ਸਿੰਗਲਾ, ਡੀਸੀ ਸੰਦੀਪ ਰਿਸ਼ੀ, ਐਸਐਸਪੀ ਸਰਤਾਜ ਸਿੰਘ ਚਾਹਲ, ਸਾਬਕਾ ਮੁੱਖ ਮੰਤਰੀ ਦੇ ਓਐਸਡੀ ਅੰਕਿਤ ਬਾਂਸਲ ਤੇ ਅਗਰਵਾਲ ਸਭਾ ਦੇ ਸੂਬਾ ਜਨਰਲ ਸਕੱਤਰ ਪਵਨ ਸਿੰਗਲਾ ਸ਼ਾਮਲ ਹੋਣਗੇ।


**ਉੱਤਰ ਰੇਲਵੇ**

**ਖੁੱਲੀ ਨਿਵਿਦਾ ਸੂਚਨਾ**

ਸੀਨੀ. ਮੰਡਲ ਬਿਜਲੀ ਇੰਜਿਨੀਅਰ/ਟੀ.ਆਰ./ ਜੰਮੂ ਤਵੀ ਉ.ਰੇ., ਫਿਰੋਜ਼ਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਈ-ਨਿਵਿਦਾਵਾਂ ਅੰਤਮ ਮਿਤੀ 28.10.2024 ਨੂੰ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਨਿਵਿਦਾਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ 28.10.2024 ਨੂੰ 15:00 ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜ਼ਨ ਲਾਗਤ (Rs.) | ਟੈਂਡਰ ਦੀ ਕੀਮਤ (Rs.) | ਨਿਵਿਦਾ ਦੀ ਸਮਾਪਤੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ # (Rs.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|---|---|
| 651-ਟੀ.ਆਰ. ਡੀ. ਜੰਮੂ ਤਵੀ-2024-25 | ਜਮ੍ਹਾ ਆਧਾਰ ਤੇ ਫਿਰੋਜ਼ਪੁਰ ਡਵੀਜ਼ਨ 'ਤੇ QG-SDUA ਸੈਕਸ਼ਨ ਦੇ ਵਿਚ ਕਿਮੀ 2/08, 2/09 ਅਤੇ 2/10 ਤੇ ਪ੍ਰਸਤਾਵਿਤ ਆਰਓਬੀ ਤੇ ਓਐਚਈ ਮਸਤੂਲ ਦੀ ਸ਼ਿਫਟਿੰਗ ਵਿਚ ਟੀਆਰਡੀ ਕੰਮ। | 25,05,391.56 | ਜ਼ੀਰੋ | 28.10.2024 15:00 ਵਜੇ ਤਕ | 50,100/- | 06 ਮਹੀਨੇ | 28.10.2024 15:00 ਵਜੇ ਦੇ ਬਾਅਦ | www.ireps.gov.in |

ਨੋਟ: #ਨਿਵਿਦਾਕਰਤਾ ਕਿਰਪਾ ਧਿਆਨ ਦੇਣ ਕਿ ਬੋਲੀ ਸੁਰੱਖਿਆ ਦੇ ਬਿਨਾ ਪ੍ਰਾਪਤ ਪ੍ਰਸਤਾਵ ਜਾਂ ਤਾਂ ਈ-ਪੇਮੇਂਟ ਗੇਟਵੇ ਦੇ ਮਾਧਿਅਮ ਨਾਲ ਨਕਦ ਵਿਚ ਜਾਂ ਭਾਰਤ ਦੇ ਕਿਸੇ ਵੀ ਅਨੁਸੂਚਿਤ ਵਾਣਿਜਕ ਬੈਂਕ ਤੋਂ ਬੈਂਕ ਗਾਰੰਟੀ ਬਾਂਡ ਦੇ ਰੂਪ ਵਿਚ ਜਾਂ ਨਿਵਿਦਾ ਦਸਤਾਵੇਜ਼ਾਂ ਵਿਚ ਉਲੇਖਿਤ (ਅਨੁਲਗਨਕ-21 ਦੇ ਅਨੁਸਾਰ) ਇਕ ਸਮੇਂ ਦੇ ਲਈ ਵੈਲਿਡ ਹਨ। ਬੋਲੀ ਦੀ ਵੈਧਤਾ ਅਵਧੀ ਦੇ ਬਾਅਦ 90 ਦਿਨ ਦੇ ਲਈ ਅਧੂਰੇ ਅਤੇ ਅਣਵੈਲਿਡ ਪ੍ਰਸਤਾਵ ਦੇ ਰੂਪ ਵਿਚ ਮੰਨਿਆ ਜਾਵੇਗਾ ਅਤੇ ਜਿਸ ਦੇ ਲਈ ਠੇਕੇਦਾਰ ਦਾ ਰੇਲਵੇ ਤੇ ਕੋਈ ਦਾਅਵਾ ਨਹੀਂ ਹੋਵੇਗਾ। ਨੰ.:651-ਟੀ.ਆਰ.ਡੀ.-ਜੰਮੂ ਤਵੀ-2024-25 ਮਿਤੀ: 03.10.2024 3058/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

4-OCT-PAGE-3.qxd 10/3/2024 10:35 PM Page 1



# ਆੜ੍ਹਤੀ ਐਸੋਸੀਏਸ਼ਨ ਮਜੀਠਾ ਵੱਲੋਂ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ



**ਮਜੀਠਾ (ਸੋਇਮ ਆਨੰਦ)**-ਦਾਣਾ ਮੰਡੀ ਮਜੀਠਾ ਵਿਖੇ ਆੜ ਤੀ ਐਸੋਸੀਏਸ਼ਨ ਦੇ ਸਰਪ੍ਰਸਤ ਅਨੂਪ ਸਿੰਘ ਸੰਧੂ ਦੀ ਅਗਵਾਈ ਵਿਚ ਝੋਨੇ ਦੀ ਖਰੀਦ ਦਾ ਕੰਮ ਠੱਪ ਕਰਕੇ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਗਈ ਅਤੇ ਸਰਕਾਰ ਦਾ ਆੜ ਤੀਆਂ ਪ੍ਰਤੀ ਲਗਾਤਾਰ ਅਪਨਾਈ ਜਾ ਰਹੀ ਬੇਰੁਖੀ ਦੀ ਨਿੰਦਾ ਕੀਤੀ।ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਸੰਧੂ ਨੇ ਕਿਹਾ ਕਿ ਕੇਦਰ ਅਤੇ ਪੰਜਾਬ ਸਰਕਾਰ ਸਰਮਾਏਦਾਰਾਂ ਅਤੇ ਕਾਰਪੋਰੇਟ ਘਰਾਨਿਆਂ ਦਾ ਹੱਥ ਠੋਕਾ ਬਣ ਕੇ ਆੜ ਤੀਆਂ ਅਤੇ ਮਜ਼ਦੂਰਾਂ ਦੇ ਹੱਕਾਂ 'ਤੇ ਡਾਕਾ ਮਾਰ ਰਹੀਆਂ ਹਨ। ਮਹਿੰਗਾਈ ਦਿਨੋ ਦਿਨ ਵੱਧ ਰਹੀ ਹੈ ਅਤੇ ਆੜ ਤੀਆਂ ਦੀ ਕਮਿਸ਼ਨ ਵਧਾਉਣ ਦੀ ਬਜਾਏ ਘਟਾਈ ਜਾ ਰਹੀ ਹੈ ਜਿਸ ਨਾਲ ਆੜ ਤੀਆਂ ਦੇ ਰੋਜ਼ਾਨਾ ਦੇ ਖਰਚੇ ਵੀ ਪੂਰੇ ਨਹੀਂ ਹੋ ਰਹੇ।ਆਗੂਆਂ ਨੇ ਕਿਹਾ ਕਿ ਮੰਗਾਂ ਨਾ ਮੰਨੇ ਜਾਣ ਤੱਕ ਸੰਘਰਸ਼ ਜਾਰੀ ਰਹੇਗਾ। ਇਸ ਮੌਕੇ ਮੁਜ਼ਾਹਰਾ ਕਰ ਰਹੇ ਆੜ ਤੀਆਂ ਵਿਚ ਅਨੂਪ ਸਿੰਘ ਸੰਧੂ ਦੇ ਨਾਲ ਪ੍ਰਧਾਨ ਜਸਕਰਨ ਸਿੰਘ ਭੰਗਵਾਂ, ਕਾਬਲ ਸਿੰਘ ਮਜੀਠਾ, ਵਿਨੋਦ ਕਹੇੜ , ਗੁਰਵਿੰਦਰ ਸਿੰਘ, ਰੋਮੀ, ਸੁਖਚੈਨ ਸਿੰਘ, ਜਸਵੰਤ ਰਾਏ, ਜਸਪਾਲ ਸਿੰਘ, ਲਖਵਿੰਦਰ ਸਿੰਘ ਗਿੱਲ, ਰਾਕੇਸ਼ ਕੁਮਾਰ ਪੱਪਾ, ਅੰਮ੍ਰਿਤਪਾਲ ਸਿੰਘ, ਸਲਵੰਤ ਸਿੰਘ ਸੇਠ, ਬਲਜਿੰਦਰ ਸਿੰਘ, ਕਰਨਜੀਤ ਸਿੰਘ, ਪਲਵਿੰਦਰ ਸਿੰਘ, ਸਤਿਬੀਰ ਸਿੰਘ, ਸੁਭਾਸ਼ ਚੰਦਰ ਕਾਲਾ, ਦੀਪਕ ਕੁਮਾਰ, ਹਰਬੰਸ ਸਿੰਘ ਮੱਲੀ, ਰਿੰਕੂ ਹਰੀਆਂ, ਰਿੰਪੀ ਸ਼ਾਹ ਆਦਿ ਆੜ ਤੀਏ ਅਤੇ ਵੱਡੀ ਗਿਣਤੀ ਵਿਚ ਮਜ਼ਦੂਰ ਵੀ ਹਾਜ਼ਰ ਸਨ।

# ਸੈਂਕੜੇ ਮਿਹਨਤਕਸ਼ ਲੋਕਾਂ ਵੱਲੋਂ ਤਰਨਤਾਰਨ ਤੇ ਪੱਟੀ ਰੇਲਵੇ ਸਟੇਸ਼ਨ 'ਤੇ ਵਿਸ਼ਾਲ ਧਰਨਾ

## ਸੂਬਾ ਆਗੂਆਂ ਨੇ ਮੰਗਾਂ ਮੰਨੇ ਜਾਣ ਤੱਕ ਸੰਘਰਸ਼ ਜਾਰੀ ਰੱਖਣ ਦਾ ਕੀਤਾ ਐਲਾਨ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਅਗਵਾਈ ਹੇਠ ਸੈਂਕੜੇ ਕਿਸਾਨ ਮਜ਼ਦੂਰ ਬੀਬੀਆਂ ਵੱਲੋਂ ਅੱਜ ਤਰਨ ਤਾਰਨ ਤੇ ਪੱਟੀ ਰੇਲਵੇ ਸਟੇਸ਼ਨ ਉੱਤੇ ਵਿਸ਼ਾਲ ਧਰਨਾ ਦਿੱਤਾ। ਧਰਨੇ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਸਤਨਾਮ ਸਿੰਘ ਪੰਨੂ, ਸੂਬਾ ਆਗੂ ਹਰਪ੍ਰੀਤ ਸਿੰਘ ਸਿੱਧਵਾਂ, ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ, ਰੇਸ਼ਮ ਸਿੰਘ ਘੁਰਕਵਿੰਡ ਨੇ ਕਿਹਾ ਕਿ ਲਖੀਮਪੁਰ ਖੀਰੀ ਕਾਂਡ ਦੇ ਦੋਸ਼ੀ ਅਜੇ ਮਿਸ਼ਰਾ ਟੈਨੀ ਅਤੇ ਅਸ਼ੀਸ਼ ਮਿਸ਼ਰਾ ਟੈਨੀ ਨੂੰ ਤੁਰੰਤ ਜੇਲ ਭੇਜਿਆ ਜਾਵੇ।ਕਿਸਾਨ ਆਗੂਆਂ ਤੇ ਕੀਤੇ ਝੂਠੇ ਪਰਚੇ ਰੱਦ ਕੀਤੇ ਜਾਣ। ਲਖੀਮਪੁਰ ਖੀਰੀ ਕਾਂਡ ਦੇ 5 ਸ਼ਹੀਦਾਂ ਨੂੰ ਸ਼ਰਧਾਂਜਲੀ ਕਿਸਾਨ ਆਗੂਆਂ ਨੇ ਭੇਟ ਕੀਤੀ।ਕਿਸਾਨ ਆਗੂਆਂ ਨੇ ਆਪਣੇ ਮਿਥੇ ਪ੍ਰੋਗਰਾਮ ਅਨੁਸਾਰ ਤਰਨ ਤਾਰਨ ਜ਼ਿਲੇ ਵਿੱਚ ਦੋਵਾਂ ਥਾਵਾਂ ਤੇ ਲੱਗੇ ਰੇਲ ਟਰੈਕ ਤੇ ਧਰਨਿਆ ਨੂੰ ਜ਼ਿਲ੍ਹਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਵੱਲੋਂ ਮੰਨੀਆਂ ਮੰਗਾਂ ਲਾਗੂ ਕਰਵਾਉਣ ਤੱਕ ਧਰਨੇ ਅੱਗੇ ਚਲਾਉਣ ਦਾ ਐਲਾਨ ਕੀਤਾ।ਕਿਸਾਨ ਆਗੂਆਂ ਨੇ ਐਲਾਨ ਕੀਤਾ ਕਿ ਇਹ ਮੰਗਾਂ ਲਾਗੂ ਕਰਵਾਉਣ ਤੱਕ ਰੇਲ ਟਰੈਕ ਜਾਮ ਰਹਿਣਗੇ।ਇਸ ਮੌਕੇ ਕੁਲਵਿੰਦਰ ਸਿੰਘ ਕੈਰੋਵਾਲ, ਸਲਵਿੰਦਰ ਸਿੰਘ ਡਾਲੇਕੇ, ਦਿਲਬਾਗ ਸਿੰਘ ਪਹੂਵਿੰਡ, ਸੁੱਚਾ ਸਿੰਘ ਵੀਰਮ, ਪਰਮਜੀਤ ਸਿੰਘ ਸ਼ੀਨਾ, ਪਾਖਰ ਸਿੰਘ ਲਾਲਪੁਰ, ਗੁਰਭੇਜ ਸਿੰਘ ਧਾਰੀਵਾਲ,ਹਰਦੀਪ ਸਿੰਘ ਜੋਹਲ, ਕਵਲਜੀਤ ਸਿੰਘ ਦੀਨੇਵਾਲ, ਸੁਖਵਿੰਦਰ ਸਿੰਘ ਦੁਗਲਵਾਲਾ, ਮੇਹਰ ਸਿੰਘ ਤਲਵੰਡੀ, ਸਲਵਿੰਦਰ ਸਿੰਘ ਜੀਓਬਾਲਾ, ਬੀਬੀ ਸੁਖਵੰਤ ਕੌਰ ਪਿੱਦੀ, ਨਿਰੰਜਣ ਸਿੰਘ ਬਗਰਾੜੀ, ਕੁਲਵਿੰਦਰ ਕੌਰ ਵਲੀਪੁਰ, ਕੁਲਵੰਤ ਕੌਰ ਭੋਜੀਆ ਆਦਿ ਆਗੂ ਹਾਜ਼ਰ ਸਨ।

# ਐੱਸ ਡੀ ਐੱਮ ਅਮਨਪ੍ਰੀਤ ਸਿੰਘ ਵੱਲੋਂ ਬਲਾਕ ਤਰਸਿੱਕਾ ਦੇ ਪਿੰਡਾਂ ਦਾ ਦੌਰਾ



**ਬੁਤਾਲਾ, ਤਰਸਿੱਕਾ, (ਨਿਰਮਲ ਸਿੰਘ ਸੰਘਾ, ਤਰਸੇਮ ਸਿੰਘ ਸਾਧਪੁਰ,)**-ਅਮਨਪ੍ਰੀਤ ਸਿੰਘ ਪੀਸੀਐੱਸ ਉਪ ਮੰਡਲ ਮੈਜਿਸਟਰੇਟ ਬਾਬਾ ਬਕਾਲਾ ਸਾਹਿਬ ਵੱਲੋਂ ਖੇਤੀਬਾੜੀ ਵਿਭਾਗ ਦੇ ਅਫਸਰਾਂ ਅਤੇ ਥਾਣਾ ਮੱਤੇਵਾਲ ਦੇ ਅਧਿਕਾਰੀਆਂ ਨਾਲ ਮਿਲ ਕੇ ਬਲਾਕ ਤਰਸਿੱਕਾ ਦੇ ਪਿੰਡ ਜੀਵਨ ਪੰਧੇਰ, ਕੋਹਾਲਾ, ਸੈਦੋਲੇਹਲ, ਜੀਵਨ ਪੰਧੇਰ, ਭੋਏ, ਬੋਪਾਰਾਏ, ਮੱਤੇਵਾਲ, ਰਾਮਦਿਵਾਲੀ ਮੁਸਲਮਾਨਾਂ, ਉਚੇਕੇ ਕਲਾਂ, ਉਚੋਕੇ ਖੁਰਦ ਅਤੇ ਭੋਏਵਾਲ ਆਦਿ ਪਿੰਡਾਂ ਦਾ ਦੌਰਾ ਕੀਤਾ ਗਿਆ ਅਤੇ ਕਿਸਾਨਾਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ ਗਿਆ ਅਤੇ ਦੱਸਿਆ ਗਿਆ ਕਿ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਨਸ਼ਟ ਹੁੰਦੀ ਹੈ, ਹਵਾ ਵਿੱਚ ਧੂੰਏ ਨਾਲ ਬਹੁਤ ਪ੍ਰਦੂਸ਼ਣ ਫੈਲਦਾ ਹੈ ਜਿਸ ਨਾਲ ਸਾਹ ਦੀਆਂ ਬਿਮਾਰੀਆਂ ਹੋ ਸਕਦੀਆਂ ਹਨ।ਅੱਗ ਲਗਾਉਣ ਨਾਲ ਆਲੇ ਦੁਆਲੇ ਖੜੀ ਫਸਲ ਜਾਂ ਪਿੰਡ ਆਦਿ ਵਿੱਚ ਵੀ ਅੱਗ ਲੱਗਣ ਦਾ ਡਰ ਬਣਿਆ ਰਹਿੰਦਾ ਹੈ, ਜਿਸ ਨਾਲ ਵੱਡੇ ਹਾਦਸੇ ਵੀ ਵਾਪਰ ਸਕਦੇ ਹਨ ਅਤੇ ਜਾਨੀ ਮਾਲੀ ਨੁਕਸਾਨ ਹੋਣ ਦਾ ਖਤਰਾ ਹੁੰਦਾ ਹੈ।ਸੜਕ ਦੁਆਲੇ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਨਾਲ ਆਵਾਜਾਈ ਵਿੱਚ ਵਿਘਨ ਪੈਣ ਨਾਲ ਹਾਦਸੇ ਹੋਣ ਦੀ ਸੰਭਾਵਨਾ ਬਣੀ ਰਹਿੰਦੀ ਹੈ। ਐਸ.ਡੀ.ਐਮ. ਬਾਬਾ ਬਕਾਲਾ ਸਾਹਿਬ ਵੱਲੋਂ ਕਿਸਾਨਾਂ ਅਤੇ ਅਧਿਕਾਰੀਆਂ ਨੂੰ ਮਾਨਯੋਗ ਸੁਪਰੀਮ ਕੋਰਟ ਆਫ ਇੰਡੀਆ, ਨੈਸ਼ਨਲ ਗ੍ਰੀਨ ਟ੍ਰਿਬਿਊਨਲ, ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਹਦਾਇਤਾਂ ਬਾਰੇ ਦੱਸਿਆ ਗਿਆ। ਮੌਕੇ ਤੇ ਹਾਜਰ ਖੇਤੀ ਬਾੜੀ ਵਿਭਾਗ ਅਤੇ ਪੁਲਸ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਵੀ ਕੀਤੀ ਗਈ ਕਿ ਜੇਕਰ ਕੋਈ ਕਿਸਾਨ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਂਦਾ ਹੈ ਤਾਂ ਉਸ ਦੇ ਖਿਲਾਫ ਨਿਯਮਾਂ ਅਨੁਸਾਰ ਲੋੜੀਂਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।ਇਹ ਵੀ ਦੱਸਿਆ ਗਿਆ ਕਿ ਜੇਕਰ ਕਿਸੇ ਕਿਸਾਨ ਨੂੰ ਝੋਨੇ ਦੀ ਪਰਾਲੀ ਦੀਆਂ ਗੱਠਾ ਬਣਾਉਣ ਲਈ ਬੇਲਰ ਆਦਿ ਦੀ ਜ਼ਰੂਰਤ ਹੋਵੇ ਤਾਂ ਸਬੰਧਤ ਖੇਤੀਬਾੜੀ ਦਫਤਰ ਨਾਲ ਸੰਪਰਕ ਕਰ ਲਿਆ ਜਾਵੇ।

## 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਹਰਦੋਵਾਲ 'ਚ ਚਲਾਈ ਸਾਫ-ਸਫ਼ਾਈ ਮੁਹਿੰਮ



**ਗੁਰਦਾਸਪੁਰ (ਜਨਕ ਮਹਾਜਨ)**-'ਸਵੱਛਤਾ ਹੀ ਸੇਵਾ' ਮੁਹਿੰਮ ਦੇ ਤਹਿਤ ਬਲਾਕ ਫਤਿਹਗੜ ਚੂੜੀਆਂ ਦੇ ਪਿੰਡ ਹਰਦੋਵਾਲ ਵਿਖੇ ਸਬੰਧਤ ਵਿਭਾਗਾਂ ਵਲੋਂ ਸਫਾਈ ਮੁਹਿੰਮ ਵਿੱਢੀ ਗਈ ਹੈ। ਇਸ ਸਬੰਧੀ ਗੱਲ ਕਰਦਿਆਂ ਵਿਕਰਮਜੀਤ ਸਿੰਘ ਬੀ.ਆਰ.ਸੀ. ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕਾਹਨੂੰਵਾਨ ਦੇ ਨੇੜਲੇ ਖੇਤਰਾਂ ਵਿਖੇ ਸਫ਼ਾਈ ਮੁਹਿੰਮ ਚਲਾਈ ਗਈ। ਉਨ੍ਹਾਂ ਨੇ ਦੱਸਿਆ ਕਿ ਇਹ ਪ੍ਰੋਗਰਾਮ 17 ਸਤੰਬਰ ਤੋਂ 2 ਅਕਤੂਬਰ ਤੱਕ ਪੂਰੇ ਜ਼ਿਲੇ ਵਿੱਚ ਯੂਥ ਕਲੱਬਾਂ, ਯੂਥ ਵਲੰਟੀਅਰਾਂ ਅਤੇ ਨਾਗਰਿਕਾਂ ਦੇ ਸਹਿਯੋਗ ਨਾਲ ਚੱਲ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਹਿੰਮ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਨੂੰ ਪੂਰੀ ਤਰ੍ਹਾਂ ਬੰਦ ਕਰਨ ਅਤੇ ਇਸ ਦੀ ਬਜਾਏ ਧਾਤੂ ਦੀਆਂ ਬੋਤਲਾਂ ਅਤੇ ਕੱਪੜੇ ਦੇ ਥੈਲਿਆਂ ਦੀ ਵਰਤੋਂ ਕਰਨ। ਉਨ੍ਹਾਂ ਪਲਾਸਟਿਕ ਦੇ ਵਾਤਾਵਰਣ ਅਤੇ ਮਨੁੱਖਾਂ ਨੂੰ ਹੋਣ ਵਾਲੇ ਨੁਕਸਾਨਾਂ ਬਾਰੇ ਜਾਣਕਾਰੀ ਦਿੱਤੀ।

## ਐੱਸ ਐੱਸ ਐੱਮ ਕਾਲਜ 'ਚ ਕਰਵਾਇਆ ਪੋਸਟਰ ਮੇਕਿੰਗ ਮੁਕਾਬਲਾ

**ਦੀਨਾਨਗਰ (ਸੰਜੀਵ)**-ਐਸ.ਐਸ.ਐਮ ਕਾਲਜ ਦੀਨਾਨਗਰ ਦੇ ਪ੍ਰਿੰਸੀਪਲ ਡਾ. ਆਰ. ਕੇ. ਤੁਲੀ ਦੀ ਅਗਵਾਈ ਹੇਠ ਐਨ.ਐਸ. ਐਸ ਵਿਭਾਗ ਦੇ ਸਹਿਯੋਗ ਨਾਲ ਪੋਸ਼ਣ ਮਹੀਨੇ ਦੇ ਮੌਕੇ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਨੇ ਸੰਤੁਲਿਤ ਪੋਸ਼ਣ ਅਤੇ ਸਿਹਤ ਸਬੰਧੀ ਜਾਗਰੂਕਤਾ ਸਬੰਧੀ ਪੋਸਟਰ ਬਣਾ ਕੇ ਪੋਸ਼ਣ ਮੁਹਿੰਮ ਵਿੱਚ ਯੋਗਦਾਨ ਪਾਇਆ। ਇਸ ਸਬੰਧੀ ਪ੍ਰਿੰ. ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਕੁਪੋਸ਼ਣ ਸਾਡੇ ਸਮਾਜ ਲਈ ਇੱਕ ਗੰਭੀਰ ਸਮੱਸਿਆ ਹੈ, ਕੁਪੋਸ਼ਣ ਨਾਲ ਸਾਡਾ ਸਰੀਰਕ ਅਤੇ ਮਾਨਸਿਕ ਵਿਕਾਸ ਰੁਕ ਜਾਂਦਾ ਹੈ, ਜਿਸ ਨੂੰ ਦੂਰ ਕਰਨ ਲਈ ਸਾਨੂੰ ਸਾਰਿਆਂ ਨੂੰ ਇਕੱਠੇ ਹੋ ਕੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਦੀ ਲੋੜ ਹੈ, ਇਸ ਮੁਹਿੰਮ ਵਿੱਚ ਵਿਦਿਆਰਥੀਆਂ ਦਾ ਅੱਗੇ ਆਉਣਾ ਇੱਕ ਸ਼ਲਾਘਾਯੋਗ ਉਪਰਾਲਾ ਹੈ। ਇਸ ਮੌਕੇ ਐਨ. ਐਸ.ਐਸ.ਅਧਿਕਾਰੀ ਡਾ. ਰਾਜਨ ਹਾਂਡਾ, ਪ੍ਰੋ. ਸੁਬੀਰ ਰਗਬੋਤਰਾ, ਪ੍ਰੋ. ਮੋਨਿਕਾ ਹਾਜ਼ਰ ਸਨ।

## ਸੱਤਾਧਾਰੀ ਪਾਰਟੀ ਪੰਚਾਇਤੀ ਚੋਣਾਂ 'ਚ ਸ਼ਰੇਆਮ ਕਰ ਰਹੀ ਹੈ ਧੱਕਾ : ਮਨਜੀਤ ਰਾਜ

**ਬਟਾਲਾ (ਤਰਲੋਕ ਬੱਗਾ)**-ਆਜ਼ਾਦ ਸਮਾਜ ਪਰਾਟੀ ਦੇ ਆਗੂ ਮਨਜੀਤ ਰਾਜ ਬਟਾਲਾ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਦਿਆਂ ਸੱਤਾਧਾਰੀ ਆਮ ਪਰਾਟੀ 'ਤੇ ਦੋਸ਼ ਲਗਾਉਂਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਪੰਚਾਇਤ ਚੋਣਾਂ ਵਿੱਚ ਸਰੇਆਮ ਧੱਕਾ ਕਰ ਰਹੀ ਹੈ। ਬਲਾਕ ਦਫਤਰ ਦੇ ਅਫਸਰਾਂ ਨੂੰ ਐਮ ਐਲ ਏ ਅਤੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਆਪਣੇ ਘਰਾਂ ਵਿੱਚ ਨਜ਼ਰਬੰਦ ਕਰਕੇ ਆਪਣੇ ਆਗੂਆਂ ਨੂੰ ਹੀ ਚੁੱਲ੍ਹਾ ਟੈਕਸ ਅਤੇ ਐਨ ਸੀ ਓ ਦੇ ਰਹੇ ਹਨ ਅਤੇ ਕਿਸੇ ਦੂਸਰੀ ਪਰਾਟੀ ਦੇ ਆਗੂ ਨੂੰ ਨਾ ਚੁੱਲ੍ਹਾ ਟੈਕਸ ਅਤੇ ਨਾ ਐਨ ਸੀ ਓ ਦੇ ਰਹੇ ਹਨ। ਅਸੀਂ ਚੋਣ ਕਮਿਸ਼ਨ ਤੋਂ ਮੰਗ ਕਰਦੇ ਹਾਂ ਕਿ ਹੋਣ ਵਾਲੀਆਂ ਚੋਣਾਂ ਰੱਦ ਕੀਤੀਆਂ ਜਾਣ ਅਤੇ ਚੋਣਾਂ ਦੀ ਅਗਲੀ ਤਰੀਕ ਉਲੀਕ ਕੇ ਆਪਣੀ ਸਖਤ ਨਿਗਰਾਨੀ ਵਿਚ ਪੰਜਾਬ ਵਿੱਚ ਚੋਣਾਂ ਕਰਵਾਈਆਂ ਜਾਣ। ਇਸ ਮੌਕੇ ਮੱਖਣ ਮਸੀਹ ਮਲਕਵਾਲ, ਸਖਦੇਵ ਸਿੰਘ ਤਲਵੰਡੀ, ਲਾਲ ਸਿੰਘ, ਰਛਪਾਲ ਧੀਰ, ਡੇਵਿਡ ਮਸੀਹ, ਜੈਨ ਮਸੀਹ, ਸਰੂਪ ਸਿੰਘ, ਵਿਜੇ ਕੁਮਾਰ ਆਦਿ ਮੈਂਬਰ ਹਾਜ਼ਰ ਸਨ।

## ਦਾਜ ਦੇ ਲੋਭੀ ਪਤੀ ਤੇ ਸੱਸ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਭੈਣੀ ਮੀਆਂ ਖਾਂ ਪੁਲਸ ਨੇ ਦਾਜ-ਦਹੇਜ ਦੀ ਮੰਗ ਕਰਨ ਵਾਲੇ ਪਤੀ ਅਤੇ ਸੱਸ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੇ ਜਾਂਚ ਦੌਰਾਨ ਪਾਇਆ ਕਿ ਪੀੜਤ ਲੜਕੀ ਦਾ ਵਿਆਹ 19 ਫਰਵਰੀ 2019 ਨੂੰ ਹਰਪ੍ਰੀਤ ਸਿੰਘ ਪੁੱਤਰ ਰਣਜੀਤ ਸਿੰਘ ਵਾਸੀ ਪੁਰਾਣਾ ਸ਼ਾਲਾ ਨਾਲ ਹੋਇਆ ਸੀ। ਵਿਆਹ ਤੋਂ ਬਾਅਦ ਪੀੜਤ ਦਾ ਪਤੀ ਹਰਪ੍ਰੀਤ ਸਿੰਘ ਅਤੇ ਸੱਸ ਦਹੇਜ ਦੀ ਖਾਤਰ ਪੀੜਤਾ ਨੂੰ ਤੰਗ ਪਰੇਸ਼ਾਨ ਕਰਦੇ ਸਨ ਅਤੇ ਆਪਣੇ ਪੇਕੇ ਘਰੋਂ ਆਪਣੇ ਹਿੱਸੇ ਦੀ ਜਾਇਦਾਦ ਲਿਆਉਣ ਦੀ ਮੰਗ ਕਰਦੇ ਸਨ। ਦਹੇਜ ਦੀ ਮੰਗ ਪੂਰੀ ਨਾ ਹੋਣ 'ਤੇ 6 ਅਪ੍ਰੈਲ 24 ਨੂੰ ਕਥਿਤ ਦੋਸ਼ੀਆਂ ਨੇ ਪੀੜਤਾ ਦੀ ਕੁੱਟਮਾਰ ਕਰਕੇ ਉਸ ਨੂੰ ਘਰੋਂ ਕੱਢ ਦਿੱਤਾ। ਪੀੜਤਾ ਹੁਣ ਆਪਣੇ ਪੇਕੇ ਘਰ ਆਪਣੇ ਮਾਤਾ ਪਿਤਾ ਕੋਲ ਰਹਿ ਰਹੀ ਹੈ। ਪੁਲਸ ਨੇ ਪੀੜਤਾ ਦੇ ਪਤੀ ਅਤੇ ਸੱਸ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਵਿਸ਼ਵ ਹਾਰਟ ਦਿਵਸ ਮਨਾਇਆ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਵਿਸ਼ਵ ਭਰ ਵਿਚ ਪਿਛਲੇ ਦਿਨੀਂ ਹਾਰਟ ਦਿਵਸ ਮਨਾਇਆ ਗਿਆ। ਇਨਸਾਨ ਤੰਦਰੁਸਤੀ ਭਰੀ ਜ਼ਿੰਦਗੀ ਜੀਵੇ। ਹੱਸਦਾ ਖੇਡਦਾ ਹੋਇਆ ਆਪਣੀ ਜ਼ਿੰਦਗੀ ਦਾ ਅਨੰਦ ਮਾਣੇ, ਬਿਮਾਰੀਆਂ ਆਦਿ ਤੋਂ ਬਚਿਆ ਰਹੇ ਤੇ ਆਪਣਾ ਪੂਰਾ ਜੀਵਨ ਸੁਖਮਈ ਬਤੀਤ ਕਰੇ। ਇਸ ਲਈ ਹਾਰਟ ਦਿਵਸ ਮਨਾ ਕੇ ਇਹ ਸੱਦਾ ਦਿਤਾ ਜਾਂਦਾ ਹੈ। ਹਾਰਟ ਸਪੈਸ਼ਲਿਸਟ ਡਾਕਟਰ ਨਿਰਮਲ ਕੁਮਾਰ ਸਿਵਲ ਹਸਪਤਾਲ ਨਵਾਂਸ਼ਹਿਰ ਚੰਡੀਗੜ੍ਹ ਰੋਡ ਨਵਾਂਸ਼ਹਿਰ ਸੰਧੂ ਹਸਪਤਾਲ ਡਾ. ਜੋਤਨਿੰਦਰ ਸਿੰਘ ਸੰਧੂ, ਡਾ. ਮੁਕਲ ਬੇਦੀ, ਬੇਦੀ ਹਸਪਤਾਲ ਚੰਡੀਗੜ੍ਹ ਰੋਡ ਨਵਾਂਸ਼ਹਿਰ ਨੇ ਕਿਹਾ ਕਿ ਖਾਣ ਪੀਣ ਵਧੀਆ ਰੱਖਣਾ, ਬਾਹਰਲਾ ਫੂਡ ਘੱਟ ਖਾਣਾ, ਮੋਟਾਪੇ ਤੋਂ ਬਚਾਅ ਰੱਖਣਾ, ਹਫਤੇ ਵਿਚ 5 ਘੰਟੇ ਕਸਰਤ ਜ਼ਰੂਰੀ, ਸਮੇਂ ਸਮੇਂ ਡਾਕਟਰ ਕੋਲ ਚੈਕਅਪ ਕਰਾਉਂਦੇ ਰਹੀਏ ਤਾਂ ਹਾਰਟ ਦਾ ਧਿਆਨ ਰੱਖਿਆ ਜਾ ਸਕਦਾ ਹੈ। ਡਾ. ਜੇ ਐਸ ਸੰਧੂ ਨੇ ਕਿਹਾ ਕਿ ਜੇਕਰ ਅਸੀਂ ਲੋੜਵੰਦਾਂ ਦੀ ਮਦਦ ਕਰੀਏ ਤਾਂ ਜਿੱਥੇ ਅਸੀਂ ਸਦਾ ਖੁਸ਼ ਰਹਾਂਗੇ, ਉਥੇ ਸਾਡੇ ਦਿਲ ਨੂੰ ਵੀ ਸਕੂਨ ਮਿਲੇਗਾ। ਇਸ ਲਈ ਸਾਨੂੰ ਲੋੜਵੰਦਾਂ ਦੀ ਮਦਦ ਲਈ ਸਦਾ ਤੱਤਪਰ ਰਹਿਣਾ ਚਾਹੀਦਾ ਹੈ।ਸਿਵਲ ਹਸਪਤਾਲ ਹਾਰਟ ਸਪੈਸ਼ਲਿਸਟ ਡਾ. ਨਿਰਮਲ ਕੁਮਾਰ ਨੇ ਕਿਹਾ ਕਿ ਹਾਰਟ ਦਿਵਸ ਮੌਕੇ ਸਾਨੂੰ ਸਾਰਿਆਂ ਨੂੰ ਜਿੰਮ ਕਰ ਕੇ ਦਿਲ ਨੂੰ ਤੰਦਰੁਸਤ ਰੱਖਣ ਦਾ ਅਹਿਦ ਲੈਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਅਸੀਂ ਨਿਯਮਤ ਰੂਪ ਵਿਚ ਰੋਜ਼ਾਨਾ ਜਿੰਮ ਕਰੀਏ ਤਾਂ ਦਿਲ ਦੀਆਂ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ।

## ਕੁਲਬੀਰ ਸਿੰਘ ਜ਼ੀਰਾ ਤੇ ਉਸ ਦੇ ਸਾਥੀਆਂ 'ਤੇ ਕਾਤਲਾਨਾ ਹਮਲੇ ਦੀ ਜ਼ੋਰਦਾਰ ਨਿਖੇਧੀ

**ਪੱਟੀ (ਸ਼ਮਸ਼ੇਰ ਸਿੰਘ ਯੋਧਾ)**-ਜਦੋਂ ਕਾਂਗਰਸ ਪਾਰਟੀ ਦੇ ਸਾਬਕਾ ਵਿਧਾਇਕ ਆਪਣੇ ਸਾਥੀਆਂ ਨਾਲ ਸਰਪੰਚੀ ਦੇ ਕਾਗਜ਼ ਭਰਨ ਲਈ ਜਾ ਰਹੇ ਸਨ ਤਾਂ ਮੌਜੂਦਾ ਹਲਕਾ ਵਿਧਾਇਕ ਦੇ ਇਸ਼ਾਰੇ 'ਤੇ ਕੁਲਬੀਰ ਸਿੰਘ ਜ਼ੀਰਾ ਤੇ ਉਸ ਦੇ ਸਾਥੀਆਂ 'ਤੇ ਕਾਤਲਾਨਾ ਹਮਲਾ ਕਰ ਦਿੱਤਾ ਤੇ ਕੁਲਬੀਰ ਸਿੰਘ ਜ਼ੀਰਾ ਅਤੇ ਉਨ੍ਹਾਂ ਦੇ ਸਾਥੀ ਗੰਭੀਰ ਜ਼ਖ਼ਮੀ ਹੋ ਗਏ। ਪੰਜਾਬ ਅੰਦਰ ਪੰਚਾਇਤੀ ਚੋਣਾਂ ਦੇ ਮੱਦੇਨਜ਼ਰ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਸ਼ਰੇਆਮ ਧੱਕਸ਼ਾਹੀ ਕੀਤੀ ਜਾ ਰਹੀ ਹੈ ਅਤੇ ਦੂਜੀਆਂ ਪਾਰਟੀਆਂ ਦੇ ਕਾਗਜ਼ ਵੀ ਨਹੀਂ ਭਰਨ ਦਿੱਤੇ ਜਾ ਰਹੇ। ਜਦ ਇਸ ਗੱਲ ਦਾ ਕੁਲਬੀਰ ਸਿੰਘ ਜ਼ੀਰਾ ਵੱਲੋਂ ਵਿਰੋਧ ਕੀਤਾ ਗਿਆ ਤਾਂ ਕੁਲਬੀਰ ਸਿੰਘ ਜ਼ੀਰਾ ਅਤੇ ਉਸ ਦੇ ਸਾਥੀਆਂ 'ਤੇ ਸ਼ਰੇਆਮ ਕਾਤਲਾਨਾ ਹਮਲਾ ਕੀਤਾ ਗਿਆ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਹਲਕਾ ਖੇਮਕਰਨ ਦੇ ਸੀਨੀਅਰ ਕਾਂਗਰਸੀ ਆਗੂ ਸੁਖਦੀਪ ਸਿੰਘ ਭੁੱਲਰ ਵਾਸੀ ਘਰਿਆਲਾ ਨੇ ਜ਼ੀਰਾ ਵਿਖੇ ਵਾਪਰੀ ਘਟਨਾ ਦੀ ਘੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਕਿਹਾ ਕਿ ਬਿਨਾਂ ਕਿਸੇ ਖੌਫ ਦਿਨ ਦਿਹਾੜੇ ਤਾਬੜਤੋੜ ਗੋਲੀਆਂ ਚਲਾਈਆਂ ਗਈਆਂ ਤੇ ਪ੍ਰਸ਼ਾਸਨ ਮੂਕਦਰਸ਼ਕ ਵਾਂਗ ਖੜੇ ਹੋ ਕੇ ਤਮਾਸ਼ਾ ਦੇਖਦਾ ਰਿਹਾ।

# ਗੀਤਕਾਰੀ ਦੇ ਮੁਕਾਬਲੇ 'ਚ ਹਰਕ੍ਰਿਸ਼ਨ ਸਿੰਘ ਬਣਿਆ ਫਸਟ ਰਨਰਅਪ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਬਾਬਾ ਜਗਤਾਰ ਸਿੰਘ, ਬਾਬਾ ਮਹਿੰਦਰ ਸਿੰਘ ਕਾਰ ਸੇਵਾ ਤਰਨ-ਤਾਰਨ ਵੱਲੋਂ ਚਲਾਈ ਜਾ ਰਹੀ ਗੁਰੂ ਨਾਨਕ ਦੇਵ ਅਕੈਡਮੀ, ਝਬਾਲ ਰੋਡ, ਤਰਨ ਤਾਰਨ ਦੇ ਗਿਆਰ ਵੀਂ ਕਲਾਸ ਦੇ ਵਿਦਿਆਰਥੀ ਹਰਕ੍ਰਿਸ਼ਨ ਸਿੰਘ ਨੇ ਪ੍ਰਿੰਸ ਵੀਲਾਂ ਧੂਰੀ ਸੰਗਰੂਰ ਵਿਖੇ ਗੀਤਕਾਰੀ ਮੁਕਾਬਲੇ ਕਿਸੇ ਮੇਂ ਕਿੰਨਾ ਹੈ ਦਮ ਜੋ ਕਿ ਵਰਨਨ ਬਾਂਸਲ ਵੱਲੋਂ ਕਰਵਾਇਆ ਗਿਆ ਜਿਸ 'ਚ ਪੰਜਾਬ ਭਰ ਦੇ ਬੱਚਿਆਂ ਨੇ ਹਿੱਸਾ ਲਿਆ ਵਿੱਚ ਸਾਰੇ ਪੰਜਾਬ ਦੇ ਬੱਚਿਆਂ ਨੂੰ ਪਛਾੜ ਕੇ ਹਰਕ੍ਰਿਸ਼ਨ ਸਿੰਘ ਨੇ ਫਸਟ ਰਨਰਅਪ ਦਾ ਸਥਾਨ ਹਾਸਲ ਕੀਤਾ। ਪੰਜਾਬ ਭਰ ਵਿੱਚੋ ਟੀ.ਵੀ.ਜਗਤ ਦੇ ਚਾਚਾ ਬਿਸ਼ਨਾ ਸਮੇਤ ਕਈ ਕਲਾਕਾਰ ਪ੍ਰੋਗਰਾਮ ਵਿੱਚ ਸ਼ਾਮਲ ਹੋਏ। ਪ੍ਰੋਗਰਾਮ ਦੇ ਚੀਫ ਗੈਸਟ ਵਰਨਨ ਬਾਂਸਲ ਵੱਲੋਂ ਜੇਤੂ ਵਿਦਿਆਰਥੀਆਂ ਨੂੰ 'ਐਵਾਰਡ ਆਫ ਆਨਰ' ਦੀ ਟ੍ਰਾਫੀ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਜਿਸ ਸੰਬੰਧੀ ਹਰਕ੍ਰਿਸ਼ਨ ਸਿੰਘ ਨੂੰ ਪ੍ਰਿੰਸੀਪਲ ਜਸਪਾਲ ਕੌਰ ਸਿੱਧੂ ਨੇ ਸਕੂਲ ਪੁਹੰਚਣ 'ਤੇ ਪ੍ਰਾਪਤ ਕੀਤੀ ਉਪਲਬਧੀ 'ਤੇ ਮਾਣ ਮਹਿਸੂਸ ਕਰਦੇ ਹੋਏ ਵਧਾਈ ਦਿੱਤੀ ਅਤੇ ਉਜਵਲ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸਮੂਹ ਸਕੂਲ ਸਟਾਫ ਹਾਜ਼ਰ ਸਨ।

## 'ਖੇਡਾਂ ਵਤਨ ਪੰਜਾਬ ਦੀਆਂ ਹਾਕੀ ਟੂਰਨਾਮੈਂਟ' 'ਚ ਖਾਲਸਾ ਕਾਲਜ ਮਹਿਤਾ ਅੱਵਲ ਰਿਹਾ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਦੇ ਵਿਦਿਆਰਥੀਆਂ ਨੇ 'ਖੇਡਾਂ ਵਤਨ ਪੰਜਾਬ ਦੀਆਂ ਹਾਕੀ ਟੂਰਨਾਮੈਂਟ' ਵਿੱਚ ਭਾਗ ਲਿਆ ਜੋ ਕਿ ਅੰਮ੍ਰਿਤਸਰ ਵਿੱਚ ਕਰਵਾਇਆ ਗਿਆ।ਇਸ ਵਿੱਚ 21 ਤੋਂ 30 ਸਾਲ ਦੀ ਉਮਰ ਦੇ ਵਿਦਿਆਰਥੀਆਂ ਨੇ ਭਾਗ ਲਿਆ।ਟੂਰਨਾਮੈਂਟ ਵਿੱਚ ਖਾਲਸਾ ਕਾਲਜ ਮਹਿਤਾ ਦੇ ਵਿਦਿਆਰਥੀਆਂ ਨੇ ਬਹੁਤ ਹੀ ਵਧੀਆ ਪ੍ਰਦਰਸ਼ਨ ਕੀਤਾ ਅਤੇ ਪਹਿਲਾ ਦਰਜਾ ਹਾਸਲ ਕਰਕੇ ਆਪਣੀ ਇਸ ਸੰਸਥਾ ਦਾ ਨਾਮ ਰੌਸ਼ਨ ਕੀਤਾ।ਇਹ ਟੂਰਨਾਮੈਂਟ ਅੰਮ੍ਰਿਤਸਰ ਵਿਖੇ ਜ਼ਿਲ੍ਹਾ ਪੱਧਰ ਤੇ ਕਰਵਾਇਆ ਗਿਆ ਸੀ ਤੇ ਹੁਣ ਇਹ ਰਾਜ ਪੱਧਰ ਤੇ ਬਠਿੰਡਾ ਵਿਖੇ ਕਰਵਾਇਆ ਜਾਵੇਗਾ, ਜਿਸ ਵਿੱਚ ਇਸ ਸੰਸਥਾ ਤੇ ਅੱਠ ਵਿਦਿਆਰਥੀ ਹਿੱਸਾ ਲੈਣਗੇ।ਇਸ ਤੋਂ ਇਲਾਵਾ ਇਨ੍ਹਾਂ ਵਿਦਿਆਰਥੀਆਂ ਨੂੰ ਟਰਾਫੀ ਅਤੇ ਤਗਮੇ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਕਾਲਜ ਦੇ ਪ੍ਰਿੰ. ਗੁਰਦੀਪ ਸਿੰਘ ਜਲਾਲ ਉਸਮਾਂ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਹੋਇਆਂ ਕਿਹਾ ਕਿ ਸਾਡੀ ਰਾਸ਼ਟਰੀ ਖੇਡ ਹਾਕੀ ਹੈ। ਇਸ ਮੌਕੇ ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਹਾਕੀ ਕੋਚ ਬਲਜਿੰਦਰ ਸਿੰਘ ਅਤੇ ਮਨਮੀਤ ਸਿੰਘ ਦਾ ਧੰਨਵਾਦ ਕੀਤਾ ਜਿਨਾਂ ਦੀ ਬਦੌਲਤ ਇਹ ਵਿਦਿਆਰਥੀਆਂ ਨੇ ਬੁਲੰਦੀਆਂ ਹਾਸਲ ਕੀਤੀਆਂ ਹਨ।ਇਸ ਮੌਕੇ ਪ੍ਰਿੰ. ਗੁਰਦੀਪ ਸਿੰਘ ਜਲਾਲ ਉਸਮਾ, ਹਰਸ਼ਦੀਪ ਸਿੰਘ ਰੰਧਾਵਾ, ਬਲਜਿੰਦਰ ਸਿੰਘ, ਮਨਮੀਤ ਸਿੰਘ, ਸੁਖਦੇਵ ਸਿੰਘ, ਕੁਲਦੀਪ ਕੌਰ, ਕਾਬਲ ਸਿੰਘ ਅਤੇ ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

## ਭਖਦੇ ਮੁੱਦਿਆਂ ਨੂੰ ਲੈ ਕੇ ਸਾਬਕਾ ਸੰਘਰਸ਼ ਕਮੇਟੀ ਦੇ ਅਹੁਦੇਦਾਰਾਂ ਦੀ ਹੋਈ ਇਕੱਤਰਤਾ

**ਗੁਰਦਾਸਪੁਰ, ( ਦਿਨੇਸ਼ ਕੁਮਾਰ)**- ਪੁਰਾਣਾ ਸ਼ਾਲਾ ਵਿਖੇ ਸਾਬਕਾ ਸੈਨਿਕ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਕਮੇਟੀ ਦੇ ਅਹੁਦੇਦਾਰਾਂ ਦੀ ਮੀਟਿੰਗ ਜਨਰਲ ਸੈਕਟਰੀ ਨਾਇਬ ਸੂਬੇਦਾਰ ਕੁਲਬੀਰ ਸਿੰਘ ਗੁਰਾਇਆ ਦੇ ਨਿਵਾਸ ਅਸਥਾਨ 'ਤੇ ਹੋਈ। ਮੀਟਿੰਗ ਵਿੱਚ ਸਾਬਕਾ ਵਿਚ ਸਾਬਕਾ ਸੈਨਿਕਾਂ ਦੇ ਮੁੱਦਿਆ 'ਤੇ ਚਰਚਾ ਹੋਈ ਅਤੇ ਪੰਚਾਇਤੀ ਚੋਣਾਂ ਦੌਰਾਨ ਜੋ ਸਰਕਾਰਾਂ ਲੋਕਤੰਤਰ ਦਾ ਘਾਣ ਕਰ ਰਹੀਆਂ ਹਨ, ਉਸ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਆਗੂਆ ਨੇ ਕਿਹਾ ਕਿ ਇਹ ਸਿਲਸਲਾ ਅਕਾਲੀ ਬੀ ਜੇ ਪੀ ਸਰਕਾਰ ਨੇ ਸ਼ੁਰੂ ਕੀਤਾ ਅਤੇ ਬਾਅਦ ਵਿਚ ਕਾਂਗਰਸ ਨੇ ਵੀ ਉਸ ਤੋਂ ਵੱਧ ਘਾਣ ਕੀਤਾ। ਆਪਣੇ ਹੀ ਬੰਦਿਆਂ ਨੂੰ ਜ਼ਬਰਦਸਤੀ ਸਰਪੰਚ ਬਣਾਇਆ ਅਤੇ ਦੂਸਰਿਆਂ ਨੂੰ ਫਾਈਲਾਂ ਹੀ ਜਮ੍ਹਾ ਨਹੀਂ ਕਰਵਾਉਣ ਦਿੱਤੀਆਂ ਗਈਆਂ, ਤਾਂ ਪੰਜਾਬ ਦੀ ਜਨਤਾ ਨੇ ਨਵਾ ਬਦਲਾਅ ਦੇ ਰੂਪ ਵਿਚ ਆਪ ਨੂੰ ਜਿਤਾ ਕੇ ਸਰਕਾਰ ਬਨਾਉਣ ਦਾ ਮੌਕਾ ਦਿੱਤਾ। ਦੂਸਰੇ ਲੋਕਾਂ ਨੂੰ ਭਾਵੇਂ ਉਹ ਕਿਸੇ ਵੀ ਪਾਰਟੀ ਨਾਲ ਸਬੰਧਤ ਹੋਣ ਜਾਂ ਅਜ਼ਾਦ ਤੌਰ 'ਤੇ ਪੰਚ ਸਰਪੰਚ ਇਲੈਕਸ਼ਨ ਲੜਨਾ ਚਾਹੰਦੇ ਹਨ, ਨੂੰ ਚੁੱਲ੍ਹਾ ਟੈਕਸ ਦੀਆਂ ਪਰਚੀਆਂ ਤੱਕ ਨਹੀਂ ਦਿੱਤੀਆਂ ਜਾ ਰਹੀਆਂ। ਇਹ ਲੋਕਤੰਤਰ ਅਤੇ ਸੰਵਿਧਾਨ ਦਾ ਘਾਣ ਹੈ। ਇਸ ਨੂੰ ਰੋਕਣ ਦੀ ਲੋੜ ਹੈ।ਇਸ ਮੀਟਿੰਗ ਸੂਬੇਦਾਰ ਮੇਜਰ ਐਸ ਪੀ ਸਿੰਘ ਗੋਸਲ, ਜ਼ਿਲ੍ਹਾ ਪ੍ਰਧਾਨ, ਨਾਇਬ ਸੂਬੇਦਾਰ ਕੁਲਬੀਰ ਸਿੰਘ ਗੋਰਿਆ, ਜਨਰਲ ਸੈਕਟਰੀ, ਸੂਬੇਦਾਰ ਮੇਜਰ ਦਲਬੀਰ ਸਿੰਘ ਦੁਗਰੀ ਉਪ ਪ੍ਰਧਾਨ, ਸੂਬੇਦਾਰ ਮੇਜਰ ਗੁਰਦਿਆਲ ਸਿੰਘ ਸਾਹਿਰ ਪ੍ਰਧਾਨ, ਕੈਪਟਨ ਮੰਗਲ ਸਿੰਘ ਕਾਦੀਆਂ ਪ੍ਰਧਾਨ, ਹਵਾਲਦਾਰ ਬਲਵਿੰਦਰ ਸਿੰਘ, ਬਟਾਲਾ ਪ੍ਰਧਾਨ, ਹਵਾਲਦਾਰ ਨਿਰਮਲ ਸਿੰਘ, ਹਵਾਲਦਾਰ ਬਲਵੀਰ ਸਿੰਘ ਬਟਾਲਾ ਆਦਿ ਹਾਜ਼ਰ ਸਨ।

# ਅਵਤਾਰ ਸਿੰਘ ਆਜ਼ਾਦ ਵੱਲੋਂ ਜਨਮ ਦਿਨ ਮੌਕੇ ਚੌਂਕਾ ਬੀਬੀ ਰਜਨੀ ਨੂੰ ਰਸਦ ਭੇਟ



**ਪੱਟੀ (ਸ਼ਮਸ਼ੇਰ ਸਿੰਘ ਯੋਧਾ)**-ਅਵਤਾਰ ਸਿੰਘ ਅਜ਼ਾਦ ਸਾਬਕਾ ਫਾਰਮਰ ਪੰਜਾਬ ਸਟੇਟ ਕੰਜ਼ਿਊਮਰ ਕੌਂਸਲ ਵੱਲੋਂ ਆਪਣਾ ਜਨਮ ਦਿਨ ਚੌਂਕਾ ਬੀਬੀ ਰਜਨੀ ਜੀ ਵਿਖੇ ਸਾਥੀਆਂ ਨਾਲ ਮਨਾਇਆ। ਇਸ ਮੌਕੇ ਉਨ੍ਹਾਂ ਚੌਂਕਾ ਬੀਬੀ ਰਜਨੀ ਲਈ ਆਟਾ ਤੇ ਦਾਲ ਦੀ ਰਸਦ ਭੇਟ ਕੀਤੀ। ਉਨ੍ਹਾਂ ਕਿਹਾ ਕਿ ਅਸੀਂ ਆਪਣੇ ਜਨਮ ਦਿਨ ਵਾਲੇ ਚੌਂਕਾ ਬੀਬੀ ਰਜਨੀ ਵਿਖੇ ਪਹੁੰਚ ਕੇ ਚੌਂਕੇ ਦੇ ਪ੍ਰਬੰਧਕਾਂ ਤੇ ਸੇਵਾਦਾਰਾਂ ਨਾਲ ਖੁਸ਼ੀ ਸਾਂਝੀ ਕਰਦੇ ਹਾਂ। ਅੱਜ ਦੇ ਮਹਿੰਗਾਈ ਦੇ ਸਮੇਂ ਵਿੱਚ ਦਸ ਰੁਪਏ 'ਚ ਸਵੇਰ ਟਾਇਮ ਨਾਸ਼ਤਾ, ਦੁਪਹਿਰ, ਸ਼ਾਮ ਨੂੰ ਲੋੜਵੰਦਾਂ ਨੂੰ ਵਧੀਆ ਭੋਜਨ ਛਕਾਉਣਾ ਇਹ ਬਹੁਤ ਵਧੀਆ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਇਲਾਕੇ ਦੇ ਮਹਾਨ ਸਮਾਜ ਸੇਵੀ ਸਵ: ਪ੍ਰਧਾਨ ਵਿਨੋਦ ਕੁਮਾਰ ਸ਼ਰਮਾ ਨੇ ਜੋ ਇਹ ਸੇਵਾ ਦੇ ਕਾਰਜਾਂ ਦੀ ਆਰੰਭਤਾ ਕੀਤੀ ਸੀ ਉਨ੍ਹਾਂ ਦੇ ਜਾਣ ਤੋਂ ਬਾਅਦ ਵੀ ਨਿਰੰਤਰ ਚੱਲ ਰਹੇ ਹਨ। ਇਸ ਜਗ੍ਹਾ 'ਤੇ ਜਦੋਂ ਵੀ ਪਹੁੰਚਦੇ ਹਾਂ ਮਨ ਨੂੰ ਸ਼ਾਂਤੀ ਮਿਲਦੀ ਹੈ। ਇਸ ਮੌਕੇ ਉਨ੍ਹਾਂ ਸਮੂਹ ਸੇਵਾਦਾਰਾਂ ਨੂੰ ਲੱਡੂ ਵੰਡ ਕੇ ਖੁਸ਼ੀ ਸਾਂਝੀ ਕੀਤੀ। ਇਸ ਮੌਕੇ ਵਿਸ਼ਵਦੀਪ ਸਿੰਘ ਅਜ਼ਾਦ, ਭਵਨ ਕੁਮਾਰ ਟਾਹ, ਵਿਪਨ ਘਰਿਆਲਾ, ਪੁਖਰਾਜ ਸ਼ਰਮਾ, ਕੁਲਦੀਪ ਰਾਏ ਸ਼ਰਮਾ, ਬਿੱਲਾ ਆਦਿ ਹਾਜ਼ਰ ਸਨ।

# ਯਾਦਗਾਰੀ ਹੋ ਨਿੱਬੜੀ ਅਧਿਆਪਕਾ ਗੁਰਮੀਤ ਕੌਰ ਦੀ ਵਿਦਾਇਗੀ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਸਰਕਾਰੀ ਹਾਈ ਸਕੂਲ ਕਾਹਲਵਾਂ ਦੇ ਹਿੰਦੀ ਵਿਸ਼ੇ ਦੇ ਅਧਿਆਪਕ ਗੁਰਮੀਤ ਕੌਰ ਦੀਆਂ ਸੇਵਾਵਾਂ ਪੂਰੀਆਂ ਹੋਣ 'ਤੇ ਉਨਾਂ ਨੂੰ ਸਟਾਫ ਵੱਲੋਂ ਸ਼ਾਨਦਾਰ ਵਦਾਇਗੀ ਪਾਰਟੀ ਦਿੱਤੀ ਗਈ। ਇਸ ਪਾਰਟੀ 'ਚ ਉਚੇਚੇ ਤੌਰ 'ਤੇ ਪਹੁੰਚੇ ਸਕੂਲ ਡੀ.ਡੀ.ਓ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ ਨੇ ਗੁਰਮੀਤ ਕੌਰ ਵੱਲੋਂ ਨਿਭਾਈਆਂ ਗਈਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਵਿਭਾਗ ਨੂੰ ਅਜਿਹੇ ਮਿਹਨਤੀ ਅਧਿਆਪਕਾਂ ਦੀ ਕਮੀ ਹਮੇਸ਼ਾ ਮਹਿਸੂਸ ਹੁੰਦੀ ਰਹੇਗੀ।ਡਾ. ਕੌਸ਼ਲ ਵੱਲੋਂ ਗੁਰਮੀਤ ਕੌਰ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਤ ਵੀ ਕੀਤਾ ਗਿਆ। ਸਕੂਲ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਮੰਚ ਸੰਚਾਲਨ ਲੈਕਚਰਾਰ ਮੋਨਿਕਾ ਭੱਟੀ ਵੱਲੋਂ ਕੀਤਾ ਗਿਆ। ਗੁਰਮੀਤ ਕੌਰ ਦੇ ਪਤੀ ਸਤਿੰਦਰ ਸਿੰਘ ਰਿਟਾ.ਹੈਡਮਾਸਟਰ ਅਤੇ ਸਕੂਲ ਦੇ ਮੁੱਖ ਅਧਿਆਪਕ ਬਲਵਿੰਦਰ ਸਿੰਘ ਵੀ ਵੱਲੋਂ ਆਪਣੇ ਵਿਚਾਰ ਪੇਸ਼ ਕੀਤੇ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਟੇਕ ਸਿੰਘ ਆਰਟ ਐਂਡ ਕਰਾਫਟ ਅਧਿਆਪਕ, ਹਰਜੀਤ ਕੌਰ, ਰਮੇਸ਼ ਲਾਲ, ਪਵਨਦੀਪ ਕੌਰ ਆਦਿ ਹਾਜ਼ਰ ਸਨ।

# ਗ੍ਰਾਮ ਪੰਚਾਇਤ ਚੋਣਾਂ 'ਚ ਪਾਰਦਰਸ਼ਤਾ ਦੂਰ-ਦੂਰ ਤੱਕ ਨਜ਼ਰ ਨਹੀਂ ਆ ਰਹੀ : ਅਜਨਾਲਾ

**ਅਜਨਾਲਾ (ਸੁਖਜਿੰਦਰ ਸਿੰਘ ਰਾਜੂ)** ਗ੍ਰਾਮ ਪੰਚਾਇਤ ਦੀਆਂ ਇਹਨਾਂ ਚੋਣਾਂ 'ਚ ਜਮੂਹਰੀਅਤ ਤੇ ਚੋਣਾਂ ਦੀ ਪਾਰਦਰਸ਼ਤਾ ਕਿਧਰੇ ਨਜ਼ਰ ਨਹੀਂ ਆ ਰਹੀ। ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਸਤਨਾਮ ਸਿੰਘ ਅਜਨਾਲਾ ਨੇ ਦੱਸਿਆ ਕਿ ਪਹਿਲਾਂ ਤਾਂ ਪੰਚਾਇਤ ਚੋਣਾਂ ਦਾ ਸਮਾਂ ਬਹੁਤ ਘੱਟ ਦਿੱਤਾ ਗਿਆ ਉੱਪਰੋਂ ਪੰਜਾਬ ਚੋਣ ਕਮਿਸ਼ਨਰ ਵੱਲੋਂ ਸੱਤ ਕਿਸਮ ਦੇ ਵੱਖ-ਵੱਖ ਇਤਰਾਜ ਹੀਣਤਾ ਸਰਟੀਫ਼ਿਕੇਟ ਸਰਪੰਚਾਂ ਤੇ ਪੰਚਾ ਉਮੀਦਵਾਰਾਂ ਲੈਣੇ ਜ਼ਰੂਰੀ ਹਨ ਇਹਨਾਂ ਨੂੰ ਪ੍ਰਾਪਤ ਕਰਨ ਲਈ ਲੋਕਾਂ ਨੂੰ ਡਾਢੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਡਾ. ਅਜਨਾਲਾ ਨੇ ਦੱਸਿਆ ਕਿ ਉਹਨਾਂ ਨੇ ਕਈਆਂ ਬਲਾਕਾਂ ਤੇ ਤਹਿਸੀਲਾਂ 'ਚ ਜਾ ਕੇ ਦੇਖਿਆ ਕਿ ਪਿੰਡਾਂ ਦੇ ਸੈਕਟਰੀ ਜਿੰਨ੍ਹਾਂ ਕੋਲੋ ਚੁੱਲ੍ਹਾ ਟੈਕਸ ਦੀ ਰਸੀਦ ਲੈਣੀ ਹੈ ਉਹ ਪਹਾੜਾਂ 'ਤੇ ਚੜ ਗਏ ਹਨ। ਕਿਸੇ ਨੂੰ ਲੱਭਦੇ ਨਹੀਂ ਉਹਨਾਂ ਕੋਲੋ ਜਾਂ ਤਾਂ ਜਥੇਬੰਦੀਆਂ ਦੇ ਦਬਾਅ ਨਾਲ ਸਰਟੀਫ਼ਿਕੇਟ ਮਿਲਦਾ ਜਾਂ ਫਿਰ ਕੈਂਡੀਡੇਟ ਦੀ ਆਮ ਪਾਰਟੀ ਦੇ ਐਮ ਐਲ ਏ ਜਾਂ ਇੰਚਾਰਜ ਦੀ ਸਿਫਾਰਿਸ ਕਰਨ ਨਾਲ ਮਿਲਦੀ ਹੈ। ਉਹਨਾਂ ਅੱਗੇ ਦੱਸਿਆ ਕਿ ਇਸ ਤੋਂ ਅੱਗੇ ਸੱਤ ਕਿਸਮ ਦੇ ਇਤਰਾਜ਼ ਹੀਣ ਸਰਟੀਫ਼ਿਕੇਟ ਲੈਣ ਲਈ ਬਲਾਕ ਦਫ਼ਤਰ ਦੇ ਜੇ ਈ ਦੀ ਰਿਪੋਰਟ ਇਸ ਤਰ੍ਹਾਂ ਸੰਮਤੀ ਪਟਵਾਰੀ ਦੀ ਰਿਪੋਰਟ, ਜੀ ਆਰ ਐਸ ਮਨਰੇਗਾ ਦੀ ਰਿਪੋਰਟ ਤੇ ਪੰਚਾਇਤ ਅਫਸਰ ਦੀ ਰਿਪੋਰਟ ਆਦਿ ਰਿਪੋਰਟਾਂ ਲੈਣ ਲਈ ਉਮੀਦਵਾਰਾਂ ਦੀ ਖੱਜਲਖੁਆਰੀ ਹੋ ਰਹੀ ਹੈ।

ਡਾ. ਅਜਨਾਲਾ ਨੇ ਦੱਸਿਆ ਕਿ ਇਸ ਚੱਕਰਵਿਊ 'ਚੋਂ ਨਿਕਲ ਲਈ ਇੱਕੋ ਇੱਕ ਹੱਲ ਹੈ ਕੇ ਇਸ ਚੱਕਰਵਿਊ 'ਚੋਂ ਨਿਕਲਣ ਲਈ ਇਕੱਠੇ ਹੋ ਕੇ ਪੰਜਾਬ ਸਰਕਾਰ ਤੇ ਇਹਨਾਂ ਅਧਿਕਾਰੀਆਂ ਦਾ ਪਿੱਟ ਸਿਆਪਾ ਕਰੀਏ। ਉਹਨਾਂ ਅੱਗੇ ਕਿਹਾ ਕਿ 2 ਤੇ 3 ਅਕਤੂਬਰ ਨੂੰ ਛੁੱਟੀ ਹੋਣ ਕਾਰਨ ਨਾਮਜ਼ਦਗੀਆਂ ਲਈ ਸਿਰਫ਼ 4 ਅਕਤੂਬਰ ਦਾ ਦਿਨ ਹੀ ਰਹਿ ਗਿਆ ਹੈ। ਉਹਨਾਂ ਜਿਸ ਕਰਕੇ ਪ੍ਰਸ਼ਾਸਨ 'ਤੇ ਜੋਰ ਦਿੱਤਾ ਕੇ ਉਮੀਦਵਾਰਾਂ ਤੇ ਲੋਕਾਂ ਦੇ ਗੁੱਸੇ ਨੂੰ ਭਾਂਖਦਿਆਂ 4 ਅਕਤੂਬਰ ਨੂੰ ਸਾਰੇ ਚੋਣਾਂ ਨਾਲ ਸਬੰਧਤ ਅਧਿਕਾਰੀ ਤੇ ਕਰਮਚਾਰੀ ਆਪਣੇ-ਆਪਣੇ ਦਫ਼ਤਰਾਂ 'ਚ ਹਾਜ਼ਰ ਰਹਿਣ ਤਾਂ ਜੋ ਸਾਰੇ ਨਾਮਜ਼ਦਗੀਆਂ ਭਰ ਸਕਣ।

# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ 'ਚ ਗਾਂਧੀ ਜਯੰਤੀ ਮਨਾਈ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਵਿਦਿਆਰਥੀਆਂ ਵੱਲੋਂ ਗਾਂਧੀ ਜਯੰਤੀ ਮਨਾਈ ਗਈ। ਇਸ ਮੌਕੇ ਸਕੂਲ ਦੀ ਸਵੇਰ ਦੀ ਸਭਾ ਵਿੱਚ ਵਿਦਿਆਰਥਣ ਮੁਨਾਲੀ ਜਮਾਤ ਸੱਤਵੀਂ ਨੇ ਆਪਣੇ ਭਾਸ਼ਣ ਰਾਹੀਂ ਮਹਾਤਮਾ ਗਾਂਧੀ ਦੇ ਜੀਵਨ ਬਿਓਰੇ ਨੂੰ ਦਰਸਾਇਆ। ਉਪਰੰਤ ਮਨਸੀਰਤ ਕੌਰ ਜਮਾਤ ਪੰਜਵੀਂ, ਨਵਿਆ ਜਮਾਤ ਪਹਿਲੀ ਅਤੇ ਹਿਤਾਂਸ਼ ਜਮਾਤ ਤੀਸਰੀ ਦੇ ਵਿਦਿਆਰਥੀਆਂ ਦੁਆਰਾ ਕਵਿਤਾਵਾਂ ਗਾ ਕੇ ਮਹਾਤਮਾ ਗਾਂਧੀ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਗਈ। ਗਾਂਧੀ ਜਯੰਤੀ ਮੌਕੇ ਜਮਾਤ ਨਰਸਰੀ ਤੋਂ ਯੂ.ਕੇ.ਜੀ ਤੱਕ ਦੇ ਵਿਦਿਆਰਥੀਆਂ ਨੇ ਬਹੁਤ ਹੀ ਵਧੀਆ ਢੰਗ ਨਾਲ ਗਾਂਧੀ ਜੀ ਦੇ ਉਪਦੇਸ਼ਾਂ ਨੂੰ ਦਰਸਾਇਆ। ਛੋਟੇ ਛੋਟੇ ਵਿਦਿਆਰਥੀਆਂ ਨੇ ਗਾਂਧੀ ਦੇ ਡਾਂਡੀ ਮਾਰਚ ਦਾ ਨਮੂਨਾ ਪੇਸ਼ ਕੀਤਾ। ਜਿਸ ਵਿੱਚ ਯੂ.ਕੇ.ਜੀ ਬੀ ਦੇ ਵਿਦਿਆਰਥੀ ਮਾਯੂਕ ਨੇ ਮਹਾਤਮਾ ਗਾਂਧੀ ਅਤੇ ਨਮਿਤਾ ਜਮਾਤ ਯੂ.ਕੇ.ਜੀ ਬੀ ਦੀ ਵਿਦਿਆਰਥਣ ਨੇ ਕਸਤੂਰਬਾ ਗਾਂਧੀ ਦਾ ਰੋਲ ਅਦਾ ਕੀਤਾ। ਜਮਾਤ ਯੂ. ਕੇ. ਜੀ ਏ ਦੇ ਵਿਦਿਆਰਥੀ ਫਤਿਹਵੀਰ ਸਿੰਘ, ਮੰਨਤਦੀਪ ਸਿੰਘ ਅਤੇ ਗੁਰਜਾਪ ਸਿੰਘ ਵੱਲੋਂ ਗਾਂਧੀ ਜੀ ਦੀਆਂ ਸਿੱਖਿਆਵਾਂ ਨੂੰ ਦਰਸਾਉਣ ਲਈ ਤਿੰਨ ਬੰਦਰਾਂ ਵਾਲੀ ਪੋਸ਼ਾਕ ਪਹਿਨ ਕੇ ਬੁਰਾ ਮੱਤ ਬੋਲੋ, ਬੁਰਾ ਮੱਤ ਦੇਖੋ ਅਤੇ ਬੁਰਾ ਮੱਤ ਸੁਣੋ ਦਾ ਉਪਦੇਸ਼ ਵਿਦਿਆਰਥੀ ਤੱਕ ਪਹੁੰਚਾਇਆ। ਸਕੂਲ ਪ੍ਰਿੰਸੀਪਲ ਕਿਰਨ ਕੇਸਰ ਨੇ ਗਾਂਧੀ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਅਤੇ ਵਿਦਿਆਰਥੀਆਂ ਨੂੰ ਦੇਸ਼ ਭਗਤਾਂ ਦੇ ਜੀਵਨ ਤੋਂ ਸਿੱਖਿਆ ਲੈਂਦੇ ਹੋਏ ਦੇਸ਼ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# 'ਨਵੀਆਂ ਕਲਮਾਂ ਨਵੀਂ ਉਡਾਣ' ਸਾਹਿਤਕ ਕਾਨਫਰੰਸ ਲਈ ਵਿਸ਼ਵ ਪੱਧਰ 'ਤੇ ਲਾਮਬੰਦੀ

**ਬਟਾਲਾ (ਡਾ. ਮਲਵਿੰਦਰ ਸਿੰਘ)**-ਪੰਜਾਬ ਵਿਚ 'ਨਵੀਆਂ ਕਲਮਾਂ, ਨਵੀਂ ਉਡਾਣ' ਦੇ ਨਾਂਅ ਹੇਠ ਨਵੰਬਰ ਮਹੀਨੇ 'ਚ ਹੋਣ ਵਾਲੀ ਰਾਜ ਪੱਧਰੀ ਕਾਨਫਰੰਸ ਪੰਜਾਬੀ ਦੇ ਬਾਲੜੇ ਲੇਖਕਾਂ ਨੂੰ ਜਿਥੇ ਇਕ ਵਿਸ਼ਾਲ ਮੰਚ ਦੇਵੇਗੀ, ਉਥੇ ਸਕੂਲੀ ਵਿਦਿਆਰਥੀਆਂ ਅੰਦਰ ਛੁਪੀ ਸਾਹਿਤਕ ਪ੍ਰਤਿਭਾ ਨੂੰ ਵੀ ਲੋਕਾਂ 'ਚ ਉਜਾਗਰ ਕਰੇਗੀ। ਅਕਾਲ ਕਾਲਜ ਆਫ਼ ਫਿਜ਼ੀਕਲ ਮਸਤੂਆਣਾ ਦੇ ਸੰਤ ਤੇਜਾ ਸਿੰਘ ਯਾਦਗਾਰੀ ਹਾਲ ਵਿਖੇ 16 ਤੇ 17 ਨਵੰਬਰ ਨੂੰ ਹੋਣ ਵਾਲੀ ਇਸ ਕਾਨਫਰੰਸ 'ਚ ਸਾਹਿਤਕ ਰੁਚੀਆਂ ਨਾਲ ਜੁੜੇ ਉਹ ਸਕੂਲੀ ਬੱਚੇ ਭਾਗ ਲੈਣਗੇ, ਜਿਨ੍ਹਾਂ ਦੀ ਪ੍ਰਤਿਭਾ ਨੂੰ ਲੱਭਣ ਲਈ, ਉਸ ਵਿਦੇਸ਼ੀ ਧਰਤੀ ਕੈਨੇਡਾ ਤੋਂ ਉਪਰਾਲੇ ਹੋ ਰਹੇ ਹਨ, ਜਿਥੇ ਜਾ ਕੇ ਬਹੁਗਿਣਤੀ ਲੋਕਾਂ ਨੇ ਮਾਂ ਬੋਲੀ ਨਾਲ ਜੁੜੀਆਂ ਸਾਹਿਤਕ ਰੁਚੀਆਂ ਤਾਂ ਛੱਡੋ, ਆਪਣੇ ਸੱਭਿਆਚਾਰ ਵੱਲ ਵੀ ਪਿੱਠ ਕਰ ਲਈ ਹੈ। ਸਰੀ 'ਚ ਸਥਾਪਤ ਪੰਜਾਬ ਭਵਨ ਦੇ ਮੁੱਖ ਪ੍ਰਬੰਧਕ ਸੁੱਖੀ ਬਾਠ ਦੀ ਅਗਵਾਈ 'ਚ ਇਸ ਟੀਮ ਦਾ ਉਪਰਾਲਾ ਸੁਣ ਕੇ ਹਰ ਪੰਜਾਬੀ ਤੇ ਸਰਕਾਰਾਂ ਵੀ ਹੈਰਾਨ ਹੋ ਜਾਣਗੀਆਂ ਕਿ ਜਦੋਂ ਨਵੀਂ ਪੀੜ੍ਹੀ 'ਚ ਲਿਖਣ ਤੇ ਪੜ੍ਹਨ ਦੀਆਂ ਰੁਚੀਆਂ ਮਰ ਜਾਣ ਜਾਂ ਕੰਪਿਊਟਰ ਦੇ ਕੀ ਬੋਰਡ ਜਾਂ ਟੱਚ ਸਕਰੀਨ ਮਹਿੰਗੇ ਮੋਬਾਇਲ ਫੋਨਾਂ 'ਤੇ ਹੀ ਜਵਾਨੀ ਦੇ ਉਂਗਲਾਂ ਚਲਾਉਣ ਦਾ ਦੋਸ਼ ਮੜ ਕੇ ਹਰ ਕੋਈ ਪੱਲਾ ਝਾੜ ਰਿਹਾ ਤੇ ਯਤਨਾਂ ਤੋਂ ਕਿਨਾਰਾ ਕਰ ਰਿਹਾ, ਉਸ ਸਮੇਂ ਪੰਜਾਬ ਭਵਨ ਕੈਨੇਡਾ ਦੀ ਟੀਮ ਪੰਜਾਬ ਦੇ ਸਕੂਲਾਂ 'ਚੋਂ ਹਜ਼ਾਰਾਂ ਸਾਹਿਤਕ ਰੁਚੀਆਂ ਵਾਲੀਆਂ ਕਲਮਾਂ ਨੂੰ ਉਡਾਣ ਦਿੱਤੀ ਹੈ, ਭਾਵ ਅਨੇਕਾਂ ਸਕੂਲਾਂ ਦੇ ਵਿਦਿਆਰਥੀਆਂ ਦੀਆਂ ਰਚਨਾਵਾਂ ਇਕੱਠੀਆਂ ਕਰਕੇ ਉਨ੍ਹਾਂ ਨੂੰ ਨਵੀਆਂ ਕਲਮਾਂ, ਨਵੀਂ ਉਡਾਣ ਦੇ ਨਾਂਅ ਹੇਠ ਕਿਤਾਬਾਂ 'ਚ ਪਰੋਇਆ। ਪੰਜਾਬ ਭਵਨ ਦੀ ਟੀਮ ਵਲੋਂ ਕਰਵਾਈ ਜਾ ਰਹੀ ਬਾਲ ਸਾਹਿਤਕਾਰਾਂ ਦੀ ਕਾਨਫਰੰਸ ਦਾ ਮੁੱਖ ਮਕਸਦ ਵੀ ਨਵੀਂ ਪੀੜ੍ਹੀ 'ਚ ਕਿਤਾਬਾਂ ਪੜ੍ਹਨ, ਲਿਖਣ ਤੇ ਇਨ੍ਹਾਂ ਰੁਚੀਆਂ ਨੂੰ ਉਤਸ਼ਾਹਿਤ ਕਰਨਾ ਹੈ। ਇਸ ਕਾਨਫਰੰਸ ਦੀ ਲਾਮਬੰਦੀ ਲਈ ਉਪਰਾਲਿਆਂ ਦੀ ਗੂੰਜ ਪੰਜਾਬ ਤੋਂ ਬਾਹਰ ਦੇਸ਼ਾਂ ਤੱਕ ਵੀ ਪੈ ਰਹੀ ਹੈ ਤੇ ਪੰਜਾਬ ਭਵਨ ਕੈਨੇਡਾ ਦਾ ਪੰਜਾਬ ਦੀ ਧਰਤੀ 'ਤੇ ਇਹ ਵੱਡਾ ਵਿਲੱਖਣ ਤੇ ਇਤਿਹਾਸਕ ਕਦਮ ਹੋ ਨਿੱਬੜੇਗਾ।

## ਆਦਰਸ਼ ਸਮਾਜ ਦੀ ਸਿਰਜਣਾ ਲਈ ਸਮਾਜਿਕ ਬੁਰਾਈਆਂ ਦਾ ਖ਼ਾਤਮਾ ਜ਼ਰੂਰੀ : ਰੰਧਾਵਾ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਪ੍ਰਸਿੱਧ ਉਦਯੋਪਤੀ ਅਤੇ ਸਮਾਜ ਸੇਵਕ ਰਘਬੀਰ ਸਿੰਘ ਰੰਧਾਵਾ ਭੱਟੀਕੇ (ਕੈਨੇਡਾ) ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਮਜਿਕ ਬੁਰਾਈਆਂ ਦਾ ਖਾਤਮਾ ਕਰਨਾ ਅਤਿ ਹੀ ਜ਼ਰੂਰੀ ਹੈ ਅਤੇ ਇਸਦੇ ਨਾਲ ਨਾਂਲ ਬੇਹਤਰ ਸਮਾਜ ਦੀ ਸਿਰਜਣਾ ਲਈ ਸਾਂਝੇ ਤੌਰ ਤੇ ਹੀ ਯਤਨ ਕਰਨੇ ਚਾਹੀਦੇ ਹਨ ਅਤੇ ਸਮਾਜਿਕ ਬੁਰਾਈਆਂ ਦਾ ਖਾਤਮਾ ਕਰਨ ਦੇ ਨਾਲ ਨਾਲ ਨਰੋਏ ਸਮਾਜ ਦੀ ਸਿਰਜਣਾ ਲਈ ਗੰਭੀਰਤਾਂ ਨਾਲ ਯਤਨ ਕਰਨ ਅਤਿ ਜ਼ਰੂਰੀ ਹੈ ਕਿਉਂਕਿ ਸਮਾਜ ਵਿੱਚ ਫੈਲੇ ਨਸ਼ੇ ਅਤੇ ਹੋਰ ਬੁਰਾਈਆਂ ਗੰਭੀਰ ਅਤੇ ਚਿੰਤਾ ਵਾਲਾ ਵਿਸ਼ਾ ਹੈ।ਇਸ ਨਰੋਏ ਸਮਾਜ ਦੀ ਸਿਰਜਣਾ ਲਈ ਸਾਂਝੇ ਤੌਰ ਤੇ ਯਤਨ ਕਰਨਾ ਅਤਿ ਹੀ ਜ਼ਰੂਰੀ ਹੈ, ਤਾਂ ਕਿ ਸਮਾਜ ਵਿੱਚ ਫੈਲੀਆਂ ਬੁਰਾਈਆਂ ਨੂੰ ਖਤਮ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਇਹ ਸਾਡੇ ਸਾਰਿਆਂ ਵਲੋਂ ਸਾਂਝੇ ਤੌਰ ਤੇ ਹੰਭਲਾ ਮਾਰਨ ਕਰਕੇ ਹੀ ਹੋ ਸਕਦਾ ਹੈ।ਉਨ੍ਹਾਂ ਕਿਹਾ ਕਿ ਸਾਡਾ ਫਰਜ਼ ਬਣਦਾ ਹੈ ਕਿ ਸਮਾਜ ਸੇਵਾ ਦੇ ਕੰਮਾਂ ਵਿੱਚ ਵੱਧ ਚੜ ਕੇ ਹਿੱਸਾ ਲੈਣ ਨਾਲ ਨਾਲ ਲੋੜਵੰਦਾਂ ਦੀ ਮਦਦ ਵੀ ਕਰੀਏ।ਉਨ੍ਹਾਂ ਪਿੰਡਾਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਚਾਇਤੀ ਚੋਣਾਂ ਬਿਨਾਂ ਧੜੇਬਾਜ਼ੀ ਤੋਂ ਲੜੀਆਂ ਜਾਣ ਅਤੇ ਸਰਬਸੰਮਤੀਆਂ ਨੂੰ ਪਹਿਲ ਦਿੱਤੀ ਜਾਵੇ।

## ਕਾਰਪੋਰੇਟ ਵਿਰੋਧੀ ਦਿਵਸ ਵਜੋਂ ਮਨਾਇਆ ਸ਼ਹੀਦ ਭਗਤ ਸਿੰਘ ਦਾ ਜਨਮ ਦਿਹਾੜਾ



**ਬੁਤਾਲਾ (ਨਿਰਮਲ ਸੰਘਾ)**-ਸੰਯੁਕਤ ਕਿਸਾਨ ਮੋਰਚੇ ਦੇ ਦੇਸ਼ ਵਿਆਪੀ ਸੱਦੇ 'ਤੇ ਅੱਜ ਰਈਆ ਵਿਖੇ ਜਮਹੂਰੀ ਕਿਸਾਨ ਸਭਾ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਅਤੇ ਦਿਹਾਤੀ ਮਜ਼ਦੂਰ ਸਭਾ ਦੇ ਵਰਕਰਾਂ ਵੱਲੋਂ ਸ਼ਹੀਦ ਏ ਆਜ਼ਮ ਭਗਤ ਸਿੰਘ ਦਾ ਜਨਮ ਦਿਹਾੜਾ ਕਾਰਪੋਰੇਟ ਵਿਰੋਧੀ ਦਿਨ ਵਜੋਂ ਮਨਾਇਆ ਗਿਆ।

ਇਸ ਸਮਾਗਮ ਦੀ ਪ੍ਰਧਾਨਗੀ ਸਵਿੰਦਰ ਸਿੰਘ ਖਹਿਰਾ ਅਤੇ ਗੁਰਨਾਮ ਸਿੰਘ ਭਿੰਡਰ ਨੇ ਕੀਤੀ। ਇਸ ਮੌਕੇ ਗੁਰਮੇਜ ਸਿੰਘ ਤਿੰਮੋਵਾਲ, ਪਲਵਿੰਦਰ ਸਿੰਘ ਮਹਿਸਮਪੁਰ ਨੇ ਕਿਹਾ ਸ਼ਹੀਦ ਏ ਆਜ਼ਮ ਸ੍ਰ ਭਗਤ ਸਿੰਘ ਨੇ ਇਹ ਖਦਸ਼ਾ ਜ਼ਾਹਰ ਕੀਤਾ ਸੀ ਅੰਗਰੇਜ਼ਾਂ ਤੋਂ ਅਜ਼ਾਦੀ ਮਿਲਣ ਉਪਰੰਤ ਦੇਸ਼ ਦੀ ਰਾਜ ਸੱਤਾ ਉਪਰ ਸਰਮਾਏਦਾਰ ਅਤੇ ਜਗੀਰਦਾਰ ਕਾਬਜ਼ ਹੋ ਜਾਣਗੇ ਅਤੇ ਉਨ੍ਹਾਂ ਦਾ ਖਦਸ਼ਾ ਸਹੀ ਸਾਬਤ ਹੋਇਆ। ਉਨ੍ਹਾਂ ਕਿਹਾ ਕਿ ਸਰਕਾਰਾਂ ਦੀਆਂ ਸੰਸਾਰੀਕਰਨ, ਉਦਾਰੀਕਰਨ ਅਤੇ ਨਿੱਜੀਕਰਨ ਵਾਲੀਆਂ ਨੀਤੀਆਂ ਲਾਗੂ ਕਰਨ ਕਰਕੇ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਨਹੀਂ ਹੋ ਰਹੇ ਸਗੋਂ ਪਹਿਲਾਂ ਤੋਂ ਰੁਜ਼ਗਾਰ ਤੇ ਲੱਗੇ ਲੋਕ ਰੁਜ਼ਗਾਰ ਵਿਹੂਣੇ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਆਓ ਅੱਜ ਦੇ ਮਹਾਨ ਦਿਨ 'ਤੇ ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ ਸੰਘਰਸ਼ ਕਰਨ ਦਾ ਅਹਿਦ ਕਰੀਏ।

## 76 ਉਮੀਦਵਾਰਾਂ ਵੱਲੋਂ ਸਰਪੰਚੀ ਤੇ 193 ਵੱਲੋਂ ਪੰਚੀ ਲਈ ਨਾਮਜ਼ਦਗੀ ਪੱਤਰ ਦਾਖਲ



**ਮਜੀਠਾ (ਸੋਇਮ ਆਨੰਦ)**-ਮਜੀਠਾ ਬਲਾਕ ਅਧੀਨ ਆਉਂਦੀਆਂ ਗ੍ਰਾਮ ਪੰਚਾਇਤਾਂ ਦੀਆਂ ਨਾਮਜ਼ਦਗੀਆਂ ਐੱਸਡੀਐੱਮ ਦਫਤਰ ਮਜੀਠਾ ਵਿਖੇ ਦਾਖਲ ਕਰਵਾਏ ਜਾ ਰਹੇ ਹਨ।

ਐੱਸਡੀਐੱਮ ਮਜੀਠਾ ਮੈਡਮ ਸੋਨਮ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਚਾਇਤਾਂ ਦੇ ਨਾਮਜ਼ਦਗੀ ਪੱਤਰ ਲੈਣ ਵਾਸਤੇ ਇੰਤਜ਼ਾਮ ਮੁਕੰਮਲ ਹਨ। ਕਿਸੇ ਨੂੰ ਵੀ ਨਾਮਜ਼ਦਗੀ ਪੱਤਰ ਦਾਖਲ ਕਰਵਾਉਣ ਵੇਲੇ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਬਲਾਕ ਮਜੀਠਾ ਅਧੀਨ ਕੁਲ 113 ਗਰਾਮ ਪੰਚਾਇਤਾਂ ਆਉਂਦੀਆਂ ਹਨ ਜਿਨ੍ਹਾਂ ਵਿਚ 23 ਪੰਚਾਇਤਾਂ ਅਨੁਸੂਚਿਤ ਜਾਤੀ ਨਾਲ ਸਬੰਧਤ ਰਾਖਵੀਆਂ, 24 ਪੰਚਾਇਤਾਂ ਅਨੁਸੂਚਿਤ ਜਾਤੀ ਇਸਤਰੀ ਵਾਸਤੇ ਰਾਖਵੀਆਂ, 42 ਪੰਚਾਇਤਾਂ ਇਸਤਰੀ ਵਾਸਤੇ ਰਾਖਵੀਆਂ ਅਤੇ 32 ਪੰਚਾਇਤਾਂ ਜਨਰਲ ਕੈਟਾਗਰੀ ਨਾਲ ਸਬੰਧਤ ਰੱਖੀਆਂ ਗਈਆਂ ਹਨ।

ਉਨ੍ਹਾਂ ਅਗੇ ਦੱਸਿਆ ਕਿ ਹੁਣ ਤੱਕ ਕੁਲ 76 ਸਰਪੰਚ ਵਾਸਤੇ ਅਤੇ 193 ਪੰਚਾਂ ਵਾਸਤੇ ਨਾਮਜ਼ਦਗੀ ਪੱਤਰ ਦਾਖਲ ਕਰਾਏ ਗਏ ਹਨ।ਉਨ੍ਹਾਂ ਨੇ ਕਿਹਾ ਕਿ ਬਲਾਕ ਮਜੀਠਾ ਅਧੀਨ ਕਿਸੇ ਵੀ ਉਮੀਦਵਾਰ ਨੂੰ ਸਬੰਧਤ ਦਸਤਾਵੇਜ਼ ਲੈਣ ਲਈ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।

ਨਵਾਂ ਜ਼ਮਾਨਾ
ਸ਼ੁੱਕਰਵਾਰ, 4 ਅਕਤੂਬਰ 2024

# ਗਾਂਧੀ ਜੈਅੰਤੀ ਮੌਕੇ

ਪਿਛਲੇ ਦਿਨੀਂ ਦੋ ਅਹਿਮ ਘਟਨਾਵਾਂ ਵਾਪਰੀਆਂ ਹਨ। ਇੱਕ, ਲੱਦਾਖ ਤੋਂ ਪਦਯਾਤਰਾ ਕਰਕੇ ਦਿੱਲੀ ਪੁੱਜੇ ਸਮਾਜਿਕ ਕਾਰਕੁੰਨ ਸੋਨਮ ਵਾਂਗਚੁੱਕ ਤੇ ਉਸ ਦੇ ਸਾਥੀਆਂ ਨੂੰ ਸਿੰਘੂ ਬਾਰਡਰ 'ਤੇ ਦਿੱਲੀ ਪੁਲਸ ਵੱਲੋਂ ਹਿਰਾਸਤ ਵਿੱਚ ਲੈ ਲਿਆ ਗਿਆ। ਵਾਂਗਚੁੱਕ ਤੇ ਉਸ ਦੇ ਸਾਥੀ ਲੱਦਾਖ ਨੂੰ ਪੂਰੇ ਰਾਜ ਦਾ ਦਰਜਾ ਦਿੱਤੇ ਜਾਣ ਦੀ ਮੰਗ ਨੂੰ ਲੈ ਕੇ ਸ਼ਾਂਤੀਪੂਰਨ ਤਰੀਕੇ ਨਾਲ ਪੈਦਲ ਯਾਤਰਾ ਕਰ ਰਹੇ ਸਨ, ਤੇ ਉਨ੍ਹਾਂ 2 ਅਕਤੂਬਰ ਨੂੰ ਗਾਂਧੀ ਜੈਅੰਤੀ ਮੌਕੇ ਰਾਜਘਾਟ ਵਿੱਚ ਪੁੱਜ ਕੇ ਆਪਣੀ ਯਾਤਰਾ ਸਮਾਪਤ ਕਰਨੀ ਸੀ। ਦੂਜੀ ਘਟਨਾ ਵਿੱਚ, ਬਲਾਤਕਾਰੀ ਤੇ ਹੱਤਿਆ ਦੇ ਦੋਸ਼ੀ ਗੁਰਮੀਤ ਰਾਮ ਰਹੀਮ ਨੂੰ ਹਰਿਆਣਾ ਵਿਧਾਨ ਸਭਾ ਦੀਆਂ ਚੋਣਾਂ ਦੌਰਾਨ ਮੁੜ ਪੈਰੋਲ 'ਤੇ ਜੇਲ੍ਹੋਂ ਬਾਹਰ ਲਿਆਂਦਾ ਗਿਆ ਹੈ।

ਬਲਾਤਕਾਰੀਆਂ ਤੇ ਹਤਿਆਰਿਆਂ ਦੀ ਭਾਜਪਾ ਨੂੰ ਸਦਾ ਜ਼ਰੂਰਤ ਰਹਿੰਦੀ ਹੈ। ਹੁਣ ਤਾਂ ਇਹ ਯਾਦ ਰੱਖਣਾ ਵੀ ਔਖਾ ਹੋ ਗਿਆ ਹੈ ਕਿ ਗੁਰਮੀਤ ਰਾਮ ਰਹੀਮ ਕਿੰਨੇ ਦਿਨ ਜੇਲ੍ਹ ਵਿੱਚ ਹੁੰਦਾ ਹੈ ਤੇ ਕਿੰਨੇ ਦਿਨ ਪੈਰੋਲ ਜਾਂ ਫਰਲੋ 'ਤੇ ਬਾਹਰ। ਇਸ ਸੰਬੰਧੀ ਇੱਕ ਦਿਲਚਸਪ ਕਾਰਟੂਨ ਬਣਿਆ ਹੋਇਆ ਹੈ, ਜਿਸ ਵਿੱਚ ਸੀਖਾਂ ਅੰਦਰ ਬੰਦ ਗੁਰਮੀਤ ਰਾਮ ਰਹੀਮ ਨੂੰ ਬਾਹਰ ਖੜ੍ਹਾ ਸੰਤਰੀ ਚਾਬੀਆਂ ਫੜਾ ਕੇ ਇਹ ਕਹਿ ਰਿਹਾ ਹੈ ਕਿ, 'ਬਾਬਾ ਜੀ ਤੁਸੀਂ ਇਨ੍ਹਾਂ ਨੂੰ ਆਪਣੇ ਕੋਲ ਹੀ ਰੱਖ ਲਓ।'

ਪਹਿਲਾਂ ਇਹ ਧਾਰਨਾ ਸੀ ਕਿ ਅੱਜ ਦੇਸ਼ ਦੀ ਸੱਤਾ ਕਾਰਪੋਰੇਟਾਂ ਤੇ ਸੱਤਾਧਾਰੀਆਂ ਦਾ ਗੱਠਜੋੜ ਚਲਾ ਰਿਹਾ ਹੈ, ਹੁਣ ਇਸ ਗੱਠਜੋੜ ਦਾ ਹਿੱਸਾ ਅਪਰਾਧੀ ਤੇ ਬਲਾਤਕਾਰੀ ਵੀ ਬਣ ਚੁੱਕੇ ਹਨ। ਇਸ ਦੇ ਬਾਵਜੂਦ 56 ਇੰਚੀ ਹੁਕਮਰਾਨ ਏਨਾ ਡਰਿਆ ਹੋਇਆ ਹੈ ਕਿ ਉਸ ਨੂੰ ਵਿਰੋਧ ਦੀ ਹਰ ਅਵਾਜ਼ ਕੰਬਣੀ ਛੇੜ ਦਿੰਦੀ ਹੈ। ਉਕਤ ਦੋਵੇਂ ਘਟਨਾਵਾਂ ਗਾਂਧੀ ਜੈਅੰਤੀ ਮੌਕੇ ਵਾਪਰੀਆਂ ਹਨ। ਅਹਿੰਸਾ ਤੇ ਮਨੁੱਖੀ ਅਧਿਕਾਰਾਂ ਦੇ ਪੁਜਾਰੀ ਗਾਂਧੀ ਜੀ ਨੂੰ ਸੱਤਾਧਾਰੀਆਂ ਵੱਲੋਂ ਦਿੱਤਾ ਗਿਆ ਇਹੋ ਤੋਹਫਾ ਹੈ। ਗਾਂਧੀ ਜੀ ਦੇ ਇਸ ਦੇਸ਼ ਵਿੱਚ ਮੌਜੂਦਾ ਹਕੂਮਤੀ ਦੌਰ ਦੌਰਾਨ ਜਿੰਨੇ ਲੋਕਾਂ ਨੂੰ ਦੇਸ਼ਧ੍ਰੋਹੀ ਬਣਾ ਦਿੱਤਾ ਗਿਆ ਹੈ, ਏਨੇ ਤਾਂ ਅੰਗਰੇਜ਼ੀ ਰਾਜ ਦੌਰਾਨ ਵੀ ਨਹੀਂ ਸਨ ਬਣਾਏ ਗਏ। ਇਹ ਹਾਲਾਤ ਦੀ ਸਚਾਈ ਹੈ ਕਿ ਜੇ ਅੱਜ ਗਾਂਧੀ ਜ਼ਿੰਦਾ ਹੁੰਦੇ ਤੇ ਡਾਂਡੀ ਮਾਰਚ ਕਰਦੇ ਤਾਂ ਉਨ੍ਹਾ ਨੂੰ ਵੀ ਦੇਸ਼ਧ੍ਰੋਹੀ ਬਣਾ ਕੇ ਜੇਲ੍ਹ ਵਿੱਚ ਸੁੱਟਿਆ ਹੋਣਾ ਸੀ।

ਦੇਸ਼ ਦੇ ਮੀਡੀਆ ਨੇ ਸਾਬਤ ਕਰ ਦਿੱਤਾ ਹੈ ਕਿ ਅੱਜ ਗਾਂਧੀ ਜੀ ਦੀ ਕੀ ਔਕਾਤ ਹੈ। ਇੱਕ ਪਾਸੇ ਮੀਡੀਆ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਗਾਂਧੀ ਜੀ ਨੂੰ ਫੁੱਲ ਅਰਪਿਤ ਕਰਦਿਆਂ ਦਿਖਾ ਰਿਹਾ ਸੀ, ਦੂਜੇ ਪਾਸੇ ਸੋਸ਼ਲ ਮੀਡੀਆ 'ਤੇ ਨੱਥੂ ਰਾਮ ਗੌਡਸੇ ਅਮਰ ਰਹੇ ਟਰੈਂਡ ਕਰ ਰਿਹਾ ਸੀ। ਸਰਕਾਰ, ਮੰਤਰੀ ਤੇ ਸੰਤਰੀ ਸਾਰੇ ਖਾਮੋਸ਼ ਰਹੇ ਕਿਉਂਕਿ ਉਹ ਇਹੋ ਹੀ ਮੰਨਦੇ ਹਨ। ਸਾਲ 2019 ਵਿੱਚ ਭਾਜਪਾ ਦੇ ਸ਼ਾਸਨ ਵਾਲੇ ਮੱਧ ਪ੍ਰਦੇਸ਼ ਦੇ ਰੀਵਾ ਵਿੱਚ ਬਣੇ ਗਾਂਧੀ ਭਵਨ ਵਿੱਚੋਂ ਗਾਂਧੀ ਜੀ ਦੀ ਰਾਖ ਤੇ ਸਾਮਾਨ ਚੋਰੀ ਹੋ ਗਿਆ ਸੀ। ਚੋਰ ਉਨ੍ਹਾਂ ਦੀ ਫੋਟੋ ਹੇਠਾਂ ਗ਼ੱਦਾਰ ਲਿਖ ਗਏ ਸਨ। ਗਾਂਧੀ ਜੀ ਦੇ ਪੁਤਲੇ 'ਤੇ ਗੋਲੀਆਂ ਚਲਾਉਣ ਵਾਲੀ ਸਾਧਵੀ ਸਾਂਸਦ ਬਣਾ ਦਿੱਤੀ ਗਈ ਸੀ।

ਵਿਅੰਗਕਾਰ ਹਰੀਸ਼ੰਕਰ ਪਰਸਾਈ ਨੇ ਜਨਸੰਘ ਦੇ ਜ਼ਮਾਨੇ ਵਿੱਚ ਗਾਂਧੀ ਜੀ ਦੇ ਨਾਂਅ ਪੱਤਰ ਵਿੱਚ ਲਿਖਿਆ ਸੀ, "ਤੁਹਾਡੇ ਨਾਂਅ 'ਤੇ ਸੜਕਾਂ ਹਨ, ਮਹਾਤਮਾ ਗਾਂਧੀ ਮਾਰਗ ਹੈ, ਮਹਾਤਮਾ ਗਾਂਧੀ ਰੋਡ ਹੈ, ਸਾਡੇ ਨੇਤਾ ਰੋਜ਼ ਉਨ੍ਹਾਂ ਉਤੇ ਚਲਦੇ ਹਨ। ਕੌਣ ਕਹਿੰਦਾ ਹੈ ਕਿ ਉਨ੍ਹਾਂ ਤੁਹਾਡਾ ਮਾਰਗ ਛੱਡ ਦਿੱਤਾ ਹੈ।"

ਉਨ੍ਹਾਂ ਆਪਣੇ ਲੰਮੇ ਪੱਤਰ ਵਿੱਚ ਅੱਗੇ ਲਿਖਿਆ ਸੀ, "ਗੌਡਸੇ ਨੂੰ ਭਗਤ ਸਿੰਘ ਦਾ ਦਰਜਾ ਦੇਣ ਦੀ ਕੋਸ਼ਿਸ਼ ਹੋ ਰਹੀ ਹੈ। ਗੌਡਸੇ ਨੇ ਹਿੰਦੂ ਰਾਸ਼ਟਰ ਵਿਰੋਧੀ ਗਾਂਧੀ ਨੂੰ ਮਾਰਿਆ ਸੀ। ਗੌਡਸੇ ਜਦੋਂ ਭਗਤ ਸਿੰਘ ਵਾਂਗ ਕੌਮੀ ਹੀਰੋ ਬਣ ਜਾਵੇਗਾ ਤਾਂ 30 ਜਨਵਰੀ ਦਾ ਕੀ ਬਣੇਗਾ? 'ਗਾਂਧੀ ਨਿਰਵਾਣ ਦਿਵਸ', 'ਗੌਡਸੇ ਗੌਰਵ ਦਿਵਸ' ਬਣ ਜਾਵੇਗਾ। ਜਦੋਂ 30 ਜਨਵਰੀ ਨੂੰ ਗੌਡਸੇ ਦੀ ਜੈ ਜੈਕਾਰ ਹੋਵੇਗੀ। ਦੱਸਿਆ ਜਾਵੇਗਾ ਕਿ ਇਸ ਬਹਾਦਰ ਨੇ ਗਾਂਧੀ ਨੂੰ ਮਾਰਿਆ ਸੀ। ਤੁਹਾਨੂੰ ਗੌਡਸੇ ਦੇ ਬਹਾਨੇ ਯਾਦ ਕੀਤਾ ਜਾਵੇਗਾ। ਹੁਣ ਤੱਕ ਗੌਡਸੇ ਨੂੰ ਤੁਹਾਡੇ ਬਹਾਨੇ ਯਾਦ ਕੀਤਾ ਜਾਂਦਾ ਹੈ। ਇੱਕ ਮਹਾਨ ਮਨੁੱਖ ਹੱਥੋਂ ਮਰਨ ਦਾ ਕਿੰਨਾ ਫਾਇਦਾ ਤੁਹਾਨੂੰ ਮਿਲੇਗਾ। ਲੋਕ ਜਦੋਂ ਪੁੱਛਣਗੇ ਕਿ ਗਾਂਧੀ ਕੌਣ ਸੀ ਤਾਂ ਜਵਾਬ ਮਿਲੇਗਾ ਉਹੀ ਜਿਸ ਨੂੰ ਗੌਡਸੇ ਨੇ ਮਾਰਿਆ ਸੀ।"

ਅੱਜ ਦੇਸ਼ ਦੀ ਹਾਲਤ ਇਹ ਹੈ ਕਿ ਹਿੰਦੂ ਅੱਤਵਾਦੀ ਸੰਗਠਨ ਸੱਤਾ ਦੇ ਨਸ਼ੇ ਵਿੱਚ ਚੂਰ ਹਨ। ਰਾਸ਼ਟਰੀ ਸਵੈਮਸੇਵਕ ਸੰਘ ਆਪਣੇ ਆਪ ਨੂੰ ਭਾਰਤ ਵਰਸ਼ ਬਣਾਈ ਬੈਠਾ ਹੈ। ਜਨਤਾ ਆਪਣੀਆਂ ਸਮੱਸਿਆਵਾਂ ਨਾਲ ਜੂਝ ਰਹੀ ਹੈ। ਵਿਰੋਧੀ ਧਿਰ ਜ਼ਬਾਨੀ-ਕਲਾਮੀ ਜਮ੍ਹਾਂ ਖਰਚ ਤੋਂ ਅੱਗੇ ਨਹੀਂ ਵਧ ਰਹੀ। ਇਹੋ ਹਾਲਾਤ ਰਹੇ ਤਾਂ ਇੱਕ ਦਿਨ ਮਹਾਤਮਾ ਗਾਂਧੀ ਪੂਰੀ ਤਰ੍ਹਾਂ ਭੁਲਾ ਦਿੱਤੇ ਜਾਣਗੇ ਤੇ ਕੌਮੀ ਪੱਧਰ 'ਤੇ ਗੌਡਸੇ ਦੀ ਜੈਅੰਤੀ ਮਨਾਈ ਜਾਇਆ ਕਰੇਗੀ।

**-ਚੰਦ ਫਤਿਹਪੁਰੀ**

## ਪਾਠਕ-ਸੱਥ

### ਪਰਾਲੀ ਸਾੜਨਾ, ਬਿਮਾਰੀਆਂ ਨੂੰ ਸੱਦਾ

ਅੱਜ ਕੱਲ੍ਹ ਝੋਨੇ ਦੀ ਕਟਾਈ ਦਾ ਕੰਮ ਚੱਲ ਰਿਹਾ ਹੈ। ਕਿਸਾਨ ਭਰਾ ਪਰਾਲੀ ਨੂੰ ਸਾੜ ਰਹੇ ਹਨ। ਪਰਾਲੀ ਸਾੜਨ ਨਾਲ ਧੂੰਏਂ ਵਿੱਚੋਂ ਨਿਕਲੇ ਸਲਫ਼ਰ ਡਾਈ ਆਕਸਾਈਡ, ਕਾਰਬਨ ਮੋਨੋਆਕਸਾਈਡ, ਕਾਰਬਨ ਡਾਈਆਕਸਾਈਡ, ਹਾਈਡਰੋਜਨ ਸਲਫਾਈਡ ਅਤੇ ਹੋਰ ਬਹੁਤ ਸਾਰੇ ਹਾਈਡਰੋਕਾਰਬਨਾਂ ਨਾਲ ਅਸੀਂ ਵਾਤਾਵਰਣ ਨੂੰ ਪਲੀਤ ਕਰ ਦਿੱਤਾ ਹੈ ਅਤੇ ਕਰ ਰਹੇ ਹਾਂ। ਪਰਾਲੀ ਸਾੜਨ ਕਰਕੇ ਪੈਦਾ ਹੋਏ ਧੂੰਏਂ ਨਾਲ ਬਹੁਤ ਸਾਰੀਆਂ ਦੁਰਘਟਨਾਂ ਵਧਦੀਆਂ ਹਨ। ਇਸ ਨਾਲ ਸਾਹ ਲੈਣਾ ਔਖਾ ਹੋ ਜਾਂਦਾ ਹੈ। ਇਸ ਨਾਲ ਧਰਤੀ ਉੱਪਰ ਮੌਜੂਦ ਅਨੇਕਾਂ ਸਾਡੇ ਮਿੱਤਰ ਕੀੜੇ, ਸੂਖਮ ਜੀਵ, ਬਨਸਪਤੀ ਉੱਤੇ ਮਾੜਾ ਅਸਰ ਪੈਂਦਾ ਹੈ। ਕਈ ਪੰਛੀ ਵੀ ਇਸ ਨਾਲ ਝੁਲਸ ਜਾਂਦੇ ਹਨ। ਪਰਾਲੀ ਸਾੜਨ ਕਾਰਨ ਜ਼ੁਕਾਮ, ਦਮਾ, ਸਿਰ ਦਰਦ, ਅੱਖਾਂ ਦੀਆਂ, ਖੰਘ ਦੀਆਂ ਬਿਮਾਰੀਆਂ ਲੱਗਦੀਆਂ ਹਨ। ਸਰਕਾਰ ਨੂੰ ਇਸ ਮਸਲੇ ਦਾ ਕੋਈ ਹੱਲ ਕੱਢਣਾ ਚਾਹੀਦਾ ਹੈ। ਨਿਰਾਪੁਰਾ ਕਸੂਰ ਕਿਸਾਨਾਂ ਵਿੱਚ ਨਹੀਂ ਕੱਢਣਾ ਚਾਹੀਦਾ। ਪੰਜਾਬ ਸਰਕਾਰ ਕਿਸਾਨਾਂ ਨੂੰ ਘੱਟ ਰੇਟ 'ਤੇ ਮਸ਼ੀਨਾਂ ਮੁਹੱਈਆ ਕਰਵਾਏ, ਜਿਸ ਤਰ੍ਹਾਂ ਰੋਟਾਵੇਟਰ। ਸਰਕਾਰ ਨੂੰ ਕਿਸਾਨਾਂ ਨੂੰ ਪ੍ਰਤੀ ਏਕੜ ਪਰਾਲੀ ਨਾ ਸਾੜਨ ਦਾ ਖਰਚਾ ਦੇਣਾ ਚਾਹੀਦਾ ਹੈ। ਹੁਣ ਸੋਚਣ ਦੀ ਗੱਲ ਪੰਜਾਬ ਸਰਕਾਰ ਦੀ ਹੈ ਕਿ ਕੀ ਕਰਨਾ ਹੈ? ਮਾਨਯੋਗ ਸੁਪਰੀਮ ਕੋਰਟ ਨੇ ਵੀ ਇਸ 'ਤੇ ਆਪਣੇ ਹੁਕਮ ਜਾਰੀ ਕਰ ਦਿੱਤੇ ਹਨ, ਉਨ੍ਹਾਂ ਦੀ ਪਾਲਣਾ ਕਰਨੀ ਚਾਹੀਦੀ ਹੈ।

**-ਡਾ. ਨਰਿੰਦਰ ਭੱਪਰ ਝਬੇਲਵਾਲੀ, 62841-45349**

# ਰਾਸ਼ਟਰਪਤੀ ਦਿਸਾਨਾਇਕੇ ਲਈ ਪੈਂਡਾ ਅੰਗਾਰਿਆਂ ਭਰਿਆ



ਪਵਨ ਕੁਮਾਰ ਕੌਸ਼ਲ

ਸ੍ਰੀਲੰਕਾ ਦੇ ਲੋਕਾਂ ਨੇ ਨੈਸ਼ਨਲ ਪੀਪਲਜ਼ ਪਾਵਰ (ਐੱਨ ਪੀ ਪੀ) ਦੇ ਮਾਰਕਸਵਾਦੀ ਵਿਚਾਰਧਾਰਾ ਦੇ ਅਨੁਆਈ ਅਨੁਰਾ ਕੁਮਾਰਾ ਦਿਸਾਨਾਇਕੇ ਨੂੰ ਨੌਵੇਂ ਰਾਸ਼ਟਰਪਤੀ ਅਹੁਦੇ ਲਈ ਦੇਸ਼ ਦੇ ਬਦਲਾਅ ਲਈ ਚੁਣਿਆ ਹੈ।ਖੱਬੀ ਸੋਚ ਦੇ ਅਨੁਆਈਆਂ ਲਈ ਇਹ ਇੱਕ ਮਹੱਤਵਪੂਰਨ ਅਤੇ ਉਤਸ਼ਾਹਪੂਰਨ ਵਰਤਾਰਾ ਹੈ ਕਿ ਵਿਸ਼ਵ ਅੰਦਰ ਮਾਰਕਸਵਾਦੀ ਵਿਚਾਰਧਾਰਾ ਖਤਮ ਨਹੀਂ, ਸਗੋਂ ਅਗੇ ਵਧਦੀ ਜਾ ਰਹੀ ਹੈ।

ਦਿਸਨਾਇਕੇ ਦੀ ਚੋਣਾਵੀ ਜਿੱਤ ਨੇ ਇਹ ਦਰਸਾ ਦਿੱਤਾ ਹੈ ਕਿ ਸ੍ਰੀਲੰਕਾ ਦੀ ਜਨਤਾ ਦੀ ਬਹੁ-ਗਿਣਤੀ ਸਮਾਜਿਕ-ਆਰਥਕ ਪ੍ਰਣਾਲੀ ਦਾ ਬਦਲਾਅ ਚਾਹੁੰਦੀ ਹੈ, ਪ੍ਰੰਤੂ ਅਜੇ ਇਨਕਲਾਬੀ ਤਬਦੀਲੀ ਲਈ ਤਿਆਰ ਨਹੀ, ਉਹ ਪਾਰਲੀਮਾਨੀ ਢੰਗ ਨਾਲ ਹੀ ਤਬਦੀਲੀ ਵਿੱਚ ਵਿਸ਼ਵਾਸ ਰੱਖਦੀ ਹੈ।ਉਹ ਜਲਦੀ ਹੀ ਸਮਝ ਜਾਵੇਗੀ ਕਿ ਪਾਰਲੀਮਾਨੀ ਰਾਹ 'ਤੇ ਚਲਦਿਆਂ ਕੋਈ ਗੁਣਾਤਮਕ, ਸਿਫਤੀ ਤਬਦੀਲੀ ਕਰਨਾ ਸੰਭਵ ਨਹੀ ।ਇਸ ਪਾਰਲੀਮਾਨੀ ਜਿੱਤ ਨੂੰ ਇਨਕਲਾਬੀ ਬਦਲਾਅ ਲਈ ਵਰਤਿਆ ਜਾ ਸਕਦਾ ਹੈ।

ਸ੍ਰੀਲੰਕਾ ਦੇ ਲੋਕਾਂ ਨੇ ਨੈਸ਼ਨਲ ਪੀਪਲਜ਼ ਪਾਵਰ (ਐੱਨ ਪੀ ਪੀ) ਦੇ ਅਨੁਰਾ ਕੁਮਾਰਾ ਦਿਸਾਨਾਇਕੇ ਨੂੰ ਆਪਣੀ ਸਹਿਮਤੀ ਨਾਲ ਨੌਵੇਂ ਰਾਸ਼ਟਰਪਤੀ ਚੋਣ ਵਿੱਚ ਬਦਲਾਅ ਲਈ ਵੋਟ ਦਿੱਤਾ ਹੈ। ਭਾਵੇਂ ਕਿ ਸ੍ਰੀ ਦਿਸਾਨਾਇਕੇ, ਜਨਤਾ ਵਿਮੁਕਤੀ ਪੇਰਾਮੁਨਾ (ਜੇ ਵੀ ਪੀ) ਦੇ ਮੁਖੀ ਵੀ ਹਨ, ਨੂੰ ਗਿਣਤੀ ਦੇ ਦੂਜੇ ਦੌਰ ਵਿੱਚੋਂ ਲੰਘਣਾ ਪਿਆ। 1978 ਵਿੱਚ ਕਾਰਜਕਾਰੀ ਰਾਸ਼ਟਰਪਤੀ ਦੀ ਪ੍ਰਣਾਲੀ ਦੀ ਸ਼ੁਰੂਆਤ ਤੋਂ ਬਾਅਦ ਪਹਿਲੀ ਵਾਰ ਫਤਵੇ ਦੀ ਸੰਭਾਵਨਾ ਪੈਦਾ ਹੋਈ ਹੈ।

ਜੇ ਵੀ ਪੀ ਮਾਰਕਸਵਾਦੀ ਮੂਲ ਦੀ ਪਾਰਟੀ, ਜੋ ਕਿ ਐੱਨ ਪੀ ਪੀ ਦੀ ਅਗਵਾਈ ਕਰ ਰਹੀ ਹੈ, ਲਗਭਗ 42 ਫੀਸਦੀ ਵੋਟ ਸ਼ੇਅਰ ਪ੍ਰਾਪਤ ਕਰਨ ਵਿੱਚ ਕਾਮਯਾਬ ਰਹੀ ਹੈ। ਆਪਣੀਆਂ ਰੁਕਾਵਟਾਂ ਨੂੰ ਦੇਖਦੇ ਹੋਏ ਸਾਰੇ ਪ੍ਰਤੀਯੋਗੀਆਂ ਨੇ ਆਪਣੇ ਆਪ ਨੂੰ ਇਸ ਤਰੀਕੇ ਨਾਲ ਸੰਚਾਲਿਤ ਕੀਤਾ, ਜੋ ਲੋਕਤੰਤਰ ਪ੍ਰਣਾਲੀ ਵਿੱਚ ਉਨ੍ਹਾਂ ਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ।

ਜਿਵੇਂ ਕਿ ਸ੍ਰੀਲੰਕਾ ਵਿੱਚ ਆਰਥਕ ਸੰਕਟਾਂ ਨੇ ਵਿਦਰੋਹ ਨੂੰ ਸ਼ੁਰੂ ਕੀਤਾ ਸੀ, ਸਾਰੇ ਦਾਅਵੇਦਾਰਾਂ ਨੇ ਆਰਥਕ ਕਾਰਕ 'ਤੇ ਧਿਆਨ ਕੇਂਦਰਤ ਕੀਤਾ ਸੀ। ਦਿਸਾਨਾਇਕੇ ਵੱਲੋਂ ਹਾਲ ਹੀ ਵਿੱਚ ਵਿਗੜ ਰਹੀ ਆਰਥਿਕਤਾ ਨੂੰ ਠੀਕ ਕਰਨਾ ਉਨ੍ਹਾ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੋਵੇਗਾ। ਦੇਖਣਾ ਇਹ ਹੈ ਕਿ ਕੀ ਅਨੁਰਾ ਕੁਮਾਰਾ ਦਿਸਾਨਾਇਕੇ ਖੱਬੇ-ਪੱਖੀ ਹੋਣ ਦੇ ਬਾਵਜੂਦ ਜੇ ਵੀ ਪੀ ਨੇਤਾ ਮਾਰਕਸਵਾਦੀ ਸਿਧਾਂਤ ਨੂੰ ਕਰਨ ਵਿੱਚ ਸਫਲ ਹੋਵੇਗਾ? ਰਾਸ਼ਟਰਪਤੀ ਲਈ ਪੈਂਡਾ ਅੰਗਾਰਿਆ ਭਰਿਆ ਹੈ।ਉਹ ਕਿਸ ਤਰ੍ਹਾਂ ਦੇਸ਼ ਦੀ ਇੱਕ ਚੌਥਾਈ ਅਬਾਦੀ ਨੂੰ ਗਰੀਬੀ ਦੀ ਲਾਹਨਤ 'ਚੋਂ ਬਾਹਰ ਕੱਢਣਗੇ, ਮਹਿੰਗਾਈ ਅਤੇ ਆਰਥਕ ਸੰਕਟ ਨਾਲ ਜੂਝ ਰਹੇ ਦੇਸ਼ ਨੂੰ ਕਿਸ ਤਰ੍ਹਾਂ ਲੀਹ 'ਤੇ ਲਿਆਉਣਗੇ?

ਦਿਸਾਨਾਇਕੇ ਦੇ ਮੁੱਢਲੇ ਵਿਚਾਰਾਂ ਤੋਂ ਤਾਂ ਇਹ ਪਤਾ ਲਗਦਾ ਕਿ ਉਹ ਨਿੱਜੀ ਅਤੇ ਵਿਦੇਸ਼ੀ ਨਿਵੇਸ਼ਾਂ ਪ੍ਰਤੀ ਹਾਮੀ ਭਰਦੇ ਅਤੇ ਅੰਤਰ-ਰਾਸ਼ਟਰੀ ਮੁਦਰਾ ਕੋਸ਼ ਨਾਲ $2.9 ਬਿਲੀਅਨ ਬੇਲਆਊਟ ਸਮਝੌਤੇ ਨੂੰ ਰੱਦ ਕਰਨ ਦੀ ਬਜਾਏ ਦੁਬਾਰਾ ਗੱਲਬਾਤ ਕਰਨ ਦੀ ਗੱਲ ਕਰਦੇ ਹਨ।ਇਨ੍ਹਾਂ ਅੰਤਰ-ਰਾਸ਼ਟਰੀ ਸੰਸਥਾਵਾਂ ਦੇ ਜਾਲ ਵਿਚੋਂ ਕਿਵੇਂ ਬਾਹਰ ਨਿਕਲਣਾ ਹੈ, ਬਾਰੇ ਆਪਣੇ ਕੋਈ ਵਿਚਾਰ ਪ੍ਰਗਟ ਨਹੀ ਕੀਤੇ।

ਸ੍ਰੀਲੰਕਾ ਸਰਕਾਰ (1971 ਅਤੇ 1987-89) ਦੇ ਵਿਰੁੱਧ ਦੋ ਹਥਿਆਰਬੰਦ ਵਿਦਰੋਹ ਵਿੱਚ ਸ਼ਾਮਲ ਦਿਸਾਨਾਇਕੇ ਦੀ ਜਨਤਾ ਵਿਮੁਕਤੀ ਪੇਰਾਮੁਨਾ (ਜੇ ਵੀ ਪੀ) ਹਾਲ ਹੀ ਦੇ ਦਹਾਕਿਆਂ ਵਿੱਚ ਮੁੱਖ ਧਾਰਾ ਦੀ ਰਾਜਨੀਤੀ ਵਿੱਚ ਸਰਗਰਮ ਰਹੀ ਹੈ।

ਦਿਸਾਨਾਇਕੇ ਲਈ ਵੱਡੀਆਂ ਚੁਣੌਤੀਆਂ ਦੇਸ਼ ਨੂੰ ਆਪਣਾ ਕਰਜ਼ਾ ਚੁਕਾਉਣ, ਨਿਵੇਸ਼ਕਾਂ ਦਾ ਭਰੋਸਾ ਮੁੜ ਹਾਸਲ ਕਰਨ ਅਤੇ ਆਪਣੀ ਆਬਾਦੀ ਦੇ ਇੱਕ ਚੌਥਾਈ (25 ਫੀਸਦੀ) ਹਿੱਸੇ ਨੂੰ ਗਰੀਬੀ ਤੋਂ ਬਾਹਰ ਕੱਢਣ ਦੇ ਯੋਗ ਬਣਾਉਣਾ ਹੈ। ਉਹ ਜਨਤਾ ਨੂੰ ਨਿਰਾਸ਼ ਕਰਨ ਲਈ ਬਰਦਾਸ਼ਤ ਨਹੀਂ ਕਰ ਸਕਦਾ, ਜਿਸ ਦੇ ਗੁੱਸੇ ਅਤੇ ਅਸੰਤੁਸ਼ਟੀ ਨੇ 2022 ਦੇ ਵਿਰੋਧ ਪ੍ਰਦਰਸ਼ਨਾਂ ਨੂੰ ਭੜਕਾਇਆ ਸੀ, ਜਿਸ ਕਾਰਨ ਉਸ ਸਮੇਂ ਦੇ ਰਾਸ਼ਟਰਪਤੀ ਗੋਟਾਬਾਯਾ ਰਾਜਪਕਸ਼ੇ ਨੂੰ ਜਾਣਾ ਪਿਆ।ਭੋਜਨ ਅਤੇ ਬਾਲਣ ਦੀ ਕਮੀ ਦੇ ਉਹ ਭਿਆਨਕ ਦ੍ਰਿਸ਼ ਲੋਕਾਂ ਦੇ ਮਨਾਂ ਵਿੱਚ ਅਜੇ ਵੀ ਤਾਜ਼ਾ ਹਨ।

ਇਨ੍ਹਾਂ ਚੋਣਾਂ ਨੇ ਸਾਫ਼ ਕੀਤਾ ਹੈ ਕਿ ਵੋਟਰ ਸੰਕਟ 'ਚ ਘਿਰੇ ਇਸ ਮੁਲਕ ਵਿੱਚ ਇੱਕ ਨਵੀਂ ਸ਼ੁਰੂਆਤ ਦੀ ਹਾਮੀ ਭਰ ਰਹੇ ਹਨ। ਨੈਸ਼ਨਲ ਪੀਪਲਜ਼ ਪਾਵਰ (ਐੱਨ ਪੀ ਪੀ) ਗੱਠਜੋੜ ਦੇ ਉਮੀਦਵਾਰ ਦਿਸਾਨਾਇਕੇ ਨੇ ਇਹ ਜਿੱਤ ਆਪਣੇ ਭ੍ਰਿਸ਼ਟਾਚਾਰ



ਵਿਰੋਧੀ ਅਤੇ ਗ਼ਰੀਬ-ਪੱਖੀ ਏਜੰਡੇ ਦੇ ਸਿਰ ਉੱਤੇ ਹਾਸਿਲ ਕੀਤੀ ਹੈ। ਟੈਕਸਾਂ 'ਚ ਕਟੌਤੀ ਦੇ ਉਸ ਦੇ ਵਾਅਦੇ ਨੂੰ ਲੋਕਾਂ ਨੇ ਪਸੰਦ ਕੀਤਾ ਹੈ, ਕਿਉਂਕਿ ਉਹ ਪਹਿਲਾਂ ਹੀ ਗ਼ਰੀਬੀ ਦੀ ਮਾਰ ਝੱਲ ਰਹੇ ਹਨ ਅਤੇ ਮਹਿੰਗਾਈ ਨੇ ਉਨ੍ਹਾਂ ਦਾ ਲੱਕ ਤੋੜ ਦਿੱਤਾ ਹੈ।

ਉਨ੍ਹਾ ਅੱਗੇ ਜਿਹੜੀਆਂ ਪ੍ਰਮੁੱਖ ਚੁਣੌਤੀਆਂ ਹਨ, ਉਨ੍ਹਾਂ ਵਿੱਚ ਮੁਲਕ ਨੂੰ ਕਰਜ਼ਾ ਮੋੜਨ ਦੇ ਸਮਰੱਥ ਬਣਾਉਣਾ, ਨਿਵੇਸ਼ਕਾਂ ਦਾ ਭਰੋਸਾ ਮੁੜ ਜਿੱਤਣਾ ਅਤੇ ਆਪਣੀ ਆਬਾਦੀ ਦੇ ਚੌਥੇ ਹਿੱਸੇ ਨੂੰ ਗ਼ਰੀਬੀ ਵਿੱਚੋਂ ਕੱਢਣਾ ਸ਼ਾਮਲ ਹੈ। ਉਹ ਉਨ੍ਹਾਂ ਲੋਕਾਂ ਦੀਆਂ ਉਮੀਦਾਂ ਬਿਲਕੁਲ ਨਹੀਂ ਤੋੜ ਸਕਦੇ, ਜਿਨ੍ਹਾਂ ਦੇ ਗੁੱਸੇ ਤੇ ਬਗ਼ਾਵਤ ਨੇ 2022 ਦੇ ਰੋਸ ਮੁਜ਼ਾਹਰਿਆਂ ਨੂੰ ਜਨਮ ਦਿੱਤਾ ਸੀ ਅਤੇ ਇਹੀ ਮੁਜ਼ਾਹਰੇ ਤਤਕਾਲੀ ਰਾਸ਼ਟਰਪਤੀ ਗੋਟਬਾਯਾ ਰਾਜਪਕਸ਼ੇ ਦੇ ਸੱਤਾ ਤੋਂ ਲਾਂਭੇ ਹੋਣ ਦਾ ਕਾਰਨ ਬਣੇ ਸਨ। ਉਸ ਵੇਲੇ ਖ਼ੁਰਾਕ ਤੇ ਈਂਧਨ ਦੀ ਹੋਈ ਕਮੀ ਦੇ ਬੁਰੇ ਦ੍ਰਿਸ਼ ਅੱਜ ਵੀ ਲੋਕਾਂ ਦੇ ਮਨਾਂ ਵਿੱਚ ਤਾਜ਼ਾ ਹਨ।

ਉਨ੍ਹਾ ਨੂੰ ਸੋਚ-ਸਮਝ ਕੇ ਕਦਮ ਪੁੱਟਣ ਦੀ ਲੋੜ ਹੈ ।ਉਹ ਅਜਿਹਾ ਸਭ ਕੁਝ ਮੌਜੂਦਾ ਪ੍ਰਸ਼ਾਸਨਿਕ ਪ੍ਰਣਾਲੀ ਉਪਰ ਵਿਸ਼ਵਾਸ਼ ਕਰਕੇ ਨਹੀ ਕਰ ਸਕੇਗਾ। ਸਾਰਾ ਵੱਡਾ ਅਰਥਚਾਰਾ ਵੱਡੇ ਪੂੰਜੀਪਤੀਆਂ ਅਤੇ ਇਜਾਰੇਦਾਰਾਂ ਦੇ ਹੱਥ ਵਿੱਚ ਹੈ, ਪੁਲਸ ਅਤੇ ਫੌਜ ਉਨ੍ਹਾਂ ਦੇ ਪ੍ਰਭਾਵ ਹੇਠ ਹੈ। ਰਾਸ਼ਟਰਪਤੀ ਨੂੰ ਹਰ ਕਦਮ ਸੋਚ ਕੇ ਪੁੱਟਣਾ ਪਵੇਗਾ।

ਪਾਰਲੀਮਾਨੀ ਸੰਸਥਾਵਾਂ ਹਾਕਮ ਜਮਾਤ ਦੀ ਰਾਜਸੱਤਾ ਦਾ ਅੰਗ ਹਨ। ਇਹ ਕਿਰਤੀ ਲੋਕਾਂ ਉੱਪਰ ਜਬਰ ਢਾਹੁਣ ਤੇ ਉਹਨਾਂ ਨੂੰ ਭਰਮਾਉਣ ਦਾ ਇੱਕ ਸਾਧਨ ਹਨ। ਤੀਜੀ ਕੌਮਾਂਤਰੀ ਮੁਤਾਬਕ ਪਾਰਲੀਮਾਨੀਵਾਦ ਸੱਤਾ ਦੇ ਪ੍ਰਬੰਧ ਵਜੋਂ ਬੁਰਜੂਆਜੀ ਦੀ ਹਕੂਮਤ ਦਾ 'ਜਮਹੂਰੀ' ਰੂਪ ਬਣ ਗਿਆ ਹੈ, ਜਿਸ ਨੂੰ ਕਿ ਵਿਕਾਸ ਦੇ ਖਾਸ ਪੜਾਅ ਉੱਤੇ ਜਨਤਕ ਨੁਮਾਇੰਦਗੀ ਦੀ ਮਿੱਥ ਦੀ ਜ਼ਰੂਰਤ ਹੁੰਦੀ ਹੈ।

ਪਾਰਲੀਮਾਨੀ ਸੰਸਥਾਵਾਂ ਰਾਹੀਂ ਕੋਈ ਬੁਨਿਆਦੀ ਤਬਦੀਲੀ ਸੰਭਵ ਨਹੀ। ਇਹ ਕਿਰਤੀ ਲੋਕਾਂ ਦੀਆਂ ਸੰਸਥਾਵਾਂ ਵਾਲ਼ੇ ਅਦਾਰੇ ਨਹੀਂ ਹਨ। ਮਜ਼ਦੂਰ ਜਮਾਤ ਨੂੰ ਇਹਨਾਂ ਸੰਸਥਾਵਾਂ ਨੂੰ ਦਾਅਪੇਚਕ ਤੌਰ 'ਤੇ ਪ੍ਰੋਲੇਤਾਰੀ ਦੀ ਜੱਦੋਜਹਿਦ ਲਈ ਵਰਤਿਆ ਜਾ ਸਕਦਾ ਹੈ ਤੇ ਵਰਤਿਆ ਜਾਣਾ ਚਾਹੀਦਾ ਹੈ।

ਸਾਨੂੰ ਇਹ ਯਾਦ ਰਖਣਾ ਚਾਹੀਦਾ ਹੈ ਕਿ 5 ਅਪ੍ਰੈਲ 1957 ਨੂੰ ਈ ਐੱਮ ਐੱਸ ਨੰਬੂਦਰੀਪਾਦ ਦੀ ਅਗਵਾਈ ਹੇਠ ਵਿਸ਼ਵ ਅੰਦਰ ਪਾਰਲੀਮਾਨੀ ਢੰਗ ਨਾਲ ਪਹਿਲੀ ਵਾਰ ਚੁਣੀ ਗਈ ਕਮਿਊਨਿਸਟ ਪਾਰਟੀ ਦੀ ਸਰਕਾਰ ਕੇਰਲਾ ਅੰਦਰ ਹੋਂਦ ਵਿੱਚ ਆਈ, ਜਿਸ ਨਾਲ ਤਾਰਾਂ ਵਾਸ਼ਿੰਗਟਨ ਤੱਕ ਹਿੱਲ ਗਈਆਂ।ਅਮਰੀਕਾ ਇਸ ਗੱਲ ਤੋਂ ਚਿੰਤਤ ਸੀ ਕਿ ਇਹ ਲਾਲ ਖਤਰਾ ਕਿਤੇ ਸਾਰੇ ਭਾਰਤ ਅਤੇ ਦੱਖਣੀ ਏਸ਼ੀਆ ਵਿੱਚ ਨਾ ਫੈਲ ਜਾਏ।ਦਿੱਲੀ ਵਿੱਚ ਵੀ ਕਾਂਗਰਸ ਦੀ ਪਿਛਾਂਹਖਿੱਚੂ ਲੀਡਰਸ਼ਿਪ ਵੀ ਕਮਿਊਨਿਸਟਾਂ ਦੀ ਇਸ ਜਿੱਤ ਤੋਂ ਭੈ ਭੀਤ ਸੀ।ਨੰਬੂਦਰੀਪਾਦ ਸਰਕਾਰ ਬਣਿਆਂ ਨੂੰ ਦੋ ਸਾਲ ਹੀ ਹੋਏ ਸਨ ਤਾਂ 31 ਜੁਲਾਈ 1959 ਨੂੰ ਜਦੋਂ ਸਰਕਾਰ ਕੇਰਲਾ ਅੰਦਰ ਜ਼ਮੀਨੀ ਅਤੇ ਸਿੱਖਿਆਂ ਸੁਧਾਰ ਕਰਨ ਜਾ ਰਹੀ ਸੀ ਤਾਂ ਕੇਂਦਰ ਵੱਲੋਂ ਕਮਿਊਨਿਸਟਾਂ ਅਤੇ ਜਾਤ ਤੇ ਧਰਮ ਅਧਾਰਤ ਜਥੇਬੰਦੀਆਂ ਦਰਮਿਆਨ ਟਕਰਾਅ ਦੀ ਸਥਿਤੀ ਪੈਦਾ ਕਰਕੇ ਸਰਕਾਰ ਨੂੰ ਭੰਗ ਕਰ ਦਿੱਤਾ।

4 ਨਵੰਬਰ 1970 ਨੂੰ ਚਿੱਲੀ ਅੰਦਰ ਹੋਈਆਂ ਚੋਣਾਂ ਵਿੱਚ ਪਹਿਲੀ ਵਾਰ ਐਲਾਂਡੇ ਮਾਰਕਸਵਾਦੀ ਰਾਸ਼ਟਰਪਤੀ ਚੁਣੇ ਗਏ। ਜਦੋਂ ਉਨ੍ਹਾਂ ਚਿੱਲੀ ਅੰਦਰ ਕਾਰਪੋਰੇਟ ਘਰਾਣਿਆਂ ਖਾਸ ਕਰਕੇ ਅਮਰੀਕਨ ਸਾਮਰਾਜਵਾਦ ਅਧੀਨ ਅਦਾਰਿਆਂ ਦਾ ਕੌਮੀਕਰਨ ਸ਼ੁਰੂ ਕੀਤਾ ਤਾਂ ਚਿਲੀ ਦੀ ਫੌਜ ਦੇ ਕਮਾਂਡਰ ਇਨ ਚੀਫ ਪਿਨੋਚੇਟ ਦੀ ਅਗਵਾਈ ਵਿੱਚ ਰਾਜ ਪਲਟੇ ਰਾਹੀਂ ਐਲਾਂਡੇ ਸਰਕਾਰ ਗਿਰਾ ਦਿੱਤੀ ਗਈ ਅਤੇ ਕਮਿਊਨਿਸਟਾਂ ਦੇ ਹੋਏ ਕਤਲੇਆਮ ਵਿੱਚ 3200 ਤੋਂ ਉਪਰ ਕਮਿਊਨਿਸਟ ਮਾਰੇ ਗਏ ਅਤੇ 11 ਸਤੰਬਰ 1973 ਨੂੰ ਗੋਲੀ ਲੱਗਣ ਨਾਲ ਰਾਸ਼ਟਰਪਤੀ ਐਲਾਂਡੇ ਮਾਰੇ ਗਏ।

ਇਤਿਹਾਸ ਸਾਨੂੰ ਸਿਖਾਉਂਦਾ ਹੈ ਕਿ ਕਿਸੇ ਵੀ ਦੱਬੇ-ਕੁਚਲੇ ਵਰਗ ਨੇ ਤਾਨਾਸ਼ਾਹੀ ਦੇ ਦੌਰ ਵਿੱਚੋਂ ਲੰਘੇ ਬਿਨਾਂ ਕਦੇ ਵੀ ਸੱਤਾ ਪ੍ਰਾਪਤ ਨਹੀਂ ਕੀਤੀ ਜਾਂ ਕਰ ਸਕੀ, ਭਾਵ, ਰਾਜਨੀਤਕ ਸ਼ਕਤੀ ਦੀ ਜਿੱਤ ਅਤੇ ਸ਼ੋਸ਼ਣ ਕਰਨ ਵਾਲਿਆਂ ਦੁਆਰਾ ਹਮੇਸ਼ਾ ਪੇਸ਼ ਕੀਤੇ ਗਏ ਵਿਰੋਧ ਨੂੰ ਜ਼ਬਰਦਸਤੀ ਦਬਾਉਣ, ਉਹ ਵਿਰੋਧ ਜੋ ਸਭ ਤੋਂ ਹਤਾਸ਼ ਹੈ, ਸਭ ਤੋਂ ਵੱਧ ਭਿਆਨਕ ਅਤੇ ਇਹ ਕਦੀ ਵੀ ਨਹੀਂ ਰੁਕਦਾ।(ਹਵਾਲਾ ਵੀ ਆਈ ਲੈਨਿਨ)

ਵਿਸ਼ਵ ਭਰ 'ਚ ਜਿਥੇ ਵੀ ਕਿਤੇ ਕਮਿਊਨਿਸਟ ਪਾਰਟੀਆਂ ਨਿਰੋਲ ਪਾਰਲੀਮਾਨੀ ਰਾਹ ਦਾ ਸ਼ਿਕਾਰ ਹੋਈਆਂ ਹਨ ਜਾਂ ਬੁਰਜੂਆ/ਪੂੰਜੀਪਤੀ ਜਮਾਤਾਂ ਨਾਲ ਸਾਂਝ-ਭਿਆਲੀ ਦੀ ਨੀਤੀ ਅਪਣਾਈ ਹੈ, ਉਹ ਆਪਣਾ ਕਮਿਊਨਿਸਟ ਕਿਰਦਾਰ ਗੁਆ ਚੁੱਕੀਆਂ ਹਨ।ਅਜਿਹਾ ਇਟਲੀ ਦੀ ਕਮਿਊਨਿਸਟ ਪਾਰਟੀ ਨਾਲ ਵਾਪਰਿਆ।1968 ਵਿੱਚ ਹੋਈਆਂ ਪਾਰਲੀਮਾਨੀ ਚੋਣਾਂ ਵਿੱਚ ਇਟਲੀ ਦੀ ਕਮਿਊਨਿਸਟ ਪਾਰਟੀ ਨੇ 26.9 ਫੀਸਦੀ ਵੋਟਾਂ ਹਾਸਲ ਕੀਤੀਆਂ।ਐਨਰੀਕੋ ਬਰਲਿੰਗੁਏਰ, ਜਿਸ ਨੇ 1972 ਤੋਂ 1984 ਤੱਕ ਇਟਲੀ ਦੀ ਕਮਿਊਨਿਸਟ ਪਾਰਟੀ ਦੀ ਅਗਵਾਈ ਕੀਤੀ, ਯੂਰੋਕਮਿਊਨਿਜ਼ਮ ਦਾ ਪ੍ਰਚਾਰਕ ਬਣਿਆ ਅਤੇ ਇਟਲੀ ਦੀ ਕਮਿਊਨਿਸਟ ਪਾਰਟੀ ਨੂੰ ਕ੍ਰਿਸਚੀਅਨ ਡੈਮੋਕਰੇਟਾਂ ਨਾਲ ਮਿਲ ਕੇ ਇੱਕ ਬਦਲ ਪੇਸ਼ ਕਰਨ ਦੇ ਯਤਨਾਂ ਕਾਰਨ ਕਮਿਊਨਿਸਟ ਪਾਰਟੀ ਦਾ ਭੋਗ ਪਾ ਦਿੱਤਾ।ਅਜਿਹੀਆਂ ਬਹੁਤ ਸਾਰੀਆਂ ਉਦਾਹਰਣਾਂ ਦਿੱਤੀਆਂ ਜਾ ਸਕਦੀਆਂ ਨੇ।

ਅਸੀਂ ਕਮਿਊਨਿਸਟ ਸੰਸਦੀ ਪ੍ਰਣਾਲੀ ਨੂੰ ਕੇਵਲ ਜਮਾਤੀ ਸੰਘਰਸ਼ ਨੂੰ ਅੱਗੇ ਵਧਾਉਣ ਲਈ ਵਰਤ ਸਕਦੇ ਹਾਂ, ਜਮਾਤੀ ਸੰਘਰਸ਼ ਦੇ ਬਦਲ ਵਜੋਂ ਨਹੀਂ।ਕਮਿਊਨਿਸਟ ਮੁਨਾਫੇ 'ਤੇ ਅਧਾਰਤ ਸਮਾਜਿਕ- ਆਰਥਕ ਵਿਵਸਥਾ ਨੂੰ ਬਦਲਣਾ ਚਾਹੁੰਦੇ ਹਾਂ। ਅਜਿਹਾ ਸੰਸਦੀ ਪ੍ਰਣਾਲੀ ਅਧੀਨ ਨਹੀ ਹੋ ਸਕਦਾ, ਕਿਉਂਕਿ ਹਾਕਮ ਜਮਾਤਾਂ ਕੋਲ ਆਪਣੇ ਬਚਾਅ ਲਈ ਸਾਰਾ ਪ੍ਰਸ਼ਾਸਨਿਕ ਢਾਂਚਾ, ਪੁਲਸ ਅਤੇ ਫੌਜ ਮੌਜੂਦ ਹੈ।

ਪੂੰਜੀਵਾਦੀ ਆਰਥਕ ਪ੍ਰਣਾਲੀ ਨੇ ਸਮਾਜ ਅੰਦਰ ਆਰਥਕ ਅਸਾਵਾਂਪਣ, ਗਰੀਬ ਅਮੀਰ ਵਿਚਕਾਰ ਆਰਥਕ ਮੰਦਵਾੜਾ ਇਸ ਕਦਰ ਵਧਾ ਦਿੱਤਾ ਹੈ, ਜਿਸ ਨੂੰ ਪਾਰਲੀਮਾਨੀ ਰਾਹ 'ਤੇ ਚਲਦਿਆਂ ਪੂਰਾ ਕਰਨਾ ਸੰਭਵ ਨਹੀ, ਇਸ ਨੂੰ ਪੂਰਾ ਕਰਨ ਲਈ ਇੱਕ ਸਮਾਜਕ ਕ੍ਰਾਂਤੀ ਦੀ ਲੋੜ ਹੈ, ਜਿਸ ਲਈ ਮਜ਼ਦੂਰ ਜਮਾਤ ਅਗਵਾਈ ਹੇਠ ਮਜ਼ਦੂਰ ਜਮਾਤ ਅਤੇ ਕਿਸਾਨੀ ਦੇ ਗੱਠਜੋੜ ਦੀ ਲੋੜ ਹੈ।

**# ਸੰਪਰਕ : 98550-04500**

# ਡੇਰਾ ਸਿਰਸਾ ਮੁਖੀ ਨੂੰ ਹਰਿਆਣਾ ਚੋਣਾਂ 'ਚ ਫੇਰ ਮਿਲੀ ਪੈਰੋਲ



ਸੁਰਜੀਤ ਸਿੰਘ

ਹਰਿਆਣਾ ਵਿਚ ਚੋਣਾਂ ਦਾ ਦੌਰ ਪੂਰੇ ਜ਼ੋਰਾਂ 'ਤੇ ਹੈ। ਭਾਜਪਾ ਤੀਜੀ ਵਾਰ ਫੇਰ ਹਰਿਆਣਾ ਵਿਚ ਆਪਣੀ ਸਰਕਾਰ ਬਣਾਉਣ ਲਈ ਹਰ ਤਰ੍ਹਾਂ ਦਾ ਹਰਬਾ ਜਰਬ ਵਰਤ ਰਹੀ ਹੈ। ਇਸੇ ਸਿਲਸਿਲੇ ਤਹਿਤ ਭਾਜਪਾ ਦੀ ਸਰਕਾਰ ਵੱਲੋਂ ਹੁਣ 7 ਸਾਲਾਂ ਦੀ ਸਜ਼ਾ ਦੌਰਾਨ 11ਵੀਂ ਵਾਰ ਡੇਰਾ ਮੁਖੀ ਨੂੰ 21 ਦਿਨਾਂ ਦੀ ਪੈਰੋਲ ਮਨਜ਼ੂਰ ਕੀਤੀ ਗਈ ਹੈ। ਸੂਤਰ ਦੱਸਦੇ ਹਨ ਕਿ ਰਾਮ ਰਹੀਮ ਦੀ ਪੈਰੋਲ ਦੀ ਅਰਜ਼ੀ ਦਫਤਰੀ ਤੰਤਰ ਵਿਚ ਰਾਕੇਟ ਦੀ ਗਤੀ ਵਾਂਗ ਘੁੰਮੀ ਅਤੇ ਕਰੀਬ ਅੱਧੇ ਪੌਣੇ ਘੰਟੇ ਵਿਚ ਮਨਜ਼ੂਰ ਹੋ ਕੇ ਬਾਹਰ ਆ ਗਈ, ਜਦਕਿ ਆਮ ਬੰਦੇ ਲਈ ਪੈਰੋਲ ਲੈਣਾ ਬਹੁਤ ਮੁਸ਼ਕਲ ਹੁੰਦਾ ਹੈ, ਭਾਵੇਂ ਉਸ ਨੂੰ ਕਿੰਨਾ ਵੀ ਜ਼ਰੂਰੀ ਕੰਮ ਕਿਉਂ ਨਾ ਹੋਵੇ। ਬੇਸ਼ੱਕ ਸਰਕਾਰ ਵੱਲੋਂ ਕੁਝ ਸ਼ਰਤਾਂ ਸਮੇਤ ਪੈਰੋਲ ਦਿੱਤੀ ਗਈ ਹੈ, ਜਿਹਨਾਂ ਵਿਚ ਉਹ ਕਿਸੇ ਸਿਆਸੀ ਇਕੱਠ ਵਿਚ ਜਾ ਕੇ ਸੰਬੋਧਨ ਨਹੀਂ ਕਰੇਗਾ ਅਤੇ ਕਿਸੇ ਸਿਆਸੀ ਗਤੀਵਿਧੀ ਵਿਚ ਭਾਗ ਨਹੀਂ ਲਵੇਗਾ। ਇਹ ਪੈਰੋਲ ਦੋ ਮਹੀਨੇ ਦੇ ਅਰਸੇ ਵਿਚ ਦੂਜੀ ਵਾਰ ਮਿਲੀ ਹੈ।

ਬੇਸ਼ੱਕ ਪੈਰੋਲ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਦਿੱਤੀ ਗਈ ਹੈ, ਪਰ ਅਰਜ਼ੀ ਵਿਚ ਬਹਾਨੇਬਾਜ਼ੀ ਇਹ ਕਿ ਉਸ ਦੇ ਪਿਤਾ ਦੀ ਬਰਸੀ, ਖ਼ੂਨਦਾਨ ਕੈਂਪ, ਰਿਸ਼ਤੇਦਾਰਾਂ ਦੀ ਬਿਮਾਰੀ ਅਤੇ ਬੇਸਹਾਰਾ ਕੁੜੀਆਂ ਦੇ ਵਿਆਹ ਆਦਿ। ਡੇਰਾ ਮੁਖੀ ਸੰਗੀਨ ਅਪਰਾਧ ਤਹਿਤ ਜੇਲ੍ਹ ਵਿਚ ਬੰਦ ਹੈ, ਪਰ ਭਾਜਪਾ ਉਸ ਦੇ ਨਾਲ ਵੱਡੀ ਗਿਣਤੀ ਵਿਚ ਜੁੜੀ ਸੰਗਤ ਦੀਆਂ ਵੋਟਾਂ ਦਾ ਲਾਹਾ ਲੈਣਾ ਚਾਹੁੰਦੀ ਹੈ। ਉਹ ਵੱਖਰੀ ਗੱਲ ਹੈ ਕਿ ਉਹ ਇਸ ਮਕਸਦ ਵਿਚ ਕਿੱਥੇ ਤੱਕ ਸਫਲ ਹੁੰਦੀ ਹੈ। ਉੱਧਰ ਕਾਂਗਰਸ ਨੇ ਡੇਰਾ ਮੁਖੀ ਦੀ ਪੈਰੋਲ ਦੀ ਸ਼ਿਕਾਇਤ ਚੋਣ ਕਮਿਸ਼ਨ ਨੂੰ ਕੀਤੀ ਹੈ। ਲੋਕਤੰਤਰ ਵਿੱਚ ਸੰਵਿਧਾਨ ਮੁਤਾਬਕ ਦੇਸ਼ ਦੇ ਹਰ ਨਾਗਰਿਕ ਭਾਵੇਂ ਉਹ ਕਿੰਨਾ ਵੀ ਅਸਰ-ਰਸੂਖ ਵਾਲਾ ਕਿਉਂ ਨਾ ਹੋਵੇ, ਬਰਾਬਰ ਦੇ ਅਧਿਕਾਰ ਦਿੱਤੇ ਹੋਏ ਹਨ। ਜੇਕਰ ਕੋਈ ਵੀ ਵੱਡਾ ਜਾਂ ਛੋਟਾ ਅਪਰਾਧੀ ਕੋਈ ਜੁਰਮ ਕਰਦਾ ਹੈ ਤਾਂ ਉਸ ਨੂੰ ਦੇਸ਼ ਦੇ ਕਾਨੂੰਨ ਮੁਤਾਬਕ ਬਣਦੀ ਸਜ਼ਾ ਮਿਲੇਗੀ, ਪਰ ਵਿਦਵਾਨਾਂ ਦਾ ਵਿਚਾਰ ਹੈ ਕਿ ਕਾਨੂੰਨ ਦੇ ਮੱਕੜਜਾਲ ਵਿਚ ਸਿਰਫ ਉਹ ਹੀ ਉਲਝਦੇ ਹਨ, ਜਿਹੜੇ ਬੇ-ਅਸਰ ਰਸੂਖ ਵਾਲੇ ਹੋਣ। ਜਿਹੜੇ ਬਾ-ਰਸੂਖ ਹੁੰਦੇ ਹਨ, ਉਹ ਕਦੇ ਵੀ ਬਦਮਾਸੀਆਂ ਤੋਂ ਬਾਜ਼ ਨਹੀਂ ਆਉਂਦੇ ਅਤੇ ਉਹ ਜੁਰਮ ਦੀ ਦੁਨੀਆ ਵਿੱਚ ਬੇਖੌਫ ਵਿਚਰਦੇ ਹਨ। ਅਜਿਹੀਆਂ ਬਹੁਤ ਸਾਰੀਆਂ ਮਿਸਾਲਾਂ ਸਾਡੇ ਰੋਜ਼ਮਰ੍ਹਾ ਦੇ ਜੀਵਨ ਵਿਚ ਅਕਸਰ ਦੇਖਣ ਨੂੰ ਮਿਲਦੀਆਂ ਹਨ। ਆਮ ਆਦਮੀ ਇਹ ਸੋਚ-ਸਮਝ ਕੇ ਹੈਰਾਨ ਹੁੰਦਾ ਹੈ ਕਿ ਦੇਸ਼ ਦਾ ਕਾਨੂੰਨ ਅਖੀਰ ਇਹਨਾਂ ਦਾ ਕੁਝ ਕਿਉਂ ਨਹੀਂ ਵਿਗਾੜ ਸਕਦਾ। ਜਦੋਂ ਸਮਾਜ ਵਿਚ ਅਜਿਹੀ ਸਥਿਤੀ ਪੈਦਾ ਹੋ ਜਾਂਦੀ ਹੈ ਤਾਂ ਇਸ ਨੂੰ ਰਾਜਨੀਤੀ ਵਿਗਿਆਨ ਦੀ ਭਾਸ਼ਾ ਵਿਚ 'ਜੰਗਲ ਰਾਜ' ਕਿਹਾ ਜਾਂਦਾ ਹੈ।

ਗ੍ਰੀਕ ਦੇ ਮਹਾਨ ਫਿਲਾਸਫਰਾਂ ਨੇ ਕਿਹਾ ਸੀ ਕਿ 'ਆਦਮੀ ਇੱਕ ਸਮਾਜਿਕ ਜਾਨਵਰ ਹੈ' ਅਰਥਾਤ ਜੇਕਰ ਉਸ 'ਤੇ ਕਾਨੂੰਨ ਦਾ ਸ਼ਿਕੰਜਾ ਨਾ ਹੋਵੇ ਤਾਂ ਉਹ ਆਪਣੀ ਹੀ ਆਦਮ ਜਾਤ ਪ੍ਰਤੀ ਐਨਾ ਹਿੰਸਕ ਹੋ ਸਕਦਾ ਹੈ ਕਿ ਸਾਰੀ ਮਨੁੱਖ ਜਾਤੀ ਖ਼ੁਦ ਬ ਖ਼ੁਦ ਲੜ ਕੇ ਮਰ ਸਕਦੀ ਹੈ। ਇਹ ਕਾਨੂੰਨ ਦਾ ਸ਼ਿਕੰਜਾ ਹੀ ਹੈ, ਜੋ ਮਨੁੱਖ ਜਾਤੀ ਨੂੰ ਅਨੁਸ਼ਾਸਨ ਸਿਖਾਉਂਦਾ ਹੈ। ਅਕਸਰ ਦੇਖਿਆ ਜਾਂਦਾ ਹੈ ਕਿ ਇਹ ਸ਼ਿਕੰਜਾ ਵੀ ਗਰੀਬ ਅਤੇ ਨਿਆਸਰਿਆਂ 'ਤੇ ਹੀ ਜ਼ਿਆਦਾ ਚੱਲਦਾ ਹੈ। ਅਸਰ-ਰਸੂਖ ਵਾਲੇ ਕਿਸੇ ਅਪਰਾਧੀ ਨੂੰ ਜੇਕਰ ਸਜ਼ਾ ਹੋ ਵੀ ਜਾਂਦੀ ਹੈ ਤਾਂ ਜੇਲ੍ਹ ਵਿੱਚੋਂ ਹੀ ਉਸ ਦਾ ਸਿੱਕਾ ਚੱਲਦਾ ਰਹਿੰਦਾ ਹੈ। ਜੇਲ੍ਹ ਵਿਚ ਹੀ ਉਸ ਨੂੰ ਸਾਰੀਆਂ ਸਹੂਲਤਾਂ ਮੁਹੱਈਆ ਹੋ ਜਾਂਦੀਆਂ ਹਨ। ਬਹੁਤ ਸਾਰੇ ਕੱਟੜ ਅਪਰਾਧੀ ਅਤੇ ਸਿਆਸੀ ਅਪਰਾਧੀਆਂ ਨੂੰ ਜੇਲ੍ਹ ਅਤੇ ਜੇਲ੍ਹ ਤੋਂ ਬਾਹਰ ਰਹਿਣ ਵਿਚ ਕੀ ਫਰਕ ਨਹੀਂ ਪੈਂਦਾ। ਤਾਜ਼ਾ ਮਿਸਾਲ ਸਾਡੇ ਸਭ ਦੇ ਸਾਹਮਣੇ ਡੇਰਾ ਸਿਰਸਾ ਦੇ ਮੁਖੀ ਰਾਮ ਰਹੀਮ ਦੀ ਹੈ ਕਿ ਉਸ ਨੂੰ ਬਹੁਤ ਹੀ ਸੰਗੀਨ ਜੁਰਮਾਂ ਵਿਚ ਉਮਰ ਕੈਦ ਦੀ ਸਜ਼ਾ ਹੋ ਚੁੱਕੀ ਹੈ ਅਤੇ ਉਹ ਹਰਿਆਣਾ ਦੀ ਸੁਨਾਰੀਆ ਜੇਲ ਵਿਚ ਸਜ਼ਾ ਭੁਗਤ ਰਿਹਾ ਹੈ, ਪਰ ਕਿਉਂਕਿ ਹਰਿਆਣਾ, ਪੰਜਾਬ, ਰਾਜਸਥਾਨ ਅਤੇ ਹਿਮਾਚਲ ਰਾਜਾਂ ਵਿਚ ਉਸ ਦੇ ਅਨੁਯਾਈਆਂ ਦਾ ਬਹੁਤ ਅਧਾਰ ਹੈ, ਜੋ ਕਿ ਕਿਸੇ ਵਿਚ ਚੋਣ ਨੂੰ ਪ੍ਰਭਾਵਿਤ ਕਰਨ ਦੀ ਸਮਰੱਥਾ ਰੱਖਦੇ ਹਨ। ਡੇਰਾ ਸਿਰਸਾ ਦੇ ਮੁਖੀ ਨੇ ਇਹਨਾਂ ਰਾਜਾਂ ਦੇ ਗਰੀਬ, ਅਨਪੜ੍ਹ ਅਤੇ ਬੇਸਹਾਰਾ ਲੋਕਾਂ ਨੂੰ ਸਮਾਜ ਦੀਆਂ ਨਜ਼ਰਾਂ ਵਿਚ ਚੰਗਾ ਦਿਖਣ ਵਾਲੇ ਕੰਮਾਂ ਤੋਂ ਇਸ ਕਦਰ ਪ੍ਰਭਾਵਿਤ ਕੀਤਾ ਹੋਇਆ ਹੈ ਕਿ ਉਹ ਇਸ ਵਿਅਕਤੀ ਨੂੰ 'ਭਗਵਾਨ' ਦਾ ਦਰਜਾ ਦੇ ਬੈਠੇ ਹਨ। ਉਹਨਾਂ ਦੇ ਮਨਾਂ ਵਿਚ ਅੱਜ ਵੀ ਇਹ ਗੱਲ ਬਿਠਾਈ ਹੋਈ ਹੈ ਕਿ 'ਪਿਤਾ ਜੀ' ਨੂੰ ਸਰਕਾਰ ਨੇ ਬਦਲੇ ਦੀ ਭਾਵਨਾ ਨਾਲ ਕੈਦ ਕੀਤਾ ਹੋਇਆ ਹੈ ਅਤੇ ਉਹ ਕਿਸੇ ਦਿਨ ਆਪਣੀ ਅਲੌਕਿਕ ਸ਼ਕਤੀ ਨਾਲ ਜੇਲ੍ਹ ਤੋਂ ਬਾਹਰ ਆ ਜਾਣਗੇ। ਅੱਜ ਦੇ ਵਿਗਿਆਨਕ ਯੁੱਗ ਵਿੱਚ ਵੀ ਲੋਕ ਇਹਨਾਂ ਆਪੂ ਬਣੇ 'ਭਗਵਾਨਾਂ' ਤੋਂ ਇਸ ਕਦਰ ਪ੍ਰਭਾਵਿਤ ਹਨ ਕਿ ਆਪਣੀਆਂ ਨੌਜਵਾਨ ਔਰਤਾਂ ਅਤੇ ਬੱਚਿਆਂ ਨੂੰ ਡੇਰਿਆਂ ਵਿਚ ਧਾਰਮਿਕ ਸਾਧਨਾਂ ਹਿਤ ਭੇਜ ਦਿੰਦੇ ਹਨ। ਉਹਨਾਂ ਨੂੰ ਉਦੋਂ ਸੁਰਤ ਆਉਂਦੀ ਹੈ ਜਦੋਂ ਪਾਣੀ ਸਿਰ ਤੋਂ ਲੰਘ ਚੁੱਕਾ ਹੁੰਦਾ ਹੈ। ਇਹ ਉਹਨਾਂ ਵੱਲੋਂ ਕੀਤੇ 'ਚੰਗੇ' ਕੰਮਾਂ ਦਾ ਪ੍ਰਭਾਵ ਹੀ ਹੈ, ਜੋ ਕਿ ਆਮ ਜਨ ਨੂੰ ਗੁੰਮਰਾਹ ਕਰ ਦਿੰਦਾ ਹੈ। ਵੈਸੇ ਵੀ ਅੱਜ-ਕੱਲ੍ਹ ਸਾਰੇ ਗੈਰ ਸਮਾਜੀ ਅਤੇ ਬੁਰੇ ਕੰਮ 'ਚੰਗੇ' ਕੰਮਾਂ ਦੇ ਪਰਦੇ ਹੇਠ ਹੀ ਹੁੰਦੇ ਹਨ। ਹੁਣ ਮੁੱਦਾ ਇਹ ਕਿ ਅਖੀਰ ਇਸੇ ਹੀ ਸਜ਼ਾ ਯਾਫਤਾ ਵਿਅਕਤੀ ਨੂੰ ਵਾਰ-ਵਾਰ ਆਨੇ-ਬਹਾਨੇ ਜੇਲ੍ਹ ਤੋਂ ਪੈਰੋਲ ਅਤੇ ਫਰਲੋ ਕਿਉਂ ਮਿਲਦੀਆਂ ਹਨ, ਜਦਕਿ ਜੇਲ੍ਹਾਂ ਵਿਚ ਅਣਗਿਣਤ ਅਜਿਹੇ ਕੈਦੀ ਹਨ, ਜਿਹਨਾਂ ਨੂੰ ਚਾਲ ਚੱਲਣ ਠੀਕ ਹੋਣ ਦੇ ਬਾਵਜੂਦ ਉਹਨਾਂ ਦੇ ਜ਼ਰੂਰੀ ਕਾਰਜਾਂ ਲਈ ਵੀ ਪੈਰੋਲ ਨਹੀਂ ਮਿਲਦੀ, ਕਿਉਂਕਿ ਉਹਨਾਂ ਕੋਲ ਨਾ ਤਾਂ ਕੋਈ ਅਸਰ-ਰਸੂਖ ਹੈ ਅਤੇ ਨਾ ਹੀ ਮਹਿੰਗੇ ਵਕੀਲਾਂ ਲਈ ਭਾਰੀ-ਭਰਕਮ ਫੀਸਾਂ ਦੇਣ ਜੋਗੇ ਪੈਸੇ ਹਨ। ਇਹ ਡੇਰਾ ਮੁਖੀ ਵਿਅਕਤੀ ਕਿਉਂਕਿ ਵੋਟਾਂ ਨੂੰ ਪ੍ਰਭਾਵਿਤ ਕਰਨ ਦੀ ਸਮਰੱਥਾ ਰੱਖਦਾ ਹੈ, ਇਸ ਲਈ ਇਹ ਜੇਲ੍ਹ 'ਚ ਹੋਵੇ ਜਾਂ ਬਾਹਰ, ਕੋਈ ਫਰਕ ਨਹੀਂ। ਇਸ ਦਾ ਸਿੱਕਾ ਤਾਂ ਚਲਦਾ ਹੀ ਹੈ। ਜਦੋਂ ਵੀ ਨੇੜਲੇ ਰਾਜਾਂ ਵਿਚ ਕੋਈ ਚੋਣਾਂ ਆਉਂਦੀਆਂ ਹਨ ਤਾਂ ਰਾਮ ਰਹੀਮ ਨੂੰ ਆਪ-ਮੁਹਾਰੇ ਹੀ ਪੈਰੋਲ ਅਤੇ ਫਰਲੋ ਦੇਣ ਲਈ ਸਬੰਧਤ ਰਾਜਾਂ ਦੀਆਂ ਸਰਕਾਰਾਂ ਤਰਲੋਮੱਛੀ ਰਹਿੰਦੀਆਂ ਹਨ। ਜਾਣਕਾਰੀ ਮੁਤਾਬਕ 7 ਸਾਲ ਦੀ ਸਜਾ ਦੌਰਾਨ ਹੁਣ ਤਾਜ਼ਾ ਦਸਵੀਂ ਵਾਰ ਉਸ ਨੂੰ ਪੈਰੋਲ ਮਿਲੀ ਹੈ। ਰਾਮ ਰਹੀਮ ਨੂੰ ਆਪਣੇ ਕਾਰਨਾਮਿਆਂ ਕਾਰਨ 25 ਅਗਸਤ 2017 ਨੂੰ ਦੋ ਅਨੁਯਾਈਆਂ ਨਾਲ ਬਲਾਤਕਾਰ ਦੇ ਦੋਸ਼ ਵਿਚ 20 ਸਾਲ ਦੀ ਸਜ਼ਾ ਹੋਈ। 20 ਜਨਵਰੀ 2019 ਨੂੰ ਪੱਤਰਕਾਰ ਰਾਮ ਚੰਦਰ ਛਤਰਪਤੀ ਦੀ ਹੱਤਿਆ ਦੇ ਦੋਸ਼ ਵਿਚ ਉਮਰ ਕੈਦ ਹੋਈ। ਸਾਲ 2017 ਵਿਚ ਹੋਈ ਕੈਦ ਤੋਂ ਲੈ ਕੇ ਹੁਣ ਤੱਕ ਸਿਆਸੀ ਕਾਰਨਾਂ ਕਰਕੇ ਪੈਰੋਲ ਅਤੇ ਫਰਲੋ ਦਾ ਸਿਲਸਿਲਾ ਲਗਾਤਾਰ ਜਾਰੀ ਹੈ।

ਇੱਕ ਸੂਚਨਾ ਮੁਤਾਬਕ ਰਾਮ ਰਹੀਮ ਨੂੰ ਪੰਜਾਬ ਵਿੱਚ ਹਾਲੀਆ ਸਾਲ 2022 ਵਿਚ ਹੋਈਆਂ ਵਿਧਾਨ ਸਭਾ ਚੋਣਾਂ ਦੌਰਾਨ ਉਸ ਨੂੰ 07.02.22 ਨੂੰ 21 ਦਿਨ ਦੀ ਫਰਲੋ ਮਿਲੀ। ਇਸੇ ਦੌਰਾਨ ਚੋਣਾਂ ਵਿੱਚ ਡੇਰਾ ਸਿਰਸਾ ਦੀ ਚੋਣਾਂ ਵਿੱਚ ਮਦਦ ਲੈਣ ਲਈ ਹਰਿਆਣਾ ਸਰਕਾਰ ਨੇ "ਗੁੱਡ ਕੰਡਕਟ ਪ੍ਰਿਜਨਰਜ਼ (ਟੈਂਪਰੇਰੀ ਰਿਲੀਜ਼) ਐਕਟ - 2022 ਪਾਸ ਕੀਤਾ, ਜਿਸ ਦੇ ਤਹਿਤ ਹਰਿਆਣਾ ਵਿਚ ਹੋਣ ਵਾਲੀਆਂ ਲੋਕਲ ਬਾਡੀ ਦੀਆਂ ਚੋਣਾਂ ਲਈ ਡੇਰਾ ਮੁਖੀ ਨੂੰ 17.06.22 ਨੂੰ 30 ਦਿਨਾਂ ਦੀ ਪੈਰੋਲ ਦਿੱਤੀ ਗਈ। 15.10.22 ਨੂੰ 40 ਦਿਨਾਂ ਦੀ ਪੈਰੋਲ ਆਦਮਪੁਰ ਅਸੈਂਬਲੀ ਦੀ ਜ਼ਿਮਨੀ ਚੋਣਾਂ ਮੌਕੇ ਦਿੱਤੀ ਗਈ। ਇਸੇ ਤਰ੍ਹਾਂ ਦੱਸਿਆ ਜਾਂਦਾ ਹੈ ਕਿ ਹਿਮਾਚਲ ਵਿਧਾਨ ਸਭਾ ਦੀਆਂ ਚੋਣਾਂ ਨੂੰ ਪ੍ਰਭਾਵਿਤ ਕਰਨ ਲਈ ਹਰਿਆਣਾ ਦੀ ਭਾਜਪਾ ਸਰਕਾਰ ਨੇ 40 ਦਿਨਾਂ ਦੀ ਪੈਰੋਲ ਦਿੱਤੀ। 20.07.23 ਨੂੰ 30 ਦਿਨਾਂ ਦੀ ਪੈਰੋਲ ਹਰਿਆਣਾ ਵਿਚ ਹੋਣ ਵਾਲੀਆਂ ਪੰਚਾਇਤ ਚੋਣਾਂ ਸਮੇਂ ਮਿਲੀ। ਜਦੋਂ ਰਾਜਸਥਾਨ ਵਿਚ ਚੋਣਾਂ ਸਨ ਤਾਂ ਉਦੋਂ 21.11.23 ਨੂੰ 21 ਦਿਨਾਂ ਦੀ ਫਰਲੋ ਮਿਲੀ। ਹਾਲੀਆ ਸਮੇਂ ਲੋਕ ਸਭਾ ਚੋਣਾਂ ਤੋਂ ਪਹਿਲਾਂ 19.01.24 ਨੂੰ 50 ਦਿਨਾਂ ਦੀ ਪੈਰੋਲ ਮਿਲੀ। ਹਾਲੀਆ ਸਮੇਂ ਵਿੱਚ ਫੇਰ ਜਦੋਂ ਹੁਣ ਹਰਿਆਣਾ ਵਿਚ ਇਸੇ ਸਾਲ ਅਕਤੂਬਰ ਵਿਚ ਚੋਣਾਂ ਹੋਣ ਜਾ ਰਹੀਆਂ ਹਨ ਤਾਂ ਡੇਰਾ ਮੁਖੀ ਨੂੰ 50 ਦਿਨਾਂ ਦੀ ਪੈਰੋਲ ਮਿਲ ਗਈ ਹੈ। ਇਸ ਤੋਂ ਜ਼ਾਹਰ ਹੈ ਕਿ ਡੇਰਾ ਮੁਖੀ ਕਿਸੇ ਵੀ ਚੋਣ ਨੂੰ ਪ੍ਰਭਾਵਿਤ ਕਰਨ ਦੀ ਤਾਕਤ ਰੱਖਦਾ ਹੈ। ਇਹੋ ਕਰਨ ਹੈ ਕਿ ਜਦੋਂ ਕਿਸੇ ਵੀ ਰਾਜ ਵਿਚ ਚੋਣਾਂ ਨੇੜੇ ਆਉਂਦੀਆਂ ਹਨ ਤਾਂ ਸਿਆਸੀ ਪਾਰਟੀਆਂ ਦੇ ਉਮੀਦਵਾਰ ਅਤੇ ਉਹਨਾਂ ਦੇ ਵਰਕਰ ਡੇਰੇ ਵਿਚ ਜਾ ਕੇ ਮੁਖੀ ਦੇ ਪੈਰੀਂ ਪੈਂਦੇ ਹਨ ਅਤੇ ਉਹਨਾਂ ਤੋਂ ਜਿੱਤ ਦਾ 'ਅਸ਼ੀਰਵਾਦ' ਲੈਂਦੇ ਹਨ। ਇਸ ਅਸ਼ੀਰਵਾਦ ਲੈਣ ਦੇ ਚੱਕਰ ਵਿਚ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਨੇ ਸਿਆਸੀ ਤੌਰ 'ਤੇ ਆਪਣਾ ਕੂੰਡਾ ਕਰਵਾ ਲਿਆ। ਗੁਰੂ ਗੋਬਿੰਦ ਸਿੰਘ ਜੀ ਦੇ ਪਹਿਰਾਵੇ ਦੀ ਨਕਲ, ਬਾਅਦ ਵਿੱਚ ਡੇਰਾ ਮੁਖੀ ਨੂੰ ਮੁਆਫੀ, ਗੁਰੂ ਗ੍ਰੰਥ ਸਾਹਿਬ ਦੀ ਘੋਰ ਬੇਅਦਬੀ ਅਤੇ ਬਹਿਬਲ ਕਲਾਂ ਅਤੇ ਬੁਰਜ ਜਵਾਹਰਕੇ ਵਰਗੇ ਗੋਲੀ ਕਾਂਡ ਦੀਆਂ ਘਟਨਾਵਾਂ ਨੇ ਅਕਾਲੀ ਦਲ ਦੇ ਮੱਥੇ 'ਤੇ ਅਜਿਹਾ ਕਲੰਕ ਲਾਇਆ ਕਿ ਉਸ ਨੂੰ ਧੋਣਾ ਬਹੁਤ ਮੁਸ਼ਕਲ ਹੋ ਗਿਆ ਹੈ।

ਹੁਣ ਡੇਰੇ ਦੇ ਜੋ ਵਰਕਰ ਅਦਾਲਤੀ ਕੇਸਾਂ ਵਿੱਚ ਉਲਝੇ ਹੋਏ ਹਨ, ਉਹ ਅਕਾਲੀ ਦਲ ਦੇ ਪਾਜ ਉਘੇੜ ਰਹੇ ਹਨ। ਮੀਡੀਆ ਇਹਨਾਂ ਨੂੰ ਖਾਸੀ ਮਹੱਤਤਾ ਦੇ ਰਿਹਾ ਹੈ। ਇਹਨਾਂ ਵੀਡੀਓਜ਼ ਨੇ ਅਕਾਲੀ ਦਲ ਦੇ ਵੱਡੇ ਆਗੂਆਂ ਦੀ ਨੀਂਦ ਹਰਾਮ ਕੀਤੀ ਹੋਈ ਹੈ। ਅਕਾਲੀ ਦਲ ਇਹ ਕਹਿ ਕੇ ਆਪਣਾ ਪੱਲਾ ਝਾੜ ਰਹੇ ਹਨ ਕਿ ਇਹ ਤਾਂ ਅਕਾਲੀ ਦਲ ਵਿਰੁੱਧ ਸਰਕਾਰ ਦੀ ਸਾਜਿਸ਼ ਹੈ ਅਤੇ ਜੋ ਵੀ ਚੈਨਲਾਂ 'ਤੇ ਡੇਰੇ ਦੇ ਚੇਲਿਆਂ ਵੱਲੋਂ ਬੋਲਿਆ ਜਾ ਰਿਹਾ ਹੈ, ਉਹ ਸਰਕਾਰ ਦਾ ਸਕਰਿਪਟਿਡ ਹੈ। ਲਿਹਾਜਾ ਇਹ ਅਕਾਲੀ ਦਲ ਨੂੰ ਬਦਨਾਮ ਕਰਨ ਦੀ ਸਾਜਿਸ਼ ਹੈ। ਅਕਾਲੀ ਹੀ ਨਹੀਂ, ਕਾਂਗਰਸ ਅਤੇ ਭਾਜਪਾ ਵੀ ਡੇਰਾ ਮੁਖੀ ਤੋਂ ਅਸ਼ੀਰਵਾਦ ਲੈਣ ਤੋਂ ਪਿੱਛੇ ਨਹੀਂ ਹਨ। ਇੱਕ ਸਮਾਂ ਅਜਿਹਾ ਸੀ ਜਦੋਂ ਸਰਕਾਰਾਂ ਬਣਾਉਣਾ ਡੇਰਾ ਮੁਖੀ ਦੇ ਹੱਥ ਦੀ ਖੇਡ ਸੀ, ਪਰ ਹੁਣ ਲੋਕ ਜਾਗਰੂਕ ਹੋ ਗਏ ਹਨ। ਦੇਖਣ ਵਿਚ ਆਇਆ ਹੈ ਕਿ ਹੁਣ ਡੇਰਾ ਸਿਰਸਾ ਅਨੁਯਾਈ ਡੇਰਾ ਮੁਖੀ ਦੇ 'ਹੁਕਮਨਾਮੇ' ਤੋਂ ਬਿਨਾਂ ਆਪਣੀ ਅਕਲ ਮੁਤਾਬਕ ਵੋਟ ਪੋਲ ਕਰਦੇ ਹਨ। ਹੁਣ ਸਰਕਾਰਾਂ ਦੇ ਅਕੀਦੇ 'ਤੇ ਸਵਾਲ ਖੜ੍ਹਾ ਹੁੰਦਾ ਹੈ ਕਿ ਕੀ ਸੰਵਿਧਾਨ ਦੀ ਧਾਰਨਾ ਮੁਤਾਬਿਕ ਦੇਸ਼ ਦੇ ਸਾਰੇ ਨਾਗਰਿਕਾਂ ਨੂੰ ਇੱਕੋ ਸਮਾਨ ਸਮਝਣ ਦੀ ਧਾਰਨਾ ਦੇ ਉਲਟ ਸਮਰੱਥ ਅਤੇ ਤਾਕਤਵਰ ਲੋਕਾਂ ਨੂੰ ਹੀ 'ਇਨਸਾਫ' ਮਿਲਦਾ ਰਹੇਗਾ ਅਤੇ ਨਿਆਸਰੇ ਲੋਕ ਇਸੇ ਤਰ੍ਹਾਂ ਜੇਲ੍ਹਾਂ ਦਾ ਨਰਕ ਹੀ ਭੋਗਦੇ ਰਹਿਣਗੇ।

**# ਸੰਪਰਕ : 98154-61301**

4-OCT-PAGE-5.qxd 10/3/2024 10:27 PM Page 1



# ਲਖੀਮਪੁਰ ਖੀਰੀ ਕਾਂਡ ਦੇ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਲਈ ਕਿਸਾਨ ਜਥੇਬੰਦੀਆਂ ਵੱਲੋਂ ਰੇਲ ਚੱਕਾ ਜਾਮ


ਮੋਗਾ


ਸਮਰਾਲਾ


ਲਹਿਰਾ ਮੁਹੱਬਤ


ਤਲਵੰਡੀ ਸਾਬੋ

**ਮੋਗਾ (ਇਕਬਾਲ ਸਿੰਘ ਖਹਿਰਾ)**

ਕਿਸਾਨ ਮਜ਼ਦੂਰ ਮੋਰਚਾ ਤੇ (ਗੈਰ-ਰਾਜਨੀਤਕ) ਸੰਯੁਕਤ ਮੋਰਚੇ ਦੇ ਸੱਦੇ 'ਤੇ ਸੈਂਕੜੇ ਕਿਸਾਨਾਂ, ਮਜ਼ਦੂਰਾਂ, ਬੀਬੀਆਂ ਵੱਲੋਂ ਲਖੀਮਪੁਰ ਖੀਰੀ ਕਾਂਡ ਦੇ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਲਈ ਤੇ ਸ਼ਹੀਦਾਂ ਨੂੰ ਇਨਸਾਫ਼ ਦਿਵਾਉਣ ਲਈ 2 ਘੰਟਿਆਂ ਲਈ ਮੋਗਾ ਰੇਲਵੇ ਲਾਈਨ 'ਤੇ ਰੇਲਾਂ ਦਾ ਚੱਕਾ ਜਾਮ ਕਰਕੇ ਧਰਨਾ ਦਿੱਤਾ ਗਿਆ। ਇਸ ਧਰਨੇ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਸੂਬਾ ਪ੍ਰਧਾਨ ਬਲਦੇਵ ਸਿੰਘ ਜ਼ੀਰਾ, ਭਾਰਤੀ ਕਿਸਾਨ ਯੂਨੀਅਨ ਖੋਸਾ ਦੇ ਪ੍ਰਧਾਨ ਸੁਖਜਿੰਦਰ ਸਿੰਘ ਖੋਸਾ, ਭਾਰਤੀ ਕਿਸਾਨ ਯੂਨੀਅਨ ਬਹਿਰਾਮਕੇ ਬਲਵੰਤ ਸਿੰਘ ਬਹਿਰਾਮਕੇ, ਸੂਬਾ ਜਨਰਲ ਸਕੱਤਰ ਰਾਣਾ ਰਣਬੀਰ ਸਿੰਘ, ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਸਾਹ ਵਾਲਾ, ਜ਼ਿਲ੍ਹਾ ਸਕੱਤਰ ਕੁਲਵੰਤ ਸਿੰਘ ਫੌਜੀ ਤੇ ਹਰਮੰਦਰ ਸਿੰਘ ਡੇਮਰੂ, ਬੀਬੀ ਹਰਮੀਤ ਕੌਰ ਕਾਲੇਕੇ, ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਜ਼ਿਲ੍ਹਾ ਪ੍ਰਧਾਨ ਲਾਭ ਸਿੰਘ ਰੋਡੇ, ਬੀ.ਕੇ.ਯੂ. ਏਕਤਾ ਅਜ਼ਾਦ ਦੇ ਜ਼ਿਲ੍ਹਾ ਆਗੂ ਜਗਤਾਰ ਸਿੰਘ ਦੱਦਾਹੂਰ, ਬੀ.ਕੇ.ਯੂ. ਕ੍ਰਾਂਤੀਕਾਰੀ ਦੇ ਬਲਾਕ ਪ੍ਰਧਾਨ ਜਗਮੋਹਨ ਸਿੰਘ ਨੇ ਕਿਹਾ ਕਿ 3 ਅਕਤੂਬਰ 2021 ਨੂੰ ਦਿੱਲੀ ਦੇ ਬਾਰਡਰਾਂ 'ਤੇ ਕਿਸਾਨ ਅੰਦੋਲਨ ਦੇ ਚੱਲਦਿਆਂ ਲਖੀਮਪੁਰ ਖੀਰੀ ਵਿਖੇ ਸ਼ਾਂਤਮਈ ਧਰਨਾ ਦੇ ਕੇ ਵਾਪਸ ਆ ਰਹੇ ਕਿਸਾਨਾਂ 'ਤੇ ਬੀ.ਜੇ.ਪੀ. ਦੇ ਮੰਤਰੀ ਅਜੇ ਮਿਸ਼ਰਾ ਟੈਨੀ ਦੇ ਪੁੱਤਰ ਅਸ਼ੀਸ਼ ਮਿਸ਼ਰਾ ਟੈਨੀ ਤੇ ਉਸ ਦੇ ਗੈਂਗ ਵੱਲੋਂ ਗੱਡੀਆਂ ਚੜ੍ਹਾ ਕੇ ਇੱਕ ਪੱਤਰਕਾਰ ਰਮਨ ਕਸ਼ਯਪ ਤੇ 4 ਕਿਸਾਨਾਂ ਨੂੰ ਸ਼ਹੀਦ ਕਰ ਦਿੱਤਾ ਸੀ। ਅੱਜ ਤਿੰਨ ਸਾਲ ਪੂਰੇ ਹੋਣ 'ਤੇ ਵੀ ਦੋਸ਼ੀਆਂ ਨੂੰ ਸਜ਼ਾ ਨਹੀਂ ਦਿੱਤੀ ਗਈ। ਦੋਸ਼ੀਆਂ ਨੂੰ ਸਜ਼ਾ ਦਿਵਾਉਣ ਲਈ ਪੂਰੇ ਭਾਰਤ ਤੇ ਪੰਜਾਬ ਵਿੱਚ 2 ਘੰਟਿਆਂ ਲਈ ਰੇਲਾਂ ਦਾ ਚੱਕਾ ਜਾਮ ਕੀਤਾ ਗਿਆ। ਕਿਸਾਨ ਆਗੂਆਂ ਨੇ ਕਿਹਾ ਕਿ ਲਖੀਮਪੁਰ ਖੀਰੀ ਕਾਂਡ ਭਾਜਪਾ ਸਰਕਾਰ ਦੇ ਮੱਥੇ ਕਲੰਕ ਹੈ, ਜਿਹੜਾ ਰਹਿੰਦੀ ਦੁਨੀਆ ਤੱਕ ਲੱਗਾ ਰਹੇਗਾ। ਕਿਸਾਨ ਆਗੂਆਂ ਮੰਗ ਕੀਤੀ ਕਿ ਲਖੀਮਪੁਰ ਖੀਰੀ ਕਾਂਡ ਦੇ ਦੋਸ਼ੀਆਂ ਨੂੰ ਫਾਂਸੀ ਦੀ ਸਜ਼ਾ ਦਿੱਤੀ ਜਾਵੇ, ਕਿਸਾਨਾਂ, ਮਜ਼ਦੂਰਾਂ ਦਾ ਸਮੁੱਚਾ ਕਰਜ਼ਾ ਖਤਮ ਕੀਤਾ ਜਾਵੇ, ਬਿਜਲੀ ਐਕਟ 2023 ਰੱਦ ਕੀਤਾ ਜਾਵੇ, ਸਾਰੀਆਂ ਫਸਲਾਂ ਦੇ ਭਾਅ ਸੀ-2+50 ਫਾਰਮੂਲੇ ਅਨੁਸਾਰ ਦਿੱਤਾ ਜਾਵੇ, ਭਾਰਤ ਡਬਲਯੂ.ਟੀ.ਓ ਵਿੱਚੋਂ ਬਾਹਰ ਆਵੇ, ਨਰੇਗਾ ਸਕੀਮ ਤਹਿਤ 200 ਦਿਨ ਕੰਮ ਤੇ 700 ਰੁਪਏ ਦਿਹਾੜੀ ਦਿੱਤੀ ਜਾਵੇ, ਐੱਮ.ਐੱਸ.ਪੀ. ਖਰੀਦ ਦੀ ਗਰੰਟੀ ਕਾਨੂੰਨ ਬਣਾਇਆ ਜਾਵੇ ਆਦਿ ਦੇਸ ਵਿਆਪੀ ਅੰਦੋਲਨ ਦੀਆਂ ਮੰਗਾਂ ਮੰਨੀਆਂ ਜਾਣ। ਇਨ੍ਹਾਂ ਤੋਂ ਇਲਾਵਾ ਝੋਨੇ ਦੀ 2% ਸਿਲ ਵਧਾਉਣ, ਪਰਾਲੀ ਸਾੜਨ ਦਾ ਮਸਲਾ ਹੱਲ ਕਰਾਉਣ ਤੇ ਖਾਦ ਦੀ ਆ ਰਹੀ ਕਿੱਲਤ ਦੂਰ ਕਰਾਉਣ ਦੀਆਂ ਮੰਗਾਂ 'ਤੇ ਵੀ ਪੰਜਾਬ ਸਰਕਾਰ ਵਿਰੁੱਧ ਆਵਾਜ਼ ਉਠਾਈ ਗਈ। ਅਖੀਰ ਤੇ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਖਿਲਾਫ ਰੋਹ ਭਰਪੂਰ ਨਾਹਰੇਬਾਜ਼ੀ ਕਰਕੇ ਜਾਮ ਖਤਮ ਕੀਤਾ। ਆਗੂਆਂ ਐਲਾਨ ਕੀਤਾ ਕਿ ਜਦੋਂ ਤੱਕ ਮੋਦੀ ਸਰਕਾਰ ਕਿਸਾਨਾਂ ਦੇ ਮਸਲੇ ਹੱਲ ਨਹੀਂ ਕਰਦੀ ਸਾਡੇ ਮੋਰਚੇ ਜਾਰੀ ਰਹਿਣਗੇ। ਇਸ ਮੌਕੇ ਜ਼ਿਲ੍ਹਾ ਪ੍ਰੈੱਸ ਸਕੱਤਰ ਅਵਤਾਰ ਸਿੰਘ ਧਰਮ ਸਿੰਘ ਵਾਲਾ, ਜ਼ਿਲ੍ਹਾ ਆਗੂ ਨਛੱਤਰ ਸਿੰਘ ਹੇਰਾਂ, ਜਗਤਾਰ ਸਿੰਘ ਮੱਦੋਕੇ, ਸੋਹਣ ਸਿੰਘ ਰਾਮੂਵਾਲਾ, ਰਣਜੀਤ ਸਿੰਘ ਬੁੱਟਰ, ਹਰਬੰਸ ਸਿੰਘ ਸਾਹ ਵਾਲਾ, ਦਰਸ਼ਨ ਸਿੰਘ, ਗੁਰਮੇਲ ਸਿੰਘ ਤਲਵੰਡੀ ਮੱਲੀਆਂ, ਸੁਖਦੇਵ ਸਿੰਘ ਤਲਵੰਡੀ ਭੰਗੇਰੀਆ, ਜਰਨੈਲ ਸਿੰਘ ਮੋਗਾ, ਇੰਦਰਜੀਤ ਸਿੰਘ ਦੌਲੇਵਾਲਾ, ਬੀਬੀ ਅਮਰਜੀਤ ਕੌਰ, ਬੀਬੀ ਸੁਖਵਿੰਦਰ ਕੌਰ, ਬੀਬੀ ਬਲਵੀਰ ਕੌਰ, ਬੀਬੀ ਰਣਜੀਤ ਕੌਰ, ਬੀਬੀ ਦਲਜੀਤ ਕੌਰ ਆਦਿ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਬੀਬੀਆਂ ਨੌਜਵਾਨ ਹਾਜ਼ਰ ਸਨ।

**ਸਮਰਾਲਾ (ਸੁਰਜੀਤ ਸਿੰਘ)** : ਸੰਯੁਕਤ ਕਿਸਾਨ ਮੋਰਚਾ (ਗੈਰ-ਰਾਜਨੀਤਕ) ਦੇ ਸੱਦੇ ਤੇ ਰੇਲਵੇ ਸਟੇਸ਼ਨ ਸਮਰਾਲਾ ਉੱਤੇ ਦੁਪਹਿਰ 12:30 ਤੋਂ 2:30 ਵਜੇ ਤੱਕ ਦੋ ਘੰਟੇ ਲਈ ਵੱਖ ਵੱਖ ਕਿਸਾਨ ਜਥੇਬੰਦੀਆਂ, ਜਿਨ੍ਹਾਂ ਵਿੱਚ ਪ੍ਰਮੁੱਖ ਤੌਰ


ਪਟਿਆਲਾ

ਕਿਸਾਨ ਸੰਘਰਸ਼ ਕਮੇਟੀ ਪੰਜਾਬ, ਕਿਸਾਨ ਯੂਨੀਅਨ (ਦੋਆਬਾ), ਸ਼ੇਰੇ ਪੰਜਾਬ ਕਿਸਾਨ ਯੂਨੀਅਨ ਆਦਿ ਸ਼ਾਮਲ ਸਨ, ਵੱਲੋਂ ਰੇਲਾਂ ਰੋਕੀਆਂ ਗਈਆਂ ਤੇ ਕੇਂਦਰ ਸਰਕਾਰ ਖਿਲਾਫ ਰੋਸ ਧਰਨਾ ਦਿੱਤਾ ਗਿਆ।ਇਸ ਰੋਸ ਧਰਨੇ ਵਿੱਚ ਵੱਖ ਵੱਖ ਕਿਸਾਨ ਯੂਨੀਅਨਾਂ ਦੇ ਆਗੂਆਂ ਵੱਲੋਂ ਸੰਬੋਧਨ ਕੀਤਾ ਗਿਆ, ਜਿਨ੍ਹਾਂ ਨੇ ਕੇਂਦਰ, ਪੰਜਾਬ ਸਰਕਾਰ ਨੂੰ ਆੜੇ ਹੱਥੀਂ ਲੈਂਦੇ ਹੋਏ ਕਿਸਾਨਾਂ ਤੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਦੀ ਗੱਲ ਕੀਤੀ।ਇਸ ਮੌਕੇ ਕਿਸਾਨ ਸੰਘਰਸ਼ ਕਮੇਟੀ ਪੰਜਾਬ ਵੱਲੋਂ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਸੰਤੋਖ ਸਿੰਘ ਨਾਗਰਾ ਨੇ ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਕੇਂਦਰ ਮੋਦੀ ਦੀ ਸ਼ਹਿ ਉੱਤੇ ਹੀ ਲਖੀਮਪੁਰ ਖੀਰੀ ਦੇ ਕਾਤਲ ਸ਼ਰੇਆਮ ਬਾਹਰ ਘੁੰਮ ਰਹੇ ਹਨ, ਇਸ ਦੁਰਘਟਨਾ ਵਿੱਚ ਮਾਰੇ ਕਿਸਾਨਾਂ ਦੀ ਕੋਈ ਸਾਰ ਨਹੀਂ ਲਈ ਜਾ ਰਹੀ।ਪੰਜਾਬ ਸਰਕਾਰ ਜੋ ਮੋਦੀ ਦੀ ਹੀ ਬੀ ਟੀਮ ਹੈ, ਵੱਲੋਂ ਵੀ ਪੰਜਾਬ ਦੇ ਕਿਸਾਨਾਂ ਨਾਲ ਕੋਝਾ ਮਜ਼ਾਕ ਕੀਤਾ ਜਾ ਰਿਹਾ ਹੈ, ਝੋਨੇ ਦੀ ਫਸਲ ਮੰਡੀਆਂ ਵਿੱਚ ਆਉਣੀ ਸ਼ੁਰੂ ਹੋ ਚੁੱਕੀ ਹੈ, ਪ੍ਰੰਤੂ ਪੰਜਾਬ ਸਰਕਾਰ ਕੁੰਭਕਰਨੀ ਨੀਂਦ ਵਿੱਚ ਪਈ ਹੈ, ਵੱਲੋਂ ਝੋਨੇ ਦੀ ਖਰੀਦ ਸਬੰਧੀ ਕੋਈ ਪ੍ਰਬੰਧ ਨਹੀਂ ਕੀਤਾ ਗਿਆ।ਸ਼ੈਲਰ ਮਾਲਕ ਤੇ ਆੜ੍ਹਤੀਏ ਹੜਤਾਲ ਕਰੀ ਬੈਠੇ ਹਨ ਅਤੇ ਕਿਸਾਨ ਆਪਣੀਆਂ ਫਸਲ ਵੇਚਣ ਲਈ ਮੰਡੀਆਂ ਵਿੱਚ ਰੁਲ ਰਹੇ ਹਨ।ਅੱਜ ਦੇ ਧਰਨੇ ਵਿੱਚ ਵੱਖ ਵੱਖ ਕਿਸਾਨ ਜਥੇਬੰਦੀਆਂ ਦੇ ਅਹੁਦੇਦਾਰ ਤੇ ਵਰਕਰ ਸ਼ਾਮਲ ਹੋਏ, ਜਿਨ੍ਹਾਂ ਵਿੱਚ ਪ੍ਰਮੁੱਖ ਤੌਰ ਤੇ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਨਿਰਮਲ ਸਿੰਘ ਮੁਸ਼ਕਾਬਾਦ ਜ਼ਿਲ੍ਹਾ ਸਕੱਤਰ, ਦਰਸ਼ਨ ਸਿੰਘ ਬੌਂਦਲੀ ਜ਼ਿਲ੍ਹਾ ਪ੍ਰਧਾਨ, ਹਰਪ੍ਰੀਤ ਸਿੰਘ ਮੀਤ ਪ੍ਰਧਾਨ ਸ਼ੇਰੇ ਪੰਜਾਬ ਕਿਸਾਨ ਯੂਨੀਅਨ, ਬਲਵੀਰ ਸਿੰਘ ਖੀਰਨੀਆਂ ਜ਼ਿਲ੍ਹਾ ਪ੍ਰਧਾਨ ਬੀ. ਕੇ. ਯੂ. (ਦੋਆਬਾ) ਨੇ ਸੰਬੋਧਨ ਕੀਤਾ।ਉਪਰੋਕਤ ਤੋਂ ਇਲਾਵਾ ਵੱਖ ਵੱਖ ਜਥੇਬੰਦੀਆਂ ਵੱਲੋਂ ਸੁਖਵਿੰਦਰ ਸਿੰਘ ਸੈਕਟਰੀ, ਮਾਸਟਰ ਮੇਜਰ ਸਿੰਘ ਭਰਥਲਾ, ਗੁਰਮੇਲ ਸਿੰਘ, ਨੂਪਾ, ਜਸਪਾਲ ਸਿੰਘ ਮਾਛੀਵਾੜਾ, ਕੁਲਵਿੰਦਰ ਸਿੰਘ, ਜਗਮੀਤ ਸਿੰਘ ਬਰਮਾਂ, ਮੇਵਾ ਸਿੰਘ ਬੌਂਦਲੀ, ਹਰਪਾਲ ਸਿੰਘ ਗਹਿਲੇਵਾਲ, ਸੋਹੇਲ ਬੌਂਦਲੀ, ਜਰਨੈਲ ਸਿੰਘ ਜਨ: ਸਕੱਤਰ, ਜੀਵਨ ਸਿੰਘ ਸੈਕਟਰੀ ਆਦਿ ਤੋਂ ਇਲਾਵਾ ਵੱਖ ਵੱਖ ਯੂਨੀਅਨਾਂ ਦੇ ਹੋਰ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)** : ਭਾਕਿਯੂ ਏਕਤਾ ਸਿੱਧੂਪੁਰ ਤੇ ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਕ ਵੱਲੋਂ ਐਲਾਨੇ ਰੇਲਵੇ ਜਾਮ ਪ੍ਰੋਗਰਾਮ ਤਹਿਤ ਲਹਿਰਾ ਮੁਹੱਬਤ ਦੇ ਰੇਲਵੇ ਸਟੇਸ਼ਨ 'ਤੇ ਰੇਲਵੇ ਟਰੈਕ ਜਾਮ ਕੀਤਾ ਗਿਆ। ਧਰਨੇ ਦੌਰਾਨ ਸਿੱਧੂਪੁਰ ਆਗੂ ਗੁਰਮੇਲ ਸਿੰਘ ਲਹਿਰਾ, ਹਰਨੇਕ ਸਿੰਘ ਲਹਿਰਾ, ਬਲਵੀਰ ਸਿੰਘ ਲਹਿਰਾ ਜਸਪ੍ਰੀਤ ਜੱਸਾ ਟੋਨੀ ਲਹਿਰਾ ਧੂਰਕੋਟ ਤੇ ਭੋਲਾ ਸਿੰਘ ਕੋਟੜਾ ਆਦਿ ਨੇ ਸੰਬੋਧਨ ਕੀਤਾ। ਆਗੂਆਂ ਕਿਹਾ ਕਿ 3 ਅਕਤੂਬਰ 2021 ਨੂੰ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਮੈਂਬਰ ਪਾਰਲੀਮੈਂਟ ਅਜੇ ਮਿਸ਼ਰਾ ਟੈਨੀ ਵੱਲੋਂ ਆਪਣੀਆ ਹੱਕੀ ਮੰਗਾਂ ਲਈ ਸ਼ਾਂਤੀਪੂਰਵਕ ਸੰਘਰਸ਼ ਕਰ ਰਹੇ ਕਿਸਾਨਾਂ ਨੂੰ ਲਖੀਮਪੁਰ ਖੀਰੀ ਵਿੱਚ ਆਪਣੀਆਂ ਗੱਡੀਆਂ ਨਾਲ ਦਰੜ ਦਿੱਤਾ ਸੀ, ਜਿਸ ਨਾਲ ਨੌਜਵਾਨ ਕਿਸਾਨ ਤੇ ਇਕ ਪੱਤਰਕਾਰ ਵੀਰ ਸ਼ਹੀਦੀ ਜਾਮ ਪੀ ਗਏ ਸਨ। ਕਿਉਂਕਿ ਇਹ ਕਤਲੇਆਮ ਕੇਂਦਰ ਦੇ ਇਸ਼ਾਰੇ 'ਤੇ ਹੋਇਆ ਸੀ ਇਸ ਲਈ ਦਬਾਅ ਬਣਨ ਦੇ ਬਾਵਜੂਦ ਵੀ ਸਟੇਟ ਸਰਕਾਰ ਦੀ ਪੁਲਸ ਨੇ ਸਿਰਫ ਗੋਂਗਲੂਆਂ ਤੋਂ ਮਿੱਟੀ ਝਾੜੀ ਤੇ ਅਪਰਾਧੀ ਸ਼ਰੇਆਮ ਸਮੁੱਚੇ ਭਾਰਤ ਦੀ ਕਿਸਾਨੀ ਦਾ ਮੂੰਹ ਚੜਾਉਂਦਿਆਂ ਸੜਕਾਂ 'ਤੇ ਘੁੰਮ ਰਹੇ ਹਨ। ਦੋਸ਼ੀਆਂ ਨੂੰ ਬਣਦੀ ਸਜ਼ਾ ਦਿਵਾਉਣ ਲਈ ਦੇਸ਼ ਭਰ ਵਿੱਚ ਅੱਜ ਦੋ ਘੰਟੇ ਲਈ ਰੇਲਵੇ ਆਵਾਜਾਈ ਬੰਦ ਕੀਤੀ ਗਈ। ਆਗੂਆਂ ਨੇ ਲਹਿਰਾ ਮੁਹੱਬਤ ਦੇ 120 ਸੀ ਰੇਲਵੇ ਫਾਟਕ 'ਤੇ ਅੰਡਰ ਬ੍ਰਿਜ ਸਬੰਧੀ ਚਿਤਾਵਨੀ ਦਿੱਤੀ ਕਿ ਅਧੂਰੇ ਅੰਡਰ ਬ੍ਰਿਜ ਨੂੰ


ਮਖੂ

ਪੂਰਾ ਕਰਨ ਲਈ ਅਨਮਿਥੇ ਸਮੇਂ ਦਾ ਧਰਨਾ ਲਾਇਆ ਜਾਵੇਗਾ। ਇਸ ਮੌਕੇ ਵੱਡੀ ਗਿਣਤੀ ਕਿਸਾਨ ਆਗੂ ਸਮੇਤ ਕਿਸਾਨ ਬੀਬੀਆਂ ਹਾਜ਼ਰ ਸਨ।

**ਤਲਵੰਡੀ ਸਾਬੋ (ਜਗਦੀਪ ਗਿੱਲ)** : ਸਥਾਨਕ ਇਤਿਹਾਸਕ ਸ਼ਹਿਰ ਤਲਵੰਡੀ ਸਾਬੋ ਵਿਖੇ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਲਖੀਮੀਰਪੁਰ ਖੀਰੀ ਦੇ ਸ਼ਹੀਦਾਂ ਦੀ ਯਾਦ ਵਿੱਚ ਮਜ਼ਦੂਰਾਂ ਕਿਸਾਨਾਂ ਵੱਲੋਂ ਰੋਸ ਰੈਲੀ ਕੀਤੀ ਗਈ ਅਤੇ 2 ਮਿੰਟ ਦਾ ਮੌਨ ਧਾਰ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ, ਜਿਸ ਵਿੱਚ ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ ਧਾਲੀਵਾਲ, ਤਾਰਾ ਸਿੰਘ ਨੰਦਗੜ੍ਹ, ਬਲਾਕ ਪ੍ਰਧਾਨ ਸੁਰਜੀਤ ਸਿੰਘ, ਮੇਜਰ ਸਿੰਘ ਦੂਲੋਵਾਲ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਦਾਰਾ ਸਿੰਘ ਮੀਏਸਰ ਖੰਨਾ, ਜਰਨਲ ਸਕੱਤਰ ਸਰੂਪ ਸਿੰਘ ਰਾਮਾ ਨੇ ਸੰਬੋਧਨ ਕੀਤਾ।

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** : ਪੂਰੇ ਪੰਜਾਬ ਭਰ ਵਿੱਚ ਕਿਸਾਨਾਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਦੋ ਘੰਟੇ ਰੇਲ ਟ੍ਰੈਕ ਜਾਮ ਕਰਨ ਦਾ ਐਲਾਨ ਕੀਤਾ ਸੀ।ਇਸ ਤਹਿਤ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਪ੍ਰਧਾਨ ਸਰਬਣ ਸਿੰਘ ਬਾਉਪੁਰ ਦੀ ਅਗਵਾਈ ਵਿਖੇ ਰੇਲ ਰੋਕੋ ਅੰਦੋਲਨ ਵਿੱਢਿਆ।ਉਨ੍ਹਾਂ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਤੇ ਹੋਰ ਮੁੱਦਿਆਂ 'ਤੇ ਕਾਨੂੰਨੀ ਗਾਰੰਟੀ ਨੂੰ ਲੈ ਕੇ ਫਰਵਰੀ ਤੋਂ ਚੱਲ ਰਹੇ ਕਿਸਾਨ ਸੰਘਰਸ਼ ਦੌਰਾਨ ਅੱਜ ਪੰਜਾਬ 'ਚ ਰੇਲਾਂ ਰੋਕੀਆਂ ਗਈਆਂ।ਉਨ੍ਹਾਂ ਕਿਹਾ ਕਿ ਇਸ ਅੰਦੋਲਨ ਰਾਹੀਂ ਉਹ ਉੱਤਰ ਪ੍ਰਦੇਸ਼ ਦੇ ਲਖੀਮਪੁਰ ਖੀਰੀ 'ਚ ਹੋਏ ਕਿਸਾਨਾਂ ਦੇ ਕਤਲ ਦੇ ਮਾਮਲੇ 'ਚ ਇਨਸਾਫ਼, ਫ਼ਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ ਗਾਰੰਟੀ ਕਾਨੂੰਨ, ਕਿਸਾਨ ਮਜ਼ਦੂਰਾਂ ਦਾ ਕਰਜ਼ਾ ਮੁਆਫ਼ ਵਰਗੀਆਂ ਮੁੱਖ ਮੰਗਾਂ ਸਰਕਾਰ ਤੋਂ ਕਰ ਰਹੇ ਹਨ।ਹੜਤਾਲ ਦੌਰਾਨ ਜਲੰਧਰ, ਫਿਰੋਜ਼ਪੁਰ, ਲੁਧਿਆਣਾ, ਦਿਲੀ ਜੰਮੂ ਆਦਿ ਮਾਰਗ ਪ੍ਰਭਾਵਿਤ ਹੋ ਰਹੇ ਹਨ।

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ, ਐਲਿਗਜੈਂਡਰ ਡਿਸੂਜਾ)** : ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਪੂਰੇ ਭਾਰਤ ਵਿੱਚ 3 ਅਕਤੂਬਰ ਨੂੰ ਲਖੀਮਪੁਰ ਖੀਰੀ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ, ਦੋਸ਼ੀਆਂ ਉੱਪਰ ਕਾਰਵਾਈ ਦੀ ਮੰਗ ਤੇ ਕੇਂਦਰ ਸਰਕਾਰ ਵੱਲੋਂ ਲਿਖਤ ਵਿੱਚ ਮੰਨੀਆਂ ਗਈਆਂ ਮੰਗਾਂ ਲਾਗੂ ਕਰਨ ਦੀ ਮੰਗ ਨੂੰ ਲੈ ਕੇ ਰੇਲਾਂ ਦਾ ਚੱਕਾ ਜਾਮ ਕੀਤਾ ਗਿਆ।ਫਰੀਦਕੋਟ ਵਿਖੇ ਕੀਤੇ ਗਏ ਰੇਲਾਂ ਦੇ ਚੱਕਾ ਜਾਮ ਮੌਕੇ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਸੂਬਾ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਤੇ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਸੀਨੀਅਰ ਮੀਤ ਪ੍ਰਧਾਨ ਪੰਜਾਬ ਲਾਲ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ 3 ਅਕਤੂਬਰ 2021 ਨੂੰ ਭਾਜਪਾ ਦੇ ਗ੍ਰਹਿ ਰਾਜ ਮੰਤਰੀ ਅਜੇ ਮਿਸ਼ਰਾ ਟੈਨੀ ਦੇ ਪੁੱਤਰ ਵੱਲੋਂ ਭਾਜਪਾ ਦੀ ਸਰਪ੍ਰਸਤੀ ਹੇਠ ਇੱਕ ਪੱਤਰਕਾਰ ਤੇ ਚਾਰ ਕਿਸਾਨਾਂ ਨੂੰ ਆਪਣੀ ਗੱਡੀ ਥੱਲੇ ਕੁਚਲ ਕੇ ਕਤਲ ਕਰ ਦਿੱਤਾ ਗਿਆ ਸੀ, ਪਰ ਇਨਸਾਫ ਦੇਣ ਤੇ ਕਾਤਲਾਂ ਨੂੰ ਸਜ਼ਾਵਾਂ ਦਿਵਾਉਣ ਦੀ ਬਜਾਏ ਸੱਤਾ ਦੀ ਕੁਰਸੀ ਉੱਪਰ ਬੈਠੇ ਹਾਕਮ ਵੱਲੋਂ ਕਤਲ ਦੇ ਦੋਸ਼ੀ ਆਪਣੇ ਗ੍ਰਿਹ ਰਾਜ ਮੰਤਰੀ ਅਜੇ ਮਿਸ਼ਰਾ ਟੈਨੀ ਤੇ ਉਸ ਦੇ ਪੁੱਤਰ ਆਸ਼ੀਸ਼ ਮਿਸ਼ਰਾ ਟੈਨੀ ਨੂੰ ਬਚਾਉਣ ਲਈ ਹੀ ਯਤਨ ਕੀਤੇ ਗਏ ਜੋ ਕਿ ਅੱਜ 2024 ਤੱਕ ਵੀ ਸੱਤਾ ਦੀ ਕੁਰਸੀ ਉੱਪਰ ਬੈਠੀ ਸੱਤਾਧਾਰੀ ਧਿਰ ਵੱਲੋਂ ਉਸੇ ਤਰ੍ਹਾਂ ਜਾਰੀ ਹਨ।ਇਸ ਮੌਕੇ ਉਨ੍ਹਾਂ ਨਾਲ ਇੰਦਰਜੀਤ ਸਿੰਘ ਘਣੀਆ ਜ਼ਿਲ੍ਹਾ ਜਨਰਲ ਸਕੱਤਰ, ਮੱਖਣ ਸਿੰਘ ਕਾਬਲ ਵਾਲਾ ਜ਼ਿਲ੍ਹਾ ਪ੍ਰੈੱਸ ਸਕੱਤਰ ਬੀਕੇਯੂ ਕ੍ਰਾਂਤੀਕਾਰੀ, ਸੁਖਚਰਨ ਸਿੰਘ ਬਲਾਕ ਪ੍ਰਧਾਨ ਗੋਲੇਵਾਲਾ, ਚਰਨਜੀਤ ਸਿੰਘ ਬਲਾਕ ਪ੍ਰਧਾਨ ਫਰੀਦਕੋਟ, ਬਲਜਿੰਦਰ ਸਿੰਘ ਬਾੜਾ ਭਾਈਕਾ ਬਲਾਕ ਪ੍ਰਧਾਨ


ਫਰੀਦਕੋਟ

ਬਾਜਾਖਾਨਾ, ਸ਼ਿੰਦਰਪਾਲ ਸਿੰਘ ਬਲਾਕ ਪ੍ਰਧਾਨ ਜੈਤੋ, ਯੂਥ ਆਗੂ ਜਤਿੰਦਰਜੀਤ ਸਿੰਘ, ਨੈਬ ਸਿੰਘ ਸ਼ੇਰ ਸਿੰਘ ਵਾਲਾ ਕਨਵੀਨਰ ਬਲਾਕ ਸਾਦਿਕ, ਬਲਾਕ ਕੋਟਕਪੂਰਾ ਤੋਂ ਕਮੇਟੀ ਮੈਂਬਰ ਨਿਰਮਲ ਸਿੰਘ ਢਿੱਲਵਾਂ, ਕਮੇਟੀ ਮੈਂਬਰ ਸੁਖਜੀਵਨ ਸਿੰਘ ਢਿੱਲਵਾਂ, ਕਮੇਟੀ ਮੈਂਬਰ ਵਿਪਨ ਸਿੰਘ ਫਿੱਡੇ ਤੇ ਬੀਕਯੂ ਕ੍ਰਾਂਤੀਕਾਰੀ ਦੇ ਜਸਵਿੰਦਰ ਸਿੰਘ ਬਲਾਕ ਪ੍ਰਧਾਨ ਜੈਤੋ ਦੀਪ ਸਿੰਘ ਰਾਣਾ ਆਦਿ ਕਿਸਾਨ ਆਗੂ ਹਾਜ਼ਰ ਸਨ।

**ਮੱਖੂ (ਰਛਪਾਲ ਸਿੰਘ ਸੰਧੂ)** : ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਫਿਰੋਜ਼ਪੁਰ ਤੇ ਭਰਾਤਰੀ ਜਥੇਬੰਦੀਆਂ ਵੱਲੋਂ ਕੇ ਐੱਮ ਐੱਮ ਤੇ ਐੱਸ ਕੇ ਐੱਮ ਗੈਰ-ਰਾਜਨੀਤਕ ਦੇ ਸੱਦੇ 'ਤੇ ਮਖੂ ਰੇਲਵੇ ਸਟੇਸ਼ਨ 'ਤੇ ਰੇਲਾਂ ਦਾ ਚੱਕਾ ਜਾਮ ਕੀਤਾ ਗਿਆ।ਧਰਨੇ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ, ਮਖੂ ਜ਼ੋਨ ਪ੍ਰਧਾਨ ਵੀਰ ਸਿੰਘ ਨਿਜ਼ਾਮਦੀਨ ਵਾਲਾ, ਜ਼ੋਨ ਸ਼ਹੀਦ ਬਾਬਾ ਗਾਂਧਾ ਸਿੰਘ ਤੋਂ ਅਮਨਦੀਪ ਸਿੰਘ ਕੰਚਰ ਭੰਨ ਤੇ ਸਾਬ ਸਿੰਘ ਦੀਨੇਕੇ ਨੇ ਕਿਹਾ ਕਿ ਦਿੱਲੀ ਅੰਦੋਲਨ ਦੌਰਾਨ 3 ਅਕਤੂਬਰ 2020 ਨੂੰ ਲਖੀਮਪੁਰ ਖੀਰੀ ਦੇ ਘਟਨਾ ਦੌਰਾਨ ਭਾਜਪਾ ਦੇ ਅਜੇ ਮਿਸ਼ਰਾ ਟੈਨੀ ਦੇ ਬੇਟੇ ਅਸ਼ੀਸ਼ ਮਿਸ਼ਰਾ ਟੈਨੀ ਸਮੇਤ ਉਸ ਦੇ ਗੁੰਡਿਆਂ ਵੱਲੋਂ ਗੱਡੀ ਹੇਠਾਂ 4 ਕਿਸਾਨ ਤੇ 1 ਪੱਤਰਕਾਰ ਨੂੰ ਦਰੜ ਕੇ ਕਤਲ ਕਰ ਦਿੱਤਾ ਗਿਆ।ਅੱਜ ਚਾਰ ਸਾਲ ਬੀਤਜਾਣ ਦੇ ਬਾਵਜੂਦ ਸ਼ਹੀਦ ਹੋਏ ਕਿਸਾਨ ਤੇ ਪੱਤਰਕਾਰਾਂ ਵੀਰਾਂ ਨੂੰ ਕੋਈ ਇਨਸਾਫ ਨਹੀਂ ਮਿਲਿਆ।ਕਿਸਾਨ ਆਗੂ ਨੇ ਜ਼ੋਰਦਾਰ ਮੰਗ ਉਠਾਈ ਕਿ ਦੋਸ਼ੀਆਂ ਨੂੰ ਜੇਲ੍ਹਾਂ ਵਿੱਚ ਬੰਦ ਕੀਤਾ ਜਾਵੇ ਤੇ ਸਖਤ ਤੋਂ ਸਖਤ ਸਜ਼ਾਵਾਂ ਦਿੱਤੀਆਂ ਜਾਣ।ਇਸ ਮੌਕੇ ਬਲਕਾਰ ਸਿੰਘ ਜੋਗੇਵਾਲਾ, ਬਲਕਾਰ ਸਿੰਘ ਸ਼ਾਮੇ ਵਾਲੀ ਵਸਤੀ, ਭਜਨ ਸਿੰਘ, ਜਸਵੰਤ ਸਿੰਘ, ਸੁਖਚੈਨ ਸਿੰਘ ਵਸਤੀ ਨਾਮਦੇਵ, ਗੁਰਮੀਤ ਸਿੰਘ ਠੇਕੇਦਾਰ, ਜੱਜ ਸਿੰਘ, ਜਗਰੂਪ ਸਿੰਘ, ਸਤਨਾਮ ਸਿੰਘ ਟਿੱਬੀ, ਸੁਖਚੈਨ ਸਿੰਘ ਲੱਲੇ, ਤਰਸੇਮ ਸਿੰਘ ਬਾਹਰਵਾਲੀ, ਜਰਨੈਲ ਸਿੰਘ ਵਾਰਸਵਾਲਾ ਜੱਟਾਂ, ਹਰਵਿੰਦਰ ਸਿੰਘ ਮਨੂੰ ਮਾਛੀ, ਪਿੱਪਲ ਸਿੰਘ ਮਾਹਲੇ ਵਾਲਾ, ਲਖਵਿੰਦਰ ਸਿੰਘ ਬੂਹੇ, ਸਵਰਨ ਸਿੰਘ ਸ਼ਫਲੀ, ਸੁਖਵੰਤ ਸਿੰਘ ਚੋਹਕਾ, ਮਹਿਤਾਬ ਸਿੰਘ ਕੰਚਰ ਭੰਨ, ਮਨੋਹਰ ਸਿੰਘ, ਮਨਿੰਦਰ ਸਿੰਘ, ਗੁਰਜੀਤ ਸਿੰਘ, ਭਾਗ ਸਿੰਘ ਨੇ ਵੀ ਸੰਬੋਧਨ ਕੀਤਾ।

**ਸਮਰਾਲਾ (ਸੁਰਜੀਤ ਸਿੰਘ)** : ਸੰਯੁਕਤ ਕਿਸਾਨ ਮੋਰਚਾ (ਗੈਰ-ਰਾਜਨੀਤਕ) ਦੇ ਸੱਦੇ 'ਤੇ ਪੂਰੇ ਪੰਜਾਬ ਵਿੱਚ ਦੁਪਹਿਰ 12:30 ਤੋਂ 2:30 ਵਜੇ ਤੱਕ ਰੇਲਾਂ ਰੋਕੀਆਂ ਗਈਆਂ, ਇਸ ਸੱਦੇ ਤਹਿਤ ਅੱਜ ਸਮਰਾਲਾ ਦੇ ਰੇਲਵੇ ਸਟੇਸ਼ਨ ਤੇ ਭਾਰਤੀ ਕਿਸਾਨ ਯੂਨੀਅਨ (ਦੋਆਬਾ) ਵੱਲੋਂ ਜ਼ਿਲ੍ਹਾ ਪ੍ਰਧਾਨ ਬਲਵੀਰ ਸਿੰਘ ਖੀਰਨੀਆਂ ਦੀ ਅਗਵਾਈ ਹੇਠ ਵੱਖ ਵੱਖ ਕਿਸਾਨ ਜਥੇਬੰਦੀਆਂ ਨਾਲ ਮਿਲ ਕੇ ਰੇਲਾਂ ਰੋਕਣ ਲਈ ਰੇਲਵੇ ਟਰੈਕ ਤੇ ਬੈਠ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ।ਇਸ ਮੌਕੇ ਵੱਖ ਵੱਖ ਕਿਸਾਨ ਆਗੂਆਂ ਨੇ ਆਪਣੇ ਸੰਬੋਧਨ ਵਿੱਚ ਕੇਂਦਰ ਸਰਕਾਰ ਖਿਲਾਫ ਰੱਜ ਕੇ ਭੜਾਸ ਕੱਢੀ ਗਈ।ਧਰਨੇ ਨੂੰ ਸੰਬੋਧਨ ਕਰਦੇ ਹੋਏ ਬਲਵੀਰ ਸਿੰਘ ਖੀਰਨੀਆਂ ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਪੂਰੇ ਭਾਰਤ ਨੂੰ ਤਬਾਹੀ ਵੱਲ ਲਿਜਾਣ ਵਿੱਚ ਕੋਈ ਕਸਰ ਨਹੀਂ ਛੱਡ ਰਹੀ। ਲਖੀਮਪੁਰ ਖੀਰੀ ਦੇ ਕਾਤਲ ਸ਼ਰੇਆਮ ਬਾਹਰ ਘੁੰਮ ਰਹੇ ਹਨ, ਇਸ ਦੁਰਘਟਨਾ ਵਿੱਚ ਮਾਰੇ ਕਿਸਾਨਾਂ ਦੀ ਕੋਈ ਸਾਰ ਨਹੀਂ ਲਈ ਜਾ ਰਹੀ। ਦੂਸਰੇ ਪਾਸੇ ਕੇਂਦਰ ਸਰਕਾਰ ਕਿਸਾਨਾਂ ਦੀਆਂ ਮੰਗਾਂ ਸਬੰਧੀ ਚੁੱਪ ਵੱਟ ਕੇ ਬੈਠੀ ਹੈ, ਉਸ ਨੂੰ ਕਿਸਾਨੀ ਨਾਲ ਕੋਈ ਸਰੋਕਾਰ ਨਹੀਂ ਹੈ। ਦੂਸਰੇ ਪਾਸੇ ਪੰਜਾਬ ਸਰਕਾਰ ਜੋ ਆਪਣੇ ਆਪ ਨੂੰ ਕਿਸਾਨਾਂ ਦੀ ਹਤੈਸ਼ੀ ਅਖਵਾ ਰਹੀ ਸੀ, ਵੱਲੋਂ ਹੁਣ ਤੱਕ ਝੋਨੇ ਦੀ ਖਰੀਦ ਸਬੰਧੀ ਕੋਈ ਪ੍ਰਬੰਧ ਨਹੀਂ ਹੋ ਸਕੇ।

ਸ਼ੈਲਰ ਮਾਲਕ ਤੇ ਆੜ੍ਹਤੀਏ ਹੜਤਾਲ ਕਰੀ ਬੈਠੇ ਹਨ ਤੇ ਕਿਸਾਨ ਆਪਣੀਆਂ ਫਸਲ ਵੇਚਣ ਲਈ ਮੰਡੀਆਂ ਵਿੱਚ ਰੁਲ ਰਹੇ ਹਨ।ਉਨ੍ਹਾਂ ਚਿਤਾਵਨੀ ਦਿੰਦੇ ਹੋਏ ਆਖਿਆ ਕਿ ਜੇਕਰ ਪੰਜਾਬ ਸਰਕਾਰ ਨੇ ਸਰਕਾਰੀ ਖਰੀਦ ਵਿੱਚ ਜਲਦੀ ਕੋਈ ਸੁਧਾਰ ਨਾ ਕੀਤਾ ਤਾਂ ਸਾਰੀਆਂ ਕਿਸਾਨ ਜਥੇਬੰਦੀਆਂ ਇਕੱਠੀਆਂ ਹੋ ਕੇ ਭਗਵੰਤ ਮਾਨ ਸਰਕਾਰ ਖਿਲਾਫ ਮੋਰਚਾ ਖੋਲ੍ਹ ਦੇਣਗੀਆਂ।

ਧਰਨੇ ਵਿੱਚ ਬੀ. ਕੇ. ਯੂ. (ਦੋਆਬਾ) ਵੱਲੋਂ ਜਰਨੈਲ ਸਿੰਘ ਜ਼ਿਲ੍ਹਾ ਸਕੱਤਰ, ਜੀਵਨ ਸਿੰਘ ਸਕੱਤਰ, ਦਲਜੀਤ ਸਿੰਘ ਬੱਗੂ ਮੱਲ ਮਾਜਰਾ, ਦਲਜੀਤ ਸਿੰਘ ਬੱਗੂ ਮੱਲ ਮਾਜਰਾ, ਹਰਪਾਲ ਸਿੰਘ ਮੱਲ ਮਾਜਰਾ, ਰਜਿੰਦਰ ਸਿੰਘ ਮਾਸਟਰ, ਜਸਮੇਰ ਸਿੰਘ ਗਾਗੂ ਟੋਡਰਪੁਰ, ਗੁਰਦੇਵ ਸਿੰਘ ਕਟਾਣਾ ਸਾਹਿਬ, ਬਿੱਕਰ ਸਿੰਘ ਪ੍ਰਧਾਨ ਬਲਾਕ ਮਾਛੀਵਾੜਾ, ਕੁਲਦੀਪ ਸਿੰਘ ਖੀਰਨੀਆਂ, ਗੁੱਡੂ ਟੋਡਰਪੁਰ, ਚੰਦ ਸਿੰਘ ਟੋਡਰਪੁਰ, ਨੋਨੀ ਸਿੰਘ ਟੋਡਰਪੁਰ, ਜੀਤ ਸਿੰਘ ਟੋਡਰਪੁਰ, ਅਮਰ ਸਿੰਘ ਟੋਡਰਪੁਰ ਆਦਿ ਤੋਂ ਇਲਾਵਾ ਯੂਨੀਅਨ ਦੇ ਹੋਰ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

## ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਐਂਡ ਅਲਾਈਡ ਦੀ ਮੀਟਿੰਗ ਭਲਕੇ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)** ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਐਂਡ ਅਲਾਈਡ ਦੀ ਮਹੀਨਾਵਾਰ ਮੀਟਿੰਗ 5 ਅਕਤੂਬਰ ਨੂੰ ਸਮਾਂ 11 ਵਜੇ ਤੋਂ 1 ਵਜੇ ਤੱਕ ਪ੍ਰਧਾਨ ਗੁਰਬਚਨ ਸਿੰਘ ਦੀ ਅਗਵਾਈ ਹੇਠ ਮੇਨ ਵਾਟਰ ਵਰਕਸ ਕੋਟਕਪੂਰਾ ਰੋਡ ਸ੍ਰੀ ਮੁਕਤਸਰ ਸਾਹਿਬ ਵਿਖੇ ਹੋਵੇਗੀ।ਜਥੇਬੰਦੀ ਦੇ ਆਗੂ ਮੁਖਤਿਆਰ ਸਿੰਘ ਬੇਦੀ, ਚਿੰਤ ਰਾਮ ਨਾਹਰ ਤੇ ਜਸਵਿੰਦਰ ਸਿੰਘ ਨੇ ਕਿਹਾ ਕਿ ਸਾਰੇ ਸਾਥੀ ਸਹੀ ਸਮੇਂ 'ਤੇ ਮੀਟਿੰਗ ਵਿੱਚ ਹਾਜ਼ਰ ਹੋਣ ਤਾਂ ਜੁ ਪਿਛਲੇ ਸਮੇਂ ਤੋਂ ਲਟਕਦੀ ਆ ਰਹੀ ਮੰਗਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਜਾ ਸਕੇ ਤੇ ਨਵੇਂ ਸੰਘਰਸ਼ ਉਲੀਕੇ ਜਾ ਸਕਣ।

## ਚੋਰੀ ਦੇ ਮੋਟਰਸਾਈਕਲ ਸਮੇਤ ਕਾਬੂ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਦਰ ਫ਼ਿਰੋਜ਼ਪੁਰ ਦੀ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਫ਼ਿਰੋਜ਼ਪੁਰ ਜ਼ਿਲ੍ਹਾ ਪ੍ਰੀਸ਼ਦ ਦੇ ਬਰਟ ਰੋਡ ਨੇੜਿਓਂ ਇੱਕ ਵਿਅਕਤੀ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਦੇ ਕਬਜ਼ੇ ਵਿੱਚੋਂ ਇੱਕ ਚੋਰੀ ਦਾ ਮੋਟਰਸਾਈਕਲ ਬਰਾਮਦ ਕੀਤਾ ਹੈ।ਇਸ ਸਬੰਧੀ ਪੁਲਸ ਨੇ ਮੁਲਜ਼ਮਾਂ ਖ਼ਿਲਾਫ਼ ਚੋਰੀ ਦੀਆਂ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ।ਜਾਣਕਾਰੀ ਦਿੰਦੇ ਹੋਏ ਥਾਣਾ ਸਦਰ ਫ਼ਿਰੋਜ਼ਪੁਰ ਦੇ ਸਹਾਇਕ ਇੰਸਪੈਕਟਰ ਬਲਦੇਵ ਰਾਜ ਨੇ ਦੱਸਿਆ ਕਿ ਬੀਤੇ ਦਿਨ ਉਨ੍ਹਾਂ ਪੁਲਸ ਪਾਰਟੀ ਸਮੇਤ ਗਸ਼ਤ ਤੇ ਚੈਕਿੰਗ ਦੌਰਾਨ ਕਥਿਤ ਦੋਸ਼ੀ ਕਾਰਜ ਸਿੰਘ ਪੁੱਤਰ ਚੰਦੀ ਸਿੰਘ ਵਾਸੀ ਪਿੰਡ ਲੱਖੋਕੇ ਬਹਿਰਾਮ ਨੂੰ ਜ਼ਿਲ੍ਹਾ ਪ੍ਰੀਸ਼ਦ ਦੇ ਕੋਲ ਸਾਹਮਣੇ ਤੋਂ ਆਉਂਦੇ ਦੇਖਿਆ, ਜੋ ਪੁਲਸ ਨੂੰ ਦੇਖ ਕੇ ਘਬਰਾ ਗਿਆ ਅਤੇ ਉਥੋਂ ਜਾਣ ਲੱਗਾ ਤਾਂ ਪੁਲਸ ਨੇ ਉਸ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਪੁੱਛਗਿੱਛ ਕੀਤੀ, ਜਿਸ ਨੇ ਦੱਸਿਆ ਕਿ ਉਕਤ ਮੋਟਰਸਾਈਕਲ ਉਸ ਨੇ ਚੋਰੀ ਕੀਤਾ ਹੈ।ਮਾਮਲੇ ਦੀ ਜਾਂਚ ਕਰ ਰਹੇ ਬਲਦੇਵ ਰਾਜ ਨੇ ਦੱਸਿਆ ਕਿ ਪੁਲਸ ਨੇ ਉਕਤ ਮਾਮਲੇ 'ਚ ਕਥਿਤ ਦੋਸ਼ੀਆਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਬਜ਼ੁਰਗ ਔਰਤ ਦੀ ਕਾਤਲ ਸੋਨੇ ਦੇ ਗਹਿਣਿਆਂ ਤੇ ਨਕਦੀ ਸਮੇਤ ਗ੍ਰਿਫ਼ਤਾਰ



**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਐਸਐਸਪੀ ਅਸ਼ਵਿਨੀ ਗੋਟਿਆਲ ਨੇ ਦੱਸਿਆ ਕਿ ਖੰਨਾ ਪੁਲਸ ਵੱਲੋਂ ਇੱਕ ਬਜ਼ੁਰਗ ਔਰਤ ਦੇ ਕਤਲ ਦੀ ਗੁੱਥੀ ਨੂੰ ਕੁੱਝ ਹੀ ਘੰਟਿਆਂ ਵਿੱਚ ਸੁਲਝਾ ਲੈਣ ਦਾ ਦਾਅਵਾ ਕੀਤਾ ਗਿਆ।ਗੁੱਥੀ ਨੂੰ ਕੁਝ ਘੰਟਿਆਂ ਵਿੱਚ ਹੀ ਸੁਲਝਾ ਕੇ ਲੁੱਟੇ ਗਏ ਸੋਨੇ ਦੇ ਗਹਿਣੇ 45 ਰੁਪਏ ਨਕਦੀ ਸਮੇਤ ਗ੍ਰਿਫਤਾਰ ਕਰਨ ਦਾ ਦਾਅਵਾ ਕੀਤਾ ਹੈ।ਸਵੇਰੇ ਭਾਰਤ ਕੌਸ਼ਲ ਪੁੱਤਰ ਸ਼ਿਆਮ ਸੁੰਦਰ ਵਾਸੀ ਮਕਾਨ ਨੰਬਰ 307 ਵਾਰਡ ਨੰਬਰ 20 ਨੇੜੇ ਰਾਣੀ ਤਲਾਬ ਖੰਨਾ ਜ਼ਿਲ੍ਹਾ ਲੁਧਿਆਣਾ ਨੇ ਖੰਨਾ ਪੁਲਸ ਨੂੰ ਦੇ ਥਾਣਾ ਸਿਟੀ 2 ਵਿੱਚ ਆ ਕੇ ਬਿਆਨ ਦਰਜ ਕਰਾਇਆ, ਜਿਸ ਵਿੱਚ ਉਸ ਨੇ ਦੱਸਿਆ ਕਿ ਉਹ ਤੇ ਉਸ ਦਾ ਭਰਾ ਕਰਨ ਕੌਸ਼ਲ ਕੰਮ ਕਾਜ ਦੇ ਸੰਬੰਧ ਵਿੱਚ ਰੋਜ਼ਾਨਾ ਦੇ ਰਾਤ 11:30 ਵਜੇ ਦੇ ਕਰੀਬ ਘਰੇ ਆਉਂਦੇ ਹਨ।ਇਸ ਦੌਰਾਨ ਉਨ੍ਹਾਂ ਦੀ ਮਾਤਾ ਕਮਲੇਸ਼ ਰਾਤ ਸਾਡੇ ਘਰ ਵਿੱਚ ਇਕੱਲੀ ਹੀ ਰਹਿੰਦੀ ਹੈ।ਸਾਡੇ ਘਰ ਵਿੱਚ ਧੋਬੀਆਂ ਵਾਲੇ ਮਹੱਲੇ ਵਿੱਚ ਰਹਿੰਦੀ ਔਰਤ ਸ਼ਾਨ ਅਬਾਸ ਪਤਨੀ ਅਹਿਮਦ ਅਬਾਸ ਨਾਲ ਮਾਤਾ ਦਾ ਬਹੁਤ ਸਹਿਚਾਰ ਸੀ। ਬੀਤੀ ਰਾਤ ਜਦੋਂ ਅਸੀਂ ਦੋਵੇਂ ਭਰਾ ਆਪਣੇ ਕੰਮ ਤੋਂ ਵਾਪਸ ਆਏ ਤਾਂ ਸਾਡੇ ਘਰ ਦਾ ਬਾਹਰਲਾ ਦਰਵਾਜ਼ਾ ਖੁੱਲ੍ਹਾ ਸੀ।ਜਦੋਂ ਅਸੀਂ ਬੈਡਰੂਮ ਵਿੱਚ ਗਏ ਤਾਂ ਦੇਖਿਆ ਸਾਡੀ ਮਾਤਾ ਖ਼ੂਨ ਨਾਲ ਲੱਥਪੱਥ ਹੋਈ ਪਈ ਸੀ। ਉਸਦੀ ਮੌਤ ਹੋ ਚੁੱਕੀ ਸੀ।ਮਾਤਾ ਦੇ ਪਹਿਨੇ ਹੋਏ ਗਹਿਣੇ ਸਾਡੇ ਘਰ ਵਿੱਚ ਪਏ 35 ਤੋਂ 40 ਹਜ਼ਾਰ ਰੁਪਏ ਤੇ ਸਾਡੀ ਮਾਤਾ ਦਾ ਮੋਬਾਇਲ ਫੋਨ ਗ਼ਾਇਬ ਸੀ।ਇਹ ਲੁੱਟ ਅਤੇ ਸਾਡੀ ਮਾਤਾ ਦਾ ਕਾਤਲ ਸਾਨ ਆਬਸ ਨੇ ਹੀ ਕੀਤਾ ਹੈ ।ਇਹ ਸੂਚਨਾ ਮਿਲਦੇ ਸਾਰ ਹੀ ਥਾਣਾ ਸਿਟੀ 2 ਦੀ ਪੁਲਿਸ ਵੱਲੋਂ ਮੁਕਦਮਾ ਦਰਜ ਕਰਕੇ ਤਫ਼ਤੀਸ਼ ਅਮਲ ਵਿੱਚ ਲਿਆਂਦੀ ਗਈ।ਮੌਕਾ ਵਾਰਦਾਤ 'ਤੇ ਸੀਨੀਅਰ ਅਫ਼ਸਰਾਂ ਵੱਲੋਂ ਮੌਕੇ ਦਾ ਜਾਇਜ਼ਾ ਲਿਆ ਗਿਆ।ਮੁਕੱਦਮੇ ਦੀ ਤਫ਼ਤੀਸ਼ ਦੌਰਾਨ ਵੱਖ-ਵੱਖ ਪੁਲਸ ਟੀਮਾਂ ਬਣਾ ਕੇ ਕਥਿਤ ਦੋਸ਼ਣ ਦੀ ਭਾਲ ਕੀਤੀ ਗਈ। ਸਾਨ ਅਬਾਸ ਨੂੰ ਗ੍ਰਿਫ਼ਤਾਰ ਕਰਕੇ ਉਸ ਪਾਸੋਂ ਲੁੱਟੇ ਸੋਨੇ ਦੇ ਗਹਿਣੇ, 4500 ਰੁਪਏ ਨਕਦ ਬਰਾਮਦ ਕੀਤੇ ਗਏ ।

## ਸੰਯੁਕਤ ਕਿਸਾਨ ਮੋਰਚੇ ਨੇ ਮਨਾਇਆ ਲਖੀਮਪੁਰ ਖੀਰੀ ਦੇ ਕਿਸਾਨਾਂ ਦਾ ਸ਼ਹੀਦੀ ਦਿਹਾੜਾ

**ਤਲਵੰਡੀ ਸਾਬੋ/ਬਠਿੰਡਾ (ਜਗਦੀਪ ਗਿੱਲ/ਪਰਵਿੰਦਰਜੀਤ ਸਿੰਘ)**-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਲਖੀਮੀਰਪੁਰ ਖੀਰੀ ਵਿਖੇ ਕਿਸਾਨ ਅੰਦੋਲਨ ਦੌਰਾਨ ਸ਼ਹੀਦ ਹੋਏ ਇੱਕ ਪੱਤਰਕਾਰ ਤੇ ਚਾਰ ਕਿਸਾਨ ਸਾਥੀਆਂ ਦਾ ਸ਼ਹੀਦੀ ਦਿਹਾੜਾ ਟੀਚਰਜ ਹੋਮ ਵਿਖੇ ਮਨਾਇਆ ਗਿਆ।



ਸ਼ਹੀਦ ਹੋਏ ਸਾਥੀਆਂ ਨੂੰ ਫੁੱਲਮਾਲਾ ਅਰਪਣ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਪਹੁੰਚੇ ਹੋਏ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਬਲਕਰਨ ਸਿੰਘ ਬਰਾੜ, ਬੀ ਕੇ ਯੂ ਮਾਨਸਾ ਦੇ ਸੂਬਾ ਜਨਰਲ ਸਕੱਤਰ ਬੇਅੰਤ ਸਿੰਘ ਮਹਿਮਾ ਸਰਜਾ, ਬੀਕੇਯੂ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ ਭਾਈ ਰੂਪਾ, ਜਮਹੂਰੀ ਕਿਸਾਨ ਸਭਾ ਦੇ ਜਿਲਾ ਆਗੂ ਸੰਪੂਰਨ ਸਿੰਘ ਬਠਿੰਡਾ, ਬੀਕੇਯੂ ਮਾਲਵਾ ਦੇ ਜ਼ਿਲ੍ਹਾ ਪ੍ਰਧਾਨ ਜਗਜੀਤ ਸਿੰਘ ਕੋਟਸ਼ਮੀਰ ਨੇ ਦੋਸ਼ ਲਾਇਆ ਕਿ ਕੇਂਦਰ ਸਰਕਾਰ ਕਿਸਾਨ ਅੰਦੋਲਨ ਦੌਰਾਨ ਸ਼ਹੀਦ ਹੋਏ ਕਿਸਾਨਾਂ ਨੂੰ ਨਿਆਂ ਦਿਵਾਉਣ ਵਿੱਚ ਫ਼ੇਲ੍ਹ ਹੋਈ ਹੈ, ਜਿਸ ਕਾਰਨ ਉਸ ਨੂੰ ਉੱਤਰੀ ਭਾਰਤ ਵਿੱਚ ਆਮ ਚੋਣਾਂ ਵਿੱਚ ਮੂੰਹ ਦੀ ਖਾਣੀ ਪਈ ਹੈ।ਉਨ੍ਹਾਂ ਮੰਗ ਕੀਤੀ ਕਿ ਲਖਮੀਰਪੁਰ ਖੀਰੀ ਦੇ ਸ਼ਹੀਦਾਂ ਨੂੰ ਨਿਆਂ ਦਿਵਾਇਆ ਜਾਵੇ, ਕਿਸਾਨਾਂ ਉੱਪਰ ਦਰਜ ਝੂਠੇ ਮੁਕੱਦਮੇ ਖਤਮ ਕੀਤੇ ਜਾਣ ਅਤੇ ਕਿਸਾਨਾਂ ਦੀਆਂ ਫ਼ਸਲਾਂ ਦੀ ਐੱਮਐੱਸਪੀ, ਕਿਸਾਨਾਂ ਮਜ਼ਦੂਰਾਂ ਦੀ ਕਰਜ਼ਾ ਮੁਕਤੀ, ਫ਼ਸਲੀ ਬੀਮਾ ਯੋਜਨਾ ਤੇ ਕਿਸਾਨ-ਮਜ਼ਦੂਰ ਪੈਨਸ਼ਨ ਸਮੇਤ ਰਹਿੰਦੀਆਂ ਮੰਗਾਂ ਪੂਰੀਆਂ ਕੀਤੀਆਂ ਜਾਣ।ਬੁਲਾਰਿਆਂ ਨੇ ਪੰਜਾਬ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਪੰਜਾਬ ਦੀ ਸਰਕਾਰ ਪੂਰੀ ਤਰ੍ਹਾਂ ਫੇਲ ਹੋ ਚੁੱਕੀ ਹੈ, ਕਿਉਂਕਿ ਪਿਛਲੇ ਸਾਲ ਦਾ 14 ਲੱਖ ਟਨ ਚਾਵਲ ਹਾਲੇ ਤੱਕ ਸੈਲਰਾਂ ਵਿੱਚ ਪਿਆ ਹੈ ਤੇ ਉੱਪਰੋਂ ਝੋਨੇ ਦਾ ਨਵਾਂ ਸੀਜ਼ਨ ਸ਼ੁਰੂ ਹੋ ਗਿਆ ਹੈ ਅਤੇ ਝੋਨਾ ਸ਼ੈਲਰਾਂ ਵਿੱਚ ਲਾਉਣ ਲਈ ਕੋਈ ਥਾਂ ਨਹੀਂ ਹੈ।ਪੰਜਾਬ ਸਰਕਾਰ ਸਮੇਂ ਸਿਰ ਚਾਵਲ ਕੇਂਦਰ ਸਰਕਾਰ ਨੂੰ ਚੁਕਵਾਉਣ ਵਿੱਚ ਫੇਲ੍ਹ ਹੋਈ ਹੈ।1 ਅਕਤੂਬਰ ਤੋਂ ਨਵੇਂ ਝੋਨੇ ਦੀ ਖਰੀਦ ਕਰਨ ਦਾ ਦਾਅਵਾ ਕਰਨ ਵਾਲੀ ਸਰਕਾਰ ਹਾਲੇ ਤੱਕ ਮੰਡੀਆਂ ਵਿੱਚ ਝੋਨੇ ਦੀ ਖਰੀਦ ਦਾ ਪੁਖਤਾ ਪ੍ਰਬੰਧ ਨਹੀਂ ਕਰ ਸਕੀ।ਝੋਨਾ ਮੰਡੀਆਂ ਵਿੱਚ ਆ ਰਿਹਾ ਹੈ ਤੇ ਕਿਸਾਨ ਝੋਨੇ ਦੀ ਵਾਢੀ ਕਰਨ ਲਈ ਖਰੀਦ ਸ਼ੁਰੂ ਹੋਣ ਦੀ ਉਡੀਕ ਕਰ ਰਹੇ ਹਨ, ਪ੍ਰੰਤੂ ਮੁੱਖ ਮੰਤਰੀ ਲੋਕਾਂ ਨੂੰ ਚੁਟਕਲੇ ਸੁਣਾ ਕੇ ਕੰਮ ਸਾਰ ਰਿਹਾ ਹੈ।ਦੂਜੇ ਪਾਸੇ ਆਲੂ ਤੇ ਸਬਜ਼ੀਆਂ ਦੀ ਬਿਜਾਈ ਸ਼ੁਰੂ ਹੋ ਗਈ ਹੈ, ਜਿਸ ਵਾਸਤੇ ਲੋੜੀਦੀ ਡੀਏਪੀ ਹਾਲੇ ਤੱਕ ਬਾਜ਼ਾਰ ਜਾਂ ਸੁਸਾਇਟੀਆਂ ਉੱਪਰ ਦੇਣ ਵਾਸਤੇ ਕੋਈ ਪ੍ਰਬੰਧ ਨਹੀਂ ਹੋ ਸਕਿਆ।ਡੀਏਪੀ ਦੀ ਭਾਰੀ ਬਲੈਕ ਮੇਲਿੰਗ ਹੋ ਰਹੀ ਹੈ ਤੇ ਵੱਡੇ ਪੱਧਰ ਤੇ ਨਕਲੀ ਡੀਏਪੀ ਬਾਜ਼ਾਰ ਵਿੱਚ ਵਿਕ ਰਹੀ ਹੈ।ਡੀਏਪੀ ਦੇ ਨਾਲ ਬਜ਼ਾਰ ਤੇ ਸੁਸਾਇਟੀਆਂ ਵਿੱਚ ਗ਼ੈਰ ਜ਼ਰੂਰੀ ਖਾਦਾਂ ਤੇ ਦਵਾਈਆਂ ਕਿਸਾਨਾਂ ਨੂੰ ਦਿੱਤੀਆਂ ਜਾ ਰਹੀਆਂ ਹਨ, ਜਿਸ ਨੂੰ ਰੋਕਣ ਵਿੱਚ ਵੀ ਪੰਜਾਬ ਸਰਕਾਰ ਨਾਕਾਮ ਹੋ ਚੁੱਕੀ ਹੈ।ਇਸ ਨਾਲ ਕਿਸਾਨਾਂ ਦੀ ਭਾਰੀ ਲੁੱਟ ਹੋ ਰਹੀ ਹੈ।ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਉਸ ਨੇ ਆਉਣ ਵਾਲੇ ਇੱਕ ਦੋ ਦਿਨਾਂ ਵਿੱਚ ਝੋਨੇ ਦੀ ਖਰੀਦ ਸ਼ੁਰੂ ਨਾ ਕੀਤੀ ਤੇ ਡੀਏਪੀ ਦਾ ਪੁਖਤਾ ਪ੍ਰਬੰਧ ਨਾ ਕੀਤਾ ਤਾਂ ਸੰਯੁਕਤ ਕਿਸਾਨ ਮੋਰਚਾ ਜਲਦੀ ਹੀ ਫ਼ੈਸਲਾ ਲੈ ਕੇ ਪੰਜਾਬ ਦੀਆਂ ਸਾਰੀਆਂ ਸੜਕਾਂ ਜਾਮ ਕਰ ਦੇਵੇਗਾ, ਜਿਸ ਦੀ ਜ਼ਿੰਮੇਵਾਰ ਪੰਜਾਬ ਸਰਕਾਰ ਹੋਵੇਗੀ।

## ਆਦਿ ਪੁਰਸ਼ ਮਹਾਰਾਜਾ ਅਗਰਸੇਨ ਦੇ ਜਨਮ ਦਿਵਸ ਮੌਕੇ ਸਮਾਗਮ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਅਗਰਵਾਲ ਸਭਾ ਤੇ ਮਹਾਰਾਜਾ ਅਗਰਸੇਨ ਸੇਵਾ ਸੰਮਤੀ ਫ਼ਿਰੋਜ਼ਪੁਰ ਸ਼ਹਿਰ ਵੱਲੋਂ ਆਦਿ ਪੁਰਸ਼ ਮਹਾਰਾਜਾ ਅਗਰਸੇਨ ਜੀ ਦੇ 5138ਵੇਂ ਜਨਮ ਦਿਵਸ ਮੌਕੇ ਸਮਾਗਮ ਕਰਵਾਇਆ ਗਿਆ।ਇਸ ਮੌਕੇ ਸ਼ਹਿਰ ਦੇ ਸਮੂਹ ਅਗਰਵਾਲ ਪਰਵਾਰ ਮਹਾਰਾਜਾ ਅਗਰਸੇਨ ਚੌਕ ਵਿਖੇ ਇਕੱਠੇ ਹੋਏ ਤੇ ਸਾਰਿਆਂ ਨੇ ਮਹਾਰਾਜਾ ਅਗਰਸੇਨ ਨੂੰ ਫੁੱਲਾਂ ਦੀ ਮਾਲਾ ਭੇਟ ਕਰਕੇ ਸ਼ਰਧਾਂਜਲੀ ਭੇਟ ਕੀਤੀ।ਇਸ ਮੌਕੇ ਅਸ਼ੋਕ ਗੁਪਤਾ, ਰਮੇਸ਼ ਅਗਰਵਾਲ, ਸ਼੍ਰੀ ਧਰਮਪਾਲ ਬਾਂਸਲ (ਡਾਇਰੈਕਟਰ ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਤੇ ਹਾਰਮਨੀ ਆਯੁਰਵੈਦਿਕ ਮੈਡੀਕਲ ਹਸਪਤਾਲ ਫਿਰੋਜ਼ਪੁਰ), ਸੁਰਿੰਦਰ ਅਗਰਵਾਲ, ਰਜਿੰਦਰ ਗਰਗ, ਵਿਕਾਸ ਗੋਇਲ, ਸੰਜੇ ਬਾਂਸਲ, ਰਾਜੀਵ ਅਗਰਵਾਲ, ਮਨਮੋਹਨ ਅਗਰਵਾਲ, ਵਿਜੇ ਅਗਰਵਾਲ, ਅਸ਼ਵਿਨ ਇਰਾਨ ਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।ਇਸ ਮੌਕੇ ਮਹਾਰਾਜਾ ਅਗਰਸੇਨ ਦੀ ਜੀਵਨੀ 'ਤੇ ਚਾਨਣਾ ਪਾਉਂਦਿਆਂ ਸ੍ਰੀ ਅਸ਼ੋਕ ਗੁਪਤਾ ਤੇ ਰਾਜਿੰਦਰ ਗਰਗ ਨੇ ਕਿਹਾ ਕਿ ਮਹਾਰਾਜਾ ਅਗਰਸੇਨ ਆਪਣੇ ਆਦਰਸ਼ਾਂ ਤੇ ਸਮਾਜ ਭਲਾਈ ਦੇ ਕੰਮਾਂ ਕਰਕੇ ਵੈਸ਼ਿਆ ਸਮਾਜ ਵਿੱਚ ਪ੍ਰਮੁੱਖ ਤੌਰ 'ਤੇ ਜਾਣੇ ਜਾਂਦੇ ਹਨ, ਪਰ ਉਨ੍ਹਾਂ ਦੇ ਸਮਾਜ ਭਲਾਈ ਦੇ ਕੰਮਾਂ ਕਾਰਨ ਉਹ ਸਿਰਫ਼ ਸਮਾਜ ਜਾਂ ਭਾਈਚਾਰੇ ਤੱਕ ਹੀ ਸੀਮਤ ਨਹੀਂ ਸੀ, ਸਗੋਂ ਉਸ ਦੇ ਗੁਣਾਂ ਜਿਵੇਂ ਕਿ ਅਥਾਹ ਦਇਆ, ਦਿਆਲਤਾ, ਬਹਾਦਰੀ ਤੇ ਲੋਕਾਂ ਨੂੰ ਜੋੜਨ ਦੀ ਯੋਗਤਾ ਨੇ ਉਸ ਨੂੰ ਮਹਾਨ ਬਣਾਇਆ।ਮਹਾਰਾਜਾ ਅਗਰਸੇਨ ਨੇ 'ਇੱਕ ਇੱਟ ਤੇ ਇੱਕ ਰੁਪਈਆ' ਦੀ ਨਵੀਂ ਪ੍ਰਥਾ ਸ਼ੁਰੂ ਕੀਤੀ, ਜਿਸ ਤਹਿਤ ਅਗਰੋਹਾ ਵਿੱਚ ਪਹਿਲਾਂ ਤੋਂ ਰਹਿ ਰਹੇ ਹਰੇਕ ਪਰਵਾਰ ਨੂੰ ਅਗਰੋਹਾ ਆਉਣ ਵਾਲੇ ਹਰ ਨਵੇਂ ਪਰਵਾਰ ਨੂੰ ਇੱਕ ਇੱਟ ਤੇ ਇੱਕ ਰੁਪਿਆ ਦਿੱਤਾ ਜਾਵੇਗਾ।ਇਸ ਕਿਸਮ ਦੇ ਕੰਮ ਨੇ ਨਵੇਂ ਆਏ ਲੋਕਾਂ ਨੂੰ ਆਪਣੇ ਘਰ ਬਣਾਉਣ ਤੇ ਆਪਣਾ ਕਾਰੋਬਾਰ ਸ਼ੁਰੂ ਕਰਨ ਦੇ ਯੋਗ ਬਣਾਇਆ, ਜਿਸ ਨਾਲ ਬਹੁਤ ਸਾਰੇ ਲੋਕਾਂ ਨੂੰ ਆਪਣੇ ਘਰ ਤੇ ਕਾਰੋਬਾਰ ਚਲਾਉਣ ਵਿੱਚ ਵੱਡੀ ਮਦਦ ਮਿਲੀ।



## ਪੱਤਰਕਾਰਾਂ ਨੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਬਿੱਟੂ ਨਾਲ ਕੀਤੀ ਮੁਲਾਕਾਤ

*ਰੇਲਵੇ ਸਫ਼ਰ 'ਚ ਬੰਦ ਕੀਤੀ ਰਿਆਇਤ ਮੁੜ ਬਹਾਲ ਕਰਨ ਸਬੰਧੀ ਦਿੱਤਾ ਮੰਗ ਪੱਤਰ*



**ਮੋਗਾ (ਇਕਬਾਲ ਸਿੰਘ ਖਹਿਰਾ)**-ਇੰਡੀਅਨ ਜਰਨਲਿਸਟ ਯੂਨੀਅਨ ਦੇ ਸਕੱਤਰ ਜਨਰਲ ਬਲਵਿੰਦਰ ਜੰਮੂ ਦੀ ਅਗਵਾਈ ਹੇਠ ਵਫਦ ਨੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨਾਲ ਮੁਲਾਕਾਤ ਕਰਦਿਆਂ ਕਿਹਾ ਕਿ ਪਿਛਲੇ ਲੰਬੇ ਅਰਸੇ ਤੋਂ ਪੱਤਰਕਾਰਾਂ ਨੂੰ ਭਾਰਤ ਸਰਕਾਰ ਖਾਸ ਕਰਕੇ ਰੇਲਵੇ ਮੰਤਰਾਲੇ ਨੇ ਸਫਰ ਵਿੱਚ ਅੱਧੀ ਟਿਕਟ ਦੀ ਸਹੂਲਤ ਦਿੱਤੀ ਹੋਈ ਸੀ, ਪਰ ਕੋਰੋਨਾ ਦੇ ਸਮੇਂ ਦੌਰਾਨ ਮੋਦੀ ਸਰਕਾਰ ਨੇ ਪੱਤਰਕਾਰਾਂ ਨੂੰ ਦਿੱਤੀ ਜਾਂਦੀ ਇਹ ਸਹੂਲਤ ਬੰਦ ਕਰ ਦਿੱਤੀ ਹੈ। ਯੂਨੀਅਨ ਦੇ ਆਗੂ ਬਲਵਿੰਦਰ ਸਿੰਘ ਜੰਮੂ ਤੇ ਜੈ ਸਿੰਘ ਛਿੱਬਰ ਨੇ ਕਿਹਾ ਕਿ ਪੱਤਰਕਾਰ ਲੋਕਤੰਤਰ ਦੀ ਬਹਾਲੀ ਲਈ ਕੰਮ ਕਰ ਰਹੇ ਹਨ। ਪੱਤਰਕਾਰਾਂ ਨੂੰ ਪੱਤਰਕਾਰੀ ਦੇ ਪੇਸ਼ੇ ਵਜੋਂ ਦੇਸ਼ ਦੇ ਵੱਖ ਵੱਖ ਭਾਗਾਂ ਵਿੱਚ ਜਾਣਾ ਪੈਂਦਾ ਹੈ, ਜਿਸ ਕਰਕੇ ਭਾਰਤ ਸਰਕਾਰ ਨੇ ਪੱਤਰਕਾਰਾਂ ਨੂੰ ਰੇਲਵੇ ਸਫਰ ਵਿੱਚ ਰਿਆਇਤ ਦਿੱਤੀ ਹੋਈ ਸੀ, ਪਰ ਕਰੋਨਾ ਸਮੇਂ ਦੌਰਾਨ ਭਾਰਤ ਸਰਕਾਰ ਨੇ ਰੇਲਵੇ ਵਿੱਚ ਸਫਰ ਦੀ ਦਿੱਤੀ ਜਾਂਦੀ ਰਿਆਇਤ ਤੇ ਵਰਕਿੰਗ ਜਰਨਲਿਸਟ ਐਕਟ ਨੂੰ ਖਤਮ ਕਰ ਦਿੱਤਾ ਹੈ, ਜਿਸ ਕਰਕੇ ਪੱਤਰਕਾਰ ਭਾਈਚਾਰੇ ਵਿੱਚ ਰੋਸ ਪਾਇਆ ਜਾ ਰਿਹਾ ਹੈ। ਬਿੱਟੂ ਨੇ ਵਫਦ ਨੂੰ ਭਰੋਸਾ ਦਿੱਤਾ ਕਿ ਉਹ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਣਗੇ ਤੇ ਬੰਦ ਕੀਤੀ ਹੋਈ ਇਹ ਸੁਵਿਧਾ ਨੂੰ ਮੁੜ ਬਹਾਲ ਕਰਵਾਉਣ ਲਈ ਹਰ ਸੰਭਵ ਯਤਨ ਕਰਨਗੇ।

## ਸ਼ੈੱਲਰ ਮਾਲਕਾਂ, ਆੜ੍ਹਤੀਆਂ ਤੇ ਲੇਬਰ ਦੀ ਹੜਤਾਲ ਕਾਰਨ ਝੋਨੇ ਦੇ ਲੱਗੇ ਅੰਬਾਰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਬੇਸ਼ੱਕ ਪੰਜਾਬ ਸਰਕਾਰ ਨੇ ਮੰਡੀਆਂ 'ਚ ਝੋਨੇ ਦੀ ਸਰਕਾਰੀ ਖਰੀਦ 1 ਅਕਤੂਬਰ ਤੋਂ ਕਰ ਦਿੱਤਾ ਹੈ, ਪ੍ਰੰਤੂ ਪੰਜਾਬ ਅੰਦਰ ਸ਼ੈਲਰ ਮਾਲਕਾਂ, ਆੜ੍ਹਤੀਆਂ ਤੇ ਲੇਬਰ ਵੱਲੋਂ ਕੀਤੀ ਜਾ ਰਹੀ ਹੜਤਾਲ ਦਾ ਮਾਮਲਾ ਪੰਜਾਬ ਸਰਕਾਰ ਦੇ ਗਲੇ ਹੀ ਹੱਡੀ ਬਣਦਾ ਜਾ ਰਿਹਾ ਹੈ, ਕਿਉਂਕਿ ਸੂਬੇ ਦੇ ਸ਼ੈਲਰ ਮਾਲਕਾਂ ਨੇ ਜਿੱਥੇ ਝੋਨਾ ਆਪਣੇ ਸ਼ੈਲਰਾਂ 'ਚ ਲਾਉਣ ਤੋਂ ਹੱਥ ਖੜੇ ਕਰ ਦਿੱਤੇ ਹਨ, ਉਥੇ ਆੜ੍ਹਤੀਆਂ ਤੇ ਲੇਬਰ ਨੇ ਆਪਣੀਆਂ ਮੰਗਾਂ ਮੰਨਣ ਤੱਕ ਝੋਨੇ ਦੀ ਖਰੀਦ ਤੋਂ ਦੂਰ ਰਹਿਣ ਦਾ ਫ਼ੈਸਲਾ ਕਰ ਲਿਆ ਹੈ, ਜਿਸ ਕਾਰਨ ਮੰਡੀਆਂ ਵਿੱਚ ਝੋਨੇ ਦੇ ਢੇਰ ਲੱਗਣੇ ਸ਼ੁਰੂ ਹੋ ਗਏ ਹਨ।



ਪੰਜਾਬ ਰਾਈਸ ਮਿੱਲਰਾਂ ਨੇ ਸ਼ੁਰੂ ਹੋਏ ਝੋਨੇ ਦੇ ਨਵੇਂ ਸੀਜ਼ਨ ਦਾ ਪੂਰਨ ਤੌਰ 'ਤੇ ਬਾਈਕਾਟ ਕਰਕੇ ਆਪਣੇ ਸ਼ੈਲਰ ਬੰਦ ਰੱਖਣ ਦਾ ਐਲਾਨ ਕਰਦਿਆਂ ਸਰਬਸੰਮਤੀ ਨਾਲ ਫ਼ੈਸਲਾ ਕੀਤਾ ਹੈ ਕਿ ਜਦੋਂ ਤੱਕ ਸ਼ੈਲਰ ਮਾਲਕਾਂ ਦੀਆਂ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਤੇ ਗੋਦਾਮਾਂ 'ਚ ਝੋਨਾ ਲਾਉਣ ਲਈ ਥਾਂ ਨਹੀਂ ਉਪਲਬਧ ਹੁੰਦੀ, ਓਨਾ ਚਿਰ ਉਹ ਆਪਣੇ ਸ਼ੈਲਰਾਂ ਲਈ ਝੋਨੇ ਦੀ ਅਲਾਟਮੈਂਟ ਨਹੀਂ ਕਰਾਉਣਗੇ ਤੇ ਨਾ ਹੀ ਬਾਰਦਾਨਾ ਦੇਣਗੇ।ਆਲ ਇੰਡੀਆ ਰਾਈਸ ਮਿੱਲਰਜ਼ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਤਰਸੇਮ ਸੈਨੀ ਨੇ ਆਖਿਆ ਕਿ ਬਕਾਇਆ ਪਏ ਚੌਲਾਂ ਦੀ ਸਮੱਸਿਆ ਬਾਰੇ ਮੁੱਦਾ ਪਿਛਲੇ ਕਈ ਮਹੀਨਿਆਂ ਤੋਂ ਚੱਲ ਰਿਹਾ ਹੈ ਤੇ ਪੰਜਾਬ ਦੀ ਅਫਸਰਸ਼ਾਹੀ ਨੇ ਮੁੱਖ ਮੰਤਰੀ ਨੂੰ ਗੁਮਰਾਹ ਕੀਤਾ ਗਿਆ ਹੈ ਤੇ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੇਂਦਰ ਸਰਕਾਰ ਨੂੰ ਚਿੱਠੀ ਲਿਖੀ ਗਈ ਹੈ, ਜਦੋਂਕਿ ਇਹ ਕੰਮ ਕਈ ਮਹੀਨੇ ਪਹਿਲਾਂ ਕਰਨਾ ਚਾਹੀਦਾ ਸੀ।ਤਰਸੇਮ ਸੈਨੀ ਨੇ ਆਖਿਆ ਕਿ ਇਕੱਠ 'ਚ ਫੈਸਲਾ ਕੀਤਾ ਗਿਆ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਦਾ ਹੱਲ ਨਹੀਂ ਹੋ ਜਾਂਦਾ, ਕੋਈ ਵੀ ਸ਼ੈਲਰ ਮਾਲਕ ਸ਼ੈਲਰ 'ਚ ਝੋਨਾ ਨਹੀਂ ਲਾਏਗਾ, ਕਿਉਂਕਿ ਕੁੱਝ ਅਧਿਕਾਰੀ ਡਰਾ-ਧਮਕਾ ਕੇ ਜ਼ਬਰਦਸਤੀ ਰਾਈਸ ਮਿੱਲਰਾਂ ਨੂੰ ਅਲਾਟਮੈਂਟ ਕਰਾਉਣ ਲਈ ਕਹਿ ਰਹੇ ਹਨ, ਜਿਸ ਦਾ ਸਾਰੇ ਪੰਜਾਬ ਦੇ ਸ਼ੈਲਰ ਮਾਲਕ ਵਿਰੋਧ ਕਰਨਗੇ।ਬੀਤੇ ਦਿਨ ਪਟਿਆਲਾ ਵਿਖੇ ਪੰਜਾਬ ਦੇ ਰਾਈਸ ਮਿਲਰਾਂ ਦੇ ਸਾਲਾਨਾ ਅਜਲਾਸ ਮੌਕੇ ਇਸ ਦਾ ਐਲਾਨ ਕੀਤਾ ਗਿਆ!

ਇਸ ਮੌਕੇ ਸੈਨੀ ਨੇ ਆਖਿਆ ਕਿ ਸਰਕਾਰ ਦੀ ਮਨਸ਼ਾ ਹੈ ਕਿ ਕਿਸੇ ਵੀ ਤਰ੍ਹਾਂ ਇੱਕ ਵਾਰ ਝੋਨਾ ਸ਼ੈਲਰਾਂ 'ਚ ਲਵਾ ਕੇ ਇਨ੍ਹਾਂ ਨੂੰ ਫਸਾ ਲਿਆ ਜਾਵੇ ਤੇ ਜਦੋਂ ਸਪੇਸ ਹੋਈ ਉਦੋਂ ਮਾਲ ਚੁੱਕ ਲਵਾਂਗੇ, ਪਰ ਹੁਣ ਸ਼ੈਲਰ ਮਾਲਕ ਇਨ੍ਹਾਂ ਦੇ ਝਾਂਸੇ 'ਚ ਨਹੀਂ ਆਉਣਗੇ, ਕਿਉਂਕਿ ਸਰਕਾਰ ਵੱਲ ਸ਼ੈਲਰ ਮਾਲਕਾਂ ਦਾ ਪਹਿਲਾਂ ਵੀ ਕਰੋੜਾਂ ਰੁਪਏ ਬਕਾਇਆ ਖੜ੍ਹਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 26 ਸਤੰਬਰ ਨੂੰ ਮੀਟਿੰਗ 'ਚ ਕਿਹਾ ਸੀ ਕਿ ਅਸੀਂ ਕੇਂਦਰ ਸਰਕਾਰ ਨੂੰ ਇੱਥੋਂ ਚਾਵਲ ਚੁੱਕਣ ਲਈ ਮਜਬੂਰ ਕਰਾਂਗੇ, ਪ੍ਰੰਤੂ ਹਾਲੇ ਤੱਕ ਕੁੱਝ ਨਹੀਂ ਹੋਇਆ ਤੇ ਹੁਣ ਚਿੱਠੀਆਂ ਲਿਖਣ ਨਾਲ ਕੁਝ ਨਹੀਂ ਹੋਵੇਗਾ। ਸਗੋਂ ਕੇਂਦਰ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਮਿਲ ਕੇ ਇਸਦਾ ਹੱਲ ਕਰਾਉਣ।ਉਨ੍ਹਾਂ ਕਿਹਾ ਕਿ ਸਰਕਾਰ ਆਪਣੇ ਹਿੱਸੇ ਦਾ 50 ਫ਼ੀਸਦੀ ਬਰਦਾਨਾ ਜਾਰੀ ਕਰ ਕੇ ਝੋਨਾ ਖਰੀਦ ਕਰਕੇ ਖਾਲੀ ਹੋਣ ਵਾਲੀ ਸਪੇਸ ਵਿੱਚ ਸਟੋਰ ਕਰਾ ਲਵੇ ਅਤੇ ਅਸੀਂ ਆਪਣੀ ਮੰਗਾਂ ਮੰਨਣ ਤੋਂ ਬਾਅਦ ਇਸ ਝੋਨੇ ਦੀ ਛੜਾਈ ਕਰ ਦੇਵਾਂਗੇ।

## ਲਾਮਿਸਾਲ ਰਿਹਾ ਪਰਮਗੁਣੀ ਭਗਤ ਸਿੰਘ ਦਾ 117ਵਾਂ ਜਨਮ ਦਿਹਾੜਾ : ਭੋਲਾ, ਖੋਸਾ

**ਮੋਗਾ (ਇਕਬਾਲ ਸਿੰਘ ਖਹਿਰਾ)**-ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਪੰਜਾਬ ਵੱਲੋਂ ਬਨੇਗਾ ਪ੍ਰਾਪਤੀ ਮੁਹਿੰਮ ਦੇ ਬੈਨਰ ਹੇਠ ਹਰੇਕ ਲਈ ਰੁਜ਼ਗਾਰ ਦੀ ਗਰੰਟੀ ਕਰਦੇ ਕਾਨੂੰਨ ਬਨੇਗਾ ਭਾਵ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ, ਜਿਸ ਅਨੁਸਾਰ ਹਰ ਇੱਕ ਨੂੰ (ਜੋ ਚਾਹੁੰਦਾ ਹੈ) ਉਸ ਦੀ ਯੋਗਤਾ ਅਨੁਸਾਰ ਕੰਮ ਤੇ ਕੰਮ ਅਨੁਸਾਰ ਤਨਖ਼ਾਹ ਆਦਿ ਦੀ ਪ੍ਰਾਪਤੀ ਲਈ ਇੱਥੇ ਸਥਾਨਕ ਇਨਡੋਰ ਸਟੇਡੀਅਮ ਗੋਧੇਵਾਲਾ ਵਿਖੇ ਪਰਮਗੁਣੀ ਭਗਤ ਸਿੰਘ ਦੇ ਜਨਮ ਦਿਵਸ ਮੌਕੇ ਤੇ ਰੁਜ਼ਗਾਰ ਪ੍ਰਾਪਤੀ ਮੁਹਿੰਮ ਦੀ ਸਿਲਵਰ ਜੁਬਲੀ ਮੌਕੇ ਬਨੇਗਾ ਵਲੰਟੀਅਰ ਸੰਮੇਲਨ ਅਤੇ ਮਾਰਚ ਕੀਤਾ ਗਿਆ, ਜਿਸ ਵਿੱਚ ਪੰਜਾਬ ਭਰ ਵਿੱਚੋਂ ਹਜ਼ਾਰਾਂ ਵਲੰਟੀਅਰਾਂ ਨੇ ਭਗਤ ਸਿੰਘ ਦੀ ਤਸਵੀਰ ਵਾਲੀ ਬਨੇਗਾ ਟੀ-ਸ਼ਰਟ ਪਹਿਨ ਕੇ ਸ਼ਮੂਲੀਅਤ ਕੀਤੀ। ਇਸ ਪ੍ਰੋਗਰਾਮ ਦੀ ਅਗਵਾਈ ਸਰਬ ਭਾਰਤ ਨੌਜਵਾਨ ਸਭਾ ਦੇ ਪੰਜਾਬ ਦੇ ਪ੍ਰਧਾਨ ਪਰਮਜੀਤ ਸਿੰਘ ਢਾਬਾਂ, ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾ ਰਾਏ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਪੰਜਾਬ ਪ੍ਰਧਾਨ ਰਮਨ ਕੁਮਾਰ ਧਰਮੂਵਾਲਾ ਤੇ ਸੁਖਵਿੰਦਰ ਮਲੌਟ ਨੇ ਕੀਤੀ। ਇਸ ਪ੍ਰੋਗਰਾਮ ਵਿੱਚ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਕੌਮੀ ਜਨਰਲ ਸਕੱਤਰ ਦਿਨੇਸ਼ ਕੁਮਾਰ (ਤਾਮਿਲਨਾਡੂ) ਤੇ ਬਨੇਗਾ ਪ੍ਰਾਪਤੀ ਮੁਹਿੰਮ ਦੇ ਮੁੱਖ ਸਲਾਹਕਾਰ ਬਾਈ ਜਗਰੂਪ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਲਾਲ ਵਰਦੀਧਾਰੀ ਵਲੰਟੀਅਰਾਂ ਨੇ ਹੱਥਾਂ ਵਿੱਚ ਭਗਤ ਸਿੰਘ ਦੀਆਂ ਫੋਟੋਆਂ, ਲਾਲ ਝੰਡੇ, ਬੈਨਰ, ਫਲੈਕਸ ਤੇ ਤਖ਼ਤੀਆਂ ਫੜ ਕੇ ਮੋਗਾ ਦੇ ਵੱਖ-ਵੱਖ ਬਾਜ਼ਾਰਾਂ ਵਿੱਚ ਮਾਰਚ ਕਰਦਿਆਂ ਪੂਰਾ ਮੋਗਾ ਲਾਲੋ-ਲਾਲ ਕਰ ਦਿੱਤਾ। ਸਮਾਗਮ ਦੀ ਸ਼ੁਰੂਆਤ ਵੇਲੇ ਤਿਆਰੀ ਕਮੇਟੀ ਦੇ ਕਨਵੀਨਰ ਡਾ. ਇੰਦਰਬੀਰ ਸਿੰਘ ਗਿੱਲ ਜ਼ਿਲ੍ਹਾ ਆਗੂ ਐਪਸੋ ਨੇ ਸਮਾਗਮ ਦਾ ਉਦਘਾਟਨ ਕਰਦਿਆਂ ਭਗਤ ਸਿੰਘ ਦੇ ਜਨਮ ਦਿਨ ਦੀਆਂ ਮੁਬਾਰਕਾਂ ਦਿੱਤੀਆਂ ਤੇ ਪ੍ਰੋਗਰਾਮ ਵਿਚ ਸ਼ਾਮਲ ਵਲੰਟੀਅਰਾਂ ਦਾ ਸਵਾਗਤ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਜਗਰੂਪ ਸਿੰਘ, ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਪਰਮਜੀਤ ਢਾਬਾਂ ਨੇ ਕਿਹਾ ਕਿ ਰੁਜ਼ਗਾਰ ਪ੍ਰਾਪਤੀ ਮੁਹਿੰਮ ਦੀ ਲਗਾਤਾਰ ਬਿਨਾਂ ਨਾਗਾ ਸਰਗਰਮੀ ਦਾ ਨਤੀਜਾ ਹੈ ਕਿ ਪਰਮਗੁਣੀ ਭਗਤ ਸਿੰਘ ਦਾ ਜਨਮ ਦਿਨ ਤਿਉਹਾਰ ਵਾਂਗ ਮਨਾਇਆ ਜਾਣ ਲੱਗਾ ਹੈ। ਸਾਬਕਾ ਨੌਜਵਾਨ ਆਗੂਆਂ ਕਸ਼ਮੀਰ ਸਿੰਘ ਗਦਾਈਆ, ਹੰਸਰਾਜ ਗੋਲਡਨ ਤੇ ਸੁਰਿੰਦਰ ਢੰਡੀਆਂ ਨੇ ਭਗਤ ਸਿੰਘ ਦੇ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ। ਮਾਰਚ ਦੌਰਾਨ ਰੋਡਵੇਜ਼ ਦੇ ਆਗੂਆਂ ਵੱਲੋਂ ਵਲੰਟੀਅਰਾਂ ਲਈ ਲੱਡੂਆਂ ਤੇ ਪਾਣੀ ਦਾ ਪ੍ਰਬੰਧ ਕੀਤਾ ਗਿਆ। ਕੁਲਦੀਪ ਭੋਲਾ ਤੇ ਜਗਸੀਰ ਖੋਸਾ ਨੇ ਕਿਹਾ ਕਿ ਉਨ੍ਹਾਂ ਵੱਲੋਂ ਹਰੇਕ ਵਲੰਟੀਅਰ, ਪ੍ਰਬੰਧਕ, ਲੀਡਰਸ਼ਿਪ ਦਾ ਵਿਸ਼ੇਸ਼ ਧੰਨਵਾਦ ਕੀਤਾ ਜਾਂਦਾ ਹੈ, ਜਿਨ੍ਹਾਂ ਨੇ ਅਨੁਸ਼ਾਸਨ ਵਿੱਚ ਰਹਿ ਕੇ ਇਸ ਸਮਾਗਮ ਤੇ ਵਲੰਟੀਅਰ ਮਾਰਚ ਨੂੰ ਨੇਪਰੇ ਚਾੜ੍ਹਿਆ ਹੈ।



ਇਸ ਦੌਰਾਨ ਰੋਡਵੇਜ਼ ਦੇ ਆਗੂ ਬਚਿੱਤਰ ਸਿੰਘ ਧੋਥੜ, ਗੁਰਜੰਟ ਕੋਕਰੀ, ਸੁਰਿੰਦਰ ਸਿੰਘ, ਅਵਤਾਰ ਸਿੰਘ ਤਾਰੀ, ਪੋਹਲਾ ਬਰਾੜ, ਜਗਪਾਲ ਸਿੰਘ ਤੇ ਰੁਜ਼ਗਾਰ ਪ੍ਰਾਪਤੀ ਮੁਹਿੰਮ ਦੇ ਆਗੂ ਸੁਖਦੇਵ ਭੋਲਾ, ਗੁਰਸ਼ਰਨ ਫਤਿਹਗੜ੍ਹ ਪੰਜਤੂਰ, ਵੀਰ ਸਿੰਘ ਤੋਂ ਇਲਾਵਾ ਮਹਿੰਦਰ ਸਿੰਘ ਧੂੜਕੋਟ, ਜਗਜੀਤ ਸਿੰਘ, ਕੁਲਵੰਤ ਸਿੰਘ ਬੱਧਨੀ ਖੁਰਦ, ਬਲਰਾਜ ਸਿੰਘ ਬੱਧਨੀ ਖੁਰਦ, ਗੁਰਮੀਤ ਬਾਘਾ ਪੁਰਾਣਾ, ਦਰਸ਼ਨ ਲਾਲ, ਤਿਆਰੀ ਕਮੇਟੀ ਵਿੱਚੋਂ ਸਵਰਨ ਖੋਸਾ, ਸਰਬਜੀਤ ਕੌਰ ਖੋਸਾ ਤੇ ਸਵਾਗਤੀ ਕਮੇਟੀ ਸੀਨੀਅਰ ਮੈਂਬਰ ਬਲਦੇਵ ਸਿੰਘ ਸੜਕਨਾਮਾ, ਸੁਖਦੇਵ ਸਿਰਸਾ, ਗੁਰਚਰਨ ਸੰਘਾ, ਗੁਰਚਰਨ ਕੌਰ ਮੋਗਾ, ਡਾਕਟਰ ਅਰਵਿੰਦਰਪਾਲ ਗਿੱਲ, ਨਰਿੰਦਰ ਸੋਹਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸਰਵ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਮੋਗਾ ਤੋਂ ਗੁਰਦਿੱਤ ਦੀਨਾ, ਜਗਵਿੰਦਰ ਕਾਕਾ, ਸਵਰਾਜ ਖੋਸਾ, ਹਰਪ੍ਰੀਤ ਨਿਹਾਲ ਸਿੰਘ ਵਾਲਾ, ਨਵਜੋਤ ਬਿਲਾਸਪੁਰ, ਨਵਕਿਰਨ ਬੱਧਨੀ, ਇੰਦਰਜੀਤ ਦੀਨਾ, ਜਸਪ੍ਰੀਤ ਬੱਧਨੀ, ਬੋਹੜ ਬੁੱਟਰ, ਸਵਰਾਜ ਢੁੱਡੀਕੇ, ਇਕਬਾਲ ਤਖਾਣਵੱਧ, ਮਨੀਸ਼ਾ ਮਹੇਸਰੀ, ਲਵਪ੍ਰੀਤ ਕੌਰ, ਕੁਲਬੀਰ ਸਿੰਘ, ਜਬਰਜੰਗ ਸਿੰਘ, ਲਖਵੀਰ ਰਾਜੂ ਮਹੇਸਰੀ, ਸੁੱਖ ਮਹੇਸਰੀ, ਅਨਮੋਲ, ਰਮਨ, ਅਵਤਾਰ ਚੜਿੱਕ, ਵੀਰਪਾਲ ਕੌਰ ਆਦਿ ਹਾਜ਼ਰ ਸਨ।

# ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਦਾ ਜਥਾ ਸੰਗਰੂਰ ਰੈਲੀ ਲਈ ਰਵਾਨਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ (ਪੀ ਪੀ ਪੀ ਐੱਫ਼) ਜ਼ਿਲ੍ਹਾ ਇਕਾਈ ਹੁਸ਼ਿਆਰਪੁਰ ਦਾ ਇੱਕ ਵੱਡਾ ਜਥਾ ਜਥੇਬੰਦੀ ਦੇ ਦੋਆਬਾ ਜੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ, ਸੂਬਾ ਕਮੇਟੀ ਮੈਂਬਰ ਮਨਜੀਤ ਸਿੰਘ ਦਸੂਹਾ, ਜ਼ਿਲ੍ਹਾ ਜਨਰਲ ਸਕੱਤਰ ਬਲਜੀਤ ਸਿੰਘ ਮਹਿਮੋਵਾਲ, ਸੁਖਦੇਵ ਡਾਨਸੀਵਾਲ, ਮੁਕੇਸ਼ ਕੁਮਾਰ, ਪ੍ਰਵੀਨ ਸ਼ੇਰਪੁਰ, ਰਜਿੰਦਰ ਸਿੰਘ, ਹਰਿੰਦਰ ਸੁਮਨ ਅਤੇ ਬਲਕਾਰ ਸਿੰਘ ਪੁਰੀਕਾ ਆਦਿ ਆਗੂਆਂ ਦੀ ਅਗਵਾਈ ਹੇਠ ਸੰਗਰੂਰ ਰੈਲੀ ਲਈ ਰਵਾਨਾ ਹੋਇਆ।ਰਵਾਨਾ ਹੋਣ ਸਮੇਂ ਆਗੂਆਂ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਦਸਿਆ ਕਿ ਪੰਜਾਬ ਸਰਕਾਰ ਵਲੋਂ ਨਵੰਬਰ 2022 ਵਿੱਚ ਪੰਜਾਬ ਸੂਬੇ ਅੰਦਰ ਮੁਲਾਜ਼ਮਾਂ ਉੱਪਰ ਪੁਰਾਣੀ ਪੈਨਸ਼ਨ ਸਕੀਮ ਨੂੰ ਮੁੜ ਲਾਗੂ ਕਰਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਸੀ, ਪਰ ਬੜੇ ਅਫਸੋਸ ਦੀ ਗੱਲ ਹੈ ਕਿ ਇਹ ਨੋਟੀਫਿਕੇਸ਼ਨ ਜਾਰੀ ਹੋਣ ਦੇ ਬਾਵਜੂਦ ਵੀ ਪੰਜਾਬ ਅੰਦਰ ਹਕੀਕੀ ਰੂਪ ਵਿੱਚ ਪੁਰਾਣੀ ਪੈਨਸ਼ਨ ਸਕੀਮ ਨੂੰ ਲਾਗੂ ਕਰਨ ਵੱਲ ਪੰਜਾਬ ਸਰਕਾਰ ਨੇ ਕੋਈ ਕਦਮ ਨਹੀਂ ਚੁੱਕਿਆ। ਨੋਟੀਫਿਕੇਸ਼ਨ ਜਾਰੀ ਹੋਣ ਨੂੰ ਲਗਭਗ ਦੋ ਸਾਲ ਹੋਣ ਨੂੰ ਆਏ ਹਨ ਪਰ ਅਜੇ ਤੱਕ ਕਿਸੇ ਵੀ ਮੁਲਾਜ਼ਮ ਦੀ ਜੀ ਪੀ ਐੱਫ਼ ਦੀ ਕਟੌਤੀ ਨਹੀਂ ਸ਼ੁਰੂ ਕੀਤੀ ਗਈ ਅਤੇ ਨਵੀਆਂ ਭਰਤੀਆਂ ਉੱਤੇ ਵੀ ਨਵੀਂ ਪੈਨਸ਼ਨ ਸਕੀਮ ਹੀ ਲਾਗੂ ਕੀਤੀ ਜਾ ਰਹੀ ਹੈ ਜਿਸਦੇ ਵਿਰੋਧ ਵਿੱਚ ਪਿਛਲੇ ਤਿੰਨ ਦਿਨਾਂ ਤੋਂ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ ਪੈਨਸ਼ਨ ਪ੍ਰਾਪਤੀ ਮੋਰਚਾ ਚੱਲ ਰਿਹਾ ਹੈ ਜਿਸਦੇ ਅੱਜ ਆਖ਼ਰੀ ਦਿਨ ਰੈਲੀ ਕੀਤੀ ਜਾ ਰਹੀ ਹੈ ਅਤੇ ਮੁੱਖ ਮੰਤਰੀ ਦੇ ਘਰ ਵੱਲ ਮਾਰਚ ਕੀਤਾ ਜਾ ਰਿਹਾ ਹੈ। ਇਸ ਜਥੇ ਵਿੱਚ ਕਰਨੈਲ ਸਿੰਘ, ਅਜੇ ਕੁਮਾਰ, ਬਲਜਿੰਦਰ ਸਹੋਤਾ, ਜਸਮੀਤ ਸਿੰਘ,ਬਲਬੀਰ ਸਿੰਘ ਧਾਮੀ, ਨੰਦ ਰਾਮ, ਸੋਮ ਪਾਲ, ਸੰਜੀਵ ਕਲਸੀ, ਅਸ਼ਨੀ ਕੁਮਾਰ, ਵਰਿੰਦਰ ਸੈਣੀ, ਨਿਰਮਲ ਸਿੰਘ ਨਿਹਾਲਪੁਰ, ਵਿਪਨ ਸਨਿਆਲ, ਜਸਵਿੰਦਰ ਝਿੰਗੜ, ਪਰਮਜੀਤ ਠੱਕਰ, ਪਰਮਿੰਦਰ ਸਿੰਘ, ਜਤਿੰਦਰ ਸਿੰਘ, ਅਵਤਾਰ ਸਿੰਘ, ਜੀਵਨ ਸੰਧੂ, ਰਜਨੀਸ਼ ਕੁਮਾਰ, ਦਲਜੀਤ ਸਿੰਘ, ਮਦਨ ਗੋਪਾਲ, ਮਨਪ੍ਰੀਤ ਸਿੰਘ, ਗੁਰਪਾਲ ਸਿੰਘ , ਬਲਕਾਰ ਮਘਾਣੀਆਂ, ਰਜਿੰਦਰ ਸਿੰਘ, ਸੰਦੀਪ ਗਿੱਲ, ਜਰਨੈਲ ਡਘਾਮ ਅਤੇ ਜਗਦੀਪ ਕੁਮਾਰ ਆਦਿ ਆਗੂ ਵੀ ਸ਼ਾਮਲ ਸਨ।

## ਲੇਖਾ ਵਿਭਾਗ ਨੇ ਸਥਾਪਨਾ ਦਿਵਸ ਮਨਾਇਆ

**ਜਲੰਧਰ (ਸੁਰਿੰਦਰ ਕੁਮਾਰ)** ਸਥਾਨਕ ਜਲੰਧਰ ਦੇ ਖੇਤਰੀ ਲੇਖਾ ਦਫ਼ਤਰ (ਪੇ), ਜਲੰਧਰ ਛਾਉਣੀ ਵੱਲੋਂ ਰੱਖਿਆ ਲੇਖਾ ਵਿਭਾਗ ਦਾ ਸਥਾਪਨਾ ਦਿਵਸ ਮਨਾਇਆ ਗਿਆ।ਇਸ ਮੌਕੇ ਵੱਖ-ਵੱਖ ਪ੍ਰੋਗਰਾਮ ਕਰਵਾਏ ਗਏ।ਇਸ ਵਿੱਚ ਟੇਬਲ ਟੈਨਿਸ, ਬੈਡਮਿੰਟਨ, ਬੱਚਿਆਂ ਦੇ ਪੇਂਟਿੰਗ ਮੁਕਾਬਲੇ ਅਤੇ ਵੱਖ-ਵੱਖ ਸੱਭਿਆਚਾਰਕ ਪ੍ਰੋਗਰਾਮ ਸ਼ਾਮਲ ਹਨ।ਖੇਤਰੀ ਦਫਤਰ ਦੀ ਇੰਚਾਰਜ ਮਨਜੀਤ ਕੌਰ ਆਈ ਏ ਐਸ, ਵਧੀਕ ਕੰਟਰੋਲਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਰੱਖਿਆ ਲੇਖਾ ਵਿਭਾਗ ਦੇਸ਼ ਦੀ ਫੌਜ ਦੀਆਂ ਸੇਵਾਵਾਂ ਵਿੱਚ ਸਰਗਰਮੀ ਨਾਲ ਜੁਟਿਆ ਹੋਇਆ ਹੈ ਅਤੇ ਉਹ ਆਡਿਟ, ਅਦਾਇਗੀ ਅਤੇ ਵਿੱਤੀ ਮਾਮਲਿਆਂ ਨੂੰ ਕੁਸ਼ਲਤਾ ਨਾਲ ਸੰਭਾਲ ਰਿਹਾ ਹੈ।ਸਲਾਹਕਾਰੀ ਸੇਵਾਵਾਂ ਪ੍ਰਦਾਨ ਕਰਨਾ। ਉਨ੍ਹਾਂ ਆਪਣੇ ਸੰਬੋਧਨ ਵਿੱਚ ਕਰਮਚਾਰੀਆਂ ਅਤੇ ਅਧਿਕਾਰੀਆਂ ਨੂੰ ਹੋਰ ਸੁਚਾਰੂ ਢੰਗ ਨਾਲ ਸੇਵਾਵਾਂ ਪ੍ਰਦਾਨ ਕਰਨ ਦੇ ਸਮਰੱਥ ਹੋਣ ਦਾ ਸੱਦਾ ਦਿੱਤਾ।ਇਸ ਪ੍ਰੋਗਰਾਮ ਵਿੱਚ ਸੰਤੋਖ ਰਾਜ, ਡਿਪਟੀ. ਕੰਟਰੋਲਰ, ਕਸ਼ਮੀਰੀ ਲਾਲ ਸੀਨੀਅਰ ਲੇਖਾ ਅਫ਼ਸਰ, ਪਰਮਿੰਦਰ ਸਿੰਘ ਸੀਨੀਅਰ ਲੇਖਾ ਅਫ਼ਸਰ, ਰਾਜ ਕੁਮਾਰ ਸੀਨੀਅਰ ਲੇਖਾ ਅਫ਼ਸਰ, ਯੋਗੇਸ਼ ਕੁਮਾਰ ਸੀਨੀਅਰ ਲੇਖਾ ਅਫ਼ਸਰ, ਅਨਿਲ ਵਰਮਾ ਸੀਨੀਅਰ ਲੇਖਾ ਅਫ਼ਸਰ, ਅਜੈ. ਸ਼ਰਮਾ, ਸੀਨੀਅਰ ਲੇਖਾ ਅਧਿਕਾਰੀ ਅਤੇ ਯੂ ਐੱਸ ਭਗਤ, ਸੀਨੀਅਰ ਲੇਖਾ ਅਧਿਕਾਰੀ ਵੀ ਮੌਜੂਦ ਸਨ। ਇਸ ਮੌਕੇ ਖੇਤਰੀ ਦਫ਼ਤਰ ਦੇ ਅਹਾਤੇ ਅਤੇ ਰਾਮਾ ਮੰਡੀ ਸਥਿਤ ਰਿਹਾਇਸ਼ੀ ਕਲੋਨੀ ਵਿੱਚ ਸਫ਼ਾਈ ਮੁਹਿੰਮ ਚਲਾਈ ਗਈ, ਜਿਸ ਵਿੱਚ ਸਮੂਹ ਮੁਲਾਜ਼ਮਾਂ ਤੇ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ।



## ਪਰਾਲੀ ਨੂੰ ਅੱਗ ਨਾ ਲਾਉਣ ਬਾਰੇ ਲਗਾਇਆ ਕੈਂਪ



**ਬਿਲਗਾ (ਵਿਜੇ ਕੁਮਾਰ)** ਝੋਨੇ ਦੀ ਪਰਾਲੀ ਦੀ ਰਹਿਣ ਖੂਹੰਦ ਦੀ ਸਾਂਭ ਸੰਭਾਲ ਸਬੰਧੀ ਖੇਤੀਬਾੜੀ ਅਤੇ ਕਿਸਾਨ ਭਲਾਈ ਅਤੇ ਮਾਲ ਮਹਿਕਮੇ ਦੇ ਕਰਮਚਾਰੀਆਂ ਨੇ ਐਸ ਡੀ ਐਮ ਫਿਲੌਰ ਸਰਦਾਰ ਅਮਨਪਾਲ ਸਿੰਘ ਦੀ ਅਗਵਾਈ ਵਿੱਚ ਇਕ ਕੈਂਪ ਦਫਤਰ ਨਗਰ ਪੰਚਾਇਤ ਬਿਲਗਾ ਵਿਖੇ ਲਗਾਇਆ ਜਿਸ ਵਿੱਚ ਐਸ ਡੀ ਐਮ ਸਾਹਿਬ ਨੇ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਤੋਂ ਹੋਣ ਵਾਲੇ ਨੁਕਸਾਨ ਅਤੇ ਅੱਗ ਨਾ ਲਗਾਉਣ ਦੇ ਫਾਇਦਿਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਉਨੱਤ ਕਿਸਾਨ' ਨਾਮ ਦੀ ਨਵੀਂ ਐਪ ਬਾਰੇ ਵੀ ਦੱਸਿਆ ਕਿ ਕਿਵੇਂ ਕਿਸਾਨ ਇਸ ਐਪ ਵਿੱਚ ਆਪਣੇ ਨਾਮ ਰਜਿਸਟਰ ਕਰਕੇ ਲਾਭ ਪ੍ਰਾਪਤ ਕਰ ਸਕਦੇ ਹਨ ਇਸ ਮੌਕੇ ਈ ਓ ਬਲਜੀਤ ਸਿੰਘ ਨੇ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ ਕਈ ਤਰ੍ਹਾਂ ਦੀਆਂ ਬਿਮਾਰੀਆਂ ਫੈਲਦੀਆਂ ਹਨ ਖਾਸ ਕਰਕੇ ਸਾਹ ਦੇ ਮਰੀਜ਼ਾਂ ਨੂੰ ਬਹੁਤ ਜਿਆਦਾ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਹੈ ਝੋਨੇ ਦੀ ਰਹਿਣ ਖੂਹੰਦ ਨੂੰ ਅੱਗ ਨਾ ਲਾ ਕੇ ਜਿੱਥੇ ਅਸੀਂ ਆਪਣਾ ਵਾਤਾਵਰਨ ਸ਼ੁੱਧ ਬਣਾ ਸਕਦੇ ਹਾਂ ਉਥੇ ਹੀ ਆਪਣੇ ਆਪ ਨੂੰ ਤੰਦਰੁਸਤ ਰੱਖ ਕੇ ਵਧੀਆ ਸਮਾਜ ਦੀ ਸਿਰਜਣਾ ਕਰ ਸਕਦੇ ਹਾਂ ਸਤਵਿੰਦਰ ਸਿੰਘ ਤਹਿਸੀਲਦਾਰ ਫਿਲੌਰ ਨੇ ਸਰਕਾਰ ਵੱਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ ਬਾਰੇ ਦੱਸਿਆ ਅਤੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਪ੍ਰੇਰਿਤ ਕੀਤਾ ਇਸ ਮੌਕੇ ਹਾਜ਼ਰ ਕਿਸਾਨਾਂ ਨੇ ਪ੍ਰਣ ਕੀਤਾ ਕਿ ਉਹ ਝੋਨੇ ਦੀ ਪਰਾਲੀ ਨੂੰ ਅੱਗ ਨਹੀਂ ਲਗਾਉਣਗੇ ਅਤੇ ਹੋਰਨਾਂ ਨੂੰ ਵੀ ਇਸ ਗੱਲ ਲਈ ਪ੍ਰੇਰਿਤ ਕਰਨਗੇ ਇਸ ਮੌਕੇ ਸਤਵਿੰਦਰ ਸਿੰਘ ਤਹਿਸੀਲਦਾਰ ਫਿਲੌਰ , ਈ ਓ ਬਲਜੀਤ ਸਿੰਘ ਬਿਲਗਾ ,ਤੀਰਥ ਰਾਮ ਪਟਵਾਰੀ, ਸੰਦੀਪ ਕੁਮਾਰ ਪਟਵਾਰੀ, ਇੰਸਪੈਕਟਰ ਰਕੇਸ਼ ਕੁਮਾਰ ਐਸ ਐਚ ਓ ਬਿਲਗਾ, ਸੋਢੀ ਸਿੰਘ ਬੱਬੂ, ਲਖਜੀਤ ਸਿੰਘ ਲਾਲਾ, ਪਰਵਿੰਦਰ ਸਿੰਘ, ਗੁਰਿੰਦਰ ਸਿੰਘ, ਸਾਹਲ, ਸਟੀਵਨ ਨਾਗਰਾ, ਸੰਤੋਖ ਸਿੰਘ ਨੰਬਰਦਾਰ, ਮੋਹਣ ਸਿੰਘ ਮਸਤਾਨਾ ਤੋਂ ਇਲਾਵਾ ਹੋਰ ਬਹੁਤ ਸਾਰੇ ਕਿਸਾਨ ਹਾਜ਼ਰ ਸਨ।

## ਲਾਲ ਬਹਾਦਰ ਸ਼ਾਸਤਰੀ ਦਿਨ ਮਨਾਇਆ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਲਾਇਨਜ਼ ਕਲੱਬ ਰਿਹਾਣਾ ਜੱਟਾਂ ਕੋਹਿਨੂਰ 321 ਡੀ ਵੱਲੋਂ ਭਾਰਤ ਦੇ ਦੂਸਰੇ ਸਾਬਕ ਪ੍ਰਧਾਨ ਮੰਤਰੀ ਲਾਲ ਬਹਾਦਰ ਸ਼ਾਸਤਰੀ ਦਾ ਜਨਮ ਦਿਨ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ। ਸਵ. ਸ਼ਾਸਤਰੀ ਜੀ ਦੇ ਜਨਮ ਦਿਵਸ ਨੂੰ ਸਮਰਪਿਤ ਫਲਦਾਰ, ਫੁੱਲਦਾਰ, ਛਾਂਦਾਰ ਅਤੇ ਔਸ਼ਧੀ ਯੁਕਤ ਬੂਟੇ ਲਗਾਏ ਗਏ ਅਤੇ ਉਨ੍ਹਾ ਦੀ ਤਸਵੀਰ ਉਪਰ ਗੁਲਾਬ ਦੇ ਫੁੱਲ ਚੜ੍ਹਾਉਣ ਦੀ ਰਸਮ ਨਿਭਾਈ ਗਈ । ਹੋਰਨਾਂ ਤੋਂ ਇਲਾਵਾ ਕਲੱਬ ਪ੍ਰਧਾਨ ਲਾਇਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ, ਸਕੱਤਰ ਲਾਇਨ ਡਾਕਟਰ ਤੇਜਬੀਰ ਸਿੰਘ ਧਾਲੀਵਾਲ, ਸਤਨਾਮ ਸਿੰਘ ਗੁਰਕੀਰਤ ਅਸਟੇਟ ਹੁਸ਼ਿਆਰਪੁਰ, ਅਜੀਤ ਸਿੰਘ ਅਸਲਾਮਾਬਾਦ ਹੁਸ਼ਿਆਰਪੁਰ, ਅਵਤਾਰ ਸਿੰਘ ਅਸਲਾਮਾਬਾਦ ਹੁਸ਼ਿਆਰਪੁਰ, ਗਗਨ ਸਾਂਡਲ ਜੀ ਐਸ ਫਲਾਵਰਜ਼ ਅਸਲਾਮਾਬਾਦ ਹੁਸ਼ਿਆਰਪੁਰ ਨੇ ਵਿਸ਼ੇਸ਼ ਸ਼ਿਰਕਤ ਕੀਤੀ ।

## ਸਾਈਡ ਵੱਜਣ ਕਾਰਨ 2 ਸਾਲਾ ਬੱਚੇ ਸਮੇਤ ਔਰਤ ਦੀ ਮੌਤ, ਪਤੀ ਗੰਭੀਰ ਜ਼ਖਮੀ



**ਫਿਲੌਰ (ਨਿਰਮਲ)**- ਥਾਣਾ ਫਿਲੌਰ ਦੀ ਪੁਲਸ ਚੌਕੀ ਅੱਪਰਾ ਦੇ ਇੰਚਾਰਜ ਥਾਣੇਦਾਰ ਹਰਜੀਤ ਸਿੰਘ ਨੇ ਦੱਸਿਆ ਕਿ ਸਾਨੂੰ ਸੂਚਨਾ ਮਿਲੀ ਕਿ ਕੋਈ ਅਣਪਛਾਤਾ ਵਾਹਨ ਮੋਟਰਸਾਈਕਲ ਨੂੰ ਟੱਕਰ ਮਾਰ ਗਿਆ ਹੈ ਜਿਸ ਕਾਰਨ ਮੋਟਰਸਾਈਕਲ 'ਤੇ ਸਵਾਰ ਬੀਬੀ ਸੋਮਾ 26 ਦੀ ਮੌਕੇ 'ਤੇ ਮੌਤ ਹੋ ਗਈ ਜਦੋਂ ਕਿ 2 ਸਾਲਾ ਬੱਚੇ ਗੁਰਪ੍ਰੀਤ ਨੇ ਸਿਵਲ ਹਸਪਤਾਲ ਫਿਲੌਰ ਵਿਖੇ ਦਮ ਤੋੜ ਦਿੱਤਾ ਅਤੇ ਚਾਲਕ ਵਿਨੋਦ ਕੁਮਾਰ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ ਜਿਸ ਨੂੰ ਸਿਵਲ ਹਸਪਤਾਲ ਫਿਲੌਰ ਵਿਖੇ ਦਾਖਲ ਕਰਵਾਇਆ ਗਿਆ। ਥਾਣੇਦਾਰ ਹਰਜੀਤ ਸਿੰਘ ਨੇ ਦੱਸਿਆ ਕਿ ਟੱਕਰ ਮਾਰਨ ਵਾਲੇ ਵਾਹਨ ਚਾਲਕ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਮ੍ਰਿਤਕ ਤੇ ਜ਼ਖਮੀ ਫਿਲੌਰ ਨੇੜੇ ਗੰਨਾ ਪਿੰਡ ਦੇ ਦੱਸੇ ਜਾ ਰਹੇ ਹਨ।

## ਰਾਮਾ ਕ੍ਰਿਸ਼ਨਾ ਡਰਾਮਾਟ੍ਰਿਕ ਕਲੱਬ ਵੱਲੋਂ ਰਾਮਲੀਲ੍ਹਾ ਸ਼ੁਰੂ



**ਭੁਲੱਥ (ਮਨਪ੍ਰੀਤ ਸਿੰਘ)** ਸਬ ਡਵੀਜ਼ਨ ਕਸਬਾ ਭੁਲੱਥ 'ਚ ਸ਼੍ਰੀ ਰਾਮਾ ਕ੍ਰਿਸ਼ਨਾ ਡਰਾਮਾਟ੍ਰਿਕ ਕਲੱਬ ਵੱਲੋਂ ਸ਼੍ਰੀ ਰਾਮ ਲੀਲਾ ਦੀ ਸ਼ੁਰੂਆਤ ਕੀਤੀ ਗਈ।ਜ਼ਿਕਰਯੋਗ ਹੈ ਕਿ ਪਹਿਲੀ ਵਾਰ ਸ਼੍ਰੀ ਰਾਮ ਤੀਰਥ ਅੰਮ੍ਰਿਤਸਰ ਸਾਹਿਬ ਤੋਂ ਭਗਵਾਨ ਵਾਲਮੀਕੀ ਦੀ ਜੋਤ ਸਵਰੂਪ ਲਿਆ ਕੇ ਸ਼ੁਰੂਆਤ ਕੀਤੀ ਗਈ।ਇਸ ਮੌਕੇ ਸੁੰਦਰ ਕਾਂਡ ਦੇ ਪਾਠ ਹੋਏ।ਇਸ ਮੌਕੇ ਉਚੇਚੇ ਤੌਰ 'ਤੇ ਸ੍ਰੀ ਸ੍ਰੀ 1008 ਸੰਤ ਲਛਮਣ ਦਾਸ ਵੱਲੋਂ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਿਆ ਗਿਆ।ਇਸ ਮੌਕੇ ਸ਼੍ਰੀ ਰਾਮਾ ਕ੍ਰਿਸ਼ਨਾ ਡਰਾਮਾਟ੍ਰਿਕ ਕਲੱਬ ਦੇ ਅਹੁਦੇਦਾਰਾਂ ਵੱਲੋਂ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼ਾਮ ਲਾਲ ਸ਼ਰਮਾ, ਮਾਸਟਰ ਕੰਵਲਜੀਤ ਮੰਨਣ, ਅਮੋਲਕ ਢਲ ਤੇ ਹੋਰ ਆਗੂ ਹਾਜ਼ਰ ਸਨ।

## ਜੀ ਡੀ ਗੋਇਨਕਾ ਸਕੂਲ 'ਚ ਗਾਂਧੀ ਜਯੰਤੀ ਸੰਬੰਧੀ ਸਮਾਗਮ



**ਕਪੂਰਥਲਾ (ਹਨੀ)** ਜੀ ਡੀ ਗੋਇਨਕਾ ਇੰਟਰਨੈਸ਼ਨਲ ਸਕੂਲ ਕਪੂਰਥਲਾ ਵਿਖੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੇ ਜਨਮ ਦਿਨ ਨੂੰ ਸਮਰਪਿਤ ਵਿਸ਼ੇਸ ਸਭਾ ਦਾ ਆਯੋਜਨ ਕੀਤਾ ਗਿਆ।ਜਿਸ ਵਿੱਚ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੀ ਜੈਅੰਤੀ ਨੂੰ ਸਮਰਪਿਤ ਸਵੱਛਤਾ ਮੁਹਿੰਮ ਚਲਾਈ ਗਈ। ਇਸ ਮੌਕੇ ਵਿਦਿਆਰਥੀਆਂ ਨੇ ਮਹਾਤਮਾ ਗਾਂਧੀ ਦੇ ਜੀਵਨ ਅਤੇ ਸਿਧਾਂਤਾਂ 'ਤੇ ਚਾਨਣਾ ਪਾਉਂਦੇ ਹੋਏ ਭਾਸ਼ਣ, ਕਵਿਤਾਵਾਂ ਦੀ ਖ਼ੂਬਸੂਰਤ ਪੇਸ਼ਕਾਰੀ ਕਰਦਿਆਂ ਗਾਂਧੀ ਜੀ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ।ਇਸ ਤੋਂ ਇਲਾਵਾ ਜੂਨੀਅਰ ਵਿੰਗ ਦੇ ਬੱਚਿਆਂ ਨੇ ਗਾਂਧੀ ਜੀ ਦੇ ਪਹਿਰਾਵੇ ਨੂੰ ਪਹਿਨ ਕੇ ਮਹਾਤਮਾ ਗਾਂਧੀ ਜੀ ਦੀਆਂ ਸਿਖਿਆਵਾਂ ਨੂੰ ਵਿਦਿਆਰਥੀਆਂ ਨਾਲ ਸਾਂਝਾ ਕੀਤਾ।ਇਸ ਤੋਂ ਬਾਅਦ ਵਿਦਿਆਰਥੀਆਂ ਦੀਆਂ ਸਫਾਈ ਮੁਹਿੰਮ ਦੇ ਤਹਿਤ ਗਤੀਵਿਧੀਆਂ ਕਰਵਾਈਆਂ ਗਈਆਂ।ਇਸ ਦੌਰਾਨ ਸਕੂਲ ਕੈਂਪਸ ਅਤੇ ਆਲੇ-ਦੁਆਲੇ ਦੀ ਸਫਾਈ ਕੀਤੀ ਗਈ।ਜਿਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿਚ ਸਾਫ- ਸਫ਼ਾਈ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ ਕੂੜਾ ਰਹਿਤ ਸਾਫ਼-ਸੁਥਰਾ ਵਾਤਾਵਰਨ ਸਿਰਜਣ ਵਿਚ ਭਾਗੀਦਾਰੀ ਨੂੰ ਯਕੀਨੀ ਬਣਾਉਣਾ ਸੀ।ਸਕੂਲ ਦੇ ਚੇਅਰਮੈਨ ਸੁਖਦੇਵ ਸਿੰਘ ਨਾਨਕਪੁਰ, ਸਕੱਤਰ ਪਰਮਿੰਦਰ ਕੌਰ ਅਤੇ ਪ੍ਰਿੰਸੀਪਲ ਊਸ਼ਾ ਪਰਮਾਰ ਨੇ ਕਿਹਾ ਕਿ ਗਾਂਧੀ ਜਯੰਤੀ ਸਾਰੇ ਭਾਰਤੀਆਂ ਦੇ ਲਈ ਵਿਸ਼ੇਸ਼ ਦਿਨ ਹੈ।ਉਨ੍ਹਾਂ ਕਿਹਾ ਕਿ ਮਹਾਤਮਾ ਗਾਂਧੀ ਨੂੰ ਇਹੋ ਸੱਚੀ ਸ਼ਰਧਾਂਜਲੀ ਹੈ ਕਿ ਅਸੀਂ ਆਪਣੇ ਆਲੇ ਦੁਆਲੇ, ਸਮਾਜ ਅਤੇ ਦੇਸ਼ ਨੂੰ ਸਾਫ ਸੁਥਰਾ ਰੱਖੀਏ ।

## ਸੰਯੁਕਤ ਕਿਸਾਨ ਮੋਰਚੇ ਨੇ ਫਿਲੌਰ ਵਿਖੇ 2 ਘੰਟੇ ਰੇਲਵੇ ਟਰੈਕ 'ਤੇ ਦਿੱਤਾ ਧਰਨਾ



**ਫਿਲੌਰ (ਨਿਰਮਲ)** ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਅਤੇ ਕਿਸਾਨ ਮਜ਼ਦੂਰ ਮੋਰਚੇ ਦੇ ਦਿੱਤੇ ਸੱਦੇ 'ਤੇ ਫਿਲੌਰ ਰੇਲਵੇ ਸਟੇਸ਼ਨ 'ਤੇ ਭਾਰਤੀ ਕਿਸਾਨ ਯੂਨੀਅਨ ਦੁਆਬਾ ਅਤੇ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਨਾਲ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ ਦੋ ਘੰਟੇ ਲਈ ਰੇਲਵੇ ਟਰੈਕ ਤੇ ਧਰਨਾ ਲਗਾਇਆ ਗਿਆ ਇਸ ਮੌਕੇ ਕਿਸਾਨਾਂ ਨੇ ਜਿੱਥੇ ਕੇਂਦਰ ਸਰਕਾਰ ਖਿਲਾਫ ਆਪਣਾ ਗੁੱਸਾ ਜਾਹਿਰ ਕੀਤਾ ਉੱਥੇ ਪੰਜਾਬ ਸਰਕਾਰ ਖਿਲਾਫ ਗੁੱਸਾ ਜਾਹਿਰ ਕਰਦੇ ਹੋਏ ਕਿਹਾ ਖੇਤਾਂ ਵਿੱਚ ਝੋਨੇ ਦੀ ਫਸਲ ਤਿਆਰ ਖੜੀ ਹੈ ਪਰ ਆੜ੍ਹਤੀਏ, ਸ਼ੈਲਰ ਮਾਲਕ ਅਤੇ ਲੇਬਰ ਹੜਤਾਲ ਤੇ ਹੈ ਦੋਵੇਂ ਸਰਕਾਰਾਂ ਨੂੰ ਬੈਠ ਕੇ ਕਿਸਾਨਾਂ ਦੀ ਮੁਸ਼ਕਲ ਦਾ ਹੱਲ ਕਰਨਾ ਚਾਹੀਦਾ ਹੈ।

# ਕਿਰਤੀ ਕਿਸਾਨ ਯੂਨੀਅਨ ਵੱਲੋਂ ਮੰਡੀਆਂ 'ਚੋਂ ਝੋਨੇ ਦੀ ਚੁਕਾਈ ਦੀ ਮੰਗ



**ਨਵਾਂਸ਼ਹਿਰ (ਮਨੋਜ ਲਾਡੀ)**-ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਕਮੇਟੀ ਸ਼ਹੀਦ ਭਗਤ ਸਿੰਘ ਨਗਰ ਨੇ ਮੰਡੀਆਂ ਵਿੱਚੋਂ ਝੋਨੇ ਦੀ ਚੁਕਾਈ ਨਾ ਹੋਣ ਦੀ ਸੂਰਤ ਵਿੱਚ 4 ਅਕਤੂਬਰ ਨੂੰ ਡੀ.ਸੀ ਦਫਤਰ ਅੱਗੇ ਧਰਨਾ ਲਾਉਣ ਦੀ ਚਿਤਾਵਨੀ ਦਿੱਤੀ ਹੈ।ਇਸ ਸਬੰਧੀ ਯੂਨੀਅਨ ਨੇ ਹੰਗਾਮੀ ਮੀਟਿੰਗ ਕੀਤੀ ਹੈ । ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ ਅਤੇ ਜ਼ਿਲ੍ਹਾ ਸਕੱਤਰ ਤਰਸੇਮ ਸਿੰਘ ਬੈਂਸ ਨੇ ਕਿਹਾ ਕਿ ਮੰਡੀਆਂ ਵਿੱਚ ਸੁੱਕੇ ਝੋਨੇ ਦੇ ਅੰਬਾਰ ਲੱਗੇ ਹੋਏ ਹਨ ਪਰ ਖਰੀਦ ਏਜੰਸੀਆਂ ਮੰਡੀਆਂ ਵਿੱਚ ਨਹੀਂ ਆਈਆਂ । ਜਿਸ ਕਰਕੇ ਕਿਸਾਨ ਮੰਡੀਆਂ ਵਿੱਚ ਰਾਤਾਂ ਨੂੰ ਰਹਿਣ ਲਈ ਮਜਬੂਰ ਹਨ । ਕਿਰਤੀ ਕਿਸਾਨ ਯੂਨੀਅਨ ਨੇ ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਕਿਸਾਨਾਂ ਦਾ ਮੰਡੀ ਵਿੱਚ ਆਇਆ ਝੋਨਾ ਤੁਰੰਤ ਭਰਿਆ ਜਾਵੇ ਕਿਉਂਕਿ ਅਜੇ ਝੋਨੇ ਦੀ ਕਟਾਈ ਦਾ ਕੰਮ ਸ਼ੁਰੂ ਹੀ ਹੋਇਆ ਹੈ । ਅਗਰ ਤਿੰਨ ਅਕਤੂਬਰ ਤੱਕ ਝੋਨਾ ਨਾ ਭਰਿਆ ਗਿਆ ਤਾਂ ਜ਼ਿਲ੍ਹੇ ਭਰ ਦੇ ਕਿਸਾਨ 4 ਅਕਤੂਬਰ ਨੂੰ ਡਿਪਟੀ ਕਮਿਸ਼ਨਰ ਦੇ ਦਫ਼ਤਰ ਧਰਨਾ ਦੇਣਗੇ। ਸਮੂਹ ਕਿਸਾਨ ਯੂਨੀਅਨਾਂ, ਆੜ੍ਹਤੀਆਂ, ਲੇਬਰ ਜਥੇਬੰਦੀਆਂ ਅਤੇ ਕਿਸਾਨਾਂ ਨੂੰ 4 ਅਕਤੂਬਰ ਨੂੰ ਸਵੇਰੇ ਠੀਕ 11 ਵਜੇ ਸਮੇਂ ਸਿਰ ਪਹੁੰਚਣ ਲਈ ਅਪੀਲ ਕੀਤੀ ਗਈ । ਇਸ ਮੌਕੇ ਪਰਮਜੀਤ ਸਿੰਘ ਸ਼ਹਾਬਪੁਰ ਪ੍ਰਧਾਨ ਇਲਾਕਾ ਨਵਾਂਸ਼ਹਿਰ, ਸੁਰਿੰਦਰ ਸਿੰਘ ਮਹਿਰਮ ਪੁਰ ਔੜ ਬਲਾਕ ਪ੍ਰਧਾਨ, ਨਿਰਮਲ ਸਿੰਘ ਮੱਲਪੁਰ ਅੜ੍ਹਕਾਂ, ਰਾਮ ਜੀ ਦਾਸ ਸਨਾਵਾ, ਅਵਤਾਰ ਸਿੰਘ ਸਕੋਹਪੁਰ, ਜੀਵਨ ਬੇਗੋਵਾਲ, ਬਲਵੀਰ ਸਿੰਘ, ਮੋਹਣ ਸਿੰਘ ਲੰਗੜੋਆ, ਜਗਤਾਰ ਸਿੰਘ ਜਾਡਲਾ, ਮੱਖਣ ਸਿੰਘ ਭਾਨਮਜਾਰਾ ਅਤੇ ਰਾਮ ਜੀ ਦਾਸ ਸਨਾਵਾ ਵੀ ਹਾਜ਼ਰ ਸਨ।

## ਬੀਫ ਵੇਚਣ ਵਾਲਿਆਂ ਨੂੰ ਨੱਥ ਪਾਉਣ ਦੀ ਮੁਹਿਮ ਵਿੱਢੇ ਪੰਜਾਬ ਸਰਕਾਰ : ਕਮਲ ਸਰੋਜ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**-ਫਗਵਾੜਾ 'ਚ ਬੀਫ ਦੀ ਖੁੱਲ੍ਹੇਆਮ ਵਿਕਰੀ 'ਤੇ ਜੇਕਰ ਤੁਰੰਤ ਨੱਥ ਨਾ ਪਾਈ ਗਈ ਅਤੇ ਹਿੰਦੂ ਧਰਮ ਨਾਲ ਖਿਲਵਾੜ ਕਰਨ ਵਾਲੇ ਅਨਸਰਾਂ ਵਿਰੁੱਧ ਕਾਰਵਾਈ ਸਖ਼ਤ ਕਾਰਵਾਈ ਨਾ ਹੋਈ ਤਾਂ ਸ਼ਿਵ ਸੈਨਾ (ਯੂ ਬੀ ਟੀ) ਚੁੱਪ ਨਹੀਂ ਬੈਠੇਗੀ। ਬੇਸ਼ੱਕ ਕਿਸੇ ਵੀ ਹੱਦ ਤੱਕ ਸੰਘਰਸ਼ ਕਿਉਂ ਨਾ ਕਰਨਾ ਪਵੇ। ਇਹ ਗੱਲ ਸ਼ਿਵ ਸੈਨਾ (ਯੂ ਬੀ ਟੀ) ਦੇ ਸੂਬਾ ਪ੍ਰੈਸ ਸਕੱਤਰ ਕਮਲ ਸਰੋਜ ਨੇ ਤਿੱਖੇ ਲਹਿਜੇ ਵਿੱਚ ਕਹੀ ਹੈ। ਉਹ ਮੰਗਲਵਾਰ ਨੂੰ ਸਥਾਨਕ ਮਹੇੜੂ ਇਲਾਕੇ 'ਚ ਬੀਫ ਦੀ ਵਿਕਰੀ ਦੇ ਸਾਹਮਣੇ ਆਏ ਮੁੱਦੇ 'ਤੇ ਪ੍ਰਤੀਕਿਰਿਆ ਦੇ ਰਹੇ ਸਨ। ਕਮਲ ਸਰੋਜ ਨੇ ਕਿਹਾ ਕਿ ਫਗਵਾੜਾ ਦੇ ਮਹੇੜੂ ਇਲਾਕੇ 'ਚ ਇਕ ਡਿਪਾਰਟਮੈਂਟਲ ਸਟੋਰ 'ਤੇ ਬੀਫ ਵੇਚਣ ਦੇ ਸਾਹਮਣੇ ਆਏ ਮਾਮਲੇ ਨਾਲ ਸਨਾਤਨ ਹਿੰਦੂ ਸਮਾਜ ਦੀ ਆਸਥਾ ਨੂੰ ਡੂੰਘੀ ਸੱਟ ਵੱਜੀ ਹੈ। ਵੇਦਾਂ ਸਮੇਤ ਸਨਾਤਨ ਗ੍ਰੰਥਾਂ ਵਿੱਚ ਗਊ ਨੂੰ ਮਾਤਾ ਦਾ ਦਰਜਾ ਦਿੱਤਾ ਗਿਆ ਹੈ। ਇਸ ਲਈ ਜੇਕਰ 80 ਫੀਸਦੀ ਹਿੰਦੂ ਆਬਾਦੀ ਵਾਲੇ ਦੇਸ਼ ਵਿੱਚ ਕਿਤੇ ਵੀ ਬੀਫ ਵੇਚਿਆ ਜਾਂਦਾ ਹੈ ਤਾਂ ਇਹ ਹਿੰਦੂ ਧਰਮ ਲਈ ਖੁੱਲ੍ਹੀ ਚੁਣੌਤੀ ਹੈ। ਇਹ ਉਕਸਾਉਣ ਵਾਲੀ ਕਾਰਵਾਈ ਹੈ ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਹੈਰਾਨੀ ਪ੍ਰਗਟਾਈ ਹੈ ਪੁਲਸ ਦੀ ਨੱਕ ਹੇਠ ਬਿਨਾਂ ਕਿਸੇ ਡਰ ਦੇ ਖੁੱਲ੍ਹੇਆਮ ਬੀਫ ਕਿਵੇਂ ਵੇਚਿਆ ਜਾ ਸਕਦਾ ਹੈ ? ਕਮਲ ਸਰੋਜ ਅਤੇ ਉਨ੍ਹਾਂ ਦੇ ਨਾਲ ਮੌਜੂਦ ਰਹੇ ਸ਼ਿਵ ਸੈਨਾ ਆਗੂ ਬਲਜੀਤ ਸਿੰਘ ਭੁੱਲਾਰਾਈ ਨੇ ਜਿੱਥੇ ਪੰਜਾਬ ਸਰਕਾਰ ਨੂੰ ਸਖ਼ਤ ਚੇਤਾਵਨੀ ਦਿੱਤੀ ਕਿ ਕਿ ਪੂਰੇ ਸੂਬੇ ਵਿੱਚ ਖੁਫੀਆ ਤੰਤਰ ਨੂੰ ਸਰਗਰਮ ਕਰਕੇ ਬੀਫ 'ਤੇ ਮੁਕੰਮਲ ਪਾਬੰਦੀ ਲਗਾਈ ਜਾਵੇ, ਉੱਥੇ ਹੀ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਵਿਦੇਸ਼ੀ ਆਨਲਾਈਨ ਸਾਈਟਾਂ ਜਿੱਥੇ ਬੀਫ ਉਤਪਾਦ ਵੇਚੇ ਜਾ ਰਹੇ ਹਨ, 'ਤੇ ਪਾਬੰਦੀ ਲਗਾਈ ਜਾਵੇ।

# ਕਿਸਾਨਾਂ ਨੇ ਮੰਗਾਂ ਨੂੰ ਲੈ ਕੇ ਪੰਜਾਬ 'ਚ ਵੱਖ-ਵੱਖ ਥਾਈਂ ਰੇਲਾਂ ਰੋਕੀਆਂ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਵੀਰਵਾਰ ਪੂਰੇ ਪੰਜਾਬ ਭਰ ਵਿੱਚ ਕਿਸਾਨਾਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਦੋ ਘੰਟੇ ਰੇਲ ਟ੍ਰੈਕ ਜਾਮ ਕਰਨ ਦਾ ਐਲਾਨ ਕੀਤਾ ਸੀ। ਇਸ ਤਹਿਤ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਪ੍ਰਧਾਨ ਸਰਵਣ ਸਿੰਘ ਬਾਊਪੁਰ ਦੀ ਅਗਵਾਈ ਹੇਠ ਪੱਵਿਤਰ ਸ਼ਹਿਰ ਸੁਲਤਾਨਪੁਰ ਲੋਧੀ ਵਿਖੇ ਰੇਲ ਰੋਕੋ ਅੰਦੋਲਨ ਵਿੱਢਿਆ।ਉਹਨਾਂ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਅਤੇ ਹੋਰ ਮੁੱਦਿਆਂ 'ਤੇ ਕਾਨੂੰਨੀ ਗਾਰੰਟੀ ਨੂੰ ਲੈ ਕੇ ਫਰਵਰੀ ਤੋਂ ਚੱਲ ਰਹੇ ਕਿਸਾਨ ਸੰਘਰਸ਼ ਦੌਰਾਨ ਪੰਜਾਬ 'ਚ ਰੇਲਾਂ ਰੋਕੀਆਂ ਗਈਆਂ। ਉਹਨਾਂ ਕਿਹਾ ਕਿ ਇਸ ਅੰਦੋਲਨ ਰਾਹੀਂ ਉਹ ਉੱਤਰ ਪ੍ਰਦੇਸ਼ ਦੇ ਲਖੀਮਪੁਰ ਖੀਰੀ 'ਚ ਹੋਏ ਕਿਸਾਨਾਂ ਦੇ ਕਤਲ ਦੇ ਮਾਮਲੇ 'ਚ ਇਨਸਾਫ਼, ਫ਼ਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ ਗਾਰੰਟੀ ਕਾਨੂੰਨ, ਕਿਸਾਨ ਮਜ਼ਦੂਰਾਂ ਦਾ ਕਰਜ਼ਾ ਮੁਆਫ਼ ਵਰਗੀਆਂ ਮੁੱਖ ਮੰਗਾਂ ਸਰਕਾਰ ਤੋਂ ਕਰ ਰਹੇ ਹਨ।ਕਿਸਾਨਾਂ ਦਾ ਕਹਿਣਾ ਹੈ ਕਿ ਉਨ੍ਹਾਂ ਦੀਆਂ ਮੰਗਾਂ ਬਿਲਕੁਲ ਜਾਇਜ਼ ਹਨ।

# ਛੁੱਟੀ ਵਾਲੇ ਦਿਨ ਵੀ ਖੁੱਲ੍ਹੇ ਰਹੇ ਬੀ ਡੀ ਪੀ ਓ ਦਫ਼ਤਰ ਤੇ ਸੇਵਾ ਕੇਂਦਰ



**ਨਵਾਂਸ਼ਹਿਰ, ( ਕੁਲਵਿੰਦਰ ਸਿੰਘ ਦੁਰਗਾਪੁਰੀਆ, ਮਨੋਜ ਲਾਡੀ)**- ਪੰਚਾਇਤੀ ਚੋਣਾਂ ਲਈ ਚੱਲ ਰਹੀ ਨਾਮਜ਼ਦਗੀ ਪ੍ਰਕਿਰਿਆ ਦੇ ਮੱਦੇਨਜ਼ਰ ਉਮੀਦਵਾਰਾਂ ਦੀ ਸਹੂਲਤ ਦਾ ਧਿਆਨ ਰੱਖਦਿਆਂ ਐਨ.ਓ.ਸੀ ਆਦਿ ਲੈਣ ਲਈ ਅੱਜ ਸਰਕਾਰੀ ਛੁੱਟੀ ਵਾਲੇ ਦਿਨ ਵੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸਾਰੇ ਬੀ.ਡੀ.ਪੀ.ਓ ਦਫ਼ਤਰ ਖੁੱਲ੍ਹੇ ਰਹੇ ਅਤੇ ਸਮੂਹ ਬੀ.ਡੀ.ਪੀ.ਓਜ਼ ਨੇ ਆਪਣੇ ਦਫ਼ਤਰਾਂ ਵਿਚ ਬੈਠ ਕੇ ਉਮੀਦਵਾਰਾਂ ਨੂੰ ਐਨ.ਓ.ਸੀ ਜਾਰੀ ਕੀਤੇ। ਇਸੇ ਤਰ੍ਹਾਂ ਹਲਫ਼ਨਾਮਾ ਆਦਿ ਬਣਾਉਣ ਲਈ ਵੀ ਜ਼ਿਲ੍ਹੇ ਦੇ ਸਾਰੇ ਸੇਵਾ ਕੇਂਦਰ ਅੱਜ ਖੁੱਲ੍ਹੇ ਰਹੇ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ਼ਹੀਦ ਭਗਤ ਸਿੰਘ ਨਗਰ ਰਾਜੇਸ਼ ਧੀਮਾਨ ਨੇ ਦੱਸਿਆ 3 ਅਕਤੂਬਰ ਨੂੰ ਵੀ ਛੁੱਟੀ ਵਾਲੇ ਦਿਨ ਜ਼ਿਲ੍ਹੇ ਦੇ ਸਾਰੇ ਬੀ.ਡੀ.ਪੀ.ਓ ਦਫ਼ਤਰ ਅਤੇ ਸੇਵਾ ਕੇਂਦਰ ਖੁੱਲ੍ਹੇ ਰਹਿਣਗੇ। ਉਨ੍ਹਾਂ ਕਿਹਾ ਕਿ ਉਮੀਦਵਾਰ ਇਸ ਦੌਰਾਨ ਬੀ.ਡੀ.ਪੀ. ਓ ਦਫ਼ਤਰਾਂ ਅਤੇ ਸੇਵਾ ਕੇਂਦਰਾਂ ਦਾ ਲਾਭ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਪੰਚਾਇਤੀ ਚੋਣਾਂ ਸਬੰਧੀ ਨਾਮਜ਼ਦਗੀਆਂ ਦਾਖ਼ਲ ਕਰਨ ਨੂੰ ਲੈ ਕੇ ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਜਾਰੀ ਹਦਾਇਤਾਂ ਮੁਤਾਬਿਕ ਜੇਕਰ ਕਿਸੇ ਉਮੀਦਵਾਰ ਨੂੰ ਆਪਣੇ ਵੱਲੋਂ ਕੀਤੀਆਂ ਕੋਸ਼ਿਸ਼ਾਂ ਦੇ ਬਾਵਜੂਦ ਨਾਮਜ਼ਦਗੀ ਪੱਤਰ ਦੇ ਨਾਲ ਲਾਉਣ ਲਈ ਕਿਸੇ ਵੀ ਕਿਸਮ ਦੇ ਟੈਕਸ ਦੇ ਏਰੀਅਰ ਦੇ ਬਕਾਏ ਜਾਂ ਕਿਸੇ ਵੀ ਕਿਸਮ ਦੇ ਹੋਰ ਬਕਾਏ ਬਾਬਤ ਨੋ ਡਿਊ ਸਰਟੀਫਿਕੇਟ (ਐਨ.ਡੀ.ਸੀ) ਸਬੰਧਤ ਅਥਾਰਟੀ ਵੱਲੋਂ ਜਾਰੀ ਨਹੀਂ ਹੁੰਦਾ ਜਾਂ ਕਿਸੇ ਵੀ ਅਥਾਰਟੀ ਦੀ ਕਿਸੇ ਵੀ ਕਿਸਮ ਦੀ ਜਾਇਦਾਦ ਉੱਤੇ ਕਬਜ਼ੇ ਸਬੰਧੀ ਨੋ ਅਬਜੈਕਸ਼ਨ ਸਰਟੀਫਿਕੇਟ (ਐਨ.ਓ.ਸੀ) ਜਾਰੀ ਨਹੀਂ ਹੁੰਦਾ ਤਾਂ ਸਬੰਧਤ ਉਮੀਦਵਾਰ ਆਪਣੇ ਵੱਲੋਂ ਇਕ ਹਲਫ਼ਨਾਮਾ ਨਾਮਜ਼ਦਗੀ ਪੱਤਰ ਦੇ ਨਾਲ ਲਾ ਕੇ ਕਾਗਜ਼ ਦਾਖ਼ਲ ਕਰ ਸਕਦਾ ਹੈ।ਉਨ੍ਹਾਂ ਦੱਸਿਆ ਕਿ ਉਮੀਦਵਾਰ ਇਹ ਹਲਫ਼ਨਾਮਾ ਦੇਵੇਗਾ ਕਿ ਪੰਜਾਬ ਰਾਜ ਚੋਣ ਕਮਿਸ਼ਨ ਐਕਟ 1994 ਬਾਬਤ ਉਸ ਦੇ ਵੱਲ ਕਿਸੇ ਵੀ ਕਿਸਮ ਦੇ ਟੈਕਸਾਂ ਦੇ ਏਰੀਅਰ ਦਾ ਬਕਾਇਆ ਜਾਂ ਕੋਈ ਹੋਰ ਬਕਾਇਆ ਨਹੀਂ ਖੜ੍ਹਾ। ਨਾ ਹੀ ਕਿਸੇ ਅਥਾਰਟੀ ਦੀ ਜਾਇਦਾਦ ਉੱਤੇ ਉਸ ਵੱਲੋਂ ਕੋਈ ਨਜਾਇਜ਼ ਕਬਜ਼ਾ ਕੀਤਾ ਗਿਆ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਹਲਫ਼ਨਾਮਾ ਕਾਰਜਕਾਰੀ ਮੈਜਿਸਟਰੇਟ/ ਓਥ ਕਮਿਸ਼ਨਰ/ ਨੋਟਰੀ ਤੋਂ ਤਸਦੀਕਸ਼ੁਦਾ ਹੋਣਾ ਜ਼ਰੂਰੀ ਹੈ।

# ਨਗਰ ਨਿਗਮ ਜਲੰਧਰ ਨੇ ਸਵੱਛ ਭਾਰਤ ਮਿਸ਼ਨ ਤਹਿਤ ਕਰਵਾਈਆਂ ਗਤੀਵਿਧੀਆਂ



**ਜਲੰਧਰ,( ਸ਼ੈਲੀ ਐਲਬਰਟ, ਇਕਬਾਲ ਉੱਭੀ)** ਪੰਜਾਬ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਮਹਾਤਮਾ ਗਾਂਧੀ ਦੇ ਜਨਮ ਦਿਵਸ ਮੌਕੇ ਜਲੰਧਰ ਨਗਰ ਨਿਗਮ ਅਤੇ ਪਬਲਿਕ ਹੈਲਥ ਵਿਭਾਗ ਵੱਲੋਂ ਕਰਵਾਈ ਗਈ 'ਸਾਈਕਲੋਥਾਨ' ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ।ਸਵੱਛ ਭਾਰਤ ਮਿਸ਼ਨ ਤਹਿਤ ਕੱਢੀ ਗਈ ਇਸ ਰੈਲੀ ਦਾ ਉਦੇਸ਼ ਪੂਰੇ ਸ਼ਹਿਰ ਵਿੱਚ ਸਫਾਈ ਪ੍ਰਤੀ ਜਾਗਰੂਕਤਾ ਫੈਲਾਉਣਾ ਸੀ। ਨਗਰ ਨਿਗਮ ਦੇ ਕਮਿਸ਼ਨਰ ਗੌਤਮ ਜੈਨ ਵੱਲੋਂ ਸਮਾਗਮ ਦੀ ਅਗਵਾਈ ਕੀਤੀ ਗਈ।ਇਸ ਮੌਕੇ ਸਾਈਕਲੋਥਾਨ ਤੋਂ ਇਲਾਵਾ ਪੇਂਟਿੰਗ, ਰੰਗੋਲੀ, ਲੇਖ ਲਿਖਣ ਅਤੇ ਭਾਸ਼ਣ ਮੁਕਾਬਲੇ ਸਮੇਤ ਕਈ ਹੋਰ ਗਤੀਵਿਧੀਆਂ ਵੀ ਕਰਵਾਈਆਂ ਗਈਆਂ। ਚੇਅਰਮੈਨ ਅਤੇ ਡਿਪਟੀ ਕਮਿਸ਼ਨਰ ਨੇ ਸਵੱਛਤਾ ਪ੍ਰਤੀ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਨਗਰ ਨਿਗਮ ਵੱਲੋਂ ਕੀਤੇ ਉਪਰਾਲੇ ਦੀ ਸ਼ਲਾਘਾ ਕੀਤੀ।

ਸਾਈਕਲੋਥਾਨ ਵਿੱਚ ਭਾਗੀਦਾਰਾਂ ਨੇ ਉਤਸ਼ਾਹ ਨਾਲ ਭਾਗ ਲਿਆ, ਜੋ ਕਿ ਮਹਾਤਮਾ ਗਾਂਧੀ ਦੇ ਸਵੱਛ ਭਾਰਤ ਦੇ ਵਿਜ਼ਨ ਪ੍ਰਤੀ ਲੋਕਾਂ ਦੇ ਸਮਰਪਣ ਨੂੰ ਦਰਸਾਉਂਦਾ ਹੈ। ਉਨ੍ਹਾਂ ਦੱਸਿਆ ਕਿ ਇਹ ਗਤੀਵਿਧੀ ਲੋਕਾਂ ਨੂੰ ਸਵੱਛਤਾ ਦੇ ਪੱਖ ਤੋਂ ਵਧੀਆ ਅਭਿਆਸਾਂ ਨੂੰ ਅਪਣਾਉਣ ਲਈ ਜਾਗਰੂਕ ਕਰਨ ਲਈ ਬਹੁਤ ਸਹਾਈ ਸਾਬਤ ਹੋਵੇਗੀ।ਇਸ ਮਿਸ਼ਨ ਨਾਲ ਸਬੰਧਤ ਪ੍ਰਦਰਸ਼ਨੀ ਵੀ ਦਰਸ਼ਕਾਂ ਵਿੱਚ ਖਿੱਚ ਦਾ ਕੇਂਦਰ ਬਣੀ।

ਜ਼ਿਕਰਯੋਗ ਹੈ ਕਿ ਸਾਈਕਲ ਰੈਲੀ ਵਿੱਚ 300 ਤੋਂ ਵੱਧ ਭਾਗੀਦਾਰਾਂ ਨੇ ਭਾਗ ਲਿਆ।ਇਸੇ ਤਰ੍ਹਾਂ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ 1000 ਤੋਂ ਵੱਧ ਵਿਦਿਆਰਥੀਆਂ ਨੇ ਪ੍ਰੋਗਰਾਮ ਵਿੱਚ ਹਿੱਸਾ ਲਿਆ, ਜਿਨ੍ਹਾਂ ਨੂੰ ਸਮਾਗਮ ਤੋਂ ਬਾਅਦ ਇਨਾਮ ਦਿੱਤੇ ਗਏ।ਜੱਜਾਂ ਵਿੱਚ ਪ੍ਰਵੀਨ ਅਬਰੋਲ, ਵਰੁਣ ਅਤੇ ਅੰਕੁਸ਼ ਸ਼ਾਮਲ ਸਨ। ਇਸ ਮੌਕੇ ਜੁਆਇੰਟ ਕਮਿਸ਼ਨਰ ਡਾ. ਮਨਦੀਪ ਕੌਰ, ਸਹਾਇਕ ਕਮਿਸ਼ਨਰ ਰਾਜੇਸ਼ ਖੋਖਰ, ਡਾ. ਸੁਮਿਤਾ ਅਬਰੋਲ, ਸਿਸਟਮ ਮੈਨੇਜਰ ਰਾਜੇਸ਼, ਐਸ.ਈ. ਰਾਹੁਲ ਧਵਨ, ਈ.ਈ. ਰਾਮਪਾਲ, ਸੁਖਵਿੰਦਰ ਸਿੰਘ ਆਦਿ ਵੀ ਮੌਜੂਦ ਸਨ।

## ਸੇਂਟ ਸੋਲਜਰ ਗਰੁੱਪ ਦੇ ਸਕੂਲਾਂ 'ਚ ਗਾਂਧੀ ਜਯੰਤੀ ਮਨਾਈ



**ਜਲੰਧਰ (ਇਕਬਾਲ ਸਿੰਘ ਉੱਭੀ)**-ਸੇਂਟ ਸੋਲਜਰ ਗਰੁੱਪ ਆਫ ਇੰਸਟੀਚਿਊਸ਼ਨਜ਼ ਦੀਆਂ ਵੱਖ-ਵੱਖ ਸਕੂਲਾਂ ਸ਼ਾਖਾਵਾਂ ਨੇ ਗਾਂਧੀ ਜਯੰਤੀ ਪੂਰੇ ਧੂਮਧਾਮ ਨਾਲ ਮਨਾਈ।

ਇਸ ਦਿਵਸ ਦੀ ਮਹੱਤਤਾ ਨੂੰ ਦਰਸਾਉਣ ਲਈ ਸਭ ਤੋਂ ਪਹਿਲਾਂ ਵਿਦਿਆਰਥੀਆਂ ਨੇ ਗਿਆਨ ਭਰਪੂਰ ਭਾਸ਼ਣ ਦਿੱਤੇ ਅਤੇ ਮਹਾਨ ਨੇਤਾ, ਆਜ਼ਾਦੀ ਘੁਲਾਟੀਏ ਅਤੇ ਰਾਸ਼ਟਰਪਿਤਾ ਨੂੰ ਸ਼ਰਧਾਂਜਲੀ ਦੇਣ ਲਈ ਆਪਣੇ ਵਿਚਾਰ ਪ੍ਰਗਟ ਕੀਤੇ।

ਡਾਂਡੀ ਮਾਰਚ ਨੂੰ ਲੈ ਕੇ ਵਿਦਿਆਰਥੀਆਂ ਵੱਲੋਂ ਇੱਕ ਸ਼ਾਨਦਾਰ ਡਰਾਮਾ ਪੇਸ਼ ਕੀਤਾ ਗਿਆ, ਜਿਸ ਨੇ ਸਾਰਿਆਂ ਨੂੰ ਡਾਂਡੀ ਮਾਰਚ ਜਾਂ ਲੂਣ ਸੱਤਿਆਗ੍ਰਹਿ ਬਾਰੇ ਜਾਣੂ ਕਰਵਾਇਆ। ਇਸ ਤਰ੍ਹਾਂ ਵਿਦਿਆਰਥੀਆਂ ਨੂੰ ਸਵੱਛਤਾ ਦੀ ਮਹੱਤਤਾ ਤੋਂ ਜਾਣੂ ਕਰਵਾਉਣ ਲਈ ਸਵੱਛਤਾ ਹੀ ਸੇਵਾ 2024 ਰੈਲੀ ਵੀ ਕੱਢੀ ਗਈ, ਜਿਸ ਵਿੱਚ ਮਾਸਕ ਪਹਿਨੇ ਹੋਏ ਵਿਦਿਆਰਥੀਆਂ ਦੇ ਸਮੂਹ ਨੇ ਸਫ਼ਾਈ ਕੀਤੀ, ਫਰਸ਼ ਸਾਫ਼ ਕੀਤਾ, ਨਾਅਰੇ ਲਗਾਏ ਅਤੇ ਆਲੇ-ਦੁਆਲੇ ਦੇ ਖੇਤਰਾਂ ਵਿੱਚ ਜਾਗਰੂਕਤਾ ਫੈਲਾਈ।ਇਸ ਮੌਕੇ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਮਹਾਤਮਾ ਗਾਂਧੀ ਬਾਰੇ ਕੁਝ ਮਹੱਤਵਪੂਰਨ ਤੱਥ ਸਾਂਝੇ ਕੀਤੇ।

# ਪੰਚਾਇਤੀ ਚੋਣਾਂ 'ਚ ਮਨਮਰਜ਼ੀ ਦੇ ਰੋਸਟਰ ਨਾਲ ਚਹੇਤਿਆਂ ਨੂੰ ਦਿੱਤਾ ਲਾਭ : ਸੀ ਪੀ ਆਈ ਐੱਮ ਐੱਲ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ, ਮਨੋਜ ਲਾਡੀ)**- ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊਡੈਮੋਕ੍ਰੇਸੀ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਮਾਨ ਸਰਕਾਰ ਉੱਤੇ ਮੌਜੂਦਾ ਪੰਚਾਇਤੀ ਚੋਣਾਂ ਵਿੱਚ ਬਲਾਕ ਪੱਧਰੀ ਰੋਸਟਰ ਬਣਾ ਕੇ ਆਪਣੇ ਚਹੇਤਿਆਂ ਨੂੰ ਸਰਪੰਚੀ ਦੇ ਉਮੀਦਵਾਰ ਬਣਾਉਣ ਦਾ ਰਾਹ ਪੱਧਰਾ ਕਰਨ ਦੇ ਦੋਸ਼ ਲਾਏ ਹਨ।ਅੱਜ ਇੱਥੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਾਰਟੀ ਦੇ ਜ਼ਿਲ੍ਹਾ ਆਗੂਆਂ ਕੁਲਵਿੰਦਰ ਸਿੰਘ ਵੜੈਚ ਅਤੇ ਦਲਜੀਤ ਸਿੰਘ ਐਡਵੋਕੇਟ ਨੇ ਆਖਿਆ ਕਿ ਪਿਛਲੀਆਂ ਸਰਕਾਰਾਂ ਵਾਂਗ ਮਾਨ ਸਰਕਾਰ ਨੇ ਵੀ ਇਹ ਦਾਅ ਖੇਡਿਆ ਹੈ।ਉਹਨਾਂ ਕਿਹਾ ਕਿ 1994 ਵਿੱਚ ਜਦੋਂ ਨਵਾਂ ਪੰਚਾਇਤੀ ਰਾਜ ਕਾਨੂੰਨ ਹੋਂਦ ਵਿੱਚ ਆਇਆ ਉਸ ਸਮੇਂ ਰੋਟੇਸ਼ਨ ਅਨੁਸਾਰ ਜਨਰਲ ਕੈਟਾਗਰੀ ਮਰਦ, ਜਨਰਲ ਕੈਟਾਗਰੀ ਔਰਤ, ਅਨੁਸੂਚਿਤ ਜਾਤੀ ਮਰਦ ਅਤੇ ਅਨੁਸੂਚਿਤ ਜਾਤੀ ਔਰਤ ਚਾਰ ਕੈਟਾਗਰੀ ਨੂੰ ਬਦਲਵੇਂ ਮੌਕੇ ਦੇਣ ਦਾ ਅਮਲ ਸ਼ੁਰੂ ਹੋਇਆ ਸੀ।ਉਸ ਸਮੇਂ ਸਰਪੰਚੀ ਦੀ ਸਿੱਧੀ ਚੋਣ ਹੁੰਦੀ ਸੀ।2008 ਵਿੱਚ ਸਰਪੰਚੀ ਦੀ ਅਸਿੱਧੀ ਚੋਣ ਦਾ ਅਮਲ ਸ਼ੁਰੂ ਹੋਇਆ ਅਤੇ ਪੰਚਾਂ ਨੇ ਸਰਪੰਚਾਂ ਦੀ ਚੋਣ ਕੀਤੀ। 2013 ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੇਲੇ ਪਹਿਲਾ ਰੋਸਟਰ ਰੱਦ ਕਰਕੇ ਸਰਪੰਚ ਦੀ ਸਿੱਧੀ ਚੋਣ ਵਾਲਾ ਬਲਾਕ ਪੱਧਰੀ ਰੋਸਟਰ ਤਿਆਰ ਕੀਤਾ ਗਿਆ।2018 ਵਿੱਚ ਕਾਂਗਰਸ ਦੀ ਸਰਕਾਰ ਵੇਲੇ ਜ਼ਿਲ੍ਹਾ ਪੱਧਰੀ ਰੋਸਟਰ ਅਮਲ ਵਿੱਚ ਲਿਆਂਦਾ ਗਿਆ।ਹੁਣ ਆਪ ਸਰਕਾਰ ਨੇ ਬਲਾਕ ਪੱਧਰੀ ਰੋਸਟਰ ਲੈ ਆਂਦਾ।ਆਪਣੀ ਮਨਮਰਜ਼ੀ ਦੇ ਰੋਸਟਰ ਤਿਆਰ ਕਰਨ ਨਾਲ ਬਹੁਤ ਸਾਰੇ ਪਿੰਡ ਅਜਿਹੇ ਹਨ ਜਿੱਥੇ 25-25 ਸਾਲ ਤੋਂ ਇਕ ਕੈਟਾਗਰੀ ਦੇ ਸਰਪੰਚ ਹੀ ਬਣਦੇ ਆ ਰਹੇ ਹਨ।ਕਈਆਂ ਪਿੰਡਾਂ ਵਿੱਚ ਐਨੇ ਸਾਲਾਂ ਤੋਂ ਐਸ. ਸੀ ਸਰਪੰਚ ਦੀ ਵਾਰੀ ਨਹੀਂ ਆਈ ਅਤੇ ਕਈਆਂ ਪਿੰਡਾਂ ਵਿੱਚ ਜਨਰਲ ਕੈਟਾਗਰੀ ਦੇ ਸਰਪੰਚ ਦੀ ਵਾਰੀ ਨਹੀਂ ਆਈ।ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਵੱਡੇ ਪਿੰਡ ਉੜਾਪੜ ਵਿੱਚ 1998 ਤੋਂ ਐਸ.ਸੀ ਸਰਪੰਚ ਦੀ ਵਾਰੀ ਨਹੀਂ ਆਈ।ਰਸੂਲਪੁਰ ਪਿੰਡ ਵਿੱਚ ਐਸ.ਸੀ ਮਰਦ ਦੀ ਵਾਰੀ ਨਹੀਂ ਆਈ, ਪਿੰਡ ਮੰਗੂਵਾਲ ਵਿੱਚ ਇੰਨੇ ਸਮੇਂ ਤੋਂ ਜਨਰਲ ਇਸਤਰੀ ਦੀ ਵਾਰੀ ਨਹੀਂ ਆਈ।ਉਹਨਾਂ ਕਿਹਾ ਕਿ ਸਬੰਧਤ ਡੀ.ਸੀ ਨੇ ਰੋਸਟਰ ਬਣਾਉਣਾ ਹੁੰਦਾ ਹੈ ਅਤੇ ਡੀ.ਸੀ ਰੋਸਟਰ ਨੂੰ ਚੋਣਾਂ ਸਬੰਧੀ ਨੋਟੀਫਿਕੇਸ਼ਨ ਦੇ ਨਾਲ ਹੀ ਜਾਰੀ ਕਰਦਾ ਹੈ।ਇਸ ਨਾਲ ਪ੍ਰਭਾਵਿਤ ਵਿਅਕਤੀਆਂ ਲਈ ਸਮੱਸਿਆ ਇਹ ਖੜ੍ਹਦੀ ਹੈ ਕਿ ਉਸ ਦੀ ਸੁਣਵਾਈ ਕਿਸੇ ਵੀ ਅਦਾਲਤ ਵਿੱਚ ਨਹੀਂ ਹੁੰਦੀ, ਕਿਉਂਕਿ ਸੰਵਿਧਾਨ ਦੇ ਆਰਟੀਕਲ 243 ਡੀ ਅਨੁਸਾਰ ਜਦੋਂ ਚੋਣਾਂ ਦਾ ਅਮਲ ਸ਼ੁਰੂ ਹੋ ਜਾਵੇ ਤਾਂ ਫਿਰ ਕੋਈ ਵੀ ਅਦਾਲਤ ਚੋਣ ਅਮਲ ਰੋਕ ਨਹੀਂ ਸਕਦੀ। ਪ੍ਰਭਾਵਿਤ ਵਿਅਕਤੀ ਕੋਈ ਵੀ ਅਦਾਲਤੀ ਰਾਹ ਨਹੀਂ ਬਚਦਾ।ਉਹਨਾਂ ਕਿਹਾ ਕਿ ਪਿੰਡਾਂ ਦੇ ਪੰਚਾਂ ਦੀ ਵਾਰਡਬੰਦੀ ਲਈ ਹਾਈਕੋਰਟ ਦੇ ਨਿਰਦੇਸ਼ਾਂ ਨੂੰ ਵੀ ਅਣਗੌਲਿਆਂ ਕੀਤਾ ਗਿਆ ਹੈ।2013 ਵਿੱਚ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵਰਸਿਜ਼ ਸਟੇਟ ਆਫ ਪੰਜਾਬ ਦੇ ਕੇਸ ਵਿੱਚ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਨਿਰਦੇਸ਼ਨਾ ਦਿੱਤੀ ਸੀ ਕਿ ਪੰਚਾਂ ਦੇ ਵਾਰਡ ਬਣਾਉਣ ਵੇਲੇ ਕਿਸੇ ਵੀ ਵਾਰਡ ਵਿੱਚ ਘਰਾਂ ਦੀ ਲਗਾਤਾਰਤਾ ਨੂੰ ਨਹੀਂ ਤੋੜਿਆ ਜਾਵੇਗਾ।ਉਸ ਵਾਰਡ ਵਿੱਚ ਹੀ ਨਵੀਆਂ ਵੋਟਾਂ ਬਣਾਈਆਂ ਜਾਣਗੀਆਂ। ਪਰ ਹੁਣ ਪੰਚਾਂ ਦੀ ਵਾਰਡਬੰਦੀ ਕਰਨ ਸਮੇਂ ਇਹਨਾਂ ਨਿਰਦੇਸ਼ਾਂ ਦੀਆਂ ਧੱਜੀਆਂ ਉਡਾਈਆਂ ਗਈਆਂ ਹਨ।ਕਈ ਪਿੰਡਾਂ ਵਿੱਚ ਪਤੀ ਦੀ ਵੋਟ ਕਿਸੇ ਹੋਰ ਵਾਰਡ ਵਿੱਚ ਪਾ ਦਿੱਤੀ ਗਈ ਹੈ ਅਤੇ ਪਤਨੀ ਦੀ ਵੋਟ ਕਿਸੇ ਹੋਰ ਵਾਰਡ ਵਿੱਚ।ਇਸੇ ਤਰ੍ਹਾਂ ਘਰਾਂ ਦੀ ਲਗਾਤਾਰਤਾ ਵੀ ਤੋੜੀ ਗਈ ਹੈ।ਕੁੱਝ ਪਿੰਡਾਂ ਵਿੱਚ ਪੈਸੇ ਦੇ ਜ਼ੋਰ ਸਰਪੰਚੀ ਦੀਆਂ ਬੋਲੀਆਂ ਲੱਗਣ ਦੀ ਨਿੰਦਾ ਕਰਦੇ ਹੋਏ ਆਗੂਆਂ ਨੇ ਇਸ ਨੂੰ ਗੈਰ-ਜਮਹੂਰੀ ਕਰਾਰ ਦਿੰਦਿਆਂ ਅਜਿਹਾ ਕਰਨ ਵਾਲਿਆਂ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ।ਇਸ ਮੌਕੇ ਅਵਤਾਰ ਸਿੰਘ ਤਾਰੀ, ਕਮਲਜੀਤ ਸਨਾਵਾ ਅਤੇ ਹਰੀ ਰਾਮ ਰਸੂਲਪੁਰੀ ਪਾਰਟੀ ਆਗੂ ਵੀ ਮੌਜੂਦ ਸਨ।

## ਟਰੇਡ ਲਾਇਸੰਸ ਸੰਬੰਧੀ ਸਮਾਗਮ ਕਰਵਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਹੁਸ਼ਿਆਰਪੁਰ ਕੰਪਿਊਟਰ ਡੀਲਰਜ਼ ਐਸੋਸੀਏਸ਼ਨ ਵੱਲੋਂ ਨਗਰ ਨਿਗਮ ਦੇ ਸਹਿਯੋਗ ਨਾਲ ਕੈਂਪ ਲਗਾ ਕੇ ਟਰੇਡ ਲਾਇਸੰਸ ਬਣਾਏ ਗਏ।ਇਸ ਮੌਕੇ ਨਗਰ ਨਿਗਮ ਤੋਂ ਪਹੁੰਚੀ ਟੀਮ ਨੇ ਐਸੋਸੀਏਸ਼ਨ ਦੇ ਮੈਂਬਰਾਂ ਅਤੇ ਹੋਰਨਾਂ ਨੂੰ ਟਰੇਡ ਲਾਇਸੰਸ ਤਿਆਰ ਕਰਕੇ ਇਸ ਦੀ ਉਪਯੋਗਤਾ ਬਾਰੇ ਜਾਣੂ ਕਰਵਾਇਆ।ਇਸ ਮੌਕੇ ਐਸੋਸੀਏਸ਼ਨ ਦੇ ਚੇਅਰਮੈਨ ਪ੍ਰੇਮ ਸੈਣੀ ਅਤੇ ਪ੍ਰਧਾਨ ਸੁਨੀਲ ਵਰਮਾ ਨੇ ਕੈਂਪ ਵਿੱਚ ਨਿਗਮ ਦੇ ਮੇਅਰ ਸੁਰਿੰਦਰ ਕੁਮਾਰ ਅਤੇ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੇਕਰ ਸਰਕਾਰ ਕੋਈ ਚੰਗੀ ਨੀਤੀ ਲੈ ਕੇ ਆਉਂਦੀ ਹੈ ਤਾਂ ਸਾਨੂੰ ਇਸ ਦਾ ਸਵਾਗਤ ਕਰਨਾ ਚਾਹੀਦਾ ਹੈ ਅਤੇ ਕੈਂਪ ਵਿੱਚ ਦੁਕਾਨਦਾਰਾਂ ਵੱਲੋਂ ਓ ਟੀ ਐਸ ਬਣਾਏ ਗਏ ਹਨ ਅਤੇ ਉਨ੍ਹਾਂ ਨੂੰ ਇਸ ਤੋਂ ਬਹੁਤ ਸਾਰੇ ਲਾਭ ਪ੍ਰਾਪਤ ਹੋਏ ਹਨ ਅਤੇ ਹਰ ਦੁਕਾਨਦਾਰ ਨੂੰ ਟਰੇਡ ਲਾਈਸੈਂਸ ਜ਼ਰੂਰ ਲੈਣਾ ਚਾਹੀਦਾ ਹੈ ਤਾਂ ਜੋ ਸਾਰਿਆਂ ਦੇ ਸਹਿਯੋਗ ਨਾਲ ਸਰਕਾਰੀ ਖ਼ਜ਼ਾਨੇ ਵਿੱਚ ਜਮ੍ਹਾਂ ਪੈਸੇ ਨਾਲ ਸ਼ਹਿਰਾਂ ਅਤੇ ਪਿੰਡਾਂ ਦਾ ਵਿਕਾਸ ਸੰਭਵ ਹੋ ਸਕੇ।ਇਸ ਮੌਕੇ ਜਨਰਲ ਸਕੱਤਰ ਅਨੂਪ ਸੈਣੀ, ਖਜ਼ਾਨਚੀ ਅਜੈ ਸਰੋਚ, ਮੀਡੀਆ ਇੰਚਾਰਜ ਮਨਪ੍ਰੀਤ ਸਿੰਘ ਰਹਿਸੀ ਤੇ ਹੋਰ ਮੈਂਬਰ ਹਾਜ਼ਰ ਸਨ। ਕੈਂਪ ਵਿੱਚ 20 ਦੇ ਕਰੀਬ ਲੋਕਾਂ ਨੇ ਟਰੇਡ ਲਾਇਸੰਸ ਬਣਵਾਏ।

# ਸਵੱਛਤਾ ਪੰਦਰਵਾੜੇ 'ਚ ਸਹਿਯੋਗ ਲਈ ਲਾਇਨਜ ਕਲੱਬ ਫਗਵਾੜਾ ਚੈਂਪੀਅਨ ਨੂੰ ਕੀਤਾ ਸਨਮਾਨਤ



**ਫਗਵਾੜਾ (ਡਾ. ਰਮਨ)** ਨਗਰ ਨਿਗਮ ਫਗਵਾੜਾ ਵੱਲੋਂ ਮਨਾਏ ਗਏ ਸਵੱਛਤਾ ਪੰਦਰਵਾੜੇ ਵਿਚ ਲਾਇਨਜ ਕਲੱਬ ਫਗਵਾੜਾ ਚੈਂਪੀਅਨ ਨੂੰ ਨਿਗਮ ਕਮਿਸ਼ਨਰ ਨਵਨੀਤ ਕੌਰ ਬੱਲ ਵਲੋਂ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਹ ਸਨਮਾਨ ਕਲੱਬ ਦੇ ਕੈਸ਼ੀਅਰ ਲਾਇਨ ਅਜੇ ਕੁਮਾਰ ਨੇ ਹਾਸਲ ਕੀਤਾ।

ਉਹਨਾਂ ਦੇ ਨਾਲ ਲਾਇਨਜ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ ਲਾਇਨ ਗੁਰਦੀਪ ਸਿੰਘ ਕੰਗ ਵੀ ਮੌਜੂਦ ਸਨ। ਜਿਹਨਾਂ ਦਾ ਵੀ ਸਹਿਯੋਗ ਲਈ ਨਿਗਮ ਕਮਿਸ਼ਨਰ ਨਵਨੀਤ ਕੌਰ ਨੇ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਲਾਇਨ ਗੁਰਦੀਪ ਸਿੰਘ ਕੰਗ ਨੇ ਦੱਸਿਆ ਕਿ ਭਾਰਤ ਸਰਕਾਰ ਦੀ ਸਵੱਛਤਾ ਮੁਹਿੰਮ ਦੇ 10 ਸਾਲ ਪੂਰੇ ਹੋਣ ਮੌਕੇ ਗਾਂਧੀ ਜਯੰਤੀ ਨੂੰ ਸਮਰਪਿਤ ਕਰਕੇ ਮਨਾਏ ਸਵੱਛਤਾ ਪੰਦਰਵਾੜੇ ਦੌਰਾਨ ਲਾਇਨਜ ਕਲੱਬ ਫਗਵਾੜਾ ਚੈਂਪੀਅਨ ਅਤੇ ਸਕੂਲ ਆਫ ਐਮੀਨੈਂਸ (ਲੜਕੇ) ਦੇ ਸਹਿਯੋਗ ਨਾਲ ਸਾਇਕਲ ਰੈਲੀ ਰਾਹੀਂ ਸਵੱਛਤਾ ਦਾ ਸੁਨੇਹਾ ਦਿੱਤਾ ਗਿਆ ਸੀ। ਇਸ ਤੋਂ ਇਲਾਵਾ 2 ਅਕਤੂਬਰ ਨੂੰ ਗਾਂਧੀ ਜਯੰਤੀ ਤੇ ਸਵੱਛਤਾ ਪੰਦਰਵਾੜੇ ਦੀ ਸਮਾਪਤੀ ਮੌਕੇ ਵੀ ਨਗਰ ਨਿਗਮ ਫਗਵਾੜਾ ਵਲੋਂ ਚਲਾਈ ਸਫਾਈ ਮੁਹਿਮ ਵਿਚ ਉਹਨਾਂ ਹਿੱਸਾ ਲਿਆ ਸੀ। ਲਾਇਨ ਕੰਗ ਨੇ ਫਿਰ ਭਰੋਸਾ ਦਿੱਤਾ ਕਿ ਸਵੱਛਤਾ ਪ੍ਰਤੀ ਜਾਗਰੂਕਤਾ ਅੱਜ ਸਮੇਂ ਦੀ ਲੋੜ ਹੈ ਇਸ ਲਈ ਉਹ ਡਿਸਟ੍ਰਿਕਟ 321-ਡੀ ਦੀਆਂ ਸਮੂਹ ਕਲੱਬਾਂ ਨੂੰ ਸਵੱਛਤਾ ਨਾਲ ਸਬੰਧਤ ਵੱਧ ਤੋਂ ਵੱਧ ਪ੍ਰੋਜੈਕਟ ਕਰਨ ਲਈ ਪ੍ਰੇਰਿਤ ਕਰਨਗੇ। ਇਸ ਮੌਕੇ ਨਗਰ ਨਿਗਮ ਫਗਵਾੜਾ ਦੇ ਅਧਿਕਾਰੀਆਂ, ਕਰਮਚਾਰੀਆਂ ਤੋਂ ਇਲਾਵਾ ਸਕੂਲ ਆਫ ਐਮੀਨੈਂਸ ਦੇ ਪ੍ਰਿੰਸੀਪਲ ਰਣਜੀਤ ਕੁਮਾਰ ਗੋਗਨਾ ਅਤੇ ਪੁਤਰੀ ਪਾਠਸ਼ਾਲਾ ਹਦੀਆਬਾਦ ਦੇ ਪ੍ਰਿੰਸੀਪਲ ਰੀਟਾ ਥਾਪਰ, ਮੋਨਿਕਾ ਸ਼ਰਮਾ ਆਦਿ ਵੀ ਹਾਜਰ ਸਨ।

# ਪੰਜਾਬ ਦਾ ਭਵਿੱਖ ਨੌਜਵਾਨਾਂ ਦੇ ਹੱਥਾਂ 'ਚ ਹੈ : ਡਾ. ਇਸ਼ਾਂਕ

## ਖੇਡਾਂ ਨੂੰ ਆਪਣੇ ਨਿੱਤਨੇਮ ਦਾ ਹਿੱਸਾ ਬਣਾਓ : ਘੁੰਮਣ




ਹੁਸ਼ਿਆਰਪੁਰ (ਓ ਪੀ ਰਾਣਾ, ਬਲਬੀਰ ਸਿੰਘ ਸੈਣੀ) ਦਸੂਹਾ ਵਿਖੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਅਤੇ ਗੈਰ ਸਰਕਾਰੀ ਸੰਸਥਾ (ਐਨ ਜੀ ਓ) ਪ੍ਰਤੀਗਿਆ ਏਕ ਸੋਚ ਸੋਸਾਇਟੀ ਦੇ ਸਹਿਯੋਗ ਨਾਲ ਕਰਵਾਏ ਗਏ ਇਕ ਵਿਸ਼ੇਸ਼ ਸਮਾਗਮ ਤਹਿਤ ਸਾਇਕਲਥੌਨ ਵਿਚ ਵਿਧਾਇਕ ਕਰਮਬੀਰ ਸਿੰਘ ਘੁੰਮਣ ਅਤੇ ਚੀਫ਼ ਇੰਜੀਨੀਅਰ ਏ.ਕੇ.ਸਿਧਾਨਾ, ਡਾ.ਇਸ਼ਾਂਕ ਚੱਬੇਵਾਲ, ਨਵੀਨ ਚੌਧਰੀ, ਮਨੋਜ ਜੋਸ਼ੀ, ਵਿਨੈ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਹ ਸਮਾਗਮ ਪੰਜਾਬ ਦੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੇ ਉਦੇਸ਼ ਨਾਲ ਕਰਵਾਇਆ ਗਿਆ।ਸਾਈਕਲਥੌਨ ਵਿੱਚ ਦੋਵਾਂ ਆਗੂਆਂ ਨੇ ਨੌਜਵਾਨਾਂ ਨਾਲ ਸਾਈਕਲ ਚਲਾ ਕੇ ਖੇਡਾਂ ਨੂੰ ਅਪਣਾਉਣ ਅਤੇ ਨਸ਼ਿਆਂ ਤੋਂ ਦੂਰ ਰਹਿਣ ਦਾ ਜ਼ੋਰਦਾਰ ਸੁਨੇਹਾ ਦਿੱਤਾ। ਇਸ ਮੌਕੇ ਡਾ. ਇਸ਼ਾਂਕ ਚੱਬੇਵਾਲ ਨੇ ਕਿਹਾ ਕਿ ਪੰਜਾਬ ਦਾ ਭਵਿੱਖ ਨੌਜਵਾਨਾਂ ਦੇ ਹੱਥਾਂ ਵਿੱਚ ਹੈ ਅਤੇ ਉਨ੍ਹਾਂ ਨੂੰ ਨਸ਼ਿਆਂ ਵਰਗੀ ਮਾਰੂ ਲਤ ਤੋਂ ਬਚਾਉਣ ਲਈ ਖੇਡਾਂ ਦੀ ਮਹੱਤਤਾ ਨੂੰ ਸਮਝਣਾ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਮੈਂ ਪੰਜਾਬ ਦੇ ਨੌਜਵਾਨਾਂ ਨੂੰ ਬਹੁਤ ਪਿਆਰ ਕਰਦਾ ਹਾਂ ਅਤੇ ਉਨ੍ਹਾਂ ਦੀ ਭਲਾਈ ਲਈ ਹਮੇਸ਼ਾ ਮਿਹਨਤ ਕਰਦਾ ਰਹਾਂਗਾ। ਮੇਰਾ ਉਦੇਸ਼ ਹੈ ਕਿ ਉਹ ਤੰਦਰੁਸਤ ਰਹਿਣ, ਖੇਡਾਂ ਵੱਲ ਧਿਆਨ ਦੇਣ ਅਤੇ ਨਸ਼ਿਆਂ ਤੋਂ ਦੂਰ ਰਹਿਣ। ਵਿਧਾਇਕ ਕਰਮਬੀਰ ਸਿੰਘ ਘੁੰਮਣ ਨੇ ਵੀ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਊਰਜਾ ਨੂੰ ਸਹੀ ਦਿਸ਼ਾ ਵਿੱਚ ਲਗਾਉਣ ਅਤੇ ਖੇਡਾਂ ਨੂੰ ਆਪਣੀ ਰੋਜ਼ਾਨਾ ਦੀ ਰੁਟੀਨ ਦਾ ਹਿੱਸਾ ਬਣਾਉਣ। ਉਨ੍ਹਾਂ ਕਿਹਾ ਕਿ ਨਸ਼ਾ ਸਿਰਫ਼ ਸਰੀਰਕ ਤੌਰ 'ਤੇ ਹੀ ਨਹੀਂ ਬਲਕਿ ਮਾਨਸਿਕ ਅਤੇ ਸਮਾਜਿਕ ਤੌਰ 'ਤੇ ਵੀ ਨੁਕਸਾਨਦੇਹ ਹੈ। ਇਹ ਨੌਜਵਾਨਾਂ ਦਾ ਭਵਿੱਖ ਤਬਾਹ ਕਰ ਦਿੰਦਾ ਹੈ। ਇਸ ਨੂੰ ਅਸੀਂ ਕਿਸੇ ਵੀ ਕੀਮਤ 'ਤੇ ਰੋਕਣਾ ਹੈ ਅਤੇ ਨੌਜਵਾਨਾਂ ਨੂੰ ਜਾਗਰੂਕ ਕਰਨਾ ਹੈ ਇਸ ਸਮਾਗਮ ਦੌਰਾਨ ਸੈਂਕੜੇ ਨੌਜਵਾਨਾਂ ਨੇ ਸਾਈਕਲ ਥੋਨ 'ਚ ਭਾਗ ਲਿਆ ਅਤੇ ਨਸ਼ਿਆਂ ਤੋਂ ਦੂਰ ਰਹਿਣ ਦਾ ਪ੍ਰਣ ਲਿਆ।

ਡਾ. ਇਸ਼ਾਂਕ ਚੱਬੇਵਾਲ ਅਤੇ ਵਿਧਾਇਕ ਕਰਮਬੀਰ ਸਿੰਘ ਘੁੰਮਣ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਉਹ ਭਵਿੱਖ ਵਿਚ ਵੀ ਅਜਿਹੇ ਸਮਾਗਮਾਂ ਨੂੰ ਉਤਸ਼ਾਹਿਤ ਕਰਦੇ ਰਹਿਣਗੇ ਤਾਂ ਜੋ ਪੰਜਾਬ ਦੇ ਨੌਜਵਾਨ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਨੂੰ ਅਪਣਾ ਕੇ ਉਸਾਰੂ ਜੀਵਨ ਸ਼ੈਲੀ ਅਪਣਾਉਣ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਅਤੇ ਸਮਾਜ ਦੇ ਹਰ ਵਿਅਕਤੀ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰੇ ਅਤੇ ਉਨ੍ਹਾਂ ਨੂੰ ਸਹੀ ਮਾਰਗ 'ਤੇ ਚੱਲਣ ਲਈ ਸਹਿਯੋਗ ਦੇਵੇ।

## ਰਾਏਪੁਰ ਸਗਨੇਵਾਲ 'ਚ ਸਰਬਸੰਮਤੀ ਨਾਲ ਹੋਈ ਪੰਚਾਇਤ ਦੀ ਚੋਣ



ਫਿਲੌਰ ( ਨਿਰਮਲ ) ਪੰਜਾਬ 'ਚ ਹੋ ਰਹੀਆਂ ਪੰਚਾਇਤੀ ਚੋਣਾਂ 'ਚ ਪੰਜਾਬ ਸਰਕਾਰ ਵੱਲੋਂ ਕੀਤੇ ਐਲਾਨ ਜਿਸ ਵਿੱਚ ਜੋਂ ਵੀ ਪੰਚਾਇਤ ਸਰਬਸੰਮਤੀ ਨਾਲ ਬਣੇਗੀ ਉਸ ਪੰਚਾਇਤ ਨੂੰ 5 ਲੱਖ ਰੁਪਏ ਅਤੇ ਹੋਰ ਸਹੂਲਤਾਂ ਦਿੱਤੀਆਂ ਜਾਣਗੀਆਂ। ਜਿਸ ਨੂੰ ਲੈ ਕੇ ਲੋਕ ਸਰਬਸੰਮਤੀ ਨਾਲ ਪੰਚਾਇਤਾਂ ਬਣਾਉਣ ਲਈ ਤੱਤਪਰ ਹਨ।ਇਸੇ ਲੜੀ ਤਹਿਤ ਪਿੰਡ ਰਾਏਪੁਰ ਸਗਨੇਵਾਲ ਦੀ ਪੰਚਾਇਤ ਦੀ ਚੋਣ ਆਮ ਆਦਮੀ ਪਾਰਟੀ ਕਿਸਾਨ ਵਿੰਗ ਦੇ ਆਗੂ ਪਰਮਿੰਦਰ ਸਿੰਘ ਮਾਹਲ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਪੰਚਾਇਤ ਦੀ ਚੋਣ ਸਰਬਸੰਮਤੀ ਨਾਲ ਹੋਈ। ਜਿਸ ਦੌਰਾਨ ਨੀਲਮ ਰਾਣੀ ਸਰਪੰਚ, ਪਰਮਿੰਦਰ ਸਿੰਘ ਮਾਹਲ ਪੰਚਾਇਤ ਮੈਂਬਰ, ਸੁਖਜਿੰਦਰ ਸਿੰਘ ਸੰਧੂ ਪੰਚਾਇਤ ਮੈਂਬਰ, ਜਸਪ੍ਰੀਤ ਸੰਧੂ ਪੰਚਾਇਤ ਮੈਂਬਰ, ਚਮਨ ਲਾਲ ਪੰਚਾਇਤ ਮੈਂਬਰ, ਗੁਰੋ ਪੰਚਾਇਤ ਮੈਂਬਰ ਸਰਬਸੰਮਤੀ ਨਾਲ ਚੋਣ ਹੋਈ। ਇਸ ਮੌਕੇ ਪਰਮਿੰਦਰ ਸਿੰਘ ਮਾਹਲ ਅਤੇ ਆਮ ਆਦਮੀ ਪਾਰਟੀ ਮੈਡੀਕਲ ਵਿੰਗ ਵਿਧਾਨ ਸਭਾ ਹਲਕਾ ਫਿਲੌਰ ਦੇ ਪ੍ਰਧਾਨ ਵਰਿੰਦਰ ਸਿੰਘ ਸੈਣੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪੰਜਾਬ ਦੇ ਪਿੰਡਾਂ ਵਿੱਚੋਂ ਧੜੇਬੰਦੀ ਖ਼ਤਮ ਕਰਨ ਅਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਸਮੂਹ ਪਿੰਡਾਂ ਦੀਆਂ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਉਸ ਸਰਬਸੰਮਤੀ ਨਾਲ ਪੰਚਾਇਤਾਂ ਬਣਾ ਕੇ ਪਿੰਡਾਂ ਦਾ ਸਰਬਪੱਖੀ ਵਿਕਾਸ ਕਰਨ ਤਾਂ ਜੋਂ ਪੰਜਾਬ ਮੁੜ ਖੁਸ਼ਹਾਲੀ ਵੱਲ ਵਧੇ। ਇਸ ਮੌਕੇ ਵੱਡੀ ਗਿਣਤੀ ਚ ਪਿੰਡ ਦੇ ਪ੍ਰਮੁੱਖ ਵਿਅਕਤੀ ਹਾਜ਼ਰ ਸਨ।

## ਹਰਿਆਣਾ 'ਚ ਭਾਜਪਾ ਬਣਾਏਗੀ ਤੀਜੀ ਵਾਰ ਸਰਕਾਰ : ਵਿਜੇ ਭਾਟੀਆ



ਬਲਾਚੌਰ, (ਜਸਵਿੰਦਰ ਬੈਂਸ) ਗੁਆਂਢੀ ਰਾਜ ਹਰਿਆਣਾ ਵਿਖੇ ਹੋ ਰਹੀਆਂ ਵਿਧਾਨ ਸਭਾ ਦੀਆਂ ਚੋਣਾਂ ਦੌਰਾਨ ਵਿਧਾਨ ਸਭਾ ਹਲਕਾ ਲਾਡਲਾ ਤੋਂ ਚੋਣ ਲੜ ਰਹੇ ਸਾਬਕਾ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਜਿੱਥੇ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨਗੇ ਉਥੇ ਉਨ੍ਹਾਂ ਦੀ ਅਗਵਾਈ ਹੇਠ ਤੀਸਰੀ ਵਾਰ ਭਾਜਪਾ ਦੀ ਸਰਕਾਰ ਬਣਾਈ ਜਾਵੇਗੀ। ਇਹ ਪ੍ਰਗਟਾਵਾ ਸੀਨੀਅਰ ਭਾਜਪਾ ਆਗੂ ਚੌਧਰੀ ਵਿਜੇ ਭਾਟੀਆ ਸੰਡਰੇਵਾਲ ਅਤੇ ਉਨ੍ਹਾਂ ਦੇ ਸਾਥੀਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਕੀਤਾ।ਉਨ੍ਹਾਂ ਕਿਹਾ ਕਿ ਚੋਣ ਕੰਪੇਨ ਅੰਦਰ ਜਾਣ ਉਪਰੰਤ ਹਰਿਆਣਾ ਵਾਸੀਆਂ ਵੱਲੋਂ ਦਿੱਤੇ ਜਾ ਰਹੇ ਭਰਵੇਂ ਹੁੰਗਾਰੇ ਤੋਂ ਇਹ ਸਾਫ ਜ਼ਾਹਿਰ ਹੈ ਕਿ ਹਰਿਆਣਾ ਦੇ ਲੋਕ ਭਾਜਪਾ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ ਅਤੇ ਭਾਜਪਾ ਦੀ ਅਗਵਾਈ ਹੇਠ ਸੂਬੇ ਦੇ ਹੋ ਰਹੇ ਵਿਕਾਸ ਨੂੰ ਨਿਯੰਤਰਣ ਜਾਰੀ ਰੱਖਣ ਹਿੱਤ ਉਹ ਵਿਧਾਨ ਸਭਾ ਚੋਣਾਂ ਦੀਆਂ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਹਨ ਤਾਂ ਜੋ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਨੂੰ ਦੁਬਾਰਾ ਫਿਰ ਰਿਪੀਟ ਕੀਤਾ ਜਾ ਸਕੇ।ਇਸ ਮੌਕੇ ਉਨ੍ਹਾਂ ਨਾਲ ਉੱਤਰ ਪ੍ਰਦੇਸ਼ ਤੋਂ ਮੈਂਬਰ ਪਾਰਲੀਮੈਂਟ ਪ੍ਰਦੀਪ ਚੌਧਰੀ, ਵਰਿੰਦਰ ਭਾਟੀਆ, ਡਾਕਟਰ ਰਾਕੇਸ਼ ਚੌਹਾਨ, ਸੁਰਿੰਦਰ ਸਰਪੰਚ ਭੈਣੀ ਖੇੜਾ ਅਤੇ ਮੁਕੇਸ਼ ਕੁਮਾਰ ਆਦਿ ਹਾਜ਼ਰ ਸਨ।

## ਬੈਰਮਪੁਰ ਦੀ ਪੰਚਾਇਤ ਸਰਬਸੰਮਤੀ ਨਾਲ ਚੁਣੀ ਗਈ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ) ਪੰਜਾਬ ਸਰਕਾਰ ਵੱਲੋਂ ਐਲਾਨ ਕੀਤੇ ਪੰਚਾਇਤੀ ਚੋਣਾਂ ਦੇ ਅਮਲ ਦੌਰਾਨ ਪੰਜਾਬ ਭਰ ਵਿੱਚੋਂ ਹਿੰਸਾ ਅਤੇ ਹੰਗਾਮਿਆਂ ਦੀਆਂ ਖ਼ਬਰਾਂ ਦੇ ਦਰਮਿਆਨ ਜ਼ਿਲ੍ਹਾ ਹੁਸ਼ਿਆਰਪੁਰ ਵਿੱਚੋਂ ਪੰਚਾਇਤਾਂ ਦੇ ਸਰਬ ਸੰਮਤੀ ਨਾਲ ਚੁਣਨ ਦੀਆਂ ਆ ਰਹੀਆਂ ਖ਼ਬਰਾਂ ਅਮਨ ਤੇ ਭਾਈਚਾਰਕ ਸਾਂਝ ਦਾ ਸੁਨੇਹਾ ਦੇ ਰਹੀਆਂ ਹਨ।ਜ਼ਿਲ੍ਹਾ ਹੁਸ਼ਿਆਰਪੁਰ ਦੇ ਬਲਾਕ ਭੂੰਗਾ ਅਧੀਨ ਗੜ੍ਹਦੀਵਾਲਾ ਨਜ਼ਦੀਕ ਪੈਂਦੇ ਪਿੰਡ ਬੈਰਮਪੁਰ ਵਿਖੇ ਸਮੂਹ ਪਿੰਡ ਵਾਸੀਆਂ ਵੱਲੋਂ ਆਪਸੀ ਸਲਾਹ ਮਸ਼ਵਰੇ ਨਾਲ ਸਰਬ ਸੰਮਤੀ ਕਰਦਿਆਂ ਪੰਚਾਇਤ ਚੁਣ ਲਈ ਗਈ। ਇਸ ਦੌਰਾਨ ਨਰਿੰਦਰ ਕੌਰ ਪਤਨੀ ਦਿਲਬਾਗ ਸਿੰਘ ਨੂੰ ਸਰਬ ਸੰਮਤੀ ਨਾਲ ਸਰਪੰਚ ਚੁਣਿਆ ਗਿਆ ਇਸ ਤੋਂ ਇਲਾਵਾ ਜਸਵੰਤ ਕੌਰ ਪਤਨੀ ਹਰਦੇਵ ਸਿੰਘ, ਸੁਖਦੇਵ ਸਿੰਘ ਲਾਲੀ ਪੁੱਤਰ ਕਾਬਲ ਸਿੰਘ, ਮਨੋਹਰ ਸਿੰਘ, ਸਰਬਜੀਤ ਕੌਰ ਤੇ ਜਰਨੈਲ ਸਿੰਘ ਨੂੰ ਸਰਬ ਸੰਮਤੀ ਨਾਲ ਪੰਚ ਚੁਣਿਆ ਗਿਆ। ਇਸ ਮੌਕੇ ਪਿੰਡ ਦੇ ਗੁਰਦੁਆਰਾ ਸਿੰਘ ਸਭਾ ਵਿਖੇ ਇਕੱਤਰ ਹੋਏ ਸਮੂਹ ਪੰਚਾਇਤ ਮੈਂਬਰਾਂ ਨੂੰ ਸਮੂਹ ਪਿੰਡ ਵਾਸੀਆਂ ਅਤੇ ਮੋਹਤਬਰਾਂ ਵੱਲੋਂ ਸਿਰੋਪਾ ਦੇ ਕੇ ਸਨਮਾਨਿਤ ਕੀਤਾ।

## ਡੇਰਾ ਸੱਚਾ ਸੌਦਾ ਮੁਖੀ ਨੂੰ ਵਾਰ-ਵਾਰ ਪੈਰੋਲ ਦੇਣ ਲਈ ਭਾਜਪਾ ਦੀ ਨਿੰਦਾ

ਚੰਡੀਗੜ੍ਹ (ਗੁਰਜੀਤ ਬਿੱਲਾ) ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਨੇ ਸਿਆਸੀ ਫਾਇਦੇ ਲਈ ਡੇਰਾ ਸੱਚਾ ਸੌਦਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਬਾਰ ਬਾਰ ਪੈਰੋਲ ਦੇਣ ਲਈ ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਸਖ਼ਤ ਨਿਖੇਧੀ ਕੀਤੀ ਹੈ। ਝਿੰਜਰ ਨੇ ਇਸ ਨੂੰ ਹਰਿਆਣਾ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵੋਟਰਾਂ ਨੂੰ ਪ੍ਰਭਾਵਿਤ ਕਰਨ ਦੀ ਕੋਝੀ ਕੋਸ਼ਿਸ਼ ਦੱਸਿਆ ਅਤੇ ਇਸ ਨੂੰ ਭਾਰਤ ਦੇ ਲੋਕਤੰਤਰ 'ਤੇ 'ਕਾਲਾ ਧੱਬਾ' ਕਰਾਰ ਦਿੱਤਾ।ਝਿੰਜਰ ਨੇ ਕਿਹਾ, ਸਿੱਖ ਭਾਈਚਾਰਾ ਨਾਰਾਜ਼ ਹੈ। ਸਾਡੇ ਬੰਦੀ ਸਿੰਘ, ਜੋ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਜੇਲ੍ਹਾਂ ਵਿੱਚ ਬੰਦ ਹਨ ਜਦੋਂਕਿ ਬਲਾਤਕਾਰੀ ਰਾਮ ਰਹੀਮ ਨੂੰ ਹਰ ਕੁਝ ਮਹੀਨਿਆਂ ਬਾਅਦ ਪੈਰੋਲ ਮਿਲਦੀ ਹੈ।ਇਹ ਸਿੱਖਾਂ ਨਾਲ ਸਿੱਧੇ ਤੌਰ 'ਤੇ ਅਨੁਚਿਤ ਵਿਵਹਾਰ ਅਤੇ ਵਿਤਕਰਾ ਹੈ।

## ਸਰਕਾਰੀ ਸਕੂਲ ਨੇੜਿਓਂ ਮਿਲੀ ਅਣਪਛਾਤੀ ਲਾਸ਼

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ) ਸਥਾਨਕ ਸਰਕਾਰੀ ਆਦਰਸ਼ ਸਕੂਲ ਦੇ ਨੇੜਿਓਂ ਇੱਕ ਅਣਪਛਾਤੀ ਲਾਸ਼ ਮਿਲੀ ਹੈ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਤਫਤੀਸ਼ੀ ਅਫਸਰ ਏ ਐਸ ਆਈ ਗੁਰਨੈਬ ਸਿੰਘ ਨੇ ਦੱਸਿਆ ਕਿ ਇਕ ਨਾ ਮਲੂਮ ਵਿਅਕਤੀ ਦੀ ਲਾਸ਼ ਉਮਰ ਕਰੀਬ 50-55 ਸਾਲ ਜੋ ਨੇੜੇ ਆਦਰਸ਼ ਸਕੂਲ ਲੋਦੀਪੁਰ ਸ੍ਰੀ ਅਨੰਦਪੁਰ ਸਾਹਿਬ ਤੋਂ ਮਿਲੀ ਹੈ। ਜਿਸਦਾ ਹੁਲੀਆ-ਉਮਰ ਕਰੀਬ 50-55 ਸਾਲ, ਰੰਗ ਸਾਂਵਲਾ, ਸਿਰ ਤੋਂ ਮੋਨਾ ਦਾੜੀ ਕੱਟੀ ਹੋਈ ਹੋਏ, ਸਰੀਰ ਪਤਲਾ ਤੇ ਕਮਜ਼ੋਰ, ਜਿਸਨੇ ਡੱਬੀਦਾਰ ਕਾਲੀ ਕਮੀਜ਼ ਤੇ ਲਾਲ ਲੋਅਰ ਪਹਿਨੀ ਹੋਈ ਹੈ।ਉਨ੍ਹਾਂ ਦਸਿਆ ਮ੍ਰਿਤਕ ਦੇਹ ਸ਼ਨਾਖਤ ਲਈ 72 ਘੰਟੇ ਲਈ ਸਿਵਲ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਰਖਵਾਈ ਗਈ ਹੈ

## ਸਰਬ-ਸੰਮਤੀ ਦੇ ਨਾਲ ਦੂਜੀ ਵਾਰ ਚੁਣੀ ਗਈ ਖੇੜੀ ਸਲਾਬਤਪੁਰ ਦੀ ਪੰਚਾਇਤ



ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ): ਪਿੰਡ ਖੇੜੀ ਸਲਾਬਤਪੁਰ ਦੀ ਪੰਚਾਇਤ ਦੂਜੀ ਵਾਰ ਸਰਬਸੰਮਤੀ ਦੇ ਨਾਲ ਚੁਣੀ ਗਈ ਹੈ। ਇਸ ਬਾਰੇ ਗੱਲਬਾਤ ਕਰਦਿਆਂ ਚੇਅਰਮੈਨ ਪਰਮਜੀਤ ਸਿੰਘ ਨੇ ਦੱਸਿਆ ਕਿ ਪਿੰਡ ਵੱਲੋਂ ਪਿੰਡ ਦੇ ਗੁਰੂਘਰ ਵਿੱਚ ਇਕੱਠ ਰੱਖਿਆ ਗਿਆ। ਜਿਸ ਵਿੱਚ ਪਿੰਡ ਦੀ ਬਿਹਤਰੀ ਲਈ ਮਤਾ ਪਾ ਕੇ ਸਰਬ-ਸੰਮਤੀ ਦੇ ਨਾਲ ਪਿੰਡ ਦੀ ਪੰਚਾਇਤ ਚੁਣੀ ਗਈ।ਜਿਸ ਦੇ ਵਿੱਚ ਹਾਕਮ ਸਿੰਘ ਸਰਪੰਚ, ਪੰਚ ਮੈਂਬਰ ਜਿਨ੍ਹਾਂ ਵਿੱਚ ਗੁਰਦਿਆਲ ਸਿੰਘ, ਅਮਰਜੀਤ ਸਿੰਘ, ਗੁਰਪ੍ਰੀਤ ਸਿੰਘ, ਬਲਵਿੰਦਰ ਕੌਰ ਅਤੇ ਗੁਰਮੀਤ ਕੌਰ ਸਮੇਤ 6 ਮੈਂਬਰੀ ਪੰਚਾਇਤ ਚੁਣੀ ਗਈ। ਇਸ ਮੌਕੇ ਰਿਟਾਇਰਡ ਬੀ ਡੀ ਪੀ ਓ ਚਰਨਜੀਤ ਸਿੰਘ, ਚੇਅਰਮੈਨ ਪਰਮਜੀਤ ਸਿੰਘ ਪੰਮਾ, ਅਮ੍ਰਿਤਪਾਲ ਸਿੰਘ, ਸਾਬਕਾ ਸਰਪੰਚ ਅਮਰਸੰਗਰਾਮ ਸਿੰਘ, ਬਾਬਾ ਹਰਪਾਲ ਸਿੰਘ, ਬਲਬੀਰ ਸਿੰਘ, ਗੁਰਿੰਦਰਪਾਲ ਸਿੰਘ, ਮਹਿੰਦਰਪਾਲ ਸਿੰਘ ਨਿੱਕਾ, ਸਵਰਨ ਸਿੰਘ ਤੋਂ ਇਲਾਵਾ ਹੋਰ ਵੀ ਪਿੰਡ ਵਾਸੀ ਹਾਜ਼ਰ ਸਨ।

## 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਸਫਾਈ ਸੇਵਕਾਂ ਦਾ ਸਨਮਾਨ



ਬਲਾਚੌਰ (ਜਸਵਿੰਦਰ ਬੈਂਸ) - ਪੀ ਐਮ ਆਈ ਡੀ ਸੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਨਗਰ ਕੌਂਸਲ ਬਲਾਚੌਰ ਦੇ ਕਾਰਜ ਸਾਧਕ ਅਫਸਰ ਕੇਵਲ ਕ੍ਰਿਸ਼ਨ ਤੇ ਸੈਨੇਟਰੀ ਇੰਸਪੈਕਟਰ ਭਾਰਤ ਭੂਸ਼ਨ ਦੀ ਅਗਵਾਈ ਹੇਠ ਸਫ਼ਾਈ ਸੇਵਕਾਂ ਤੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਸਫ਼ਾਈ ਸੇਵਕਾਂ ਨੂੰ ਪੀ ਪੀ ਈ ਕਿੱਟਾਂ ਤੇ ਸੇਫਟੀ ਉਪਕਰਣ ਦਿੱਤੇ ਗਏ ਅਤੇ ਪ੍ਰਸ਼ੰਸਾ ਪੱਤਰ ਵੀ ਵੰਡੇ ਗਏ। 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਹੀ ਵਿਦਿਆਰਥਣਾਂ ਨੂੰ ਵੀ ਵੱਖ ਵੱਖ ਪ੍ਰੋਗਰਾਮਾਂ ਵਿਚ ਹਿੱਸਾ ਲੈਣ ਤੇ ਸਨਮਾਨ ਚਿੰਨ੍ਹ ਦੇ ਕੇ ਹੌਸਲਾ ਅਫ਼ਜ਼ਾਈ ਕੀਤੀ ਗਈ। ਨਗਰ ਕੌਂਸਲ ਬਲਾਚੌਰ ਦੇ ਕਾਰਜ ਸਾਧਕ ਅਫਸਰ ਵਲੋਂ ਵਿਸ਼ੇਸ਼ ਤੌਰ ਤੇ 'ਸਵੱਛਤਾ ਹੀ ਸੇਵਾ' ਮੁਹਿੰਮ ਨੂੰ ਸਫਲ ਬਣਾਉਣ ਲਈ ਸਵੱਛ ਭਾਰਤ ਟੀਮ ਦੀ ਪ੍ਰਸ਼ੰਸਾ ਕੀਤੀ ਗਈ ਨਾਲ ਹੀ ਸਫ਼ਾਈ ਸੇਵਕਾਂ ਤੇ ਵਿਦਿਆਰਥੀਆਂ ਦਾ ਵੀ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਧੰਨਵਾਦ ਕੀਤਾ ਗਿਆ।

## ਗਰੀਬ ਤੇ ਦਲਿਤਾਂ ਨੂੰ ਚੋਣ ਅਖਾੜੇ 'ਚੋਂ ਪਾਸੇ ਰੱਖਣ ਦਾ ਰੁਝਾਨ ਚਿੰਤਾਜਨਕ : ਡਾ. ਚੰਦੀ



ਡਾ. ਜਗਤਾਰ ਸਿੰਘ ਚੰਦੀ

ਸ਼ਾਹਕੋਟ (ਗਿਆਨ ਸੈਦਪੁਰੀ) 'ਪੰਚਾਇਤੀ ਚੋਣਾਂ ਵਿੱਚ ਸਰਬਸੰਮਤੀ ਸ਼ਬਦ ਬੜਾ ਸੋਹਣਾ ਲੱਗਦਾ ਹੈ ਪਰ ਇਸ ਪ੍ਰਕਿਰਿਆ ਵਿੱਚ ਵੀ ਗੈਰ ਜਮਹੂਰੀ ਤੌਰ ਤਰੀਕੇ ਸਾਹਮਣੇ ਆ ਰਹੇ ਹਨ'। ਉਕਤ ਵਿਚਾਰਾਂ ਦਾ ਪ੍ਰਗਟਾਵਾ ਸਟੀਲ ਅਥਾਰਟੀ ਆਫ ਇੰਡੀਆ ਦੇ ਸਾਬਕਾ ਮੈਂਬਰ ਡਾ. ਜਗਤਾਰ ਸਿੰਘ ਚੰਦੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਕਈ ਪਿੰਡਾਂ ਵਿੱਚ ਬੋਲੀ ਲਗਾ ਕੇ ਸਰਪੰਚ ਬਣਨ ਦੇ ਵਰਤਾਰੇ 'ਤੇ ਹੈਰਾਨੀ ਪ੍ਰਗਟ ਕਰਦਿਆਂ ਡਾ. ਚੰਦੀ ਨੇ ਕਿਹਾ ਕਿ ਸ਼ਾਮਲਾਟ ਜ਼ਮੀਨਾਂ ਦੀ ਬੋਲੀ ਵਾਲੀ ਗੱਲ ਤਾਂ ਸਮਝ ਵਿੱਚ ਪੈਂਦੀ ਹੈ ਪਰ ਪੰਚਾਇਤ ਬੋਲੀ ਲਗਾ ਕੇ ਬਣਨੀ ਡੂੰਘੀ ਚਿੰਤਾ ਦਾ ਵਿਸ਼ਾ ਹੈ।ਉਨ੍ਹਾਂ ਕਿਹਾ ਕਿ ਜਦੋਂ ਅਕਲ ਦੀ ਥਾਂ ਪੈਸਾ ਵਰਤਿਆ ਜਾ ਰਿਹਾ ਹੋਵੇ ਤਾਂ ਆਰਥਿਕ ਤੌਰ 'ਤੇ ਕਮਜ਼ੋਰ ਵਿਅਕਤੀ ਲਈ ਜਮਹੂਰੀਅਤ ਦੇ ਕੀ ਅਰਥ ਰਹਿ ਜਾਂਦੇ ਹਨ।ਇਸ ਚੋਣ ਪ੍ਰਕਿਰਿਆ ਦੌਰਾਨ ਦਲਿਤਾਂ ਤੇ ਗਰੀਬ ਵਰਗ ਨੂੰ ਚੋਣਾਂ ਲੜਨ ਤੋਂ ਪਾਸੇ ਰੱਖਣ ਦਾ ਰੁਝਾਨ ਸਾਡੇ ਗੁਰੂ ਸਾਹਿਬਾਨ ਦੇ ਆਸ਼ੇ ਦੇ ਵੀ ਉਲਟ ਹੈ।ਦਲਿਤਾਂ ਦੇ ਹਿਤੈਸ਼ੀ ਹੋਣ ਦੀਆਂ ਡੀਂਗਾਂ ਮਾਰਨ ਵਾਲੇ ਸਿਆਸੀ ਆਗੂਆਂ ਦੀ ਚੁੱਪ ਉਨ੍ਹਾਂ ਦੇ ਕਿਰਦਾਰ 'ਤੇ ਸਵਾਲ ਖੜ੍ਹੇ ਕਰਦੀ ਹੈ।ਉਨ੍ਹਾਂ ਕਿਹਾ ਕਿ ਅਕਸਰ ਕਿਹਾ ਜਾਂਦਾ ਹੈ ਕਿ ਪੰਚਾਇਤ ਚੋਣਾਂ ਲੋਕਤੰਤਰ ਦੀ ਨੀਂਹ ਹੁੰਦੀਆਂ ਹਨ। ਜਦੋਂ ਨਹੀਂ ਹੀ ਖੋਖਲੀ ਹੋਵੇਗੀ ਤਾਂ ਲੋਕ ਤੰਤਰ ਦੀ ਇਮਾਰਤ ਦਾ ਭਲੀ ਭਾਂਤ ਅੰਦਾਜ਼ਾ ਲਾਇਆ ਜਾ ਸਕਦਾ ਹੈ।ਡਾ. ਚੰਦੀ ਨੇ ਕਿਹਾ ਕਿ ਇਸ ਮੌਕੇ ਚੋਣ ਕਮਿਸ਼ਨ ਲਈ ਆਪਣੀ ਸਾਰਥਿਕਤਾ ਵਿਖਾਉਣ ਦਾ ਮੌਕਾ ਹੈ ਤੇ ਜਮਹੂਰੀਅਤ ਦੀ ਰਾਖੀ ਦਾ ਵੀ।

## 'ਸਵੱਛਤਾ ਹੀ ਸੇਵਾ' ਮੁਹਿੰਮ ਤਹਿਤ ਫਲੈਸ਼ ਮੋਬ



ਮੋਹਾਲੀ (ਗੁਰਜੀਤ ਬਿੱਲਾ) 17 ਸਤੰਬਰ ਤੋਂ 2 ਅਕਤੂਬਰ ਤੱਕ ਚੱਲ ਰਹੀ ਸਵੱਛਤਾ ਹੀ ਸੇਵਾ ਮੁਹਿੰਮ ਦੇ ਹਿੱਸੇ ਵਜੋਂ, ਨਗਰ ਨਿਗਮ (ਐਮ.ਸੀ.) ਮੁਹਾਲੀ ਨੇ ਨਾਗਰਿਕਾਂ ਵਿੱਚ ਸਫਾਈ ਅਤੇ ਕੂੜਾ ਪ੍ਰਬੰਧਨ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ ਲੰਘੀ ਸ਼ਾਮ ਸੀ ਪੀ 67 ਵਿਖੇ ਇੱਕ ਦਿਲਚਸਪ ਫਲੈਸ਼ ਮੋਬ ਈਵੈਂਟ ਦਾ ਆਯੋਜਨ ਕੀਤਾ।ਇਸ ਸਮਾਗਮ ਵਿੱਚ ਗਿਆਨ ਜੋਤੀ ਕਾਲਜ ਦੇ ਵਿਦਿਆਰਥੀਆਂ ਨੇ ਜੋਸ਼ ਭਰੀ ਸ਼ਮੂਲੀਅਤ ਕੀਤੀ, ਜਿਨ੍ਹਾਂ ਨੇ ਪ੍ਰਸਿੱਧ ਗੀਤ ਚਰਚੇ ਮੋਹਾਲੀ ਸ਼ਹਿਰ ਦੇ 'ਤੇ ਡਾਂਸ ਪੇਸ਼ ਕਰਕੇ ਦਰਸ਼ਕਾਂ ਦਾ ਮਨ ਮੋਹ ਲਿਆ ਅਤੇ ਸਵੱਛ ਮੋਹਾਲੀ ਦੇ ਸੰਦੇਸ਼ ਨੂੰ ਫੈਲਾਇਆ।ਇਸ ਮੌਕੇ ਸੰਯੁਕਤ ਕਮਿਸ਼ਨਰ ਦੀਪਾਂਕਰ ਗਰਗ, ਸਹਾਇਕ ਕਮਿਸ਼ਨਰ ਰੰਜੀਵ ਕੁਮਾਰ, ਪਤਵੰਤਿਆਂ ਨੇ ਮੋਹਾਲੀ ਨੂੰ ਸਾਫ਼ ਸੁਥਰਾ ਅਤੇ ਹਰਿਆ ਭਰਿਆ ਸ਼ਹਿਰ ਬਣਾਉਣ ਲਈ ਲੋਕਾਂ ਦੀ ਸ਼ਮੂਲੀਅਤ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਫਲੈਸ਼ ਮੋਬ 'ਸਵੱਛਤਾ ਹੀ ਸੇਵਾ' ਮੁਹਿੰਮ ਦੇ ਤਹਿਤ ਯੋਜਨਾਬੱਧ ਕਈ ਜਾਗਰੂਕਤਾ ਗਤੀਵਿਧੀਆਂ ਵਿੱਚੋਂ ਇੱਕ ਸੀ, ਜਿਸਦਾ ਉਦੇਸ਼ ਸ਼ਹਿਰ ਦੇ ਵਸਨੀਕਾਂ ਵਿੱਚ ਆਪਣੇ ਆਲੇ-ਦੁਆਲੇ ਨੂੰ ਸਾਫ਼ ਰੱਖਣ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਸੀ। ਮੋਹਾਲੀ ਦੇ ਟਿਕਾਊ ਰਹਿੰਦ-ਖੂੰਹਦ ਪ੍ਰਬੰਧਨ ਅਤੇ ਬਿਹਤਰ ਸਵੱਛ ਸਰਵੇਖਣ ਦਰਜਾਬੰਦੀ ਦੇ ਚੱਲ ਰਹੇ ਮਿਸ਼ਨ ਵਿੱਚ ਯੋਗਦਾਨ ਦਿੰਦੇ ਹੋਏ ਭਾਗੀਦਾਰਾਂ ਦੇ ਉਤਸ਼ਾਹ ਅਤੇ ਭਾਵਨਾ ਨੇ ਇਸ ਸਮਾਗਮ ਨੂੰ ਇੱਕ ਸ਼ਾਨਦਾਰ ਤੇ ਸਫ਼ਲ ਬਣਾਇਆ।

## ਰੋਟਰੀ ਕਲੱਬ ਮਿਡ ਟਾਊਨ ਨੇ ਅਧਿਆਪਕਾ ਰਾਜਵਿੰਦਰ ਕੌਰ ਨੂੰ ਕੀਤਾ ਸਨਮਾਨਿਤ

ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ) ਰੋਟਰੀ ਕਲੱਬ ਮਿਡ ਟਾਊਨ ਹੁਸ਼ਿਆਰਪੁਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਪਾਏ ਵੱਡਮੁੱਲੇ ਯੋਗਦਾਨ ਲਈ ਅਧਿਆਪਕਾ ਰਾਜਵਿੰਦਰ ਕੌਰ ਦਾ ਸਨਮਾਨ ਕੀਤਾ ਗਿਆ। ਸਨਮਾਨ ਸਮਾਰੋਹ ਸ਼ਹਿਰ ਦੇ ਇੱਕ ਵੱਕਾਰੀ ਹੋਟਲ ਵਿੱਚ ਕਰਵਾਇਆ ਗਿਆ, ਜਿਸ ਵਿੱਚ ਰੋਟਰੀ ਕਲੱਬ ਦੇ ਗਵਰਨਰ ਪੀ ਐਸ ਓਬਰਾਏ ਸਿੱਖਿਆ, ਸਮਾਜ ਸੇਵਾ ਅਤੇ ਵੱਖ-ਵੱਖ ਖੇਤਰਾਂ ਨਾਲ ਸਬੰਧਤ ਪਤਵੰਤੇ ਸੱਜਣਾਂ ਨੇ ਸ਼ਿਰਕਤ ਕੀਤੀ, ਰਾਜਵਿੰਦਰ ਕੌਰ ਪਿਛਲੇ 15 ਸਾਲਾਂ ਤੋਂ ਸਿੱਖਿਆ ਦੇ ਖੇਤਰ ਵਿੱਚ ਸਰਗਰਮ ਹੈ ਅਤੇ ਕਈ ਵਿਦਿਆਰਥੀਆਂ ਦੀ ਜ਼ਿੰਦਗੀ ਬਦਲ ਚੁੱਕੀ ਹੈ। ਸਮਾਗਮ ਦੌਰਾਨ ਰਾਜਵਿੰਦਰ ਕੌਰ ਨੂੰ ਯਾਦਗਾਰੀ ਚਿੰਨ੍ਹ ਅਤੇ ਪ੍ਰਸ਼ੰਸਾ ਪੱਤਰ ਭੇਟ ਕੀਤਾ ਗਿਆ। ਇਸ ਮੌਕੇ ਰੋਟੇਰੀਅਨ ਐਨ ਡੀ ਪੀ ਕਥੂਰੀਆ, ਗੋਪਾਲ ਕ੍ਰਿਸ਼ਨ ਵਾਸੂਦੇਵ, ਮਨੋਜ ਓਹਰੀ, ਸੰਜੀਵ ਸਰਮਾ, ਜਤਿੰਦਰ ਕੁਮਾਰ, ਜਸਵੰਤ ਸਿੰਘ ਭੋਗਲ, ਰਜਨੀਸ ਗੁਲਿਆਨੀ, ਏ ਐਸ ਅਨੇਜਾ, ਸੰਦੀਪ ਸਰਮਾ, ਜੋਗਿੰਦਰ ਸਿੰਘ, ਜਗਮੀਤ ਸਿੰਘ ਸੇਠੀ, ਰੋਹਿਤ ਚੋਪੜਾ, ਪਰਵੀਨ ਪੱਬੀ, ਵਿਕਰਮ ਸਰਮਾ, ਐਚ ਐਸ ਓਬਰਾਏ, ਆਤਮਜੀਤ ਸਿੰਘ, ਜ. ਸਕੱਤਰ ਆਰ ਟੀ ਐਨ ਕੇ ਐਸ ਅਨੇਜਾ ਅਮਰਜੀਤ ਸਿੰਘ, ਵਿੰਦਰ ਸਿੰਘ ਆਦਿ ਹਾਜ਼ਰ ਸਨ।

## ਬਜ਼ੁਰਗਾਂ ਦੇ ਆਸ਼ੀਰਵਾਦ ਸਦਕਾ ਹੀ ਮੈਂ ਉੱਚ ਮੁਕਾਮ ਹਾਸਲ ਕੀਤਾ ਹੈ : ਡਾ. ਚੱਬੇਵਾਲ



ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਸਾਨੂੰ ਆਪਣੇ ਸੰਸਦ ਮੈਂਬਰ ਡਾ. ਰਾਜ 'ਤੇ ਮਾਣ ਹੈ ਜੋ ਇਕ ਮਜ਼ਬੂਤ ਅਤੇ ਚੇਤੰਨ ਨੇਤਾ ਹੋਣ ਦੇ ਨਾਲ-ਨਾਲ ਆਪਣੀ ਨਿਮਰਤਾ ਨਾਲ ਸਾਰਿਆਂ ਦੇ ਦਿਲਾਂ 'ਤੇ ਰਾਜ ਕਰਦੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਚੱਬੇਵਾਲ ਦੇ ਬਜ਼ੁਰਗ ਪਰਮਿੰਦਰ ਸਿੰਘ ਨੇ ਕੀਤਾ। ਉਸ ਸਮੇਂ ਡਾ. ਰਾਜ ਹਲਕਾ ਚੱਬੇਵਾਲ ਵਿੱਚ ਘੁੰਮ ਕੇ ਬਜ਼ੁਰਗਾਂ ਨਾਲ ਗੱਲਬਾਤ ਕਰ ਰਹੇ ਸਨ।ਉਨ੍ਹਾਂ ਬਜ਼ੁਰਗਾਂ ਨਾਲ ਵਿਚਾਰ-ਵਟਾਂਦਰਾ ਕੀਤਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਨਾਲ ਹੀ ਇਲਾਕੇ ਵਿੱਚ ਹੋ ਰਹੇ ਵਿਕਾਸ ਕਾਰਜਾਂ ਬਾਰੇ ਉਨ੍ਹਾਂ ਦੀ ਰਾਏ ਵੀ ਮੰਗੀ।ਸੰਸਦ ਮੈਂਬਰ ਚੱਬੇਵਾਲ ਨੇ ਬਜ਼ੁਰਗਾਂ ਨੂੰ ਭਰੋਸਾ ਦਿੱਤਾ ਕਿ ਉਹ ਉਨ੍ਹਾਂ ਦੇ ਸੁਝਾਵਾਂ ਅਤੇ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਆਉਣ ਵਾਲੇ ਪ੍ਰੋਜੈਕਟਾਂ ਨੂੰ ਲਾਗੂ ਕਰਨਗੇ।ਉਨ੍ਹਾਂ ਬਜ਼ੁਰਗਾਂ ਦੀ ਭਲਾਈ ਨਾਲ ਸਬੰਧਤ ਸਕੀਮਾਂ ਵੱਲ ਵਿਸ਼ੇਸ਼ ਧਿਆਨ ਦੇਣ ਦਾ ਵਾਅਦਾ ਕੀਤਾ। ਡਾ: ਰਾਜ ਨੇ ਆਪਣੇ ਰਾਜਨੀਤਿਕ ਜੀਵਨ ਵਿਚ ਉੱਚ ਅਹੁਦੇ 'ਤੇ ਪਹੁੰਚਣ ਨੂੰ ਆਪਣੇ ਮਾਤਾ-ਪਿਤਾ ਵਰਗੇ ਬਜ਼ੁਰਗਾਂ ਦੇ ਆਸ਼ੀਰਵਾਦ ਦਾ ਨਤੀਜਾ ਦੱਸਦਿਆਂ ਸਾਰਿਆਂ ਦਾ ਧੰਨਵਾਦ ਕੀਤਾ। ਹਾਜ਼ਰ ਹਲਕਾ ਵਾਸੀਆਂ ਨੇ ਡਾ. ਰਾਜ ਦੀ ਸਰਗਰਮੀ ਅਤੇ ਲੋਕ ਸੇਵਾ ਭਾਵਨਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜਨਤਾ ਦੀ ਸੇਵਾ ਕਰਨਾ ਉਨ੍ਹਾਂ ਲਈ ਹਮੇਸ਼ਾ ਪਹਿਲ ਰਹੇਗਾ ਅਤੇ ਉਹ ਇਲਾਕੇ ਦੇ ਵਿਕਾਸ ਅਤੇ ਲੋਕ ਭਲਾਈ ਲਈ ਕੰਮ ਕਰਦੇ ਰਹਿਣਗੇ ।

## ਪੰਜਾਬ ਕਲਾ ਮੰਚ ਨੇ ਸਰਬਸੰਮਤੀ ਨਾਲ ਚੁਣੀਆਂ ਪੰਚਾਇਤਾਂ ਦੀ ਕੀਤੀ ਸ਼ਲਾਘਾ

ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ): ਪੰਚਾਇਤੀ ਚੋਣਾਂ ਨੇ ਪੰਜਾਬ ਭਰ ਵਿੱਚ ਵੱਧ ਤੋਂ ਵੱਧ ਪਿੰਡਾਂ ਦੀਆਂ ਪੰਚਾਇਤਾਂ ਨੇ ਸਰਬਸੰਮਤੀ ਨਾਲ ਪੰਚਾਇਤ ਚੁਣ ਕੇ ਭਾਈਚਾਰਕ ਸਾਂਝ ਦੀ ਇੱਕ ਨਵੀਂ ਮਿਸਾਲ ਕਾਇਮ ਕੀਤੀ।ਸਰਬਸੰਮਤੀ ਨਾਲ ਚੁਣਨ ਵਾਲੀਆਂ ਪੰਚਾਇਤਾਂ ਪਿੰਡਾਂ ਵਿੱਚ ਧੜੇਬਾਜੀ ਨੂੰ ਖਤਮ ਕਰਕੇ ਪਿੰਡਾਂ ਦੀ ਨੁਹਾਰ ਬਦਲਣ ਦੇ ਸਮਰੱਥ ਹੋਵੇਗੀ।ਇਸ ਸੰਬੰਧੀ ਪੰਜਾਬ ਕਲਾ ਮੰਚ ਰਜਿ.(ਸਟੇਟ ਐਵਾਰਡ) ਸ੍ਰੀ ਚਮਕੌਰ ਸਾਹਿਬ ਦੇ ਪ੍ਰਧਾਨ ਕੁਲਜਿੰਦਰਜੀਤ ਸਿੰਘ ਬੱਬਰ, ਡਾਕਟਰ ਰਾਜਪਾਲ ਸਿੰਘ, ਕੈਪਟਨ ਹਰਪਾਲ ਸਿੰਘ ਸੰਧੂਆਂ, ਮਨਮੋਹਨ ਸਿੰਘ ਕਮਾਲਪੁਰ, ਸਵਰਨ ਸਿੰਘ, ਗਿਆਨ ਸਿੰਘ ਸੱਲੋਮਾਜਰਾ, ਬਲਜੀਤ ਸਿੰਘ ਬਸੀ ਗੁੱਜਰਾਂ, ਰਘਵੀਰ ਸਿੰਘ ਮੜੌਲੀ, ਸਰਪੰਚ ਸੋਮ ਸਿੰਘ, ਚਰਨਜੀਤ ਸਿੰਘ, ਹਰਦੀਪ ਸਿੰਘ ਔਜਲਾ, ਰਾਮਪਾਲ ਸਿੰਘ ਡਹਿਰ ਅਤੇ ਮਨਮੋਹਣ ਸਿੰਘ ਕਾਲਾ ਨੇ ਪਿੰਡਾਂ ਵਿੱਚ ਸਰਬਸੰਮਤੀ ਨਾਲ ਚੁਣੀਆਂ ਗਈਆਂ ਨਵੀਆਂ ਪੰਚਾਇਤਾਂ ਨੂੰ ਮੁਬਾਰਕਬਾਦ ਦਿੰਦਿਆਂ ਲੋਕਾਂ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਪ੍ਰਧਾਨ ਬੱਬਰ ਨੇ ਦੱਸਿਆ ਕਿ ਨਵੀਆਂ ਚੁਣੀਆਂ ਇਨਾਂ ਪੰਚਾਇਤਾਂ ਲਈ ਇਹ ਸੁਨਹਿਰੀ ਮੌਕਾ ਹੈ ਕਿ ਉਹ ਆਪਣੇ ਆਪਣੇ ਪਿੰਡ ਦੀ ਨੁਹਾਰ ਬਦਲਣ ਲਈ ਸਰਪੰਚ, ਪੰਚ ਤੋਂ ਇਲਾਵਾ ਪਿੰਡ ਦੇ ਸੂਝਵਾਨ ਲੋਕਾਂ ਨੂੰ ਵੀ ਨਾਲ ਜੋੜਿਆ ਜਾਵੇ ਅਤੇ ਮਤੇ ਪਾ ਲਏ ਜਾਣ ਕਿ ਪਿੰਡ ਦਾ ਵਿਕਾਸ ਅਤੇ ਕੋਈ ਵੀ ਨਸ਼ਾ ਪਿੰਡ ਵਿੱਚ ਨਹੀਂ ਵੜਨ ਦਿੱਤਾ ਜਾਵੇਗਾ।

## ਬਲਾਚੌਰ ਦੀ ਸਿਟੀ ਪੁਲਸ ਵੱਲੋਂ ਹੈਰੋਇਨ ਸਣੇ ਕਾਬੂ

ਬਲਾਚੌਰ (ਜਸਵਿੰਦਰ ਬੈਂਸ) ਬਲਾਚੌਰ ਦੇ ਡੀ ਐਸ ਪੀ ਸ਼ਾਮ ਸੁੰਦਰ ਸ਼ਰਮਾ ਦੀ ਯੋਗ ਅਗਵਾਈ ਵਿੱਚ ਥਾਣਾ ਸਿਟੀ ਬਲਾਚੌਰ ਦੇ ਮੁੱਖ ਅਫਸਰ ਸਬ ਇੰਸਪੈਕਟਰ ਸਤਨਾਮ ਸਿੰਘ ਵੱਲੋਂ ਮਾੜੇ ਅਨਸਰਾਂ ਦੇ ਵਿਰੁੱਧ ਲਗਾਤਾਰ ਮੁਹਿੰਮ ਚਲਾਈ ਜਾ ਰਹੀ ਹੈ।ਜਿਸ ਦੇ ਚਲਦਿਆਂ ਗਸ਼ਤ ਦੌਰਾਨ ਏ ਐਸ ਆਈ ਸਤਨਾਮ ਸਿੰਘ ਦੀ ਅਗਵਾਈ ਵਿਚ ਬਲਿਹਾਰ ਸਿੰਘ, ਕਾਂਸਟੇਬਲ ਮਨਕਵੀਰ ਸਿੰਘ ਅਤੇ ਡਰਾਈਵਰ ਮੁਖਤਿਆਰ ਸਿੰਘ ਗਸ਼ਤ ਦੌਰਾਨ ਭੁਲੇਖਾ ਚੌਕ ਨੇੜੇ ਸ਼ਰਾਬ ਦੇ ਠੇਕੇ ਦੇ ਕੋਲ ਗੜ੍ਹੀ ਕਾਨੂੰਗੋ ਵਾਲੇ ਪਾਸੇ ਤੋਂ ਆ ਰਹੇ ਇਕ ਵਿਅਕਤੀ ਨੇ ਪੁਲਸ ਪਾਰਟੀ ਨੂੰ ਆਉਂਦੇ ਦੇਖ ਕੇ ਕੁਝ ਸੁਟਿਆ ਤੇ ਪਿਛਲੇ ਪਾਸੇ ਨੂੰ ਤੁਰ ਪਿਆ। ਪੁਲਸ ਪਾਰਟੀ ਨੇ ਉਸ ਨੂੰ ਕਾਬੂ ਕਰਕੇ ਸੁੱਟੇ ਸਮਾਨ ਦੀ ਤਲਾਸ਼ੀ ਲਈ ਤਾਂ ਉਸ ਵਿਚੋਂ ਪੰਜ ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ।ਜਿਸ 'ਤੇ ਉਸ ਨੇ ਆਪਣਾ ਨਾਂਅ ਰੁਕਵਿੰਦਰਜੀਤ ਸਿੰਘ ਉਰਫ (ਰਿੱਕੀ) ਵਾਸੀ ਕਲਾਮ ਰੋਡ ਥਾਣਾ ਸਿਟੀ ਨਵਾਂਸ਼ਹਿਰ ਦੱਸਿਆ। ਜਿਸ ਨੂੰ ਕਾਬੂ ਕਰਕੇ ਉਸ ਵਿਰੁੱਧ ਮੁਕੱਦਮਾ ਦਰਜ ਕਰ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਪੰਚਾਇਤ ਚੋਣਾਂ ਲਈ ਉਮੀਦਵਾਰਾਂ ਵੱਲੋਂ ਭਰੀਆਂ ਜਾ ਰਹੀਆਂ ਨਾਮਜ਼ਦਗੀਆਂ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ) ਜਸਪ੍ਰੀਤ ਸਿੰਘ ਪੀ.ਸੀ.ਐਸ ਉਪ ਮੰਡਲ ਮੈਜਿਸਟ੍ਰੇਟ ਕਮ ਕੰਟਰੋਲਿੰਗ ਅਫਸਰ ਪੰਚਾਇਤੀ ਚੋਣਾਂ ਬਲਾਕ ਸ੍ਰੀ ਅਨੰਦਪੁਰ ਸਾਹਿਬ ਨੇ ਦੱਸਿਆ ਕਿ ਪੰਚਾਇਤ ਚੋਣਾਂ ਲਈ ਨਾਮਜਦਗੀ ਪੱਤਰ ਦਾਖਲ ਕਰਨ ਦੀ ਪ੍ਰਕਿਰਿਆਂ ਜਾਰੀ ਹੈ। ਬਲਾਕ ਦੇ 159 ਪਿੰਡਾਂ ਦੀਆਂ ਪੰਚਾਇਤਾਂ ਲਈ ਸਰਪੰਚ ਉਮੀਦਵਾਰ ਵਾਸਤੇ 107 ਅਤੇ ਪੰਚ ਲਈ 171 ਨਾਮਜ਼ਦਗੀ ਪੱਤਰ ਦਾਖਲ ਹੋਏ ਹਨ। ਉਨ੍ਹਾਂ ਨੇ ਕਿਹਾ ਕਿ ਜਿਹੜੇ ਉਮੀਦਵਾਰ ਨਾਮਜ਼ਦਗੀ ਪੱਤਰ ਦਾਖਲ ਕਰਨ ਆ ਰਹੇ ਹਨ, ਉਨ੍ਹਾਂ ਨੂੰ ਆਦਰਸ਼ ਚੋਣ ਜਾਬਤੇ ਦੀ ਪਾਲਣਾ ਕਰਨ ਲਈ ਵਿਸ਼ੇਸ਼ ਤੌਰ ਤੇ ਅਪੀਲ ਕੀਤੀ ਜਾ ਰਹੀ ਹੈ। ਐਸ.ਡੀ.ਐਮ ਨੇ ਕਿਹਾ ਕਿ ਪੰਚਾਇਤ ਚੋਣਾਂ ਹੇਠਲੇ ਪੱਧਰ ਤੱਕ ਵਿਕਾਸ ਦੀ ਨੀਂਹ ਨੂੰ ਮਜਬੂਤ ਕਰਦੀਆਂ ਹਨ, ਇਸ ਲਈ ਪੰਚਾਇਤ ਚੋਣਾਂ ਦੌਰਾਨ ਉਮੀਦਵਾਰਾਂ ਨੂੰ ਸਮੁੱਚੀ ਚੋਣ ਪ੍ਰਕਿਰਿਆ ਦੀ ਜਾਣਕਾਰੀ ਦਿੱਤੀ ਜਾ ਰਹੀ ਹੈ। ਨਾਮਜ਼ਦਗੀ ਪੱਤਰ ਦਾਖਲ ਕਰਨ ਅਤੇ ਇਸ ਬਾਰੇ ਅਗਾਓ ਜਾਣਕਾਰੀ ਲੈਣ ਲਈ ਚਰਨ ਗੰਗਾ ਸਟੇਡੀਅਮ ਵਿਚ ਇੱਕ ਹੈਲਪ ਡੈਸਕ ਵੀ ਸਥਾਪਿਤ ਕੀਤਾ ਗਿਆ ਹੈ। ਉਨ੍ਹਾਂ ਨੇ ਕਿਹਾ ਕਿ 01 ਅਕਤੂਬਰ ਤੱਕ ਇਸ ਬਲਾਕ ਦੇ ਕੁੱਲ 159 ਗ੍ਰਾਮ ਪੰਚਾਇਤਾਂ ਦੀਆਂ ਚੋਣਾਂ ਲਈ ਸਰਪੰਚ ਵਾਸਤੇ 107 ਅਤੇ ਪੰਚ ਲਈ 171 ਨਾਮਜ਼ਦਗੀ ਪੱਤਰ ਪ੍ਰਾਪਤ ਹੋਏ ਹਨ।

## ਸੀ ਪੀ ਨੇ ਆਮ ਲੋਕਾਂ ਤੋਂ ਪੂਰਨ ਸਹਿਯੋਗ ਦੀ ਕੀਤੀ ਮੰਗ



ਜਲੰਧਰ (ਇਕਬਾਲ ਸਿੰਘ ਉੱਭੀ, ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ) ਜਲੰਧਰ ਦੇ ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਬੁੱਧਵਾਰ ਨੂੰ ਜਲੰਧਰ ਨੂੰ ਅਪਰਾਧ ਮੁਕਤ ਸ਼ਹਿਰ ਬਣਾਉਣ ਲਈ ਆਮ ਲੋਕਾਂ ਤੋਂ ਪੂਰਨ ਸਹਿਯੋਗ ਦੀ ਮੰਗ ਕੀਤੀ। ਪੁਲਸ ਕਮਿਸ਼ਨਰ ਨੇ ਇੱਕ ਮਹੀਨਾ ਸਹਿਯੋਗ ਮੁਹਿੰਮ ਦੇ ਸਬੰਧ ਵਿੱਚ ਕਰਵਾਏ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਮਿਸ਼ਨਰੇਟ ਪੁਲਿਸ ਵੱਲੋਂ ਸ਼ਹਿਰ ਵਿੱਚ 850 ਸੰਸਥਾਵਾਂ ਦੀ ਸ਼ਨਾਖਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇੱਕ ਮਹੀਨੇ ਦੌਰਾਨ ਪੁਲਸ ਨੇ ਇਨ੍ਹਾ ਸੰਸਥਾਵਾਂ ਨਾਲ 500 ਤੋਂ ਵੱਧ ਮੀਟਿੰਗਾਂ ਕਰਕੇ ਜੁਰਮ ਨੂੰ ਨੱਥ ਪਾਉਣ ਲਈ ਉਨ੍ਹਾਂ ਦਾ ਸਹਿਯੋਗ ਲਿਆ ਹੈ। ਸਵਪਨ ਸ਼ਰਮਾ ਨੇ ਕਿਹਾ ਕਿ ਮੁੱਖ ਮਕਸਦ ਸ਼ਹਿਰ ਵਿੱਚ ਅਪਰਾਧ ਦਰ ਨੂੰ ਰੋਕਣ ਲਈ ਜਨਤਕ ਪੁਲਸ ਦੀ ਭਾਗੀਦਾਰੀ ਨੂੰ ਵਧਾਉਣਾ ਹੈ।ਪੁਲਸ ਕਮਿਸ਼ਨਰ ਨੇ ਕਿਹਾ ਕਿ ਪੁਲਸ ਦਾ ਮੁੱਖ ਜ਼ੋਰ ਅਪਰਾਧ ਨੂੰ ਰੋਕਣਾ, ਟ੍ਰੈਫਿਕ ਦੀ ਸਮੱਸਿਆ ਨੂੰ ਰੋਕਣਾ ਅਤੇ ਨਸ਼ਿਆਂ ਦੀ ਅਲਾਮਤ ਨੂੰ ਦੂਰ ਕਰਨਾ ਹੈ। ਉਨ੍ਹਾਂ ਕਿਹਾ ਕਿ 500 ਤੋਂ ਵੱਧ ਮੀਟਿੰਗਾਂ ਦੌਰਾਨ ਆਮ ਲੋਕਾਂ ਦੇ ਵਿਚਾਰ ਲਏ ਗਏ ਅਤੇ ਫਿਰ ਇਸ 'ਤੇ ਕਾਰਵਾਈ ਕੀਤੀ ਗਈ।ਸਵਪਨ ਸ਼ਰਮਾ ਨੇ ਦੱਸਿਆ ਕਿ ਆਮ ਲੋਕਾਂ ਦੀ ਸਹੂਲਤ ਲਈ ਜਨਤਕ ਜਾਣਕਾਰੀ ਦੇ ਆਧਾਰ 'ਤੇ ਤਿੰਨ ਸ਼੍ਰੇਣੀਆਂ 'ਤੇ ਆਧਾਰਿਤ ਕਾਰਜ ਯੋਜਨਾ ਉਲੀਕੀ ਗਈ ਹੈ।ਪੁਲਸ ਕਮਿਸ਼ਨਰ ਨੇ ਕਿਹਾ ਕਿ ਇਸ ਦਾ ਉਦੇਸ਼ ਸਮਾਜ ਵਿੱਚ ਸਕਾਰਾਤਮਕ ਤਬਦੀਲੀ ਲਿਆਉਣਾ ਹੈ ਜਿਸ ਲਈ ਲੋਕਾਂ ਨੂੰ ਸਰਗਰਮ ਭੂਮਿਕਾ ਨਿਭਾਉਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਮੂਲ ਮੰਤਵ ਪੁਲਸ ਅਤੇ ਜਨਤਾ ਦਰਮਿਆਨ ਬਿਹਤਰ ਤਾਲਮੇਲ ਅਤੇ ਸੰਚਾਰ ਨੂੰ ਯਕੀਨੀ ਬਣਾਉਣਾ ਹੈ।ਸਵਪਨ ਸ਼ਰਮਾ ਨੇ ਕਿਹਾ ਕਿ ਆਮ ਲੋਕਾਂ ਰਾਹੀਂ ਵੱਧ ਤੋਂ ਵੱਧ ਜਾਣਕਾਰੀ ਪ੍ਰਾਪਤ ਕਰਨ ਲਈ ਫੀਡਬੈਕ ਇਸ ਮੁਹਿੰਮ ਦਾ ਸਭ ਤੋਂ ਮਹੱਤਵਪੂਰਨ ਪਹਿਲੂ ਹੈ।ਪੁਲਸ ਕਮਿਸ਼ਨਰ ਨੇ ਲੋਕਾਂ ਤੋਂ ਵੱਧ ਤੋਂ ਵੱਧ ਸਹਿਯੋਗ ਅਤੇ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਸ਼ਹਿਰ ਅਤੇ ਇਸ ਦੇ ਵਸਨੀਕਾਂ ਨੂੰ ਦਰਪੇਸ਼ ਜ਼ਿਆਦਾਤਰ ਸਮੱਸਿਆਵਾਂ ਦਾ ਹੱਲ ਕਰਨਾ ਸਮੇਂ ਦੀ ਲੋੜ ਹੈ।

## ਮਹਾਤਮਾ ਗਾਂਧੀ ਜਯੰਤੀ ਮਨਾਈ



ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਇੱਥੇ ਅਲਾਇੰਸ ਕਲੱਬ ਇੰਟਰਨੈਸ਼ਨ ਡਿਸਟ੍ਰਿਕ-119 ਵੱਲੋਂ ਸੰਤ 108 ਨਰਾਇਣ ਦਾਸ ਬਲਾਇੰਡ ਸਕੂਲ, ਬਾਹੋਵਾਲ ਵਿਖੇ ਬਲਾਇੰਡ ਐਂਡ ਹੈਂਡੀਕੈਪਸ ਡਿਵੈਲਪਮੈਂਟ ਸੁਸਾਇਟੀ ਦੇ ਸਹਿਯੋਗ ਨਾਲ ਮਹਾਤਮਾ ਗਾਂਧੀ ਜਯੰਤੀ ਨੂੰ ਮਨਾਇਆ ਗਿਆ।ਇਸ ਮੌਕੇ ਐਲੀ ਰਮੇਸ਼ ਕੁਮਾਰ ਡਿਸਟ੍ਰਿਕ ਗਵਰਨਰ, ਬਰੇਲ ਦੇ ਐਕਸਪਰਟ ਚੰਦਰ ਭਾਨ ਦੂਬੇ, ਸੁਸਾਇਟੀ ਦੇ ਪ੍ਰਧਾਨ ਅੱਤਰ ਸਿੰਘ ਅਤੇ ਐਲੀ ਅਸ਼ੋਕ ਪੁਰੀ ਨੇ ਵਿਸ਼ੇਸ਼ ਤੌਰ ਤੇ ਬਲਾਇੰਡ ਵਿਦਿਆਰਥੀਆਂ ਨਾਲ ਸਾਂਝ ਪਾਈ।ਇਸ ਮੌਕੇ ਵਿਜੇ ਕੁਮਾਰ, ਅਵਨੀਤ ਸਿੰਘ, ਨਵਪ੍ਰੀਤ ਸਿੰਘ, ਸੁਖਮਨ, ਨਰੇਸ਼ ਬਾਲੀ, ਵਿਸ਼ਾਲ ਕੁਮਾਰ, ਸਿਰਾਜ ਕੌਂਡਲ, ਗੌਰਵ ਕੁਮਾਰ, ਗੋਬਿੰਦ ਕੁਮਾਰ, ਸਮਰ ਗੌਤਮ, ਆਸਿਫ ਮੁਹੰਮਦ ਅਤੇ ਹਰਜੋਤ ਸਿੰਘ ਸੰਘਾ ਨੇ ਭਗਤੀ ਗੀਤ ਗਾਏ। ਮਹਾਤਮਾ ਗਾਂਧੀ ਦਾ ਗੀਤ 'ਈਸ਼ਵਰ ਅੱਲਾ ਤੇਰੋ ਨਾਮ, ਸਭ ਕੋਂ ਸਨਮਤੀ ਦੇ ਭਗਵਾਨ ਹਾਜ਼ਰ ਸਰੋਤਿਆਂ ਦੇ ਸਿਰ ਚੜ੍ਹ ਬੋਲਿਆ। ਸੁਸਾਇਟੀ ਦੇ ਪ੍ਰਧਾਨ ਅੱਤਰ ਸਿੰਘ ਨੇ ਅਲਾਇੰਸ ਕਲੱਬ ਦੇ ਡਿਸਟ੍ਰਿਕ ਗਵਰਨਰ ਐਲੀ ਰਮੇਸ਼ ਕੁਮਾਰ ਨੂੰ ਅੱਜ ਦਾ ਦਿਨ ਸੰਗੀਤ ਦੇ ਬਲਾਇੰਡ ਵਿਦਿਆਰਥੀਆਂ ਨਾਲ ਸਾਂਝ ਕਰਨ ਤੇ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਸੰਤ ਨਰਾਇਣ ਦਾਸ ਬਲਾਇੰਡ ਸਕੂਲ ਵਲੋਂ ਇਲਾਕੇ ਦੇ ਬਲਾਇੰਡ ਵਿਦਿਆਰਥੀਆਂ ਵਿੱਚ ਸਿੱਖਿਆ ਦਾ ਸੰਚਾਰ ਅਤੇ ਕਿੱਤਾ ਮੁੱਖੀ ਕੰਮਾਂ ਨਾਲ ਜੋੜਨ ਦਾ ਕੰਮ ਕਰ ਰਹੀ ਹੈ।

## ਡਿਪਟੀ ਕਮਿਸ਼ਨਰ ਤੇ ਐੱਸ ਐੱਸ ਪੀ ਵੱਲੋਂ ਬਲਾਕ ਟਾਂਡਾ ਦੇ ਵੱਖ-ਵੱਖ ਪਿੰਡਾਂ ਦਾ ਦੌਰਾ



ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ, ਕਾਜਲ )-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਅਤੇ ਐਸ ਐਸ ਪੀ ਹੁਸ਼ਿਆਰਪੁਰ ਸੁਰਿੰਦਰ ਲਾਂਬਾ ਵੱਲੋਂ ਬਲਾਕ ਟਾਂਡਾ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ। ਇਨ੍ਹਾਂ ਪਿੰਡਾਂ ਵਿੱਚ ਬੈਂਸ ਅਵਾਨ, ਪੁਲ ਪੁਖਤਾ, ਦੁਬੁਰਜੀ, ਮਿਆਣੀ, ਤੱਲਾ, ਮਦਾ, ਗਿਲਜੀਆਂ, ਕਮਾਲਪੁਰ, ਅਲਾਵਲਈਸਾ ਅਤੇ ਬੱਲੜਾ ਸ਼ਾਮਲ ਸਨ।ਇਸ ਦੌਰਾਨ ਮੁੱਖ ਖੇਤੀਬਾੜੀ ਅਫਸਰ ਹੁਸ਼ਿਆਰਪੁਰ ਡਾ. ਦਵਿੰਦਰ ਸਿੰਘ ਵੀ ਹਾਜ਼ਰ ਸਨ।ਡਿਪਟੀ ਕਮਿਸ਼ਨਰ ਅਤੇ ਐਸ.ਐਸ.ਪੀ. ਨੇ ਕਿਸਾਨਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਪਰਾਲੀ ਸਾੜਨ ਤੋਂ ਰੋਕਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ ਕਰਦਿਆਂ ਕਿਹਾ ਕਿ ਪਰਾਲੀ ਸਾੜਨ ਨਾਲ ਵਾਤਾਵਰਣ ਨੂੰ ਭਾਰੀ ਨੁਕਸਾਨ ਹੁੰਦਾ ਹੈ ਅਤੇ ਨਾਲ ਹੀ ਜ਼ਮੀਨ ਵਿਚ ਮੌਜੂਦ ਸੂਖਮ ਜੀਵ ਨਾਸ ਹੋ ਜਾਂਦੇ ਹਨ, ਜਿਸ ਨਾਲ ਮਿੱਟੀ ਦੀ ਉਰਵਰਕ ਸ਼ਕਤੀ ਘੱਟ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਜੇ ਪਰਾਲੀ ਨੂੰ ਖੇਤ ਵਿੱਚ ਹੀ ਮਿਲਾ ਦਿੱਤਾ ਜਾਵੇ, ਤਾਂ ਮਿੱਟੀ ਦੀ ਉਪਜਾਊ ਸ਼ਕਤੀ ਵਿੱਚ ਵੀ ਵਾਧਾ ਕੀਤਾ ਜਾ ਸਕਦਾ ਹੈ। ਅਧਿਕਾਰੀਆਂ ਨੇ ਕਿਸਾਨਾਂ ਨੂੰ ਇਹ ਵੀ ਦੱਸਿਆ ਕਿ ਉਹ ਬੇਲਰ ਮਸ਼ੀਨਾਂ ਦੀ ਵਰਤੋਂ ਕਰਕੇ ਪਰਾਲੀ ਨੂੰ ਖੇਤ ਤੋਂ ਬਾਹਰ ਕੱਢ ਸਕਦੇ ਹਨ।ਇਸ ਦੌਰਾਨ ਪੂਸਵ ਬਾਇਓ ਫਿਊਲ ਦੇ ਸੇਵਕ ਸ਼ਰਮਾ ਅਤੇ ਰਾਣਾ ਇੰਟਰਪ੍ਰਾਈਜ਼ ਹੁਸ਼ਿਆਰਪੁਰ ਦੇ ਗੁਰਪ੍ਰੀਤ ਅਟਵਾਲ ਨੂੰ ਕਿਸਾਨਾਂ ਨਾਲ ਪਰਾਲੀ ਪ੍ਰਬੰਧਨ ਲਈ ਰਾਬਤਾ ਕਰਵਾਇਆ ਗਿਆ। ਡਿਪਟੀ ਕਮਿਸ਼ਨਰ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਜ਼ਿਲ੍ਹੇ ਵਿੱਚ ਸ਼ਾਮ 7 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਈਨ ਮਸ਼ੀਨਾਂ ਨਾਲ ਝੋਨੇ ਦੀ ਕਟਾਈ ਕਰਨ 'ਤੇ ਪਾਬੰਦੀ ਹੈ। ਐਸ.ਡੀ.ਐਮ. ਟਾਂਡਾ ਪੰਕਜ ਕੁਮਾਰ ਨੇ ਬਲਾਕ ਟਾਂਡਾ ਵਿੱਚ ਅੱਗ ਦੀਆਂ ਘਟਨਾਵਾਂ ਨੂੰ ਘਟਾਉਣ ਲਈ ਖੇਤੀਬਾੜੀ ਅਧਿਕਾਰੀਆਂ ਨੂੰ ਹਦਾਇਤ ਦਿੱਤੀ ਕਿ ਉਹ ਕਿਸਾਨਾਂ ਤੱਕ ਮਸ਼ੀਨਰੀ ਪੁਹੰਚਾਉਣ ਦੇ ਯਤਨ ਕਰਨ। ਮੁੱਖ ਖੇਤੀਬਾੜੀ ਅਫਸਰ ਹੁਸ਼ਿਆਰਪੁਰ ਡਾ. ਦਵਿੰਦਰ ਸਿੰਘ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੇਤੀਬਾੜੀ ਵਿਭਾਗ ਵੱਲੋਂ ਪਿੰਡਾਂ ਵਿੱਚ ਮਸ਼ੀਨਰੀ ਪਹੁੰਚਾਈ ਜਾ ਰਹੀ ਹੈ। ਉਨ੍ਹਾਂ ਨੇ ਕਿਸਾਨਾਂ ਨੂੰ ਇਸ ਮਸ਼ੀਨਰੀ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਪਰਾਲੀ ਸਾੜਨ ਤੋਂ ਬਚਣ ਦੀ ਅਪੀਲ ਕੀਤੀ।

ਖੇਤੀਬਾੜੀ ਅਧਿਕਾਰੀ ਟਾਂਡਾ ਡਾ. ਯਸ਼ਪਾਲ ਨੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ ਕੀਤੀ ਅਤੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਕਿਸਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ 'ਤੇ ਐਸ.ਪੀ. ਸਰਬਜੀਤ ਬਾਹੀਆਂ, ਡੀ.ਐਸ.ਪੀ. ਟਾਂਡਾ ਦਵਿੰਦਰ ਸਿੰਘ ਬਾਜਵਾ, ਖੇਤੀਬਾੜੀ ਵਿਕਾਸ ਅਧਿਕਾਰੀ ਡਾ. ਲਵਜੀਤ ਸਿੰਘ, ਐਸ.ਐਚ.ਓ. ਟਾਂਡਾ ਗੁਰਿੰਦਰਜੀਤ ਸਿੰਘ ਨਾਗਰਾ, ਟਾਂਡਾ ਖੇਤੀਬਾੜੀ ਵਿਭਾਗ ਦੀ ਟੀਮ, ਸਤਿੰਦਰ ਸਿੰਘ, ਸਕੱਤਰੀ ਮਨਿੰਦਰ ਸਿੰਘ ਮਿਆਣੀ ਅਤੇ ਹੋਰ ਕਿਸਾਨ ਮੌਜੂਦ ਸਨ।

## ਮੋਹਾਲੀ ਪ੍ਰਸ਼ਾਸਨ ਨੇ ਨਿਰਮਾਣ ਲਈ ਰੇਲਵੇ ਅਧਿਕਾਰੀਆਂ ਨੂੰ ਐੱਨ ਓ ਸੀ ਜਾਰੀ ਕੀਤਾ



ਮੋਹਾਲੀ, (ਗੁਰਜੀਤ ਬਿੱਲਾ) ਢਕੋਲੀ ਰੇਲਵੇ ਅੰਡਰਪਾਸ ਦੀ ਉਸਾਰੀ ਲਈ ਰੇਲਵੇ ਕਰਾਸਿੰਗ ਬੰਦ ਕਰਨ ਸਬੰਧੀ ਰੇਲਵੇ ਅਧਿਕਾਰੀਆਂ ਦੀ ਬੇਨਤੀ ਨੂੰ ਪ੍ਰਵਾਨ ਕਰਦਿਆਂ ਜ਼ਿਲ੍ਹਾ ਪ੍ਰਸ਼ਾਸਨ ਐਸ.ਏ.ਐਸ.ਨਗਰ (ਮੁਹਾਲੀ) ਨੇ ਲੋਕ ਹਿੱਤ ਵਿੱਚ ਕੁਝ ਸ਼ਰਤਾਂ ਸਮੇਤ ਰੇਲਵੇ ਕਰਾਸਿੰਗ ਨੂੰ ਬੰਦ ਕਰਨ ਸਬੰਧੀ ਕੋਈ ਇਤਰਾਜ਼ ਨਹੀਂ ਪੱਤਰ ਜਾਰੀ ਕਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਨੇ ਦੱਸਿਆ ਕਿ ਸਥਾਨਕ ਨਿਵਾਸੀਆਂ ਨੂੰ ਕੋਈ ਪ੍ਰੇਸ਼ਾਨੀ ਨਾ ਆਉਣ ਦੇਣ ਲਈ ਰੇਲਵੇ ਅਥਾਰਟੀਆਂ ਨੂੰ ਬੇਨਤੀ ਕੀਤੀ ਗਈ ਹੈ ਕਿ ਢਕੌਲੀ ਵਿਖੇ ਪ੍ਰਸਤਾਵਿਤ ਆਰ.ਯੂ.ਬੀ ਦੀਆਂ ਸਰਵਿਸ ਲੇਨਾਂ ਦੀ ਨਾਲ ਲੱਗਦੀਆਂ ਇਮਾਰਤਾਂ ਦੇ ਸਾਹਮਣੇ ਆਵਾਜਾਈ ਲਈ ਲੋੜੀਂਦੀ ਜਗ੍ਹਾ ਦੇ ਨਾਲ ਢਕੌਲੀ ਦੇ ਦੋਵੇਂ ਪਾਸੇ ਉਸਾਰੀ ਕੀਤੀ ਜਾਵੇ ਤਾਂ ਜੋ ਸੜਕ 'ਤੇ ਮੌਜੂਦ ਇਮਾਰਤ ਤੱਕ ਪਹੁੰਚ ਵਿੱਚ ਰੁਕਾਵਟ ਨਾ ਆਵੇ। ਇਨ੍ਹਾਂ ਸਰਵਿਸ ਲੇਨਾਂ ਨੂੰ ਵੀ ਆਰ ਸੀ ਸੀ ਬਾਕਸ ਢਾਂਚੇ ਤੋਂ ਪਹਿਲਾਂ ਕੁਨੈਕਟ ਜਾਣਾ ਚਾਹੀਦਾ ਹੈ ਤਾਂ ਜੋ ਘੱਟ ਸਫ਼ਰ ਨੂੰ ਯਕੀਨੀ ਬਣਾਇਆ ਜਾ ਸਕੇ।ਰੇਲਵੇ ਅਧਿਕਾਰੀਆਂ ਨੂੰ ਇਹ ਵੀ ਤਾਕੀਦ ਕੀਤੀ ਗਈ ਹੈ ਕਿ ਉਹ ਸਾਈਡ ਡਰੇਨਾਂ ਦਾ ਨਿਰਮਾਣ ਕਰਕੇ ਅਤੇ ਇਨ੍ਹਾਂ ਡਰੇਨਾਂ ਨੂੰ ਸਥਾਨਕ ਚੋਅ/ਮੌਜੂਦਾ ਡਰੇਨੇਜ ਸਿਸਟਮ ਨਾਲ ਜੋੜ ਕੇ ਸਰਵਿਸ ਲੇਨਾਂ 'ਤੇ ਸਹੀ ਨਿਕਾਸੀ ਪ੍ਰਣਾਲੀ ਨੂੰ ਯਕੀਨੀ ਬਣਾਉਣ। ਇਸ ਤੋਂ ਇਲਾਵਾ, ਆਰ.ਯੂ.ਬੀ ਦੇ ਦੋਵੇਂ ਪਾਸੇ ਫੁੱਟਪਾਥ ਨੂੰ ਢੁਕਵੀਂ ਸਮੱਗਰੀ ਦੇ ਸ਼ੈੱਡਾਂ ਨਾਲ ਢੱਕਿਆ ਜਾਣਾ ਚਾਹੀਦਾ ਹੈ ਤਾਂ ਜੋ ਬਰਸਾਤ ਦਾ ਪਾਣੀ ਆਰ.ਯੂ.ਬੀ ਅਤੇ ਇਸ ਦੀ ਪਹੁੰਚ ਸੜਕ ਦੇ ਅੰਦਰ ਇਕੱਠਾ ਨਾ ਹੋਵੇ।

ਭਵਿੱਖ ਵਿੱਚ ਕਿਸੇ ਵੀ ਟ੍ਰੈਫਿਕ ਰੁਕਾਵਟ ਤੋਂ ਬਚਣ ਲਈ, ਰੇਲਵੇ ਅਥਾਰਟੀਆਂ ਨੂੰ ਕਿਹਾ ਗਿਆ ਹੈ ਕਿ ਉਹ ਆਰ ਸੀ ਸੀ ਬਾਕਸ ਬਣਤਰ ਦੇ ਕੈਰੇਜ ਵੇਅ ਨੂੰ ਦੋਵਾਂ ਸਾਈਡਾਂ 'ਤੇ ਮੌਜੂਦਾ ਪਹੁੰਚ ਸੜਕਾਂ ਦੇ ਨਾਲ ਮੌਜੂਦਾ ਬਣਤਰ ਤੋਂ ਘੱਟ ਨਾ ਰੱਖਣ। ਰੇਲਵੇ ਦੇ ਪ੍ਰਸਤਾਵਿਤ ਜੀ ਏ ਡੀ ਵਿੱਚ ਦਰਸਾਏ ਅਨੁਸਾਰ 3.35 ਮੀਟਰ ਦੀ ਉਚਾਈ ਦੀ ਬਜਾਏ ਸਾਰੀਆਂ ਸ਼੍ਰੇਣੀਆਂ ਦੇ ਆਵਾਜਾਈ ਵਾਹਨਾਂ ਦੇ ਸੁਚਾਰੂ ਪ੍ਰਵਾਹ ਲਈ ਆਰਸੀਸੀ ਬਾਕਸ ਢਾਂਚੇ ਦੀ ਸਪਸ਼ਟ ਉਚਾਈ 5.50 ਮੀਟਰ ਦੀ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਰੇਲਵੇ ਅਧਿਕਾਰੀਆਂ ਨੂੰ ਇਹ ਵੀ ਸੂਚਿਤ ਕੀਤਾ ਗਿਆ ਹੈ ਕਿ ਇਸ ਦੌਰਾਨ ਸੁਰੱਖਿਆ ਦੇ ਢੁਕਵੇਂ ਉਪਾਅ ਕੀਤੇ ਜਾਣੇ ਚਾਹੀਦੇ ਹਨ।

## ਮਨਮੋਹਨ ਸਿੰਘ ਗੁਲਾਟੀ ਨੇ ਸਕੂਲ 'ਚ ਬੂਟਾ ਲਗਾ ਕੇ ਆਪਣਾ ਜਨਮ ਦਿਨ ਮਨਾਇਆ



ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਬਾਬਾ ਵਜੀਰ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਨਵਾਂਸ਼ਹਿਰ ਵਿਖੇ ਆਦਰਸ਼ ਸੋਸ਼ਲ ਵੈਲਫੇਅਰ ਸੋਸਾਇਟੀ ਦੇ ਚੇਅਰਮੈਨ ਸਮਾਜ ਸੇਵਕ ਮਨਮੋਹਨ ਸਿੰਘ ਗੁਲਾਟੀ ਨੇ ਬੂਟਾ ਲਗਾ ਕੇ ਆਪਣਾ ਜਨਮ ਦਿਨ ਮਨਾਇਆ ਅਤੇ ਨਾਲ ਹੀ ਆਪਣੀਆਂ ਬਚਪਨ ਦੀਆਂ ਯਾਦਾਂ ਨੂੰ ਤਾਜ਼ਾ ਕਰਦੇ ਹੋਏ ਦੱਸਿਆ ਕਿ ਉਹ ਬਾਬਾ ਵਜ਼ੀਰ ਸਕੂਲ ਵਿੱਚ ਪੜ੍ਹ ਚੁੱਕੇ ਸਨ। ਸਾਡੇ ਲਈ ਬਹੁਤ ਮਾਨ ਦੀ ਗੱਲ ਹੈ ਕਿ ਗੁਲਾਟੀ ਇੱਕ ਸਮਾਜ ਸੇਵਕ ਵੀ ਹਨ।

ਮਨਮੋਹਨ ਸਿੰਘ ਗੁਲਾਟੀ ਨੇ ਵਾਤਾਵਰਨ ਨੂੰ ਸਾਫ ਰੱਖਣ ਲਈ ਬੱਚਿਆਂ ਨੂੰ ਪ੍ਰੇਰਿਤ ਕੀਤਾ ਅਤੇ ਬੱਚਿਆਂ ਨੂੰ ਦੱਸਿਆ ਕਿ ਆਪਣਾ ਜਨਮਦਿਨ ਵਾਤਾਵਰਨ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਬੂਟਾ ਲਗਾ ਕੇ ਮਨਾਉਣਾ ਚਾਹੀਦਾ ਹੈ। ਇਸ ਸਮੇਂ ਬਾਬਾ ਵਜੀਰ ਸਿੰਘ ਖਾਲਸਾ ਸਕੂਲ ਦੇ ਪ੍ਰਿੰਸੀਪਲ ਜਸਬੀਰ ਸਿੰਘ ਅਤੇ ਸਮੂਹ ਸਟਾਫ ਮੈਂਬਰ ਸੁਰਜੀਤ ਕੌਰ, ਸੰਦੀਪ ਕੌਰ, ਸ਼ਮਾ, ਕਮਲ, ਸੁਖਜਿੰਦਰ ਸਿੰਘ, ਨੇਹਾ, ਅਤੇ ਨਵਜੀਤ ਜੀ ਵੀ ਸ਼ਾਮਿਲ ਸਨ।ਬਾਬਾ ਵਜ਼ੀਰ ਸਿੰਘ ਖਾਲਸਾ ਸਕੂਲ ਦੇ ਪ੍ਰਿੰਸੀਪਲ ਜਸਵੀਰ ਸਿੰਘ ਨੇ ਬੱਚਿਆਂ ਨੂੰ ਦੱਸਿਆ ਕਿ ਵਾਤਾਵਰਣ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਸਾਰੇ ਬੱਚਿਆਂ ਨੂੰ ਬੂਟਾ ਲਗਾ ਕੇ ਆਪਣੇ ਵਾਤਾਵਰਨ ਨੂੰ ਸਾਫ ਤੇ ਸੁਰੱਖਿਅਤ ਰੱਖਣਾ ਚਾਹੀਦਾ ਹੈ।

## ਸਾਕਾ ਨੂੰ ਬੈੱਸਟ ਸਫਾਈ ਸੇਵਕ ਚੁਣਿਆ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ), ਬਲਬੀਰ ਸਿੰਘ ਕਾਰਜ ਸਾਧਕ ਅਫਸਰ ਨਗਰ ਕੌਂਸਲ ਮਾਛੀਵਾੜਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਵੱਛਤਾ ਹੀ ਸੇਵਾ 2024 (ਸੰਵਭਾਵ ਸਵੱਛਤਾ, ਸੰਸਕਾਰ ਸਵੱਛਤਾ) 17 ਸਤੰਬਰ ਤੋਂ 2 ਅਤੂਬਰ ਦੀਆਂ ਗਤੀਵਿਧੀਆਂ ਦੇ ਅੰਤਰਗਤ ਬੁੱਧਵਾਰ ਨੂੰ ਗਾਂਧੀ ਜਯੰਤੀ ਮੌਕੇ ਨਗਰ ਕੌਂਸਲ ਮਾਛੀਵਾੜਾ ਵੱਲੋਂ ਸਾਕਾ ਨੂੰ ਬੈਸਟ ਸਫਾਈ ਸੇਵਕ ਚੁਣਿਆ ਗਿਆ ਤੇ ਮੌਕੇ 'ਤੇ ਨਗਰ ਕੌਂਸਲ ਮਾਛੀਵਾੜਾ ਵੱਲੋਂ ਵੇਸਟ ਸਫਾਈ ਸੇਵਕ ਨੂੰ 2100 ਰੁਪਏ ਇਨਾਮ ਵਜੋਂ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸੈਨੇਟਰੀ ਇੰਸਪੈਕਟਰ ਸੁਖਦੇਵ ਸਿੰਘ, ਲੇਖਾਕਾਰ ਸੰਜੀਵ ਕੁਮਾਰ, ਕਲਰਕ ਭੁਪਿੰਦਰ ਸਿੰਘ, ਸੀ ਐੱਫ ਨਵਰੀਤ ਕੌਰ, ਸੈਨੀਟੇਸ਼ਨ ਸੁਪਰਵਾਈਜ਼ਰ ਮੇਜਰ ਸਿੰਘ, ਇੰਚਾਰਜ ਸਫਾਈ ਸੁਖਦਰਸ਼ਨ ਲਾਲ, ਗਗਨਪ੍ਰੀਤ ਕੌਰ, ਸੁਮਨ ਕੌਰ, ਹਰਵਿੰਦਰ ਕੌਰ, ਰਮਨਦੀਪ ਕੌਰ, ਰਮਨਜੀਤ ਕੌਰ, ਚਰਨਜੀਤ ਸਿੰਘ, ਮੋਟੀਵੇਟਰ ਤੇ ਸਮੂਹ ਸਫਾਈ ਸੇਵਕ ਹਾਜ਼ਰ ਸਨ।

## ਗੁਰੂ ਕਾਸ਼ੀ ਕੈਂਪਸ ਵਿਖੇ ਹਿੰਦੀ ਪਖਵਾੜਾ ਸਫ਼ਲਤਾਪੂਰਵਕ ਸੰਪੰਨ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਤੇ ਸੋਸ਼ਲ ਸਾਇੰਸਜ਼ ਵਿਭਾਗ ਵਿਖੇ ਹਿੰਦੀ ਪਖਵਾੜਾ ਸਮਾਪਤੀ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਹਰਭਗਵਾਨ ਚਾਵਲਾ (ਸੇਵਾਮੁਕਤ ਪ੍ਰੋਫੈਸਰ ਰਾਜਕੀਅ ਮਹਿਲਾ ਕਾਲਜ ਰਤੀਆ) ਨੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ।ਪ੍ਰੋਫੈਸਰ ਕੁਮਾਰ ਸੁਸ਼ੀਲ (ਮੁਖੀ ਭਾਸ਼ਾਵਾਂ ਵਿਭਾਗ) ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਆਖਿਆ।ਪ੍ਰੋ. ਚਾਵਲਾ ਨੇ ਆਪਣੇ ਵਿਖਿਆਨ ਵਿੱਚ ਹਿੰਦੀ ਭਾਸ਼ਾ ਤੇ ਸਮਾਜ ਦੇ ਆਪਸੀ ਸਬੰਧਾਂ ਨੂੰ ਸਮਾਜ ਦੇ ਸੰਦਰਭਗਤ ਪ੍ਰਸਤੁਤ ਕੀਤਾ।ਸਮਾਰੋਹ ਦੇ ਬੁਲਾਰੇ ਪਰਮਾਨੰਦ ਸ਼ਾਸਤਰੀ (ਸੇਵਾਮੁਕਤ ਅਧਿਆਪਕ ਤੇ ਅਨੁਵਾਦਕ), ਪ੍ਰਸਿੱਧ ਕਵੀ ਸੁਰਜੀਤ ਸਿੰਘ ਸਿਰੜੀ ਅਤੇ ਡਾ. ਸੀਮਾ ਭਾਟੀਆ (ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ) ਨੇ ਵਿਦਿਆਰਥੀਆਂ ਨਾਲ ਆਪਣੇ ਵਿਚਾਰਾਂ ਦੀ ਸਾਂਝ ਪਾਈ।ਇਸ ਪ੍ਰੋਗਰਾਮ ਦੇ ਕੋਆਰਡੀਨੇਟਰ ਤੇ ਮੰਚ ਸੰਚਾਲਕ ਡਾ. ਪਾਇਲਦੀਪ ਰਹੇ।ਵਿਦਿਆਰਥੀਆਂ ਵੱਲੋਂ ਕਵਿਤਾਵਾਂ ਸੁਣਾਈਆਂ ਗਈਆਂ ਤੇ ਇੱਕ ਨੁੱਕੜ ਨਾਟਕ ਦੀ ਪੇਸ਼ਕਾਰੀ ਕੀਤੀ ਗਈ।ਪਖਵਾੜੇ ਦੌਰਾਨ ਹੋਈ 'ਨਿਬੰਧ ਲੇਖਣ ਪ੍ਰਤੀਯੋਗਤਾ' ਵਿੱਚ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਡਾ. ਬਲਦੇਵ ਸਿੰਘ (ਮੁਖੀ ਸੋਸ਼ਲ ਸਾਇੰਸਜ਼ ਵਿਭਾਗ) ਨੇ ਸਾਰਿਆਂ ਦਾ ਧੰਨਵਾਦ ਕੀਤਾ।ਇਸ ਦੌਰਾਨ ਕੈਂਪਸ ਡਾਇਰੈਕਟਰ ਪ੍ਰੋ. ਕਮਲਜੀਤ ਸਿੰਘ ਨੇ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਮੁਬਾਰਕਬਾਦ ਦਿੱਤੀ ਤੇ ਭਵਿੱਖ ਵਿੱਚ ਅਜਿਹੇ ਕਾਰਜ ਕਰਾਉਂਦੇ ਰਹਿਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਦੋਹਾਂ ਵਿਭਾਗਾਂ ਦਾ ਅਧਿਆਪਨ ਅਮਲਾ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਰਹੇ।

# ਸ਼ੈਲਰ ਮਾਲਕਾਂ, ਆੜ੍ਹਤੀਆਂ ਤੇ ਗੱਲਾ ਮਜ਼ਦੂਰਾਂ ਦੀ ਹੜਤਾਲ ਸ਼ੁਰੂ

### ਮਸਲੇ ਹੱਲ ਹੋਣ ਤੱਕ ਹੜਤਾਲ ਜਾਰੀ ਰਹੇਗੀ : ਸ਼ੈਲਰ ਐਸੋਸੀਏਸ਼ਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ਼ੈਲਰ ਐਸੋਸੀਏਸ਼ਨ ਦੀ ਸੂਬਾ ਕਮੇਟੀ ਦੇ ਸੱਦੇ ਉੱਪਰ ਮਹਿਲ ਕਲਾਂ ਦੇ ਸ਼ੈਲਰ ਮਾਲਕਾਂ, ਆੜ੍ਹਤੀਆ, ਗੱਲਾ ਮਜ਼ਦੂਰਾਂ ਵੱਲੋਂ ਆਪਣੀਆਂ ਭਖਦੀਆਂ ਮੰਗਾਂ ਨੂੰ ਲੈ ਕੇ ਅਨਾਜ ਮੰਡੀਆਂ ਦੇ ਬਾਈਕਾਟ ਲਈ ਮੁਕੰਮਲ ਹੜਤਾਲ ਸ਼ੁਰੂ ਕਰਕੇ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਆਗੂਆਂ ਨੇ ਸ਼ੈਲਰ ਮਾਲਕਾਂ, ਆੜ੍ਹਤੀਆਂ ਤੇ ਮਜ਼ਦੂਰਾਂ ਦੀਆਂ ਹੱਕੀ ਜਾਇਜ਼ ਮੰਗਾਂ ਨੂੰ ਤੁਰੰਤ ਪੂਰੀਆਂ ਕਰਨ ਦੀ ਮੰਗ ਕੀਤੀ।ਮਹਿਲ ਕਲਾਂ ਸ਼ੈਲਰ ਐਸੋਸੀਏਸ਼ਨ ਦੇ ਪ੍ਰਧਾਨ ਲੰਭੂ ਰਾਮ, ਵਿਜੈ ਕੁਮਾਰ ਬਾਂਸਲ ਨੇ ਕਿਹਾ ਕਿ ਸਰਕਾਰ ਵੱਲੋਂ ਉਨ੍ਹਾਂ ਦੀਆਂ ਮੰਗਾਂ ਨਾ ਮੰਨੇ ਜਾਣ 'ਤੇ ਉਹ ਹੜਤਾਲ ਕਰਨ ਲਈ ਮਜਬੂਰ ਹੋਏ ਹਨ।ਉਨ੍ਹਾਂ ਕਿਹਾ ਕਿ ਖਰੀਦ ਏਜੰਸੀ ਐੱਫ ਸੀ ਆਈ ਕੋਲ ਚਾਵਲ ਭੰਡਾਰ ਕਰਨ ਲਈ ਥਾਂ ਨਾ ਹੋਣ ਕਾਰਨ ਸ਼ੈਲਰ ਮਾਲਕ ਆਪਣੇ ਸੈਲਰਾਂ ਅੰਦਰ ਝੋਨਾ ਸਟੋਰ ਨਹੀਂ ਕਰਵਾਉਣਗੇ, ਕਿਉਂਕਿ ਸਰਕਾਰੀ ਖਰੀਦ ਨਾ ਹੋਣ ਕਰਕੇ ਸ਼ੈਲਰ ਮਾਲਕਾਂ ਨੇ ਥਾਂ ਦੀ ਘਾਟ ਕਾਰਨ ਹੁਣ ਖ਼ਰੀਦ ਬੰਦ ਕਰ ਦਿੱਤੀ ਹੈ।ਸਰਕਾਰੀ ਏਜੰਸੀਆਂ ਨੂੰ ਖ਼ਰੀਦ ਦੇ 72 ਘੰਟਿਆਂ ਦੇ ਅੰਦਰ ਲਿਫਟਿੰਗ ਕਰਨੀ ਪੈਂਦੀ ਹੈ, ਪਰ ਲਿਫਟਿੰਗ 'ਚ ਦੇਰੀ ਹੋਣ ਕਾਰਨ ਹੋਣ ਵਾਲਾ ਨੁਕਸਾਨ ਵੀ ਆੜ੍ਹਤੀਆਂ ਨੂੰ ਹੀ ਝੱਲਣਾ ਪੈਂਦਾ ਹੈ।

ਆਗੂਆਂ ਨੇ ਕਿਹਾ ਕਿ ਜਦੋਂ ਤੱਕ ਸਰਕਾਰ ਸ਼ੈਲਰ ਮਾਲਕਾਂ, ਆੜ੍ਹਤੀਆਂ ਤੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਪੂਰਾ ਨਹੀਂ ਕਰਦੀ, ਉਦੋਂ ਤੱਕ ਅਣਮਿੱਥੇ ਸਮੇਂ ਲਈ ਹੜਤਾਲ ਜਾਰੀ ਰਹੇਗੀ। ਗੱਲਾ ਮਜ਼ਦੂਰ ਆਗੂ ਰਾਜ ਸਿੰਘ ਭਾਂਬੜ ਨੇ ਕਿਹਾ ਕਿ ਸਮੇਂ ਸਮੇਂ ਦੀਆਂ ਸਰਕਾਰਾਂ ਨੇ ਪਿਛਲੇ 16 ਸਾਲਾਂ ਤੋਂ ਉਨ੍ਹਾਂ ਦੀਆਂ ਹੱਕੀ ਮੰਗਾਂ ਨੂੰ ਪ੍ਰਵਾਨ ਨਹੀਂ ਕੀਤਾ।ਮਾਰਕੀਟ ਕਮੇਟੀ ਦੇ ਸਕੱਤਰ ਡੀਨਪਾਲ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਖ਼ਰੀਦ ਦੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।ਆੜ੍ਹਤੀਆਂ, ਸ਼ੈਲਰ ਮਾਲਕਾਂ ਤੇ ਮਜ਼ਦੂਰਾਂ ਦੀਆਂ ਮੰਗਾਂ ਬਾਰੇ ਉੱਚ ਅਧਿਕਾਰੀਆਂ ਨਾਲ ਗੱਲਬਾਤ ਚੱਲ ਰਹੀ ਹੈ।ਹੜਤਾਲ ਖ਼ਤਮ ਹੁੰਦੇ ਸਾਰ ਹੀ ਸਰਕਾਰੀ ਖ਼ਰੀਦ ਤੁਰੰਤ ਸ਼ੁਰੂ ਕਰਵਾ ਦਿੱਤੀ ਜਾਵੇਗੀ।

# ਜ਼ਮੀਨ ਬਚਾਓ ਮੋਰਚਾ ਕੁਲਰੀਆਂ ਦਾ ਚੌਥਾ ਪੜਾਅ ਜਾਰੀ

**ਬੁਢਲਾਡਾ (ਅਸ਼ੋਕ ਲਾਕੜਾ)**

ਕੁਲਰੀਆਂ ਜ਼ਮੀਨ ਬਚਾਓ ਮੋਰਚੇ ਦੇ ਤਹਿਤ ਕੁਲਰੀਆਂ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਵੱਖ ਵੱਖ ਜ਼ਿਲ੍ਹਿਆਂ ਤੋਂ ਕਾਫਲੇ ਪੁੱਜੇ, ਜਿਨ੍ਹਾਂ ਵਿੱਚ ਸੈਂਕੜਿਆਂ ਦੀ ਗਿਣਤੀ 'ਚ ਕਿਸਾਨ ਤੇ ਕਿਸਾਨ ਬੀਬੀਆਂ ਪੁੱਜੀਆਂ।ਮੋਰਚੇ ਦੀ ਅਗਵਾਈ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੇ ਕੀਤੀ। ਕਿਸਾਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਹਰਨੇਕ ਸਿੰਘ ਮਹਿਮਾ ਨੇ ਕਿਹਾ ਕਿ ਕੁਲਰੀਆਂ ਦੇ ਅਬਾਦਕਾਰ ਕਿਸਾਨ ਦਹਾਕਿਆਂ ਤੋਂ ਆਪਣੀ ਜ਼ਮੀਨ ਦੇ ਉੱਤੇ ਕਾਸ਼ਤ ਕਰਦੇ ਆ ਰਹੇ ਹਨ ਤੇ ਸਰਕਾਰੀ ਵਿਭਾਗ ਵੱਲੋਂ ਇਹ ਜ਼ਮੀਨ ਕਿਸਾਨਾਂ ਨੂੰ ਉਨ੍ਹਾਂ ਦੀ ਜੱਦੀ ਢੇਰੀ ਦੇ ਅਨੁਸਾਰ ਵੰਡ ਕੇ ਦਿੱਤੀ ਹੋਈ ਹੈ। ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੰਚਾਇਤੀ ਵਿਭਾਗ ਇਸ ਨੂੰ ਪੰਚਾਇਤੀ ਦੱਸ ਕੇ ਨਜਾਇਜ਼ ਧੱਕਾ ਕਰ ਰਿਹਾ ਹੈ। ਜ਼ਮੀਨ 'ਤੇ ਕਿਸਾਨਾਂ ਦਾ ਕਬਜ਼ਾ ਬਿਲਕੁਲ ਕਾਨੂੰਨੀ ਤੇ ਜਾਇਜ਼ ਹੈ। ਸਰਕਾਰ ਦੇ ਇਸ ਧੱਕੇ ਨੂੰ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਏਗਾ। ਉਨ੍ਹਾਂ ਕਿਹਾ ਕਿ ਕਿਸਾਨ ਤੇ ਜ਼ਮੀਨ ਦਾ ਰਿਸ਼ਤਾ ਨਹੁੰ-ਮਾਸ ਦਾ ਰਿਸ਼ਤਾ ਹੈ। ਭਾੜੇ ਦੇ ਗੁੰਡੇ ਜਾਂ ਸਰਕਾਰੀ ਸ਼ਹਿ ਪ੍ਰਾਪਤ ਭੂ ਮਾਫੀਆ ਗਰੋਹ ਕਿਸਾਨਾਂ ਤੋਂ ਜ਼ਮੀਨ ਨਹੀਂ ਖੋ ਸਕਦੇ।



ਜ਼ਮੀਨਾਂ ਦੀ ਰਾਖੀ ਬਦਲੇ ਕਿਸਾਨਾਂ ਦਾ ਸ਼ਾਨਾਮੱਤਾ ਇਤਿਹਾਸ ਹੈ। ਜਥੇਬੰਦੀ ਦਾ ਪ੍ਰਿੰਥੀਪਾਲ ਸਿੰਘ ਚੱਕ ਅਲੀਸ਼ੇਰ ਯੋਧਾ ਜ਼ਮੀਨ ਬਚਾਓ ਮੋਰਚੇ ਦੇ ਜੰਗ ਦੇ ਮੈਦਾਨ ਵਿੱਚ ਸਿੱਧੀ ਗੋਲੀ ਖਾ ਕੇ ਸ਼ਹੀਦ ਹੋਇਆ ਹੈ, ਜੇ ਲੋੜ ਪਈ ਤਾਂ ਇਸ ਜ਼ਮੀਨ 'ਤੇ ਵੀ ਕਿਸੇ ਕੁਰਬਾਨੀ ਤੋਂ ਪਿੱਛੇ ਨਹੀਂ ਹਟਿਆ ਜਾਵੇਗਾ।ਬੁਲਾਰਿਆਂ ਨੇ ਐਲਾਨ ਕੀਤਾ ਕਿ ਜ਼ਮੀਨ ਬਚਾਓ ਮੋਰਚੇ ਦੇ ਸ਼ਹੀਦ ਪਿਰਥੀਪਾਲ ਸਿੰਘ ਚੱਕ ਅਲੀਸ਼ੇਰ ਦੀ ਬਰਸੀ 11 ਅਕਤੂਬਰ ਦੇ ਮੌਕੇ 'ਤੇ ਕੁਲਰੀਆਂ ਵਿੱਚ ਭਾਰੀ ਇਕੱਠ ਕੀਤਾ ਜਾਵੇਗਾ ਅਤੇ ਇਸ ਮੋਰਚੇ ਨੂੰ ਹੋਰ ਜ਼ਬੂਤ ਕੀਤਾ ਜਾਵੇਗਾ।

ਅੱਜ ਦੇ ਬੁਲਾਰਿਆਂ ਵਿੱਚ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਜਗੀਰ ਸਿੰਘ ਖਹਿਰਾ, ਜਨਰਲ ਸਕੱਤਰ ਗੁਲਜਾਰ ਸਿੰਘ ਕਬਰ ਬੱਛਾ, ਪ੍ਰਨੀਤ ਸਿੰਘ ਜ਼ਿਲ੍ਹਾ ਫਾਜ਼ਿਲਕਾ ਦੇ ਪ੍ਰਧਾਨ ਹਰਮੀਤ ਸਿੰਘ ਢਾਬਾ, ਜ਼ਿਲ੍ਹਾ ਮੁਕਤਸਰ ਦੇ ਪ੍ਰਧਾਨ ਪਰਮਿੰਦਰ ਸਿੰਘ ਉੜਾਂਗ ਤੇ ਜਨਰਲ ਸਕੱਤਰ ਗੁਰਦੀਪ ਸਿੰਘ ਖੁੱਡੀਆਂ ਤੋਂ ਇਲਾਵਾ ਜ਼ਿਲ੍ਹਾ ਮਾਨਸਾ ਦੇ ਸੀਨੀਅਰ ਮੀਤ ਪ੍ਰਧਾਨ ਬਲਵਿੰਦਰ ਸ਼ਰਮਾ ਖਿਆਲਾ, ਜਗਦੇਵ ਸਿੰਘ ਕੋਟਲੀ, ਜਗਜੀਵਨ ਸਿੰਘ ਹਸਨਪੁਰ, ਦੇਵੀ ਰਾਮ ਰੰਘੜਿਆਲ, ਤੇਜ ਰਾਮ ਅਹਿਮਦਪੁਰ, ਮਿੱਠੂ ਸਿੰਘ ਭੰਮੇ, ਬੂਟਾ ਸਿੰਘ ਘੁੱਦੂਵਾਲਾ ਨੇ ਸੰਬੋਧਨ ਕੀਤਾ। ਇਸ ਮੌਕੇ ਆਗੂਆਂ ਨੇ ਐਲਾਨ ਕੀਤਾ ਕਿ ਮੋਰਚੇ ਦਾ ਅਗਲਾ ਪੜਾਅ 5 ਅਕਤੂਬਰ ਨੂੰ ਇਸੇ ਤਰ੍ਹਾਂ ਜਾਰੀ ਰਹੇਗਾ ਤੇ ਕਿਸਾਨ ਕਾਫਲੇ ਪੁੱਜਣਗੇ।

## ਕਾਂਗਰਸੀ ਆਗੂ ਕੁਲਵਿੰਦਰ ਸਿੰਘ ਸੁੱਖੇਵਾਲ ਦੇ ਘਰ 'ਤੇ ਹਮਲਾ



**ਨਾਭਾ (ਵਰਿੰਦਰ ਵਰਮਾ)**-ਪੰਚਾਇਤੀ ਚੋਣਾਂ ਵਿੱਚ ਪੰਜਾਬ ਦੀ ਸੱਤਾਧਾਰੀ ਧਿਰ ਦੇ ਵਰਕਰਾਂ ਵੱਲੋਂ ਅਕਾਲੀ, ਕਾਂਗਰਸੀ ਪੱਖੀਆਂ ਵਿਚਕਾਰ ਲੜਾਈ-ਝਗੜੇ ਦੀਆਂ ਘਟਨਾਵਾਂ ਵਾਪਰਨ ਦੀਆਂ ਖਬਰਾਂ ਆ ਰਹੀਆਂ ਹਨ, ਉੱਥੇ ਹੀ ਹਲਕਾ ਨਾਭਾ ਤੋਂ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਬੀਬੀ ਰਾਜ ਕੌਰ ਤੇ ਜ਼ਿਲ੍ਹਾ ਚੇਅਰਮੈਨ ਐੱਸ ਸੀ ਡਿਪਾਰਟਮੈਂਟ ਕਾਂਗਰਸ ਪਾਰਟੀ ਦੇ ਕੁਲਵਿੰਦਰ ਸਿੰਘ ਸੁੱਖੇਵਾਲ ਦੇ ਘਰ 'ਤੇ ਵਿਰੋਧੀਆਂ ਵੱਲੋਂ ਅੱਧੀ ਰਾਤ ਨੂੰ ਇੱਟਾਂ ਨਾਲ ਹਮਲਾ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਪੰਚਾਇਤੀ ਚੋਣਾਂ 'ਚ ਸਰਪੰਚੀ ਦਾ ਪੀੜਤ ਪਰਵਾਰ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਬੀਬੀ ਰਾਜ ਕੌਰ, ਜ਼ਿਲ੍ਹਾ ਐੱਸ ਸੀ ਡਿਪਾਰਟਮੈਂਟ ਕਾਂਗਰਸ ਕੁਲਵਿੰਦਰ ਸਿੰਘ ਸੁੱਖੇਵਾਲ, ਕੁਲਵੰਤ ਸਿੰਘ, ਬੇਅੰਤ ਸਿੰਘ ਨੇ ਸਾਬਕਾ ਸਰਪੰਚ ਦੇ ਪਤੀ ਧਰਮਿੰਦਰ ਸਿੰਘ 'ਤੇ ਦੋਸ਼ ਲਗਾਉਂਦਿਆਂ ਪ੍ਰਸ਼ਾਸਨ ਤੋਂ ਇਨਸਾਫ ਦੀ ਮੰਗ ਕਰਦਿਆਂ ਕਿਹਾ ਕਿ ਉਕਤ ਦੋਸ਼ੀ ਸਾਬਕਾ ਸਰਪੰਚ ਦੇ ਪਤੀ 'ਤੇ ਕਾਰਵਾਈ ਸਮੇਤ ਉਸ ਦਾ ਅਸਲਾ ਜਮ੍ਹਾਂ ਕਰਵਾਇਆ ਜਾਵੇ। ਜਦੋਂ ਇਸ ਸਬੰਧੀ ਧਰਮਿੰਦਰ ਸਿੰਘ ਨਾਲ ਗੱਲ ਕਰਨੀ ਚਾਹੀ ਤਾਂ ਉਨ੍ਹਾਂ ਦਾ ਮੋਬਾਇਲ ਫੋਨ ਬੰਦ ਆ ਰਿਹਾ ਸੀ ਅਤੇ ਇਸ ਸਬੰਧੀ ਚੌਕੀ ਇੰਚਾਰਜ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਸ ਮਾਮਲੇ ਸਬੰਧੀ ਸਾਡੇ ਕੋਲ ਦਰਖਾਸਤ ਆ ਚੁੱਕੀ ਹੈ ਤੇ ਮੁਲਾਜ਼ਮਾਂ ਵੱਲੋਂ ਮੌਕਾ ਦੇਖਿਆ ਗਿਆ।ਉਨ੍ਹਾਂ ਕਿਹਾ ਕਿ ਮਾਮਲੇ ਦੀ ਬਰੀਕੀ ਨਾਲ ਜਾਂਚ ਕਰਕੇ ਬਣਦੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।

# ਜੌੜੀਆਂ ਭੱਠੀਆਂ ਰਾਮਲੀਲ੍ਹਾ ਸਟੇਜ ਦਾ ਵਿਧਾਇਕ ਵੱਲੋਂ ਉਦਘਾਟਨ

### 23 ਸਾਲ ਬਾਅਦ ਰਾਮਲੀਲ੍ਹਾ ਕਲੱਬ ਨੂੰ ਮਿਲਿਆ ਨਵਾਂ ਮੰਚ : ਕੋਹਲੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਜੌੜੀਆਂ ਭੱਠੀਆਂ ਰਾਇਲ ਯੂਥ ਕਲੱਬ ਨੂੰ 23 ਸਾਲ ਬਾਅਦ ਰਾਮਲੀਲ੍ਹਾ ਦੀ ਨਵੀਂ ਸਟੇਜ ਮਿਲੀ।ਇਸ ਨਵੀਂ ਸਟੇਜ ਦਾ ਉਦਘਾਟਨ ਵਿਧਾਇਕ ਸ੍. ਅਜੀਤਪਾਲ ਸਿੰਘ ਕੋਹਲੀ ਨੇ ਕੀਤਾ।ਉਦਘਾਟਨ ਹੁੰਦਿਆਂ ਹੀ ਕਲੱਬ ਦੇ ਸਮੁੱਚੇ ਮੈਂਬਰ ਗਦ-ਗਦ ਹੋ ਉੱਠੇ।ਮੈਂਬਰਾਂ ਨੇ ਕਿਹਾ ਕਿ ਸਾਨੂੰ ਪਹਿਲੀ ਵਾਰ ਅਜਿਹਾ ਵਿਧਾਇਕ ਮਿਲਿਆ ਹੈ, ਜਿਸ ਨੇ ਸਾਡੇ ਇੱਕ ਵਾਰ ਕਹਿਣ 'ਤੇ ਅਤਿਆਧੁਨਕ ਸਟੇਜ ਬਣਾ ਕੇ ਦਿੱਤੀ ਹੈ।ਉਦਘਾਟਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੋਹਲੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸਾਰੇ ਵਰਗਾਂ ਦਾ ਬਰਾਬਰ ਸਨਮਾਨ ਕਰਦੀ ਹੈ।ਉਨ੍ਹਾ ਕਿਹਾ ਕਿ ਜਦੋਂ ਕਲੱਬ ਦੇ ਮੈਂਬਰ ਮੇਰੇ ਕੋਲ ਸਟੇਜ ਦਾ ਨਵੀਨੀਕਰਨ ਕਰਵਾਉਣ ਲਈ ਪਹੁੰਚੇ ਤੇ ਉਨ੍ਹਾ ਦੱਸਿਆ ਕਿ ਇਹ ਸਟੇਜ ਕਰੀਬ 23 ਸਾਲ ਪਹਿਲਾਂ ਬਣੀ ਸੀ ਤੇ ਅੱਜ ਤੱਕ ਕਿਸੇ ਸਰਕਾਰ ਨੇ ਸਟੇਜ ਦਾ ਕੋਈ ਵੀ ਨਵੀਨੀਕਰਨ ਨਹੀਂ ਕਰਵਾਇਆ।ਇਹ ਸੁਣ ਕੇ ਮੈਂ ਹੈਰਾਨ ਹੋਇਆ ਤੇ ਨਾਲ ਹੀ ਕਲੱਬ ਦੇ ਸਮੂਹ ਮੈਂਬਰਾਂ ਨਾਲ ਵਾਅਦਾ ਕੀਤਾ ਕਿ ਜਿੰਨੇ ਮਰਜ਼ੀ ਪੈਸੇ ਲੱਗਣ, ਪਰ ਸਟੇਜ ਮੁੜ ਤੋਂ ਨਵਾਂ ਬਣਾਇਆ ਜਾਵੇਗਾ।ਇਸ ਲਈ ਅੱਜ ਮੈਨੂੰ ਖ਼ੁਸ਼ੀ ਮਹਿਸੂਸ ਹੋ ਰਹੀ ਹੈ ਕਿ ਮੈਂ ਆਪਣਾ ਕੀਤਾ ਵਾਅਦਾ ਪੂਰਾ ਕਰਕੇ ਰਾਇਲ ਯੂਥ ਕਲੱਬ ਦੇ ਸਮੂਹ ਮੈਂਬਰਾਂ ਸਮੇਤ ਇਸ ਰਾਮਲੀਲ੍ਹਾ ਸਟੇਜ ਦਾ ਉਦਘਾਟਨ ਕਰ ਰਿਹਾ ਹਾਂ।ਉਨ੍ਹਾਂ ਕਿਹਾ ਕਿ ਪਟਿਆਲਾ ਦੇ ਹਰ ਇਲਾਕੇ ਵਿੱਚ ਵਿਕਾਸ ਕਾਰਜ ਚੱਲ ਰਹੇ ਹਨ ਤੇ ਸਰਕਾਰ ਕੋਲ ਪੈਸੇ ਦੀ ਕੋਈ ਕਮੀ ਨਹੀਂ ਹੈ।

ਇਸ ਮੌਕੇ ਰਾਇਲ ਯੂਥ ਕਲੱਬ ਮੈਂਬਰਾਂ ਨੇ ਦੱਸਿਆ ਕਿ ਅਸੀਂ ਜਦੋਂ ਵੀ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਕੋਲ ਗਏ ਤਾਂ ਸਾਨੂੰ ਕਦੇ ਕਿਸੇ ਕੰਮ ਵੱਲੋਂ ਜਵਾਬ ਨਹੀਂ ਮਿਲਿਆ।ਇਸ ਕਰਕੇ ਅਸੀਂ ਉਨ੍ਹਾਂ ਦਾ ਧੰਨਵਾਦ ਕਰਦੇ ਹਾਂ।ਰਾਮਲੀਲ੍ਹਾ ਮੰਚਨ ਦੀਆਂ ਤਿਆਰੀਆਂ ਪੂਰੀਆਂ ਹੋ ਚੁੱਕੀਆਂ ਹਨ ਤੇ ਹਰ ਵਾਰ ਰਾਮਲੀਲ੍ਹਾ ਕਰਨ ਵਾਲੇ ਲੜਕੇ ਤੇ ਲੜਕੀਆਂ 25 ਦਿਨ ਪਹਿਲਾਂ ਰੀਹਰਸਲ ਕਰਨਾ ਸ਼ੁਰੂ ਕਰ ਦਿੰਦੇ ਹਨ।ਇਸ ਵਾਰ ਅੱਜ 3 ਅਕਤੂਬਰ ਤੋਂ ਰਾਮਲੀਲ੍ਹਾ ਦਾ ਮੰਚਨ ਸ਼ੁਰੂ ਹੋ ਰਿਹਾ ਹੈ।ਇਸ ਮੌਕੇ ਪ੍ਰਧਾਨ ਵਰੁਣ ਜਿੰਦਲ, ਮਦਨ ਅਰੋੜਾ, ਅਮਰਜੀਤ ਸਿੰਘ, ਰਵੇਲ ਸਿੱਧੂ, ਜਗਤਾਰ ਜੱਗੀ, ਮੁਖਤਿਆਰ ਗਿੱਲ, ਅਸ਼ੋਕ ਕੁਮਾਰ, ਕ੍ਰਿਸ਼ਨ ਕੁਮਾਰ, ਮਿੰਡਾ ਜੀ, ਰੂਬੀ ਭਾਟੀਆ, ਵਿਜੇ ਕਨੌਜੀਆ, ਅਮਨ ਬਾਂਸਲ, ਹਰੀਸ਼ ਕਾਂਤ ਵਾਲੀਆਂ, ਪੁਨੀਤ ਗਰਗ ਆਦਿ ਮੌਜੂਦ ਸਨ।

### ਮਾਮਲਾ ਆਯੋਗ ਪ੍ਰਿੰਸੀਪਲ ਦੀ ਨਿਯੁਕਤੀ ਦਾ

# ਅਦਾਲਤ ਵੱਲੋਂ ਚਾਰ ਹਫ਼ਤਿਆਂ 'ਚ ਯੋਗ ਪ੍ਰਿੰਸੀਪਲ ਨਿਯੁਕਤ ਕਰਨ ਦੇ ਆਦੇਸ਼

**ਮਲੋਟ (ਗੁਰਮੀਤ ਸਿੰਘ ਮੱਕੜ)**

ਸਥਾਨਕ ਸਰਕਾਰੀ ਮਿਮਿਟ ਕਾਲਜ ਵਿੱਚ ਪ੍ਰਿੰਸੀਪਲ ਦੀ ਕੁਰਸੀ 'ਤੇ ਆਯੋਗ ਪ੍ਰਿੰਸੀਪਲ ਵੱਲੋਂ ਆਪਣੇ ਸਿਆਸੀ ਅਕਾਵਾਂ ਦੀ ਮਿਹਰ ਸਦਕਾ ਲੰਮੇ ਸਮੇਂ ਤੋਂ ਬਿਰਾਜ਼ਮਾਨ ਦਾ ਮਾਮਲਾ ਹੁਣ ਮਾਨਯੋਗ ਹਾਈਕੋਰਟ ਪਹੁੰਚ ਗਿਆ ਹੈ, ਜਿਸ ਵਿੱਚ ਸਰਕਾਰ ਵੱਲੋਂ ਵਾਰ-ਵਾਰ ਯੋਗ ਪ੍ਰਿੰਸੀਪਲ ਦੀ ਨਿਯੁਕਤੀ ਵਿੱਚ ਕੀਤੀ ਜਾ ਰਹੀ ਦੇਰੀ 'ਤੇ ਮਾਨਯੋਗ ਅਦਾਲਤ ਨੇ ਸਖਤ ਨੋਟਿਸ ਲੈਂਦਿਆਂ ਬੀਤੀ 27 ਸਤੰਬਰ ਨੂੰ ਕੀਤੇ ਆਦੇਸ਼ ਵਿੱਚ ਚਾਰ ਹਫ਼ਤਿਆਂ ਵਿੱਚ ਯੋਗ ਪ੍ਰਿੰਸੀਪਲ ਨਿਯੁਕਤ ਕਰਨ ਦੇ ਸਰਕਾਰ ਤੇ ਏ.ਆਈ.ਸੀ.ਟੀ.ਈ. ਨੂੰ ਆਦੇਸ਼ ਦਿੱਤੇ ਹਨ। ਜ਼ਿਕਰਯੋਗ ਹੈ ਕਿ ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਸੀ.ਡਬਲਯੂ.ਪੀ. ਨੰਬਰ 5386/2024 ਵਿੱਚ ਪੰਜਾਬ ਸਰਕਾਰ ਨੂੰ ਮਲੋਟ ਦੇ ਮਲੋਟ ਇੰਸਟੀਚਿਊਟ ਆਫ ਮੈਨੇਜਮੈਂਟ ਤੇ ਇਨਫਾਰਮੇਸ਼ਨ ਟੈਕਨੋਲੋਜੀ (ਮਿਮਿਟ) ਲਈ 4 ਹਫ਼ਤਿਆਂ ਵਿੱਚ 27 ਅਕਤੂਬਰ 2024 ਤੱਕ ਇੱਕ ਯੋਗ ਤੇ ਕੁਆਲੀਫਾਈਡ ਡਾਇਰੈਕਟਰ ਦੀ ਨਿਯੁਕਤੀ ਕਰਨ ਦਾ ਹੁਕਮ ਦਿੱਤਾ ਹੈ। ਇਹ ਮਾਮਲਾ ਡਾ. ਰਜਿੰਦਰ ਕੌਰ, ਪ੍ਰੋਫੈਸਰ ਮਿਮਿਟ ਕਾਲਜ ਨੇ ਦਾਇਰ ਕੀਤਾ ਹੈ, ਜਿਸ ਵਿੱਚ ਮੌਜੂਦਾ ਆਰਜ਼ੀ ਡਾਇਰੈਕਟਰ ਡਾ. ਜਸਕਰਨ ਸਿੰਘ ਭੁੱਲਰ ਦੀ ਯੋਗਤਾ ਨੂੰ ਗਲਤ ਕਰਾਰ ਦਿੱਤਾ ਹੈ। ਮਾਨਯੋਗ ਅਦਾਲਤ ਨੇ ਏ.ਆਈ.ਸੀ.ਟੀ.ਈ. ਨੂੰ ਵੀ ਇਹ ਆਦੇਸ਼ ਦਿੱਤਾ ਹੈ ਕਿ ਉਹ ਮਾਮਲੇ ਦੇ ਪੂਰਾ ਹੋਣ ਤੋਂ ਪਹਿਲਾਂ (4 ਹਫ਼ਤਿਆਂ ਤੋਂ ਪਹਿਲਾਂ) ਵੀ ਡਾ. ਜਸਕਰਨ ਸਿੰਘ ਭੁੱਲਰ ਨੂੰ ਹਟਾ ਸਕਦੇ ਹਨ। ਮਾਨਯੋਗ ਅਦਾਲਤ ਦਾ ਦਖਲ ਦੇਣਾ ਪੰਜਾਬ ਸਰਕਾਰ ਲਈ ਵੱਡੀ ਸ਼ਰਮਨਾਕ ਘਟਨਾ ਸਾਬਿਤ ਹੋਈ ਹੈ, ਕਿਉਂਕਿ ਇਸ ਨਾਲ ਨਿਯਮਾਂ ਦੀ ਉਲੰਘਣਾ ਕਰਕੇ ਆਯੋਗ ਤੇ ਆਰਜ਼ੀ ਕਾਰਜਕਾਰੀ ਡਾਇਰੈਕਟਰ ਡਾ. ਜਸਕਰਨ ਸਿੰਘ ਭੁੱਲਰ ਦੀ ਗਲਤ ਨਿਯੁਕਤੀ ਬੇਨਕਾਬ ਹੋ ਗਈ। ਨਿਯਮਾਂ ਦੀ ਉਲੰਘਣਾ ਕਰਕੇ ਕੀਤੀ ਗਈ ਪੱਖਪਾਤੀ ਨਿਯੁਕਤੀ ਨੇ ਮਾਨਯੋਗ ਅਦਾਲਤ ਨੂੰ ਦਖਲ ਦੇਣ ਲਈ ਮਜਬੂਰ ਕੀਤਾ, ਜਿਸ ਨਾਲ ਸਰਕਾਰ ਦੇ ਪ੍ਰਕਿਰਿਆਵਾਂ ਦੀ ਪਾਲਣਾ 'ਤੇ ਗੰਭੀਰ ਸਵਾਲ ਖੜ੍ਹੇ ਹੋਏ ਹਨ..? ਜ਼ਿਕਰਯੋਗ ਹੈ ਕਿ ਆਰਜ਼ੀ ਪ੍ਰਿੰਸੀਪਲ 'ਤੇ ਸੰਸਥਾ ਦੀ ਮਹਿਲਾ ਪ੍ਰੋਫੈਸਰ ਵੱਲੋਂ ਜਬਰ ਜ਼ਨਾਹ ਦੇ ਗੰਭੀਰ ਦੋਸ਼ ਤੋਂ ਇਲਾਵਾ ਸਰਕਾਰ ਨੂੰ ਫੰਡਾਂ ਵਿੱਚ ਆਰਥਿਕ ਚੂਨਾ ਲਗਾ ਕੇ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਕਰਨ ਆਦਿ ਦੇ ਵੀ ਗੰਭੀਰ ਦੋਸ਼ ਲੱਗੇ ਹਨ।

## ਸਰਬ-ਸੰਮਤੀ ਦੇ ਜਸ਼ਨ ਮਨਾਉਣ ਤੋਂ ਪਹਿਲਾਂ ਸਮਰਥਕ ਦੀ ਕਰੰਟ ਲੱਗਣ ਨਾਲ ਮੌਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਥਾਣਾ ਕੂੰਮਕਲਾਂ ਅਧੀਨ ਪੈਂਦੇ ਪਿੰਡ ਹਾਦੀਵਾਲ ਵਿਖੇ ਪੰਚਾਇਤ ਚੋਣਾਂ ਦੌਰਾਨ ਸਰਬਸੰਮਤੀ ਦੇ ਜਸ਼ਨ ਮਨਾਉਣ ਤੋਂ ਪਹਿਲਾਂ ਹੀ ਪਿੰਡ ਦਾ ਮਾਹੌਲ ਸੋਗਮਈ ਹੋ ਗਿਆ, ਜਦੋਂ ਇੱਕ ਸਮਰਥਕ ਬਹਾਦਰ ਸਿੰਘ (42) ਦੀ ਕਰੰਟ ਲੱਗਣ ਕਾਰਨ ਮੌਤ ਹੋ ਗਈ। ਇਕੱਤਰ ਕੀਤੀ ਜਾਣਕਾਰੀ ਮੁਤਾਬਿਕ ਪੰਚਾਇਤ ਚੋਣਾਂ ਸਬੰਧੀ ਸਰਬਸੰਮਤੀ ਕਰਵਾਉਣ ਲਈ ਇਕੱਠ ਰੱਖਿਆ ਗਿਆ ਸੀ। ਸਰਬਸੰਮਤੀ ਨਾਲ ਸਮੂਹ ਪਿੰਡ ਵਾਸੀਆਂ ਵੱਲੋਂ ਪਿੰਡ ਦਾ ਸਰਪੰਚ ਤੇ ਪੰਚਾਇਤ ਮੈਂਬਰ ਚੁਣ ਲਏ ਗਏ ਸਨ ਅਤੇ ਖੁਸ਼ੀ ਵਿੱਚ ਲੱਡੂ ਵੀ ਵੰਡੇ ਗਏ। ਸਰਬਸੰਮਤੀ ਤੋਂ ਬਾਅਦ ਬਹਾਦਰ ਸਿੰਘ ਬਹੁਤ ਖ਼ੁਸ਼ ਸੀ ਕਿ ਉਨ੍ਹਾਂ ਦੇ ਦੋਸਤ ਦੀ ਪਤਨੀ ਸਰਪੰਚ ਚੁਣੀ ਗਈ। ਸਰਬਸੰਮਤੀ ਦੀ ਮੀਟਿੰਗ ਤੋਂ ਬਾਅਦ ਉਹ ਆਪਣੇ ਸਾਥੀਆਂ ਨਾਲ ਘਰ ਆ ਗਿਆ, ਜਿੱਥੇ ਉਹ ਉਨ੍ਹਾਂ ਲਈ ਪੱਖਾ ਲਗਾਉਣ ਲੱਗਾ। ਪੱਖੇ ਦੀਆਂ ਤਾਰਾਂ ਲਗਾਉਣ ਦੌਰਾਨ ਬਹਾਦਰ ਸਿੰਘ ਨੂੰ ਕਰੰਟ ਲੱਗ ਗਿਆ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਪਿੰਡ ਵਿੱਚ ਪੰਚਾਇਤੀ ਚੋਣਾਂ ਦੀ ਸਰਬਸੰਮਤੀ ਦੇ ਜਸ਼ਨ ਮਨਾਏ ਜਾਣ ਸਨ, ਪਰ ਉਸ ਤੋਂ ਪਹਿਲਾਂ ਹੀ ਬਹਾਦਰ ਸਿੰਘ ਦੀ ਮੌਤ ਕਾਰਨ ਮਾਹੌਲ ਗ਼ਮਗੀਨ ਹੋ ਗਿਆ। ਮ੍ਰਿਤਕ ਬਹਾਦਰ ਸਿੰਘ ਦਾ ਪਿੰਡ ਵਿੱਚ ਅੰਤਿਮ ਸੰਸਕਾਰ ਕਰ ਦਿੱਤਾ ਗਿਆ।

# ਨਸ਼ੇ ਰੋਕਣ ਲਈ ਵੱਡੇ ਮਗਰਮੱਛਾਂ ਨੂੰ ਹੱਥ ਨਹੀਂ ਪਾਇਆ ਜਾ ਰਿਹਾ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੀਤੇ ਲੰਮੇ ਸਮੇਂ ਤੋਂ ਪੰਜਾਬ ਵਿੱਚ ਨਸ਼ੀਲੀਆਂ ਵਸਤਾਂ ਦੇ ਕਾਰੋਬਾਰ ਬਹੁਤ ਹੀ ਵਿਸ਼ਾਲ ਪੱਧਰ 'ਤੇ ਚੱਲਦਾ ਆ ਰਿਹਾ ਹੈ, ਜਿਸ ਨਾਲ ਪੜ੍ਹੀ ਲਿਖੀ ਬੇਰੁਜ਼ਗਾਰ ਨੌਜਵਾਨੀ ਵੀ ਬਹੁਤ ਵੱਡੇ ਰੂਪ ਵਿੱਚ ਨਾਂਹਵਾਚਕ ਤੌਰ 'ਤੇ ਪ੍ਰਭਾਵਿਤ ਹੋ ਰਹੀ ਹੈ। ਜਦੋਂਕਿ ਪੁਲਸ ਤੇ ਹੋਰ ਫੋਰਸਾਂ ਵੱਲੋਂ ਇਨ੍ਹਾਂ ਨਸ਼ੀਲੀਆਂ ਵਸਤਾਂ ਦੇ ਕਾਰੋਬਾਰ ਨੂੰ ਰੋਕਣ ਲਈ ਯਤਨ ਵੀ ਹੋ ਰਹੇ ਹੋਣਗੇ, ਪਰ ਇਸ ਦੇ ਬਾਵਜੂਦ ਜੇਕਰ ਇਹ ਧੰਦਾ ਰੋਕਣ ਦਾ ਨਾਮ ਨਹੀਂ ਲੈ ਰਿਹਾ ਤਾਂ ਸਪੱਸ਼ਟ ਹੈ ਕਿ ਇਸ ਕਾਰੋਬਾਰ ਵਿੱਚ ਸ਼ਾਮਲ ਵੱਡੇ-ਵੱਡੇ ਸਮੱਗਲਰਾਂ ਨੂੰ ਹੱਥ ਨਹੀਂ ਪਾਇਆ ਜਾ ਰਿਹਾ, ਕਿਉਂਕਿ ਉਹ ਹਕੂਮਤ ਪਾਰਟੀ ਵਿੱਚ ਸਿਆਸਤਦਾਨਾਂ ਤੇ ਪੁਲਸ ਅਫਸਰਸ਼ਾਹੀ ਵਿੱਚ ਆਪਣਾ ਪ੍ਰਭਾਵ ਰੱਖਦੇ ਹਨ ਤੇ ਵੱਡੀਆਂ ਰਿਸ਼ਵਤਾਂ ਦਿੰਦੇ ਹਨ।ਜੇਕਰ ਸਰਕਾਰ ਤੇ ਪੁਲਸ ਇਸ ਧੰਦੇ ਦੀ ਰੋਕਥਾਮ ਲਈ ਸਹੀ ਦਿਸ਼ਾ ਵੱਲ ਅਮਲ ਨਹੀਂ ਕਰਨਗੇ, ਤਾਂ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੀ ਨੌਜਵਾਨੀ ਤੇ ਪੰਜਾਬੀਆਂ ਨੂੰ ਇਖਲਾਕੀ, ਸਮਾਜਿਕ ਤੇ ਬੌਧਿਕ ਤੌਰ 'ਤੇ ਬਹੁਤ ਵੱਡਾ ਨੁਕਸਾਨ ਪਹੁੰਚਾਉਣ ਦੀ ਵਜ੍ਹਾ ਬਣਨਗੇ।ਇਸ ਲਈ ਜ਼ਰੂਰੀ ਹੈ ਕਿ ਇਸ ਗੰਭੀਰ ਵਿਸ਼ੇ 'ਤੇ ਕਿਸੇ ਤਰ੍ਹਾਂ ਦੇ ਸਿਆਸੀ ਪ੍ਰਭਾਵ ਨੂੰ ਨਾ ਪ੍ਰਵਾਨ ਕਰਦੇ ਹੋਏ ਪੁਲਸ ਅਫਸਰਾਨ ਨਸ਼ੀਲੀਆਂ ਵਸਤਾਂ ਦੇ ਕਾਰੋਬਾਰ ਕਰਨ ਵਾਲਿਆਂ ਵਿਰੁੱਧ ਅਮਲੀ ਕਾਰਵਾਈ ਕਰਨ ਦੀ ਜ਼ਿੰਮੇਵਾਰੀ ਨਿਭਾਉਣ।ਇਹ ਵਿਚਾਰ ਸ੍. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪੰਜਾਬ ਸੂਬੇ ਵਿੱਚ ਨਸ਼ੀਲੀਆਂ ਵਸਤਾਂ ਦੀ ਖਰੀਦੋ ਫਰੋਖਤ ਦੇ ਵਧਦੇ ਜਾ ਰਹੇ ਰੁਝਾਨ ਨੂੰ ਮੰਦਭਾਗਾ ਕਰਾਰ ਦਿੰਦੇ ਹੋਏ ਤੇ ਇਸ ਲਈ ਸਿਆਸਤਦਾਨਾਂ ਤੇ ਰਿਸ਼ਵਤਖੋਰ ਪੁਲਸ ਅਧਿਕਾਰੀਆਂ ਨੂੰ ਜ਼ਿੰਮੇਵਾਰ ਠਹਿਰਾਉਂਦੇ ਹੋਏ ਇਸ ਦਿਸ਼ਾ ਵੱਲ ਸਖ਼ਤੀ ਨਾਲ ਅਮਲ ਕਰਨ ਦੀ ਸਰਕਾਰ ਨੂੰ ਗੁਜ਼ਾਰਿਸ਼ ਕਰਦੇ ਹੋਏ ਪ੍ਰਗਟ ਕੀਤੇ।

ਉਨ੍ਹਾਂ ਕਿਹਾ ਕਿ ਐੱਸ.ਟੀ.ਐੱਫ, ਏ.ਡੀ.ਟੀ.ਐੱਫ. ਵਰਗੀਆਂ ਫੋਰਸਾਂ ਦੇ ਤਾਇਨਾਤੀ ਦੇ ਬਾਵਜੂਦ ਜੇਕਰ ਵੱਡੇ ਸਮੱਗਲਰਾਂ ਨੂੰ ਗ੍ਰਿਫਤਾਰ ਨਹੀਂ ਕੀਤਾ ਜਾ ਰਿਹਾ, ਬੁਰੇ ਨੂੰ ਮਾਰਨ ਦੀ ਥਾਂ 'ਤੇ ਬੁਰੇ ਪੈਦਾ ਕਰਨ ਵਾਲੀ ਮਾਂ ਤੱਕ ਪਹੁੰਚ ਨਹੀਂ ਕੀਤੀ ਜਾ ਰਹੀ, ਤਾਂ ਇਸ ਤੋਂ ਪ੍ਰਤੱਖ ਹੈ ਕਿ ਇਸ ਕਾਰੋਬਾਰ ਦੀਆਂ ਜੜ੍ਹਾਂ ਕਿੱਥੋਂ ਤੱਕ ਫੈਲੀਆਂ ਹੋਈਆਂ ਹਨ।ਸ੍. ਮਾਨ ਨੇ ਭਗਵੰਤ ਮਾਨ ਸਰਕਾਰ ਨੂੰ ਸੁਬੋਧਤ ਹੁੰਦੇ ਕਿਹਾ ਕਿ ਇਸ ਸਰਕਾਰ ਤੋਂ ਪਹਿਲੇ ਰਹਿਣ ਵਾਲੀਆਂ ਸਰਕਾਰਾਂ ਨੇ ਵੀ ਨਸ਼ੀਲੀਆਂ ਵਸਤਾਂ ਦੇ ਧੰਦੇ ਨੂੰ ਜੜ੍ਹੋਂ ਖਤਮ ਕਰਨ ਦੇ ਐਲਾਨ, ਦਾਅਵੇ ਕੀਤੇ ਸਨ, ਪਰ ਨਾ ਤਾਂ ਪਹਿਲੀਆਂ ਸਰਕਾਰਾਂ ਤੇ ਨਾ ਹੀ ਸ੍. ਭਗਵੰਤ ਸਿੰਘ ਮਾਨ ਦੀ ਸਰਕਾਰ ਇਸ ਦਿਸ਼ਾ ਵੱਲ ਮਜ਼ਬੂਤੀ ਨਾਲ ਕਦਮ ਉਠਾ ਸਕੀ ਹੈ, ਜਿਸ ਕਾਰਨ ਸਾਡੇ ਸੂਬੇ ਦੇ ਮਹਾਨ ਵਿਰਸੇ-ਵਿਰਾਸਤ ਤੇ ਇਖਲਾਕੀ ਸੋਚ ਨੂੰ ਬਹੁਤ ਵੱਡਾ ਨੁਕਸਾਨ ਹੋ ਰਿਹਾ ਹੈ। ਇਸ ਦੀ ਰੋਕਥਾਮ ਲਈ ਜੇਕਰ ਵਾਕਿਆ ਹੀ ਪੰਜਾਬ ਦੀ ਮੌਜੂਦਾ ਸਰਕਾਰ ਸੁਹਿਰਦ ਹੈ ਤਾਂ ਉਸ ਨੂੰ ਦ੍ਰਿੜ ਇਰਾਦੇ ਨਾਲ ਵੱਡੇ-ਵੱਡੇ ਸਮੱਗਲਰਾਂ ਨੂੰ ਹੱਥ ਪਾਉਣਾ ਪਵੇਗਾ, ਜਿਨ੍ਹਾਂ ਦੀ ਵੱਡੇ ਸਿਆਸਤਦਾਨ ਤੇ ਪੁਲਸ ਅਧਿਕਾਰੀ ਸਰਪ੍ਰਸਤੀ ਕਰ ਰਹੇ ਹਨ।

## ਕੋਟਲਾ ਡਡਹੇੜੀ ਕਤਲ ਕੇਸ ਦਾ ਮੁਲਜ਼ਮ ਗ੍ਰਿਫਤਾਰ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿੰਡ ਕੋਟਲਾ ਡਡਹੇੜੀ ਦੇ ਹਰਦੀਪ ਸਿੰਘ ਪੁੱਤਰ ਜਸਵੀਰ ਸਿੰਘ ਦੇ ਕਤਲ ਕੇਸ ਵਿੱਚ ਮੁਲਜ਼ਮ ਨੂੰ ਗ੍ਰਿਫਤਾਰ ਕਰ ਕੇ ਉਸ ਪਾਸੋਂ ਕਤਲ ਲਈ ਵਰਤੇ ਹਥਿਆਰ ਵੀ ਬਰਾਮਦ ਕਰ ਲਏ ਗਏ ਹਨ।ਇਹ ਜਾਣਕਾਰੀ ਦਿੰਦਿਆਂ ਸ੍ਰੀ ਗੁਰਦੀਪ ਸਿੰਘ, ਪੀ.ਪੀ.ਐੱਸ., ਉੱਪ ਕਪਤਾਨ ਪੁਲਸ ਸਰਕਲ ਅਮਲੋਹ ਨੇ ਦੱਸਿਆ ਕਿ 29 ਸਤੰਬਰ 2024 ਨੂੰ ਇੱਕ ਇਤਲਾਹ ਮਿਲੀ ਸੀ ਕਿ ਪਿੰਡ ਕੋਟਲਾ ਡਡਹੇੜੀ ਦੇ ਮੈਦਾਨ ਵਿੱਚ ਤੇਜ਼ਧਾਰ ਹਥਿਆਰਾਂ ਨਾਲ ਪਿੰਡ ਦੇ ਹੀ ਹਰਦੀਪ ਸਿੰਘ ਪੁੱਤਰ ਜਸਵੀਰ ਸਿੰਘ ਉਮਰ 32 ਸਾਲ ਦਾ ਕਤਲ ਕਰ ਦਿੱਤਾ ਗਿਆ ਹੈ।ਜਸਵੀਰ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਪਿੰਡ ਕੋਟਲਾ ਡਡਹੇੜੀ ਦੇ ਬਿਆਨ 'ਤੇ ਮੁਕੱਦਮਾ ਨੰਬਰ 186 ਮਿਤੀ 29.09.2024 ਅ/ਧ 103(1) ਬੀ ਐਨ ਐਸ, ਥਾਣਾ ਗੋਬਿੰਦਗੜ੍ਹ ਦਰਜ ਕਰ ਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ।ਕੇਸ ਦਰਜ ਕਰਨ ਉਪਰੰਤ ਡਾ. ਰਵਜੋਤ ਗਰੇਵਾਲ ਆਈ.ਪੀ.ਐੱਸ. ਸੀਨੀਅਰ ਕਪਤਾਨ ਪੁਲਸ, ਅਤੇ ਸ੍ਰੀ ਰਾਕੇਸ਼ ਯਾਦਵ ਪੀ.ਪੀ.ਐੱਸ. ਕਪਤਾਨ ਪੁਲਸ (ਇੰਨ:) ਦੇ ਦਿਸ਼ਾ ਨਿਰਦੇਸ਼ਾਂ ਤਹਿਤ ਇੰਸ: ਅਰਸ਼ਦੀਪ ਸ਼ਰਮਾ ਮੁੱਖ ਅਫਸਰ, ਥਾਣਾ ਗੋਬਿੰਦਗੜ੍ਹ ਤੇ ਸੀ.ਆਈ.ਏ. ਸਟਾਫ ਸਰਹਿੰਦ ਦੀਆਂ ਟੀਮਾਂ ਦਾ ਗਠਨ ਕੀਤਾ ਗਿਆ।ਮੁਲਜ਼ਮ ਨੂੰ ਗ੍ਰਿਫਤਾਰ ਕਰਨ ਲਈ ਵੱਖ-ਵੱਖ ਥਾਂ ਰੇਡ ਕੀਤੀ ਗਈ ਤੇ ਮੁੱਖ ਅਫਸਰ ਥਾਣਾ ਗੋਬਿੰਦਗੜ੍ਹ ਤੇ ਸੀ.ਆਈ.ਏ. ਸਰਹਿੰਦ ਦੀ ਟੀਮ ਵੱਲੋਂ ਗ੍ਰਿਫਤਾਰ ਕਰ ਕੇ ਮੁਲਜ਼ਮ ਤੋਂ ਵਾਰਦਾਤ ਵਿੱਚ ਵਰਤੇ ਹਥਿਆਰਾਂ ਨੂੰ ਬ੍ਰਾਮਦ ਕਰਵਾਏ ਗਏ ਤੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਡੀ ਵੀ ਐੱਮ ਪਬਲਿਕ ਸਕੂਲ 'ਚ ਵਾਤਾਵਰਨ ਸੰਬੰਧੀ ਐੱਨ ਸੀ ਸੀ ਕੈਡਟਾਂ ਨੂੰ ਸਹੁੰ ਚੁਕਾਈ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਡੀ ਵੀ ਐੱਮ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਉਦੇਕਰਨ ਵਿਖੇ ਸਕੂਲ ਪ੍ਰਿੰਸੀਪਲ ਡਾ. ਰਾਜ ਕੁਮਾਰੀ ਤੇ 6 ਪੰਜਾਬ ਗਰਲਜ਼ ਬਟਾਲੀਅਨ ਦੇ ਕਮਾਂਡਿੰਗ ਅਫਸਰ ਕਰਨਲ ਰਣਵੀਰ ਸਿੰਘ ਸੈਨਾ ਮੈਡਲ ਦੇ ਨਿਰਦੇਸ਼ਾਂ ਅਨੁਸਾਰ ਸਕੂਲ ਦੇ ਐੱਨ ਸੀ ਸੀ ਕੈਡੇਟਾਂ ਵੱਲੋਂ ਪੁਨੀਤ ਸਾਗਰ ਮਿਸ਼ਨ ਤਹਿਤ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਮੌਕੇ ਏ.ਐੱਨ.ਓ. ਰਜਨੀ ਬਾਲਾ ਦੀ ਅਗਵਾਈ ਹੇਠ ਕੈਡੇਟਾਂ ਨੇ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲਿਆ ਤੇ ਸਕੂਲ ਦੇ ਵਿਹੜੇ ਵਿੱਚ ਅਤੇ ਆਲੇ ਦੁਆਲੇ ਗਲੀਆਂ ਦੀ ਸਫਾਈ ਕੀਤੀ। ਇਸ ਮੌਕੇ ਵਿਦਿਆਰਥੀਆਂ ਨੇ ਪਿੰਡ ਵਾਸੀਆਂ ਨੂੰ ਪਾਣੀ ਦੀ ਸ਼ੁੱਧਤਾ ਬਾਰੇ ਜਾਗਰੂਕ ਕੀਤਾ। ਐੱਨ ਸੀ ਸੀ ਕੈਡਟਾਂ ਵੱਲੋਂ ਪਿੰਡ ਵਿੱਚ ਇੱਕ ਜਾਗਰੂਕਤਾ ਰੈਲੀ ਵੀ ਕੱਢੀ ਗਈ, ਜਿਸ ਵਿੱਚ ਲੋਕਾਂ ਨੂੰ ਆਪਣਾ ਆਲਾ ਦੁਆਲਾ ਸਾਫ ਰੱਖਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਅਧਿਕਾਰੀ ਤਾਰਿਕ ਹੁਸੈਨ, ਹਵਲਦਾਰ ਕਮਲ ਸਿੰਘ, ਹਵਲਦਾਰ ਅਜੈ ਸਿੰਘ ਤੇ ਹਵਲਦਾਰ ਭਾਰਤ ਭੂਸ਼ਣ ਅਤੇ ਸਕੂਲ ਸਟਾਫ ਮੈਂਬਰ ਸ਼ਮਲ ਸਨ।

## ਦੁਸਹਿਰਾ ਮਹਾਂਉਤਸਵ ਦੀਆਂ ਤਿਆਰੀਆਂ ਜ਼ੋਰਾਂ 'ਤੇ



**ਮੱਖੂ (ਰਛਪਾਲ ਸਿੰਘ ਸੰਧੂ)**-ਦੁਸਹਿਰਾ ਮਹਾਂਉਤਸਵ ਮਨਾਉਣ ਦੇ ਸਬੰਧ ਵਿੱਚ ਸ਼ਹਿਰ ਵਾਸੀਆਂ ਦੀ ਮੀਟਿੰਗ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਕਟਾਰੀਆ ਦੀ ਅਗਵਾਈ ਹੇਠ ਦਫਤਰ ਨਗਰ ਪੰਚਾਇਤ ਮੱਖੂ ਵਿਖੇ ਹੋਈ। ਮੀਟਿੰਗ ਦੌਰਾਨ ਸ਼ਹਿਰ ਵਾਸੀਆਂ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਦੁਸਹਿਰਾ ਮਹਾਂਉਤਸਵ 12 ਅਕਤੂਬਰ ਨੂੰ ਕੁੱਤਬਪੁਰ ਰੋਡ 'ਤੇ ਨਵੀਂ ਦਾਣਾ ਮੰਡੀ ਮਖੂ ਵਿਖੇ ਮਨਾਇਆ ਜਾਵੇਗਾ। ਦੁਸਹਿਰਾ ਮਹਾਂਉਤਸਵ ਮਨਾਉਣ ਸਬੰਧੀ ਤਿਆਰੀਆਂ ਜ਼ੋਰਾਂ ਨਾਲ ਕੀਤੀਆਂ ਜਾ ਰਹੀਆਂ ਹਨ। ਇਸ ਦੁਸਹਿਰਾ ਮਹਾਂਉਤਸਵ ਦੇ ਮੁੱਖ ਮਹਿਮਾਨ ਵਿਧਾਨ ਸਭਾ ਹਲਕਾ ਜ਼ੀਰਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਨਰੇਸ਼ ਕਟਾਰੀਆ ਹੋਣਗੇ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਕਟਾਰੀਆ, ਡਾ. ਰਜੀਵ ਅਹੂਜਾ ਰਵੀ, ਰਕੇਸ਼ ਕਾਲੜਾ, ਅਸ਼ੋਕ ਆਰਜੂ, ਯਸ਼ਵੀਰ ਮਨਚੰਦਾ, ਪਵਨ ਖੰਨਾ, ਮਾਸਟਰ ਬਲਵੀਰ ਪਟਾਕਾ, ਰਿਸ਼ੂ ਖੁਰਾਣਾ, ਬਲਵਿੰਦਰ ਠੁਕਰਾਲ, ਪ੍ਰਦੀਪ ਕੱਕੜ, ਕੀਮਤੀ ਨਰੂਲਾ, ਕੀਮਤੀ ਕਟਾਰੀਆ, ਬਿੱਲਾ ਸੇਠੀ, ਰਕੇਸ਼ ਬਜਾਜ, ਧਰਮਿੰਦਰ ਬਜਾਜ, ਬੌਬੀ ਗਰੋਵਰ, ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਅਮਰਜੀਤ ਕੌਰ ਛਾਬੜਾ, ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ ਆਦਿ ਹਾਜ਼ਰ ਸਨ।

# ਸੰਤ ਨਿਰੰਕਾਰੀ ਮਿਸ਼ਨ ਵੱਲੋਂ ਸਿਵਲ ਹਸਪਤਾਲ ਦੇ ਬਾਹਰੀ ਹਿੱਸਿਆਂ ਦੀ ਸਫ਼ਾਈ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੰਤ ਨਿਰੰਕਾਰੀ ਮਿਸ਼ਨ ਵੱਲੋਂ 'ਸਵੱਛਤਾ ਹੀ ਸੇਵਾ' ਮੁਹਿੰਮ ਵਿੱਚ ਹਿੱਸਾ ਪਾਉਂਦਿਆਂ ਸਤਿਗੁਰੂ ਮਾਤਾ ਸੁਦਿਕਸ਼ਾ ਜੀ ਮਹਾਰਾਜ ਦੇ ਅਸ਼ੀਰਵਾਦ ਨਾਲ ਸਥਾਨਕ ਸ਼ਹਿਰ ਦੇ ਸਿਵਲ ਹਸਪਤਾਲ ਦੇ ਬਾਹਰੀ ਹਿੱਸਿਆਂ ਦੀ ਸਫ਼ਾਈ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਤ ਨਿਰੰਕਾਰੀ ਮੰਡਲ ਰਾਮਪੁਰਾ ਫੂਲ ਦੇ ਸੰਯੋਜਕ ਸਤੀਸ਼ ਵਰਮਾ ਨੇ ਦੱਸਿਆ ਕਿ 'ਸਵੱਛਤਾ ਹੀ ਸੇਵਾ' ਤਹਿਤ ਭਾਰਤ ਦੇ ਕਾਫ਼ੀ ਸ਼ਹਿਰਾਂ ਦੀਆਂ ਜਨਤਕ ਥਾਵਾਂ ਜਿਵੇਂ ਬੱਸ ਸਟੈਂਡ, ਰੇਲਵੇ ਸਟੇਸ਼ਨ, ਸਰਕਾਰੀ ਸਿਵਲ ਹਸਪਤਾਲਾਂ ਦੀ ਸਫ਼ਾਈ ਸੰਤ ਨਿਰੰਕਾਰੀ ਮਿਸ਼ਨ ਦੇ ਸੇਵਾਦਾਰਾਂ ਵੱਲੋਂ ਕੀਤੀ ਗਈ।ਇਸ ਸਬੰਧੀ ਸ਼ਹਿਰ ਦੇ ਸਰਕਾਰੀ ਹਸਪਤਾਲ ਦੇ ਬਾਹਰੀ ਇਲਾਕਿਆਂ ਦੀ ਸਫ਼ਾਈ ਕੀਤੀ ਗਈ।ਇਸ ਸੇਵਾ ਵਿੱਚ ਸ਼ਹਿਰ ਦੇ ਸੇਵਾਦਾਰਾਂ ਤੋਂ ਇਲਾਵਾ ਨੇੜਲੇ ਪਿੰਡਾਂ ਲਹਿਰਾ ਮੁਹੱਬਤ, ਬਦਿਆਲਾ, ਕੋਟੜਾ ਕੌੜਾ, ਗਿੱਲ ਕਲਾਂ, ਫੂਲ, ਚੋਟੀਆਂ ਆਦਿ ਕਾਫ਼ੀ ਪਿੰਡਾਂ ਦੇ ਸੇਵਾਦਾਰ ਭੈਣਾਂ ਤੇ ਭਾਈਆਂ ਦਾ ਯੋਗਦਾਨ ਰਿਹਾ।ਇਸ ਸੇਵਾ ਦੀ ਸ਼ੁਰੂਆਤ ਸਵੇਰ 7 ਵਜੇ ਤੋਂ ਸ਼ੁਰੂ ਹੋ ਕੇ ਕਰੀਬ 11 ਵਜੇ ਤੱਕ ਚਲਦੀ ਰਹੀ, ਜਿਸ ਦੌਰਾਨ ਸਾਰੇ ਸੇਵਾਦਾਰਾਂ, ਜਿਸ ਵਿੱਚ ਕਾਫ਼ੀ ਨੌਜਵਾਨ ਬੱਚੇ ਵੀ ਸਨ, ਨੇ ਇਸ ਸੇਵਾ ਨੂੰ ਤਨੋਂ ਮਨੋਂ ਕੀਤਾ।ਇਸ ਸਫ਼ਾਈ ਮੁਹਿੰਮ ਦੌਰਾਨ ਹਸਪਤਾਲ ਦੇ ਬਾਹਰੀ ਇਲਾਕੇ ਵਿੱਚ ਜੋ ਵੀ ਫ਼ਾਲਤੂ ਘਾਹ ਫੂਸ ਉੱਗਿਆ ਹੋਇਆ ਸੀ, ਉਸ ਨੂੰ ਪੁੱਟ ਦਿੱਤਾ ਗਿਆ ਤੇ ਜੋ ਵਾਧੂ ਕਚਰਾ ਆਸ-ਪਾਸ ਫੈਲਿਆ ਹੋਇਆ ਸੀ, ਉਸ ਨੂੰ ਇਕੱਠਾ ਕਰਕੇ ਟਰਾਲੀ ਰਾਹੀਂ ਸ਼ਹਿਰ ਤੋਂ ਬਾਹਰ ਬਣੇ ਡੰਪ 'ਤੇ ਲਿਜਾਇਆ ਗਿਆ।ਇਸ ਸਫ਼ਾਈ ਮੁਹਿੰਮ ਦੀ ਸ਼ਲਾਘਾ ਕਰਦਿਆਂ ਹਸਪਤਾਲ ਦੀ ਐੱਸ.ਐੱਮ.ਓ. ਮੈਡਮ ਗੁਨਿੰਦਰ ਗੀਤ ਨੇ ਕਿਹਾ ਕਿ ਸੰਤ ਨਿਰੰਕਾਰੀ ਮਿਸ਼ਨ ਦੀ ਇਸ ਸੇਵਾ ਬਦਲੇ ਜਿੰਨੀ ਤਾਰੀਫ਼ ਕੀਤੀ ਜਾਵੇ, ਥੋੜ੍ਹੀ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜਿਸ ਤਰ੍ਹਾਂ ਸੰਤ ਨਿਰੰਕਾਰੀ ਮਿਸ਼ਨ ਦੇ ਸੇਵਾਦਾਰ ਬਗੈਰ ਕਿਸੇ ਭੇਦਭਾਵ ਦੇ ਸੇਵਾ ਕਰਦੇ ਹਨ, ਉਸੇ ਤਰ੍ਹਾਂ ਆਮ ਲੋਕ ਵੀ ਸਮਾਜ ਸੇਵਾ ਦੇ ਕੰਮਾਂ ਵਿੱਚ ਵੱਧ-ਚੜ੍ਹ ਕੇ ਯੋਗਦਾਨ ਪਾਉਣ ਤਾਂ ਜੋ ਸਮਾਜ ਵਧੀਆ ਬਣ ਸਕੇ।

# ਲੜਕੀਆਂ ਨੂੰ ਸਿਲਾਈ ਮਸ਼ੀਨਾਂ ਤੇ ਬਿਊਟੀ ਪਾਰਲਰ ਕਿੱਟਾਂ ਵੰਡੀਆਂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸਮਾਜ ਸੇਵਾ ਦੇ ਖੇਤਰ ਵਿੱਚ ਸ਼ਲਾਘਾਯੋਗ ਕੰਮ ਕਰ ਰਹੀ ਮੁਕਤੀਸਰ ਵੈੱਲਫੇਅਰ ਕਲੱਬ ਵੱਲੋਂ ਪਿਛਲੇ ਕਈ ਸਾਲਾਂ ਤੋਂ ਸ੍ਰੀ ਮੁਕਤਸਰ ਸਾਹਿਬ ਦੇ ਵੱਖ-ਵੱਖ ਖੇਤਰਾਂ ਵਿੱਚ ਸਿਲਾਈ ਸੈਂਟਰ ਤੇ ਬਿਊਟੀ ਪਾਰਲਰ ਸੈਂਟਰ ਜ਼ਰੂਰਤਮੰਦ ਲੜਕੀਆਂ ਲਈ ਸੋਸਵਾ ਐੱਨਜੀਓ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਚੰਡੀਗੜ੍ਹ ਦੇ ਸਹਿਯੋਗ ਨਾਲ ਚਲਾਇਆ ਜਾ ਰਿਹਾ ਹੈ। ਇਨ੍ਹਾਂ ਸੈਂਟਰਾਂ ਦੀ ਸਮਾਪਤੀ ਦੌਰਾਨ 25 ਲੜਕੀਆਂ ਨੂੰ ਸਿਲਾਈ ਮਸ਼ੀਨਾਂ ਤੇ 25 ਲੜਕੀਆਂ ਨੂੰ ਬਿਊਟੀ ਪਾਰਲਰ ਕਿੱਟਾਂ ਵੰਡਣ ਦੀ ਰਸਮ ਮਾਣਯੋਗ ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ ਵੱਲੋਂ ਨਿਭਾਈ ਗਈ। ਇਸ ਮੌਕੇ ਲਿਟਲ ਫਲਾਵਰ ਕਾਨਵੈਂਟ ਸਕੂਲ ਦੇ ਫਾਦਰ ਵਿਨਸੇਂਟ ਚਿੱਟੀਨਾਪਿਲੀ, ਐੱਨਜੀਓ ਕੋਆਰਡੀਨੇਟਰ ਡਾਕਟਰ ਨਰੇਸ਼ ਪਰੂਥੀ ਹਾਜ਼ਰ ਸਨ। ਮਾਨਯੋਗ ਮੰਤਰੀ ਨੇ ਲੜਕੀਆਂ ਨੂੰ ਸਿਲਾਈ ਮਸ਼ੀਨਾਂ ਤੇ ਬਿਊਟੀ ਪਾਰਲਰ ਕਿੱਟਾਂ ਵੰਡਦੇ ਹੋਏ ਕਿਹਾ ਕਿ ਉਹ ਭਵਿੱਖ ਵਿੱਚ ਕਾਮਯਾਬੀ ਪ੍ਰਾਪਤ ਕਰਨ। ਇਸ ਦੌਰਾਨ ਉਨ੍ਹਾਂ ਕਿਹਾ ਕਿ ਇਸ ਸੰਸਥਾ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਔਰਤਾਂ ਤੇ ਬੱਚਿਆਂ ਦੀ ਭਲਾਈ ਲਈ ਸ਼ਲਾਘਾਯੋਗ ਕੰਮ ਕੀਤਾ ਜਾ ਰਿਹਾ ਹੈ ਅਤੇ ਇਹ ਇਸੇ ਤਰ੍ਹਾਂ ਹੀ ਲੋਕ ਭਲਾਈ ਦੇ ਕੰਮ ਕਰਦੇ ਰਹਿਣ। ਇਸ ਦੌਰਾਨ ਮੁਕਤੀਸਰ ਵੈੱਲਫੇਅਰ ਕਲੱਬ ਪ੍ਰਧਾਨ ਜਸਪ੍ਰੀਤ ਸਿੰਘ ਛਾਬੜਾ ਨੇ ਕਿਹਾ ਕਿ ਸਾਡੀ ਸੰਸਥਾ ਹੁਣ ਤੱਕ 425 ਸਲਾਈ ਮਸ਼ੀਨਾਂ ਤੇ 250 ਬਿਊਟੀ ਪਾਰਲਰ ਕਿੱਟਾਂ ਵੰਡ ਚੁੱਕੀ ਹੈ ਅਤੇ ਅਗਲੇ ਬੈਚ ਜਲਦ ਹੀ ਸ਼ੁਰੂ ਕਰਕੇ ਜ਼ਰੂਰਤਮੰਦ ਲੜਕੀਆਂ ਦੀ ਸੂਚੀ ਤਿਆਰ ਕਰਕੇ ਉਨ੍ਹਾਂ ਨੂੰ ਛੇ ਮਹੀਨੇ ਦੀ ਟ੍ਰੇਨਿੰਗ ਦੇ ਕੇ ਸਾਰਾ ਵਰਤਿਆ ਜਾਣ ਵਾਲਾ ਸਾਮਾਨ ਸੰਸਥਾ ਵੱਲੋਂ ਮੁਹੱਈਆ ਕਰਵਾਇਆ ਜਾਵੇਗਾ ਅਤੇ ਟ੍ਰੇਨਿੰਗ ਉਪਰੰਤ ਅਗਲੇ ਬੈਚ ਵਿੱਚ ਫਿਰ ਇੱਕ-ਇੱਕ ਸਰਟੀਫਿਕੇਟ ਤੇ ਸਲਾਈ ਮਸ਼ੀਨ ਅਤੇ ਬਿਊਟੀ ਪਾਰਲ ਕਿੱਟ ਮੁਹੱਈਆ ਕਰਵਾਈ ਜਾਏਗੀ। ਇਸ ਦੌਰਾਨ ਜ਼ਿਲ੍ਹਾ ਸਮਾਜਸੇਵੀ ਸੰਸਥਾਵਾਂ ਦੇ ਕੋਆਰਡੀਨੇਟਰ ਡਾਕਟਰ ਨਰੇਸ਼ ਪਰੂਥੀ, ਰੋਹਿਤ ਬਤਰਾ, ਮੁਕਤੀਸਰ ਸੰਸਥਾ ਤੋਂ ਨਵਦੀਪ ਸਿੰਘ, ਜੋਗਿੰਦਰ ਸਿੰਘ, ਡਾਕਟਰ ਵਿਜੇ ਬਜਾਜ, ਸਮਸ਼ੇਰ ਸਿੰਘ, ਰਜਿੰਦਰ ਪ੍ਰਸਾਦ ਗੁਪਤਾ, ਰੋਹਿਤ ਕੁਮਾਰ, ਵਰਿੰਦਰ ਕੌਰ, ਦਵਿੰਦਰ ਕੌਰ, ਆਸੀਸ ਕੁਮਾਰ ਬਾਂਸਲ, ਚਮਨ ਲਾਲ ਬਾਂਸਲ, ਐਡਵੋਕੇਟ ਸੁਖਪ੍ਰੀਤ ਕੌਰ, ਗਗਨਦੀਪ ਕੌਰ ਆਦਿ ਹਾਜ਼ਰ ਸਨ।

## ਬੰਦੀ ਸਿੰਘਾਂ ਨੂੰ ਕਿਉਂ ਨਹੀਂ ਦਿੰਦੇ ਪੈਰੋਲ : ਖਾਲਸਾ

### *ਸਰਕਾਰ ਪੰਚਾਇਤੀ ਚੋਣਾਂ 'ਚ ਧੱਕੇਸ਼ਾਹੀ ਨਾ ਕਰੇ*



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ, ਜੋ ਸੰਗੀਨ ਜੁਰਮਾਂ 'ਚ ਸਜ਼ਾ-ਯਾਫਤਾ ਹੈ, ਨੂੰ ਵਾਰ ਵਾਰ ਪੈਰੋਲ ਦੇ ਕੇ ਤੇ ਸਜ਼ਾਵਾਂ ਪੂਰੀਆਂ ਕਰ ਚੁੱਕਣ ਦੇ ਬਾਵਜੂਦ ਜੇਲ੍ਹਾਂ 'ਚ ਬੰਦ ਸਿੱਖਾਂ ਨੂੰ ਪੈਰੋਲ ਨਾ ਦੇ ਕੇ ਸਿੱਖਾਂ 'ਚ ਬੇਗਾਨਗੀ ਦਾ ਅਹਿਸਾਸ ਕਰਵਾਇਆ ਜਾ ਰਿਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਫਰੀਦਕੋਟ ਤੋਂ ਸੰਸਦ ਮੈਂਬਰ ਭਾਈ ਸਰਬਜੀਤ ਸਿੰਘ ਖਾਲਸਾ ਨੇ ਤਖਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋਣ ਉਪਰੰਤ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਜੇਕਰ ਕਾਨੂੰਨ ਬਰਾਬਰ ਹੈ ਤਾਂ ਭਾਈ ਅੰਮ੍ਰਿਤਪਾਲ ਸਿੰਘ ਸਮੇਤ ਹੋਰਨਾਂ ਬੰਦੀ ਸਿੰਘਾਂ ਨੂੰ ਪੈਰੋਲ ਕਿਉਂ ਨਹੀਂ ਦਿੰਦੇ। ਭਾਈ ਖਾਲਸਾ ਨੇ ਪੰਚਾਇਤੀ ਚੋਣਾਂ ਬਾਰੇ ਜਿੱਥੇ ਲੋਕਾਂ ਨੂੰ ਭਾਈਚਾਰਕ ਸਾਂਝ ਬਣਾਏ ਰੱਖਣ ਦੀ ਅਪੀਲ ਕੀਤੀ, ਉੱਥੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਇਹ ਸਾਰੇ ਉਮੀਦਵਾਰਾਂ ਨੂੰ ਐੱਨ ਓ ਸੀ ਮਿਲਣਾ ਯਕੀਨੀ ਬਣਾਉਣ, ਕਿਉਂਕਿ ਵਿਰੋਧੀ ਧਿਰਾਂ ਦੇ ਉਮੀਦਵਾਰਾਂ ਨੂੰ ਚੁੱਲ੍ਹਾ ਟੈਕਸ ਦੀਆਂ ਰਸੀਦਾਂ ਨਾ ਦੇਣ ਦੀਆਂ ਰਿਪੋਰਟਾਂ ਸਾਹਮਣੇ ਆ ਰਹੀਆਂ ਹਨ। ਉਨ੍ਹਾ ਕਿਹਾ ਕਿ ਆਪ ਸਰਕਾਰ ਧੱਕੇਸ਼ਾਹੀ ਨਾ ਕਰੇ।

# ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਆਤਮ-ਰੱਖਿਆ ਸਿਖਲਾਈ ਵਰਕਸ਼ਾਪ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਦੇ ਇੰਟਰਨਲ ਕੁਆਲਿਟੀ ਇੰਸ਼ੋਰੈਂਸ ਸੈੱਲ ਦੁਆਰਾ ਆਈ ਸੀ ਸੀ ਦੇ ਸਹਿਯੋਗ ਨਾਲ਼ 'ਅਨਲੀਸ਼ ਯੂਅਰ ਪਾਵਰ ਥਰੂ ਸੈਲਫ਼ ਡਿਫ਼ੈਂਸ' ਵਿਸ਼ੇ 'ਤੇ ਆਤਮ ਰੱਖਿਆ ਸਿਖਲਾਈ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਹ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਪ੍ਰੋ. ਰਣਜੀਤ ਕੌਰ ਤੇ ਡਾ. ਲਵਲੀਨ ਬੈਂਸ ਦੀ ਅਗਵਾਈ ਵਿੱਚ ਇਸ ਆਤਮ ਰੱਖਿਆ ਸਿਖਲਾਈ ਵਰਕਸ਼ਾਪ ਵਿੱਚ ਆਪਣੀਆਂ ਪ੍ਰਾਪਤੀਆਂ ਨਾਲ਼ ਗਿਨੀਜ਼ ਬੁੱਕ ਆਫ਼ ਵਰਲਡ ਰਿਕਾਰਡ ਵਿੱਚ ਨਾਮ ਦਰਜ ਕਰਵਾ ਚੁੱਕੇ ਨਾਮਵਰ ਖਿਡਾਰੀ ਤੇ ਮਾਰਸ਼ਲ ਆਰਟਸ ਦੇ ਮਾਹਰ ਸ੍ਰੀ ਹਰਪ੍ਰੀਤ ਸਿੰਘ ਦਿਓਲ ਨੇ ਮੁੱਖ ਵਕਤਾ ਵਜੋਂ ਸ਼ਿਰਕਤ ਕੀਤੀ।ਵਰਕਸ਼ਾਪ ਦੇ ਆਰੰਭ ਵਿੱਚ ਕਾਲਜ ਪ੍ਰਬੰਧਕੀ ਕਮੇਟੀ ਦੇ ਮੈਂਬਰ ਸ੍. ਨਵਨੀਤ ਸਿੰਘ ਮਾਂਗਟ, ਕਾਲਜ ਪ੍ਰਿੰਸੀਪਲ, ਅਧਿਆਪਕ ਸਾਹਿਬਾਨ ਤੇ ਸੁਖਪਾਲ ਸਿੰਘ ਧਰਨੀ ਦੁਆਰਾ ਮੁੱਖ ਵਕਤਾ ਸ੍ਰੀ ਹਰਪ੍ਰੀਤ ਸਿੰਘ ਦਿਓਲ ਨੂੰ ਪੌਦਾ ਦੇ ਕੇ ਜੀ ਆਇਆਂ ਨੂੰ ਆਖਿਆ ਗਿਆ।ਇਸ ਉਪਰੰਤ ਮੁੱਖ ਵਕਤਾ ਨੇ ਕਾਲਜ ਵਿਦਿਆਰਥੀਆਂ ਨੂੰ ਆਤਮ ਰੱਖਿਆ ਦੇ ਪੈਂਤੜੇ ਸਿਖਾਏ ਤੇ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਜੀਵਨ ਜਿਉਣ ਲਈ ਪ੍ਰੇਰਿਆ।ਵਰਕਸ਼ਾਪ ਦੇ ਅੰਤ ਵਿੱਚ ਡੀਨ ਐਕਸਟੈਂਸ਼ਨ ਐਕਟੀਵਿਟੀਜ਼ ਡਾ. ਲਵਲੀਨ ਬੈਂਸ ਨੇ ਸਾਰਿਆਂ ਦਾ ਧੰਨਵਾਦ ਕੀਤਾ।ਇਸ ਮੌਕੇ ਮੁੱਖ ਵਕਤਾ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਮੰਚ ਸੰਚਾਲਨ ਦੀ ਭੂਮਿਕਾ ਡਾ. ਗੁਰਪ੍ਰੀਤ ਸਿੰਘ ਤੇ ਪ੍ਰੋ. ਹਰਪ੍ਰੀਤ ਕੌਰ ਕਾਹਲੋਂ ਨੇ ਅਦਾ ਕੀਤੀ।ਇਸ ਵਰਕਸ਼ਾਪ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸਮੁੱਚੀ ਟੀਮ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਮੁਬਾਰਕਬਾਦ ਦਿੱਤੀ।

## ਲਿਬਰੇਸ਼ਨ ਵੱਲੋਂ ਗੈਸਟ ਫੈਕਲਟੀ ਅਧਿਆਪਕਾਂ ਦੇ ਸੰਘਰਸ਼ ਦੀ ਹਮਾਇਤ

**ਮਾਨਸਾ (ਆਤਮਾ ਸਿੰਘ ਪਮਾਰ)**-ਲਿਬਰੇਸ਼ਨ ਵੱਲੋਂ ਜਿੱਥੇ ਅਦਾਲਤੀ ਰੋਕ ਖਤਮ ਹੋਣ ਪਿੱਛੋਂ ਇੱਕ ਹਜ਼ਾਰ ਦੇ ਕਰੀਬ ਕਾਲਜ ਲੈਕਚਰਾਰਾਂ ਤੇ ਲਾਇਬ੍ਰੇਰੀਅਨਾਂ ਦੀਆਂ ਨਿਯੁਕਤੀਆਂ ਦਾ ਸੁਆਗਤ ਕੀਤਾ ਹੈ, ਉਥੇ ਪੰਜਾਬ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਉਹ ਪਿਛਲੇ 20-22 ਸਾਲ ਤੋਂ ਮਾਮੂਲੀ ਤਨਖਾਹਾਂ 'ਤੇ ਸਰਕਾਰੀ ਕਾਲਜਾਂ ਵਿੱਚ ਸੇਵਾਵਾਂ ਦੇ ਰਹੇ ਗੈਸਟ ਫੈਕਲਟੀ ਤੇ ਪਾਰਟ ਟਾਇਮ ਲੈਕਚਰਾਰਾਂ ਦੀ ਨੌਕਰੀ ਨੂੰ ਬਰਕਰਾਰ ਰੱਖਣ ਦੀ ਵੀ ਗਾਰੰਟੀ ਕਰੇ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਵੱਲੋਂ ਛਾਂਟੀ ਦੇ ਖ਼ਤਰੇ ਦਾ ਸਾਹਮਣਾ ਕਰ ਰਹੇ ਇਨ੍ਹਾਂ ਲੈਕਚਰਾਰਾਂ ਦੇ ਅੰਦੋਲਨ ਨੂੰ ਅਪਣੀ ਹਮਾਇਤ ਦੇਣ ਦਾ ਐਲਾਨ ਕਰਦਿਆਂ ਕੀਤਾ।

ਲਿਬਰੇਸ਼ਨ ਦੇ ਸੂਬਾਈ ਬੁਲਾਰੇ ਕਾਮਰੇਡ ਸੁਖਦਰਸ਼ਨ ਸਿੰਘ ਨੱਤ ਵੱਲੋਂ ਇਥੋਂ ਜਾਰੀ ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਸੂਬੇ ਦੇ ਕੁੱਲ 64 ਸਰਕਾਰੀ ਕਾਲਜਾਂ ਵਿੱਚ ਲੈਕਚਰਾਰਾਂ ਦੀਆਂ ਕੁੱਲ 2250 ਆਸਾਮੀਆਂ ਹਨ, ਪਰ ਇਨ੍ਹਾਂ ਕਾਲਜਾਂ ਵਿੱਚ ਸਿਰਫ 157 ਰੈਗੂਲਰ ਲੈਕਚਰਾਰ, 825 ਗੈਸਟ ਫੈਕਲਟੀ ਤੇ 197 ਪਾਰਟ ਟਾਇਮ ਲੈਕਚਰਾਰ ਹੀ ਕੰਮ ਕਰ ਰਹੇ ਹਨ।ਹੁਣ ਕਰੀਬ ਇੱਕ ਹਜ਼ਾਰ ਲੈਕਚਰਾਰਾਂ ਤੇ ਲਾਈਬ੍ਰੇਰੀਅਨਾਂ ਦੀਆਂ ਰੈਗੂਲਰ ਨਿਯੁਕਤੀਆਂ ਹੋਣ ਦੇ ਬਾਵਜੂਦ ਹਾਲੇ ਵੀ ਸਰਕਾਰੀ ਕਾਲਜਾਂ ਵਿੱਚ ਕਰੀਬ 50 ਪੋਸਟਾਂ ਖਾਲੀ ਹਨ, ਜੇਕਰ ਮਾਨ ਸਰਕਾਰ ਅਫ਼ਸਰਸ਼ਾਹੀ ਦੀਆਂ ਮਨਮਾਨੀਆਂ ਤੇ ਭ੍ਰਿਸ਼ਟਾਚਾਰ ਨੂੰ ਨੱਥ ਪਾ ਕੇ ਸਹੀ ਪਲਾਨਿੰਗ ਨਾਲ ਪੋਸਟਿੰਗ ਕਰੇ, ਤਾਂ ਦੋ ਜਾਂ ਢਾਈ ਦਹਾਕਿਆਂ ਤੋਂ ਮਾਮੂਲੀ ਤਨਖਾਹਾਂ 'ਤੇ ਪੜ੍ਹਾਉਣ ਤੇ ਕਾਲਜਾਂ ਨੂੰ ਚੱਲਦਾ ਰੱਖਣ ਵਾਲੇ ਗੈਸਟ ਫੈਕਲਟੀ, ਪਾਰਟ ਟਾਇਮ ਲੈਕਚਰਾਰਾਂ ਦੀਆਂ ਸੇਵਾਵਾਂ ਬਿਨਾਂ ਕਿਸੇ ਦਿੱਕਤ ਦੇ ਜਾਰੀ ਰੱਖੀਆਂ ਜਾ ਸਕਦੀਆਂ ਹਨ।

## ਆਯੂਸ਼ਮਾਨ ਕਾਰਡ ਯੋਜਨਾ ਨੂੰ ਲੱਗਿਆ ਗ੍ਰਹਿਣ : ਕਾਂਸਲ

### *ਸਰਕਾਰ ਨੇ 350 ਕਰੋੜ ਰੁਪਏ ਦਾ ਕੀਤਾ ਦੁਰਉਪਯੋਗ*



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕੇਂਦਰ ਸਰਕਾਰ ਵੱਲੋਂ ਜਾਰੀ ਕੀਤੀ ਗਈ ਆਯੂਸ਼ਮਾਨ ਕਾਰਡ ਯੋਜਨਾ ਨੂੰ ਪੰਜਾਬ ਵਿੱਚ ਗ੍ਰਹਿਣ ਲੱਗ ਗਿਆ ਹੈ, ਕਿਉਂਕਿ ਕੁੱਝ ਨਿੱਜੀ ਹਸਪਤਾਲਾਂ ਨੇ ਸਰਕਾਰ ਵੱਲੋਂ ਫੰਡ ਨਾ ਜਾਰੀ ਹੋਣ ਦੀ ਸੂਰਤ ਵਿੱਚ ਮਰੀਜ਼ਾਂ ਨੂੰ ਮਿਲਣ ਵਾਲਾ ਮੁਫਤ ਇਲਾਜ ਬੰਦ ਕਰ ਦਿੱਤਾ ਹੈ। ਇਸ ਮੌਕੇ ਭਾਜਪਾ ਪਟਿਆਲਾ ਜ਼ਿਲ੍ਹਾ ਦੇ ਐਕਟਿਵ ਮੈਂਬਰ ਐਡ. ਗੁਰਵਿੰਦਰ ਕਾਂਸਲ ਤੇ ਉਨ੍ਹਾਂ ਦੀ ਟੀਮ ਨੇ ਇੱਕ ਮੀਟਿੰਗ ਕਰਕੇ ਪੰਜਾਬ ਸਰਕਾਰ ਨੂੰ ਜੰਮ ਕੇ ਕੋਸਿਆ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਆਯੂਸ਼ਮਾਨ ਯੋਜਨਾ ਦੇ ਨਾਂਅ 'ਤੇ ਸਿੱਧੇ ਤੌਰ 'ਤੇ ਝੂਠ ਬੋਲ ਰਹੀ ਹੈ, ਕਿਉਂਕਿ ਕੇਂਦਰ ਸਰਕਾਰ ਦੇ ਹੈਲਥ ਡਿਪਾਰਟਮੈਂਟ ਨੇ ਪਿਛਲੇ ਕੁਝ ਸਮੇਂ ਦੌਰਾਨ ਪੰਜਾਬ ਸਰਕਾਰ ਨੂੰ 350 ਕਰੋੜ ਰੁਪਏ ਆਯੂਸ਼ਮਾਨ ਯੋਜਨਾ ਦੇ ਜਾਰੀ ਕਰ ਦਿੱਤੇ ਹਨ, ਪਰ ਪੰਜਾਬ ਸਰਕਾਰ ਨੇ ਇਨ੍ਹਾਂ ਫੰਡਾਂ ਦਾ ਦੁਰਉਪਯੋਗ ਕਰਕੇ ਇਹ ਪੈਸਾ ਹੋਰ ਕੰਮਾਂ ਵਿੱਚ ਖਰਚ ਕਰ ਦਿੱਤਾ ਹ, ਜਿਸ ਕਰਕੇ ਨਿੱਜੀ ਹਸਪਤਾਲਾਂ ਨੂੰ ਪੈਸਾ ਨਹੀਂ ਪਹੁੰਚਿਆ ਅਤੇ ਉਨ੍ਹਾਂ ਨੇ ਗਰੀਬ ਵਿਅਕਤੀਆਂ ਦਾ ਇਲਾਜ ਕਰਨ ਤੋਂ ਸਰਕਾਰ ਨੂੰ ਨਾਂਹ ਕਰ ਦਿੱਤੀ ਹੈ, ਜਿਸ ਨਾਲ ਗੰਭੀਰ ਬਿਮਾਰੀਆਂ ਨਾਲ ਜੂਝ ਰਹੇ ਵਿਅਕਤੀਆਂ ਨੂੰ ਖੱਜਲ ਖੁਆਰ ਹੋਣਾ ਪੈ ਰਿਹਾ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਜਲਦੀ ਹੀ ਇਹ ਪੈਸਾ ਨਿੱਜੀ ਹਸਪਤਾਲਾਂ ਨੂੰ ਜਾਰੀ ਕੀਤਾ ਜਾਵੇ ਤਾਂ ਜੋ ਮਰੀਜ਼ਾਂ ਨੂੰ ਬਣਦਾ ਇਲਾਜ ਤੇ ਉਨ੍ਹਾਂ ਦਾ ਹੱਕ ਸਮੇਂ ਸਿਰ ਮਿਲ ਸਕੇ। ਇਸ ਮੌਕੇ ਦੀਸ਼ਾਂਤ ਕਾਂਸਲ, ਰਾਹੁਲ ਬਾਂਸਲ ਤੇ ਆਯੁਸ਼ ਭਾਂਬਰੀ ਹਾਜ਼ਰ ਸਨ।

# ਸੰਯੁਕਤ ਕਿਸਾਨ ਮੋਰਚੇ ਨੇ ਮੁਜ਼ਾਹਰਾ ਕਰਕੇ ਮੋਦੀ ਤੇ ਅਜੇ ਮਿਸ਼ਰਾ ਟਹਿਣੀ ਦਾ ਪੁਤਲਾ ਫੂਕਿਆ

ਧਾਰੀਵਾਲ/ਗੁਰਦਾਸਪੁਰ (ਮਨਦੀਪ ਸਿੰਘ ਵਿੱਕੀ, ਜਨਕ ਮਹਾਜਨ)-ਗੁਰੂ ਨਾਨਕ ਪਾਰਕ ਵਿਖੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਤੇ ਦੇਸ਼ ਵਿਆਪੀ ਪ੍ਰੋਗਰਾਮ ਦੇ ਸਹਿਤ ਰੈਲੀ ਕਰਕੇ ਲਖੀਮਪੁਰ ਖੀਰੀ ਦੇ 3 ਅਕਤੂਬਰ 2021 ਦੇ ਸ਼ਹੀਦ ਕਿਸਾਨਾਂ ਨਛੱਤਰ ਸਿੰਘ, ਲਵਪ੍ਰੀਤ ਸਿੰਘ, ਗੁਰਵਿੰਦਰ ਸਿੰਘ,ਦਲਜੀਤ ਸਿੰਘ ਤੇ ਰਮਨ ਕਸ਼ਪ ਨੂੰ ਸ਼ਰਧਾਂਜਲੀ ਅਰਪਤ ਕੀਤੀ ਗਈ।ਇਸ ਦੀ ਪ੍ਰਧਾਨਗੀ ਸਾਂਝੇ ਤੌਰ ਤੇ ਤਰਲੋਕ ਸਿੰਘ ਬਹਿਰਾਮਪੁਰ ,ਅਜੀਤ ਸਿੰਘ ਹੁੰਦਲ, ਮੰਗਤ ਸਿੰਘ ਜੀਵਨ ਚੱਕ,



ਬਲਬੀਰ ਸਿੰਘ ਉੱਚਧਕਾਲਾ, ਗੁਰਦੀਪ ਸਿੰਘ ਮੁਸਫਾਬਾਦ ਤੇ ਮਜ਼ਦੂਰ ਆਗੂ ਰਾਜ ਕੁਮਾਰ ਪੰਡੋਰੀ ਨੇ ਸਾਂਝੇ ਤੌਰ ਤੇ ਕੀਤੀ।ਉਪਰੰਤ ਮਾਰਚ ਕਰਕੇ ਡਾਕਖਾਨਾ ਚੌਕ ਵਿਖੇ ਸ਼ਹੀਦਾਂ ਦੇ ਕਾਤਲ ਅਜੇ ਮਿਸ਼ਰਾ ਟਹਿਣੀ ਦੇ ਕਪੁੱਤਰ ਅਸ਼ੀਸ਼ ਮਿਸ਼ਰਾ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੁਤਲੇ ਫੂਕੇ ਗਏ।

ਇਸ ਮੌਕੇ ਬੋਲਦਿਆਂ ਮੱਖਣ ਸਿੰਘ ਕੋਹਾੜ ਸਤਬੀਰ ਸਿੰਘ ਸੁਲਤਾਨੀ ਗੁਰਵਿੰਦਰ ਸਿੰਘ ਜੀਵਨ ਚੱਕ ਸੁਖਦੇਵ ਸਿੰਘ ਭਾਗੋ ਕਾਵਾਂ ਬਲਬੀਰ ਸਿੰਘ ਬੈਂਸ ਰਾਜਕੁਮਾਰ ਪੰਡੋਰੀ ਰਘਬੀਰ ਸਿੰਘ ਚਾਹਲ ਗਗਨਦੀਪ ਸਿੰਘ ਗਿਆਨੀ ਮਹਿੰਦਰ ਸਿੰਘ ਪਲਵਿੰਦਰ ਸਿੰਘ ਗੋਸਲ ਰਜਵੰਤ ਸਿੰਘ ਅਲੀਸ਼ੇਰ ਆਦਿ ਨੇ ਆਖਿਆ ਕਿ ਮੋਦੀ ਸਰਕਾਰ ਨੇ ਕਾਲੇ ਕਾਨੂੰਨ ਲਿਆ ਕੇ ਜਿੱਥੇ 750 ਕਿਸਾਨਾਂ ਦੀ ਦਿੱਲੀ ਮੋਰਚੇ ਦੌਰਾਨ ਜਾਣ ਲਈ ਉੱਥੇ ਉਸ ਦੇ ਕੈਬਨਿਟ ਮੰਤਰੀ ਅਜੇ ਮਿਸ਼ਰਾ ਟਹਿਣੀ ਦੇ ਕਪੁੱਤਰ ਨੇ ਪੰਜ ਕਿਸਾਨ ਤਿੰਨ ਅਕਤੂਬਰ 2021 ਨੂੰ ਲਖੀਮਪੁਰ ਖੀਰੀ ਵਿਖੇ ਮੁਜ਼ਾਹਰਾ ਕਰਕੇ ਘਰਾਂ ਨੂੰ ਵਾਪਸ ਆ ਰਹੇ ਕਿਸਾਨਾਂ ਉੱਪਰ ਥਾਰ ਗੱਡੀ ਚਾੜ੍ਹ ਕੇ ਪੰਜ ਕਿਸਾਨ ਸ਼ਹੀਦ ਕਰ ਦਿੱਤੇ ਸਨ ।ਇਸ ਲਈ ਮੋਦੀ ਤੇ ਟਹਿਣੀ ਦੋਵੇਂ ਕਾਤਲ ਹਨ।

ਆਗੂਆਂ ਨੇ ਝੋਨਾ ਨਾ ਖਰੀਦਣ ਦੀ ਪਰਜ਼ੋਰ ਨਿਖੇਧੀ ਕੀਤੀ। ਇਸੇ ਤਰ੍ਹਾਂ ਹੀ ਉਸਦੀ ਬੀਜੇਪੀ ਦੀ ਐਮਪੀ ਕੰਗਨਾ ਰਨੌਤ ਵੱਲੋਂ ਪੰਜਾਬੀਆਂ ਵਿਰੁੱਧ ਉਲਟੇ ਸਿੱਧੇ ਬਿਆਨ ਦੇਣ ਤੇ ਉਹ ਵਿਰੁੱਧ ਮੁਕਦਮਾ ਦਰਜ ਕਰਨ ਦੀ ਮੰਗ ਕੀਤੀ ਗਈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾਕਟਰ ਬਲਬੀਰ ਸਿੰਘ ਤੇ ਬੋਬੀ ਪੀਰਾਂਬਾਗ ਕੁਲਜੀਤ ਸਿੰਘ ਬੱਬਰੀ ਤੇ ਸਿੱਧਵਾਂ ਜਮੀਤਾ ਗੁਰਮੀਤ ਸਿੰਘ ਥਾਣੇਵਾਲ ਰਜਵੰਤ ਸਿੰਘ ਅਲੀਸ਼ੇਰ ਪਲਵਿੰਦਰ ਤੇ ਲਾਡੀ ਸ਼ਾਹ ਘਰਾਲਾ ਆਦਿ ਵੀ ਹਾਜ਼ਰ ਸਨ।

# ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਸੈਮੀਨਾਰ 6 ਨੂੰ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਵੱਲੋਂ ਖ਼ਾਲਸਾ ਕਾਲਜ ਅੰਮ੍ਰਿਤਸਰ ਦੇ ਸਹਿਯੋਗ ਨਾਲ ਸਥਾਨਕ ਕਾਲਜ ਦੇ ਹਾਲ ਵਿਚ 6 ਅਕਤੂਬਰ ਦਿਨ ਐਤਵਾਰ ਨੂੰ ਸਵੇਰੇ 10-30 ਵਜੇ ਮਰਹੂਮ ਸ਼ਾਇਰ ਦੇਵ ਦਰਦ ਅਤੇ ਕਥਾਕਾਰ ਤਲਵਿੰਦਰ ਸਿੰਘ ਦੀ ਯਾਦ ਨੂੰ ਸਮਰਪਿਤ ਇੱਕ ਵਿਸ਼ੇਸ਼ ਭਾਸ਼ਾ ਸੈਮੀਨਾਰ ਸਤਨਾਮ ਸਿੰਘ ਮਾਣਕ ਦੀ ਪ੍ਰਧਾਨਗੀ ਹੇਠ ਕਰਵਾਇਆ ਜਾ ਰਿਹਾ ਹੈ।ਇਸ ਪ੍ਰੋਗਰਾਮ ਦੌਰਾਨ ਵਿਚਾਰ ਚਰਚਾ ਦਾ ਵਿਸ਼ਾ ਰਹੇਗਾ 'ਅਜੋਕੀ ਸਿੱਖਿਆ ਨੀਤੀ ਅਤੇ ਮਾਤ ਭਾਸ਼ਾ' ਅਤੇ ਮੁੱਖ ਬੁਲਾਰੇ ਹੋਣਗੇ ਡਾ: ਸੁਰਜੀਤ ਭੱਟੀ।

ਇਸ ਪ੍ਰੋਗਰਾਮ ਦੇ ਵਿਸ਼ੇਸ਼ ਮਹਿਮਾਨ ਹੋਣਗੇ ਡਾ. ਲਖਵਿੰਦਰ ਜੌਹਲ, ਪ੍ਰਿੰਸੀਪਲ ਡਾ. ਮਹਿਲ ਸਿੰਘ ਅਤੇ ਪ੍ਰਸਿੱਧ ਨਾਟਕਕਾਰ ਅਤੇ ਰੰਗਕਰਮੀ ਕੇਵਲ ਧਾਲੀਵਾਲ।ਪ੍ਰੋਗਰਾਮ ਦੇ ਸੰਯੋਜਕ ਹੋਣਗੇ ਕਥਾਕਾਰ ਦੀਪ ਦੇਵਿੰਦਰ। ਪ੍ਰੋਗਰਾਮ ਨੂੰ ਸਫਲ ਬਣਾਉਣ ਹਿਤ ਉਚੇਚਾ ਸਹਿਯੋਗ ਕਰਨਗੇ ਸਰਵਸ੍ਰੀ ਦਰਸ਼ਨ ਬੁੱਟਰ, ਸੁਸ਼ੀਲ ਦੁਸਾਂਝ, ਡਾ. ਹਰਜਿੰਦਰ ਸਿੰਘ ਅਟਵਾਲ, ਡਾ. ਕਰਮਜੀਤ ਸਿੰਘ, ਮੱਖਣ ਕੁਹਾੜ, ਸ਼ੈਲਿੰਦਰ ਜੀਤ ਰਾਜਨ, ਡਾ. ਆਤਮ ਰੰਧਾਵਾ, ਗੁਰਮੀਤ ਬਾਜਵਾ, ਡਾ. ਲੇਖ ਰਾਜ, ਗੁਰਪ੍ਰੀਤ ਰੰਗੀਲਪੁਰ ਅਤੇ ਸਥਾਨਕ ਸਭਾਵਾਂ ਦੇ ਕਾਰਜਕਰਤਾ।ਇਸ ਸਬੰਧੀ ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਅਤੇ ਪਠਾਨਕੋਟ ਦੇ ਸਮੂਹ ਸਾਹਿਤਕਾਰ ਸਾਥੀਆਂ ਨੂੰ ਇਸ ਜਾਣਕਾਰੀ ਭਰਪੂਰ ਪ੍ਰੋਗਰਾਮ ਵਿੱਚ ਉਪਰੋਕਤ ਸਮੇਂ ਅਤੇ ਸਥਾਨ 'ਤੇ ਪਹੁੰਚਣ ਹਿਤ ਸਨਿਮਰ ਬੇਨਤੀ ਕੀਤੀ ਜਾਂਦੀ ਹੈ।

# ਦਿਹਾਤੀ ਮਜ਼ਦੂਰ ਸਭਾ ਤਹਿਸੀਲ ਬਟਾਲਾ ਦੀ ਜਥੇਬੰਦਕ ਕਾਨਫਰੰਸ ਸੰਪੰਨ

## * ਮਨੀਰ ਸ਼ਿੰਦਾ ਸਤਕੋਹਾ ਪ੍ਰਧਾਨ ਤੇ ਸੁਖਵੰਤ ਸਿੰਘ ਸੰਦਲਪੁਰ ਸਕੱਤਰ ਚੁਣੇ ਗਏ





ਬਟਾਲਾ (ਤਰਲੋਕ ਬੱਗਾ)-ਦਿਹਾਤੀ ਮਜ਼ਦੂਰ ਸਭਾ ਤਹਿਸੀਲ ਬਟਾਲਾ ਦਾ ਡੈਲੀਗੇਟ ਅਜਲਾਸ ਪਿੰਡ ਸਤਕੋਹਾ ਵਿਖੇ ਸਾਥੀ ਮਨੀਰ ਮਸੀਹ ਸਤਕੋਹਾ, ਸੁਖਵੰਤ ਸਿੰਘ ਸੰਦਲਪੁਰ, ਜਸਵਿੰਦਰ ਸਿੰਘ ਛਿੱਤ, ਬੂਆ ਸਿੰਘ ਨੌਸ਼ਹਿਰਾ ਮੱਝਾ ਸਿੰਘ, ਸਤਨਾਮ ਸਿੰਘ ਕਿਰਤੀ ਦੀ ਪ੍ਰਧਾਨਗੀ ਹੇਠ ਸੰਪੰਨ ਹੋਇਆ।ਅਜਲਾਸ ਸ਼ੁਰੂ ਕਰਨ ਤੋਂ ਪਹਿਲਾਂ ਵਿਛੜ ਚੁੱਕੇ ਸਾਥੀਆਂ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਅਜਲਾਸ ਦਾ ਉਦਘਾਟਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਸਾਥੀ ਗੁਰਨਾਮ ਸਿੰਘ ਦਾਊਦ ਨੇ ਕਿਹਾ ਕਿ ਕੇਂਦਰ ਦੀ ਰਾਜਸੱਤਾ ਤੇ ਕਾਬਜ਼ ਮੋਦੀ ਸਰਕਾਰ ਵਲੋਂ ਲਾਗੂ ਕੀਤੀਆਂ ਗਈਆਂ ਲੋਕ ਵਿਰੋਧੀ ਨੀਤੀਆਂ ਕਾਰਨ ਦੇਸ਼ ਅੰਦਰ ਮਹਿਗਾਈ, ਬੇਰੁਜ਼ਗਾਰੀ, ਭੁੱਖਮਰੀ, ਭ੍ਰਿਸ਼ਟਾਚਾਰ, ਮਾਫੀਆ ਲੁੱਟ, ਨਸ਼ਾ ਤਸਕਰੀ ਤੇ ਗੁੰਡਾਗਰਦੀ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ।ਮੋਦੀ ਸਰਕਾਰ ਦੇਸ਼ ਵਿਚ ਕੱਟੜ ਧਰਮ ਅਧਾਰਿਤ ਫਿਰਕੂ ਫਾਸ਼ੀਵਾਦ ਰਾਜ ਸਥਾਪਿਤ ਕਰਨ ਲਈ ਘੱਟ ਗਿਣਤੀਆਂ ਮੁਸਲਮਾਨਾਂ, ਈਸਾਈਆਂ, ਦਲਿਤਾਂ ਅਤੇ ਔਰਤਾਂ ਉੱਪਰ ਲਗਾਤਾਰ ਜ਼ੁਲਮ ਢਾਹ ਰਹੀ ਹੈ।ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ ਰਾਜ ਅੰਦਰ ਨਸ਼ਿਆ ਅਤੇ ਗੁੰਡਾਗਰਦੀ ਲਗਾਤਾਰ ਵੱਧਦੀ ਜਾ ਰਹੀ ਹੈ ਅਤੇ ਨਿੱਤ ਦਿਨ ਚੋਰੀਆਂ, ਡਾਕੇ, ਲੁੱਟਾਂ-ਖੋਹਾਂ, ਕਤਲਾਂ ਵਰਗੇ ਘਿਨਾਉਣੇ ਅਪਰਾਧ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ।ਪੰਜਾਬ ਦੀ ਅਮਨ-ਕਾਨੂੰਨ ਦੀ ਸਥਿਤੀ ਲਗਾਤਾਰ ਖਰਾਬ ਹੁੰਦੀ ਜਾ ਰਹੀ ਹੈ ਅਤੇ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ ਜਾ ਰਹੇ ਅਤੇ ਪੰਚਾਇਤੀ ਚੋਣਾਂ ਵਿੱਚ ਧੱਕੇਸ਼ਾਹੀ ਕੀਤੀ ਜਾ ਰਹੀ ਹੈ।

ਅਜਲਾਸ ਦੌਰਾਨ ਭਰਾਤਰੀ ਜਥੇਬੰਦੀਆਂ ਆਗੂ ਮਾਸਟਰ ਰਘਬੀਰ ਸਿੰਘ ਪਕੀਵਾਂ ਜਮਹੂਰੀ ਕਿਸਾਨ ਸਭਾ, ਠਾਕੁਰ ਧਿਆਨ ਸਿੰਘ ਸੀਟੀਯੂ ਪੰਜਾਬ, ਸ਼ਮਸ਼ੇਰ ਸਿੰਘ ਨਵਾਂ ਪਿੰਡ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਨੇ ਸੰਬੋਧਨ ਕਰਦਿਆਂ ਸਫ਼ਲ ਅਜਲਾਸ ਦੀਆਂ ਇਨਕਲਾਬੀ ਸ਼ੁਭਕਾਮਨਾਵਾਂ ਦਿੱਤੀਆਂ।ਅੰਤ ਵਿੱਚ ਸਰਬਸੰਮਤੀ ਨਾਲ 25 ਮੈਂਬਰੀ ਤਹਿਸੀਲ ਕਮੇਟੀ ਦੀ ਚੋਣ ਕੀਤੀ ਗਈ ਜਿਸ ਵਿੱਚ ਮਨੀਰ ਮਸੀਹ ਸ਼ਿੰਦਾ ਸਤਕੋਹਾ ਤਹਿਸੀਲ ਪ੍ਰਧਾਨ, ਸੁਖਵੰਤ ਸਿੰਘ ਸੰਦਲਪੁਰ ਤਹਿਸੀਲ ਸਕੱਤਰ, ਰਣਜੀਤ ਸਿੰਘ ਫੌਜੀ ਛਿੱਤ ਵਿੱਤ ਸਕੱਤਰ, ਬੂਟਾ ਮਸੀਹ ਕੋਟਲੀ ਫੱਸੀ ਸੀਨੀਅਰ ਮੀਤ ਪ੍ਰਧਾਨ, ਜਸਵਿੰਦਰ ਸਿੰਘ ਛਿੱਤ ਮੀਤ ਪ੍ਰਧਾਨ, ਗੁਰਨਾਮ ਸਿੰਘ ਬਾਉਲੀ ਇੰਦਰਜੀਤ ਮੀਤ ਪ੍ਰਧਾਨ, ਨਿਸ਼ਾਨ ਉਧੋਵਾਲ ਜਾਇੰਟ ਸਕੱਤਰ, ਕਸ਼ਮੀਰ ਖੋਖਰ ਫੌਜੀਆਂ ਜਾਇੰਟ ਸਕੱਤਰ, ਅਵਤਾਰ ਸਿੰਘ ਮੁਰਗੀ ਮੁਹੱਲਾ ਪ੍ਰੈੱਸ ਸਕੱਤਰ ਆਦਿ ਅਹੁਦੇਦਾਰ ਚੁਣੇ ਗਏ।

# ਹਰਜਿੰਦਰ ਕੌਰ ਬਣੀ ਦਿਆਲਗੜ੍ਹ ਦੀ ਸਰਬਸੰਮਤੀ ਨਾਲ ਸਰਪੰਚ



**ਮਜੀਠਾ (ਸੋਇਮ ਆਨੰਦ)**-ਮਜੀਠਾ ਹਲਕੇ ਦੇ ਪਿੰਡ ਦਿਆਲਗੜ੍ਹ ਦੀ ਸਮੁੱਚੀ ਪੰਚਾਇਤ ਤੇ ਪਿੰਡ ਵਾਸੀਆਂ ਵਲੋਂ ਆਪਣਾ ਸਰਪੰਚ ਤੇ ਮੈਂਬਰ ਸਰਬਸੰਮਤੀ ਨਾਲ ਚੁੱਣਦਿਆਂ ਹਰਜਿੰਦਰ ਕੌਰ ਪਤਨੀ ਹਰਪ੍ਰੀਤ ਸਿੰਘ ਨੂੰ ਸਰਬਸੰਮਤੀ ਨਾਲ ਪਿੰਡ ਦਿਆਲਗੜ੍ਹ ਦੀ ਸਰਪੰਚ ਬਣ ਗਈ।ਇਨ੍ਹਾਂ ਤੋ ਇਲਾਵਾ ਸਰਬਸੰਮਤੀ ਨਾਲ ਨਿਸ਼ਾਨ ਸਿੰਘ ਪੁੱਤਰ ਤਰਸੇਮ ਸਿੰਘ, ਨਰਿੰਦਰ ਕੌਰ ਪਤਨੀ ਮੁਖਤਾਰ ਸਿੰਘ, ਮਨਜੀਤ ਕੌਰ ਪਤਨੀ ਗੁਰਦੀਪ ਸਿੰਘ, ਜਗਦੀਪ ਸਿੰਘ ਪੁੱਤਰ ਬਲਦੇਵ ਸਿੰਘ ਅਤੇ ਸੋਨੂੰ ਸਿੰਘ ਪੁੱਤਰ ਸਵਿੰਦਰ ਸਿੰਘ ਪਿੰਡ ਦੇ ਮੈਂਬਰ ਵੀ ਚੁਣੇ ਗਏ।ਇਸ ਮੌਕੇ ਸਰਪੰਚ ਹਰਜਿੰਦਰ ਕੌਰ ਨੇ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਿੰਡ ਵਾਸੀਆਂ ਵੱਲੋਂ ਜੋ ਉਨ੍ਹਾਂ ਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ ਉਹ ਇਮਾਨਦਾਰੀ ਨਾਲ ਨਿਭਾਉਣਗੇ ਤੇ ਪਿੰਡ ਦੇ ਵਿਕਾਸ ਨੂੰ ਹਮੇਸ਼ਾ ਪਹਿਲ ਦੇਣਗੇ।ਇਸ ਮੌਕੇ ਸਾਬਕਾ ਸਰਪੰਚ ਲਖਵਿੰਦਰ ਕੌਰ ਦਿਆਲਗੜ੍ਹ , ਸਵਿੰਦਰ ਸਿੰਘ ਸ਼ਾਮਨਗਰ, ਬਲਦੇਵ ਸਿੰਘ ਫੌਜੀ, ਲਵਪ੍ਰੀਤ ਸਿੰਘ, ਰਣਜੀਤ ਸਿੰਘ ਸਾਬਕਾ ਮੈਂਬਰ, ਹਰਬੰਸ ਸਿੰਘ ਫੌਜੀ, ਅਜੀਤ ਸਿੰਘ ਸਾਬੀ ਮੈਂਬਰ, ਜਸਪਾਲ ਸਿੰਘ, ਅਮਰਜੀਤ ਸਿੰਘ ਆਦਿ ਪਿੰਡ ਵਾਸੀ ਹਾਜ਼ਰ ਸਨ।

## ਪੰਜਾਬ ਪੁਲਸ ਫੋਰਸ 'ਚ ਏਸੀਪੀ ਭਾਰਤ ਮਸੀਹ ਲੱਧੜ ਦੀ ਸ਼ਾਨਦਾਰ ਯਾਤਰਾ

ਜਲੰਧਰ : ਬੇਮਿਸਾਲ ਵਚਨਬੱਧਤਾ, ਸੇਵਾ ਅਤੇ ਮਿਸਾਲੀ ਅਗਵਾਈ ਦੇ ਜਸ਼ਨ ਮਨਾਉਂਦਿਆਂ ਸਹਾਇਕ ਪੁਲਸ ਕਮਿਸ਼ਨਰ (ਏਸੀਪੀ) ਭਾਰਤ ਮਸੀਹ ਲੱਧੜ ਇਸ ਵੇਲੇ ਏਸੀਪੀ ਸਪੈਸ਼ਲ ਬਰਾਂਚ ਅਤੇ ਫੌਜਦਾਰੀ ਖ਼ੁਫ਼ੀਆ (ਜਲੰਧਰ) ਦੇ ਅਹੁਦੇ 'ਤੇ ਤਾਇਨਾਤ ਹਨ ਅਤੇ ਪੰਜਾਬ ਪੁਲਸ ਵਿੱਚ ਉਨ੍ਹਾਂ ਦਾ 25ਵਾਂ ਸਾਲ ਹੈ।ਏਸੀਪੀ ਭਾਰਤ ਮਸੀਹ ਨੇ ਕਈ ਗੰਭੀਰ ਮਾਮਲਿਆਂ ਨੂੰ ਹੱਲ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਉਨ੍ਹਾਂ ਦੀ ਪ੍ਰਤਿਭਾ ਅਤੇ ਨਿਆਂ ਦੀ ਭਾਲ ਕਰਨ ਦੇ ਦ੍ਰਿੜ ਸੰਕਲਪ ਨੇ ਉਨ੍ਹਾਂ ਦਾ ਸਨਮਾਨ ਅਤੇ ਸਨਮਾਨ ਕੀਤਾ ਹੈ।ਆਪਣੇ ਸਫ਼ਰ ਬਾਰੇ ਬੋਲਦਿਆਂ ਏਸੀਪੀ ਭਾਰਤ ਮਸੀਹ ਲੱਧੜ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਦੀ ਸੇਵਾ ਕਰਨਾ ਮਾਣ ਵਾਲੀ ਗੱਲ ਹੈ।ਮੇਰੇ ਕਰੀਅਰ ਦੀ ਪਰਿਭਾਸ਼ਾ ਮੇਰੀ ਟੀਮ ਦੇ ਭਰੋਸੇ, ਕਮਿਊਨਿਟੀ ਦੇ ਸਮਰਥਨ ਅਤੇ ਨਿਆਂ ਦੀ ਨਿਰੰਤਰ ਕੋਸ਼ਿਸ਼ ਦੁਆਰਾ ਕੀਤੀ ਗਈ ਹੈ।ਪੁਲਸ ਸਿਰਫ ਜੁਰਮਾਂ ਨੂੰ ਹੱਲ ਕਰਨ ਬਾਰੇ ਨਹੀਂ ਹੈ, ਰਿਸ਼ਤਿਆਂ ਦਾ ਨਿਰਮਾਣ ਕਰਨ, ਵਿਸ਼ਵਾਸ ਵਧਾਉਣ ਅਤੇ ਸਾਡੇ ਭਾਈਚਾਰਿਆਂ ਨੂੰ ਸੁਰੱਖਿਅਤ ਬਣਾਉਣ ਬਾਰੇ ਹੈ।

## ਸਰਪੰਚੀ ਦੇ ਉਮੀਦਵਾਰ ਸੁਖਜਿੰਦਰ ਸਿੰਘ ਕਸੇਲ ਦੇ ਹੱਕ 'ਚ ਚੋਣ ਪ੍ਰਚਾਰ ਤੇਜ਼

ਝਬਾਲ (ਹਰਜਿੰਦਰ ਸਿੰਘ ਸੋਨੀ)-ਪਿੰਡ ਕਸੇਲ ਦੇ ਸੀਨੀਅਰ ਅਕਾਲੀ ਆਗੂ ਸੁਖਜਿੰਦਰ ਸਿੰਘ ਵਲੋਂ 15 ਅਕਤੂਬਰ ਨੂੰ ਹੋਣ ਜਾਂ ਰਹੀਆਂ ਪੰਚਾਇਤੀ ਚੋਣਾਂ ਵਿੱਚ ਆਪਣੀ ਜਿੱਤ ਦਾ ਦਾਅਵਾ ਕਰਦਿਆਂ ਚੋਣ ਪ੍ਰਚਾਰ ਜ਼ੋਰਾਂ ਨਾਲ ਆਰੰਭ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਵਾਰ ਪਿੰਡ ਦੇ ਲੋਕਾਂ ਦਾ ਭਰੋਸਾ ਉਨ੍ਹਾਂ ਦਾ ਹੌਸਲਾ ਵਧਾਉਣ ਵਿੱਚ ਕੋਈ



ਵੀ ਕਸਰ ਬਾਕੀ ਨਹੀਂ ਛੱਡ ਰਿਹਾ। ਉਨ੍ਹਾਂ ਕਿਹਾ ਕਿ ਜਿੱਤ ਤੋਂ ਬਾਅਦ ਉਹ ਪਿੰਡ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ ਤੇ ਸਾਰੇ ਪਿੰਡ ਦਾ ਵਿਕਾਸ ਨਿਰਪੱਖ ਹੋ ਕੇ ਕਰਵਾਉਣਗੇ।ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਵਾਰ ਪਿੰਡ ਦੀ ਸੇਵਾ ਦਾ ਮੌਕਾ ਦੇਣ ਤਾਂ ਜੋ ਪਿੰਡ ਵਿੱਚ ਵਿਕਾਸ ਦੀ ਮੂੰਹ ਬੋਲਦੀ ਤਸਵੀਰ ਆਪਣੀ ਅੱਖੀਂ ਵੇਖਣਗੇ।ਇਸ ਮੌਕੇ ਸਾਬਕਾ ਮੈਂਬਰ ਖਜ਼ਾਨ ਸਿੰਘ ਕਸੇਲ, ਬਲਜਿੰਦਰ ਸਿੰਘ ਬੋਰਾਂ ਵਾਲ਼ਾ, ਜਗਜੀਤ ਸਿੰਘ ਜੱਗਾ, ਗਗਨਦੀਪ ਸਿੰਘ, ਸਤਨਾਮ ਸਿੰਘ ਦੋਧੀ, ਬਲਵਿੰਦਰ ਸਿੰਘ ਹਲਵਾਈ, ਸਾਬਕਾ ਮੈਂਬਰ ਦਲਬੀਰ ਸਿੰਘ, ਕੁਲਦੀਪ ਸਿੰਘ ਬੋਰਾਂ ਵਾਲੇ, ਮਨਜੀਤ ਸਿੰਘ ਮੰਨਾ ਮਿਸਤਰੀ, ਗੁਰਬੀਰ ਸਿੰਘ, ਮਨਪ੍ਰੀਤ ਸਿੰਘ ਜੌੜਾ ਅਤੇ ਵੱਡੀ ਗਿਣਤੀ ਵਿੱਚ ਪਿੰਡ ਦੇ ਵੋਟਰ ਹਾਜ਼ਰ ਸਨ।

# ਮਠਿਆਈ ਦੀਆਂ ਦੁਕਾਨਾਂ 'ਤੇ ਗਾਹਕਾਂ ਦੀ ਹੋ ਰਹੀ ਸ਼ਰੇਆਮ ਲੁੱਟ

ਗੁਰਦਾਸਪੁਰ (ਜਨਕ ਮਹਾਜਨ)- ਤਿਉਹਾਰਾਂ ਦੇ ਸੀਜ਼ਨ ਨੂੰ ਲੈ ਕੇ ਹਲਵਾਈ ਆਦਿ ਦੀਆਂ ਦੁਕਾਨਾਂ ਵੱਲ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਵੱਲੋਂ ਵਿਸ਼ੇਸ਼ ਧਿਆਨ ਨਾ ਦੇਣ ਕਾਰਨ ਲੋਕਾਂ ਨੂੰ ਜਿੱਥੇ ਰੋਜ਼ਾਨਾ ਲੱਖਾਂ ਰੁਪਏ ਦਾ ਚੂਨਾ ਲੱਗ ਰਿਹਾ ਹੈ ਉੱਥੇ ਹੀ ਘਟੀਆ ਮਿਆਰ ਦੀ ਮਠਿਆਈ ਸ਼ਰੇਆਮ ਗਾਹਕਾਂ ਨੂੰ ਦੁਕਾਨਦਾਰਾਂ ਵਲੋਂ ਵੇਚੀ ਜਾ ਰਹੀ ਹੈ। ਆਮ ਤੌਰ 'ਤੇ ਵੇਖਿਆ ਜਾ ਰਿਹਾ ਹੈ ਕਿ ਹਲਵਾਈ ਆਪਣੀਆਂ ਦੁਕਾਨਾਂ 'ਤੇ ਬਣੀਆਂ ਮਠਿਆਈਆਂ ਡੱਬੇ ਸਮੇਤ ਹੀ ਤੋਲ ਰਹੇ ਹਨ ਅਤੇ 60 ਰੁਪਏ ਕਿਲੋ ਵਾਲਾ ਗੱਤਾ ਵੀ 70 ਰੁਪਏ ਕਿਲੋ ਮਠਿਆਈ ਦੇ ਭਾਅ ਵੇਚ ਰਹੇ ਹਨ। ਜਾਣਕਾਰੀ ਅਨੁਸਾਰ ਕੁਝ ਦੁਕਾਨਦਾਰਾਂ ਜੀ.ਟੀ. ਰੋਡ ਮੰਡੀ ਗੁਰਦਾਸਪੁਰ ਸਥਿਤ ਡੱਬੇ ਸਮੇਤ ਹੀ ਮਠਿਆਈ ਤੋਲ ਕੇ ਲੋਕਾਂ ਨਾਲ ਠੱਗੀ ਮਾਰ ਰਹੇ ਹਨ ਜਦਕਿ ਕੁਝ ਵੱਡੇ ਦੁਕਾਨਦਾਰ ਡੱਬੇ ਸਮੇਤ ਮਠਿਆਈ ਥੋੜੀ ਜਿਹੀ ਵੱਧ ਤੋਲ ਕੇ ਗਾਹਕਾਂ ਦੀ ਤਸੱਲੀ ਕਰਵਾ ਰਹੇ ਹਨ ਅਤੇ ਦੋਵੇਂ ਛੋਟੇ ਅਤੇ ਵੱਡੇ ਦੁਕਾਨਦਾਰਾਂ ਵਲੋਂ ਗ੍ਰਾਹਕਾਂ ਦੀ ਲੁੱਟ ਕੀਤੀ ਜਾ ਰਹੀ ਹੈ। ਲੋਕਾਂ ਦੀ ਸਿਵਲ ਸਪਲਾਈ ਵਿਭਾਗ ਤੋਂ ਇਲਾਵਾ ਸਿਹਤ ਵਿਭਾਗ ਗੁਰਦਾਸਪੁਰ ਪਾਸੋਂ ਮੰਗ ਹੈ ਕਿ ਤਿਉਹਾਰਾਂ ਦੇ ਸੀਜ਼ਨ ਸ਼ੁਰੂ ਹੋ ਰਿਹਾ ਹੈ ਇਸ ਲਈ ਇਨ੍ਹਾਂ ਮਠਿਆਈ ਵੇਚਣ ਵਾਲੇ ਦੁਕਾਨਦਾਰਾਂ ਦੀ ਮਠਿਆਈ ਦੇ ਸੈਂਪਲ ਭਰੇ ਜਾਣ ਤਾਂ ਜੋ ਮਿਲਾਵਟੀ ਮਠਿਆਈ ਵੇਚਣ ਵਾਲੇ ਦੁਕਾਨਦਾਰਾਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇ।

## ਬਿਜਲੀ ਦੀਆਂ ਤਾਰਾਂ ਚੋਰੀ ਕਰਨ ਵਾਲੇ ਦੋ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਸਿਟੀ ਗੁਰਦਾਸਪੁਰ ਨੂੰ ਦਿੱਤੇ ਬਿਆਨਾਂ ਵਿਚ ਰਵਿੰਦਰ ਕੁਮਾਰ ਪੁੱਤਰ ਬੱਬੂ ਰਾਮ ਵਾਸੀ ਗੀਤਾ ਭਵਨ ਰੋਡ ਗੁਰਦਾਸਪੁਰ ਨੇ ਦੱਸਿਆ ਕਿ ਮੈਂ ਆਪਣੇ ਨਵੇਂ ਘਰ (ਉਸਾਰੀ ਵਾਲੇ) ਜੋ ਰਾਮ ਸ਼ਰਨ ਕਲੋਨੀ ਵਿੱਚ ਹੈ, ਜਿਸ ਨੂੰ ਤਾਲੇ ਲੱਗੇ ਪਏ ਸਨ ਕਿ ਮੈਨੂੰ ਇਤਲਾਹ ਮਿਲੀ ਕਿ 2 ਵਿਅਕਤੀ ਘਰ ਅੰਦਰ ਕੱਧ ਟੱਪ ਕੇ ਦਾਖਲ ਹੋਏ ਹਨ ਜਿਸ 'ਤੇ ਪੀੜਤ ਵਲੋਂ ਮੌਕੇ 'ਤੇ ਪੁੱਜ ਕੇ ਬਿਜਲੀ ਦੀਆਂ ਤਾਰਾਂ ਚੋਰੀ ਕਰ ਰਹੇ ਇੱਕ ਵਿਅਕਤੀ ਜਿਸ ਦਾ ਨਾਂਅ ਅਰਸ਼ਦੀਪ ਉਰਫ ਭਿੰਪੀ ਪੁੱਤਰ ਬਿੱਟੂ ਵਾਸੀ ਗੀਤਾ ਭਵਨ ਢਾਬ ਗੁਰਦਾਸਪੁਰ ਹੈ, ਨੂੰ ਕਾਬੂ ਕੀਤਾ ਅਤੇ ਦੂਸਰਾ ਵਿਅਕਤੀ ਭੱਜਣ ਵਿੱਚ ਕਾਮਯਾਬ ਹੋ ਗਿਆ। ਥਾਣਾ ਸਿਟੀ ਗੁਰਦਾਸਪੁਰ ਪੁਲਸ ਨੇ ਉਕਤ ਦੋਵਾਂ ਵਿਅਕਤੀਆਂ ਖ਼ਿਲਾਫ਼ ਜ਼ੇਰੇ ਧਾਰਾ 331, 305 ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਕਿਸਾਨਾਂ ਦੀ ਹੋ ਰਹੀ ਖੱਜਲ-ਖੁਆਰੀ ਲਈ ਸੂਬਾ ਤੇ ਕੇਂਦਰ ਸਰਕਾਰ ਜ਼ਿੰਮੇਵਾਰ : ਬਹਿਰੂ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਪੰਜਾਬ ਦੇ ਗੋਦਾਮ ਚੌਲਾਂ ਅਤੇ ਕਣਕ ਨਾਲ ਨੱਕੋ-ਨੱਕ ਭਰੇ ਪਏ ਹਨ। ਇਸ ਗੰਭੀਰ ਮਸਲੇ ਵੱਲ ਨਾ ਕੇਂਦਰ ਸਰਕਾਰ ਨਾ ਹੀ ਪੰਜਾਬ ਸਰਕਾਰ ਇਸ ਪਾਸੇ ਧਿਆਨ ਦਿੱਤਾ ਹੈ।ਹੁਣ ਜਦੋਂ ਜੀਰੀ ਦੀ ਫਸਲ ਮੰਡੀਆ ਵਿੱਚ ਆਉਣੀ ਸ਼ੁਰੂ ਹੋਈ ਤਾਂ ਆੜ੍ਹ ਤੀਆਂ ਅਤੇ ਸੈਲਰ ਐਸੋਸੀਏਸ਼ਨਾਂ ਅਤੇ ਮੰਡੀਆਂ ਵਿੱਚ ਕੰਮ ਕਰਨ ਵਾਲੀ ਲੇਬਰ ਨੇ ਅਣਮਿੱਥੇ ਸਮੇਂ ਲਈ ਹੜਤਾਲ ਕਰ ਦਿੱਤੀ ਹੈ ਤਾਂ ਹੁਣ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੇਂਦਰ ਸਰਕਾਰ ਨੂੰ ਇੱਕ ਚਿੱਠੀ ਲਿਖ ਕੇ ਆਪਣੀ ਜਿੰਮੇਵਾਰੀ ਤੋਂ ਮੁਕਤ ਹੋਣਾ ਚਾਹੁੰਦੇ ਹਨ ਇਸ ਵਿਸਫੋਟਿਕ ਮਸਲੇ ਤੇ ਇੰਡੀਅਨ ਫਾਰਮਰਜ਼ ਐਸੋਸੀਏਸ਼ਨ ਦੇ ਕੌਮੀ ਪ੍ਰਧਾਨ



ਸਤਨਾਮ ਸਿੰਘ ਬਹਿਰੂ ਨੇ ਆਪਣਾ ਪ੍ਰਤੀਕਰਮ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਦੇ ਖੁਰਾਕ ਅਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਨੱਕੋ ਨੱਕ ਭਰੇ ਸਟੋਰਾਂ ਬਾਰੇ ਕੇਂਦਰ ਸਰਕਾਰ ਤੱਕ ਪਹੁੰਚ ਨਹੀ ਕੀਤੀ ਜਦੋਂਕਿ ਪਿਛਲੇ 3 ਮਹੀਨਿਆਂ ਤੋਂ ਕਿਸਾਨ ਆੜ੍ਹ ਤੀ ਸ਼ੈਲਰ ਮਾਲਕ ਦੁਹਾਈ ਦੇ ਰਹੇ ਹਨ ਕਿ ਜੇਕਰ ਗੋਦਾਮ ਖਾਲੀ ਨਾ ਹੋਏ ਤਾਂ ਜੀਰੀ ਦੀ ਖਰੀਦੀ ਫਰੋਖਤ ਵਿੱਚ ਵੱਡਾ ਵਿਘਨ ਪਵੇਗਾ। ਬਹਿਰੂ ਨੇ ਆੜ੍ਹ ਤੀਆ ਸ਼ੈਲਰ ਐਸੋਸੀਏਸ਼ਨਾਂ ਅਤੇ ਮਜਦੂਰ ਜਥੇਬੰਦੀਆਂ ਦੀਆਂ ਜਾਇਜ਼ ਮੰਗਾਂ ਦੀ ਹਮਾਇਤ ਕਰਦਿਆਂ ਕੇਂਦਰ ਅਤੇ ਰਾਜ ਸਰਕਾਰ ਨੂੰ ਖਬਰਦਾਰ ਕੀਤਾ ਹੈ ਕਿ ਜੇਕਰ ਸਰਕਾਰਾਂ ਨੇ ਟਾਲ ਮਟੋਲ ਦੀ ਨੀਤੀ ਨਾ ਬਦਲੀ ਤਾਂ ਪੰਜਾਬ ਵਿੱਚ ਲਾਅ ਐਂਡ ਆਰਡਰ ਦੀ ਸਮੱਸਿਆ ਖਤਰਨਾਕ ਹੋ ਸਕਦੀ ਹੈ।ਇਸ ਲਈ ਫੌਰੀ ਤੌਰ ਤੇ ਸਰਕਾਰਾਂ ਇਸ ਗੰਭੀਰ ਮਸਲੇ ਵੱਲ ਧਿਆਨ ਦੇਣ ਤਾਂ ਕਿ ਦਾਣਾ ਮੰਡੀਆਂ ਵਿੱਚ ਕਿਸਾਨਾਂ ਦੀ ਖੱਜਲ ਖੁਆਰੀ ਨਾ ਹੋਵੇ। ਬਹਿਰੂ ਨੇ ਹੜਤਾਲ ਤੇ ਗਏ ਆੜ੍ਹ ਤੀਆਂ ਅਤੇ ਸ਼ੈਲਰ ਮਾਲਕਾਂ ਨੂੰ ਵੀ ਸੁਆਲ ਕੀਤਾ ਕਿ ਜਦੋਂ ਤੁਹਾਡੀਆਂ ਜਾਇਜ਼ ਮੰਗਾਂ ਅਤੇ ਸਟੋਰੇਜ ਸਮੱਸਿਆ ਆਉਣ ਵਾਲੀ ਸੀ ਤਾਂ ਤੁਸੀਂ ਜਨਤਕ ਤੌਰ 'ਤੇ ਕਿਸਾਨਾਂ ਜੱਥੇਬੰਦੀਆਂ ਨੂੰ ਨਾਲ ਲੈ ਕੇ ਚੰਡੀਗੜ੍ਹ ਅਤੇ ਦਿੱਲੀ ਵਿਖੇ ਸਰਕਾਰਾਂ ਦਾ ਪਿੱਟ ਸਿਆਪਾ ਕਿਉਂ ਨਹੀਂ ਕੀਤਾ।ਉਨ੍ਹਾਂ ਕਿਹਾ ਕਿ ਹਰ ਵਾਰ ਜਦੋਂ ਕਿਸਾਨਾਂ ਦੀ ਫਸਲ ਮੰਡੀਆਂ ਵਿੱਚ ਆਉਣੀ ਸ਼ੁਰੂ ਹੁੰਦੀ ਹੈ ਉਦੋਂ ਹੀ ਤੁਸੀਂ ਹੜਤਾਲ ਕਰਕੇ ਕਿਸਾਨਾਂ ਨੂੰ ਪ੍ਰੇਸ਼ਾਨ ਕਰਦੇ ਹੋ।ਉਨ੍ਹਾਂ ਆੜ੍ਹ ਤੀ ਵੀਰਾਂ ਨੂੰ ਯਾਦ ਕਰਵਾਇਆ ਕਿ ਜਦੋਂ ਦੇਸ਼ ਦੇ ਹੈਂਕੜਬਾਜ਼ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 3 ਕਾਲੇ ਕਾਨੂੰਨ ਲਿਆ ਕੇ ਪੂਰੇ ਮੰਡੀਕਰਨ ਨੂੰ ਤਬਾਹ ਕਰਨ ਵਾਲੇ ਸਨ ਤਾਂ ਉਦੋਂ ਪੰਜਾਬ ਦੇ ਕਿਸਾਨਾਂ ਨੇ ਲੰਬਾ ਅੰਦੋਲਨ ਕਰਕੇ ਮੰਡੀਕਰਨ ਅਤੇ ਤੁਹਾਡੇ ਕਾਰੋਬਾਰ ਦੀ ਰਾਖੀ ਕੀਤੀ ਸੀ।

# ਆਰ ਐੱਮ ਪੀ ਆਈ ਵੱਲੋਂ ਸੁਖਪਾਲ ਕੌਰ ਦੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਆਰਐੱਮਪੀਆਈ ਜ਼ਿਲ੍ਹਾ ਗੁਰਦਾਸਪੁਰ ਦੇ ਆਗੂ ਸੰਤੋਖ ਸਿੰਘ ਔਲਖ ਦੇ ਭਤੀਜੇ ਕੁਲਜੀਤ ਸਿੰਘ ਔਲਖ ਵਾਸੀ ਕਾਦੀਆਂ ਦੀ ਧਰਮ ਪਤਨੀ ਸੁਖਪਾਲ ਕੌਰ ਅਧਿਆਪਕਾ ਦੀ ਰਾਜਧਾਨੀ ਕੰਪਨੀ ਦੀ ਬੱਸ ਵਿੱਚ ਬਟਾਲਾ ਨੇੜੇ ਸ਼ਾਹਬਾਦ ਅੱਡੇ ਵਿਖੇ ਹੋਏ ਭਿਆਨਕ ਐਕਸੀਡੈਂਟ ਦੌਰਾਨ ਗੰਭੀਰ ਜ਼ਖਮੀ ਹੋ ਜਾਣ ਮਗਰੋਂ ਮੌਤ ਹੋ ਗਈ।ਉਹ ਆਪਣੇ ਪਿੱਛੇ ਦੋ ਬੱਚੇ ਛੱਡ ਗਏ।ਔਲਖ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਆਰਐੱਮਪੀਆਈ ਦੇ ਆਗੂ ਨੱਥਾ ਸਿੰਘ, ਸ਼ਿਵ ਕੁਮਾਰ, ਰਘਬੀਰ ਸਿੰਘ ਪਕੀਵਾ, ਮੱਖਣ ਸਿੰਘ ਕੁਹਾੜ, ਸ਼ਮਸ਼ੇਰ ਸਿੰਘ ਨਵਾਂ ਪਿੰਡ, ਧਿਆਨ ਸਿੰਘ ਠਾਕੁਰ, ਅਵਤਾਰ ਸਿੰਘ, ਅਜੀਤ ਸਿੰਘ ਠੱਕਰ ਸੰਧੂ, ਸੁਰਜੀਤ ਸਿੰਘ ਘੁਮਾਣ, ਅਜੀਤ ਸਿੰਘ ਹੁੰਦਲ, ਗੁਰਦਿਆਲ ਸਿੰਘ ਸੋਹਲ, ਹਰਜੀਤ ਸਿੰਘ ਕਾਹਲੋਂ, ਸੁਭਾਸ਼ ਚੰਦਰ ਸ਼ਰਮਾ ਆਦਿ ਨੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

ਸੁਖਪਾਲ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿਖੇ ਅਧਿਆਪਕ ਸਨ। ਆਰਐੱਮਪੀਆਈ ਦੇ ਆਗੂ ਮੱਖਣ ਕੁਹਾੜ ਨੇ ਦੱਸਿਆ ਕਿ ਸੁਖਪਾਲ ਕੌਰ ਦਾ ਅੰਤਿਮ ਸੰਸਕਾਰ 4 ਅਕਤੂਬਰ ਦਿਨ ਸ਼ੁਕਰਵਾਰ ਨੂੰ 12 ਵਜੇ ਸ਼ਮਸ਼ਾਨਘਾਟ ਕਾਦੀਆਂ ਵਿਖੇ ਹੋਵੇਗਾ।

# ਲਖੀਮਪੁਰ ਖੀਰੀ ਦੇ ਸ਼ਹੀਦਾਂ ਦੇ ਦੋਸ਼ੀਆਂ ਨੂੰ ਬਚਾ ਰਹੀ ਹੈ ਭਾਜਪਾ ਸਰਕਾਰ: ਅਸ਼ਵਨੀ ਕੁਮਾਰ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪਿੰਡ ਲੱਖਣ ਕਲਾਂ ਵਿੱਚ ਲਖੀਮਪੁਰ ਖੀਰੀ ਕਾਂਡ ਦੇ ਸ਼ਹੀਦਾਂ ਨੂੰ ਕਾਮਰੇਡ ਅਸ਼ਵਨੀ ਕੁਮਾਰ ਲੱਖਣ ਕਲਾਂ ਜ਼ਿਲ੍ਹਾ ਪ੍ਰਧਾਨ ਪੰਜਾਬ ਕਿਸਾਨ ਯੂਨੀਅਨ ਦੀ ਅਗਵਾਈ ਵਿੱਚ



ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਬੋਲਦਿਆਂ ਉਨ੍ਹਾਂ ਕਿਹਾ ਕਿ ਤਿੰਨ ਸਾਲ ਬੀਤ ਜਾਣ ਦੇ ਬਾਵਜੂਦ ਵੀ ਭਾਜਪਾ ਨੇ ਕਿਸਾਨ ਸ਼ਹੀਦਾਂ ਨੂੰ ਇਨਸਾਫ ਤਾਂ ਕੀ ਦਿਵਾਉਣਾ ਸੀ ਉਹ ਤਾਂ ਦੋਸ਼ੀਆਂ ਨੂੰ ਬਚਾਉਣ ਦਾ ਪੂਰਾ ਪੂਰਾ ਯਤਨ ਕਰ ਰਹੀ ਹੈ।ਭਾਵੇਂ ਲਖੀਮਪੁਰ ਖੀਰੀ ਦੇ ਲੋਕਾਂ ਨੇ ਭਾਜਪਾ ਐੱਮ. ਪੀ. ਟਹਿਣੀ ਨੂੰ ਲੋਕ ਸਭਾ ਚੋਣਾਂ ਵਿੱਚ ਕਰਾਰੀ ਹਾਰ ਦੇ ਕੇ ਉਸ ਨੂੰ ਉਸ ਦੀ ਔਕਾਤ ਦਿਖਾ ਦਿੱਤੀ ਹੈ।ਪਰ ਕੇਂਦਰ ਦੀ ਭਾਜਪਾ ਸਰਕਾਰ ਅਤੇ ਉਤਰ ਪ੍ਰਦੇਸ਼ ਦੀ ਭਾਜਪਾ ਸਰਕਾਰ ਲਖੀਮਪੁਰ ਖੀਰੀ ਕਾਂਡ ਦੇ ਦੋਸ਼ੀਆਂ ਨੂੰ ਬਚਾਉਣ ਦਾ ਪੂਰਾ ਪੂਰਾ ਯਤਨ ਕਰ ਰਹੀ ਹੈ।ਇਸ ਤੋਂ ਭਾਜਪਾ ਦਾ ਕਿਸਾਨ ਵਿਰੋਧੀ ਕਿਰਦਾਰ ਸਾਹਮਣੇ ਆ ਜਾਂਦਾ ਹੈ।ਆਗੂਆਂ ਨੇ ਕਿਹਾ ਇਸ ਵੇਲੇ ਕਿਸਾਨਾਂ ਦਾ ਝੋਨਾ ਮੰਡੀਆਂ ਵਿੱਚ ਰੁਲ ਰਿਹਾ ਹੈ, ਬਾਸਮਤੀ 1800 ਤੋਂ ਲੈ ਕੇ 2400 ਰੁਪਏ ਤੱਕ ਵਿਕ ਰਹੀ ਹੈ।ਪਰ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਨੂੰ ਕਿਸਾਨ ਦੀ ਕੋਈ ਚਿੰਤਾ ਨਹੀਂ ਹੈ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕਿਸਾਨੀ ਮਸਲਿਆਂ ਨੂੰ ਹੱਲ ਕੀਤਾ ਜਾਵੇ ਅਤੇ ਲਖੀਮਪੁਰ ਖੀਰੀ ਸਮੇਤ ਜਿੱਥੇ ਵੀ ਅਤੇ ਜਿਸ ਨੇ ਵੀ ਕਿਸਾਨਾਂ ਨਾਲ ਜ਼ਿਆਦਤੀ ਕੀਤੀ ਹੈ ਨੂੰ ਮਿਸਾਲੀ ਸਜ਼ਾਵਾਂ ਦਿੱਤੀਆਂ ਜਾਣ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾਸਟਰ ਲਖਵਿੰਦਰ ਸਿੰਘ ਰੋਸਾ, ਸੁਖਵੰਤ ਸੁੱਖ, ਜੋਗਿੰਦਰ ਪਾਲ, ਰਣਜੀਤ ਕੁਮਾਰ, ਜਗੀਰ, ਸਰੋਜ ਕੁਮਾਰੀ ਅਤੇ ਰਮਾ ਕੁਮਾਰੀ ਆਦਿ ਹਾਜ਼ਰ ਸਨ।

# ਦਿਨੋਂ-ਦਿਨ ਦੀਨਾਨਗਰ 'ਚ ਵਧ ਰਹੀਆਂ ਨੇ ਚੋਰੀ ਦੀਆਂ ਵਾਰਦਾਤਾਂ



ਦੀਨਾਨਗਰ (ਸੰਜੀਵ)-ਦੀਨਾਨਗਰ ਅਧੀਨ ਆਉਂਦੇ ਪੁਲਸ ਸਟੇਸ਼ਨ ਬਹਿਰਾਮਪੁਰ ਦੇ ਇਲਾਕੇ ਅੰਦਰ ਨਿਤ ਦਿਨ ਚੋਰੀ ਦੀਆਂ ਵਾਰਦਾਤਾਂ ਦਾ ਸਿਲਸਿਲਾ ਜਾਰੀ ਹੈ।ਬਹਿਰਾਮਪੁਰ ਪੁਲਸ ਸਟੇਸ਼ਨ ਅਧੀਨ ਆਉਂਦੇ ਪਿੰਡ ਉਧੀਪੁਰ ਵਿਖੇ ਚੋਰਾਂ ਵੱਲੋਂ ਇੱਕ ਘਰ ਵਿੱਚੋਂ ਗਹਿਣੇ ਸਮੇਤ ਹੋਰ ਸਾਮਾਨ ਚੋਰੀ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਬਜ਼ੁਰਗ ਔਰਤ ਨੇ ਦੱਸਿਆ ਕਿ ਚੋਰਾਂ ਵੱਲੋਂ ਘਰ ਅੰਦਰ ਪਈ ਅਲਮਾਰੀ ਨੂੰ ਤੋੜ ਕੇ ਕਰੀਬ ਪੰਜ ਤੋਂ ਸੱਤ ਤੋਲੇ ਸੋਨੇ ਦੇ ਗਹਿਣੇ ਅਤੇ ਹੋਰ ਸਾਮਾਨ ਚੋਰੀ ਕਰ ਲਿਆ ਹੈ।

ਉਨ੍ਹਾਂ ਦੱਸਿਆ ਕਿ ਚੋਰਾਂ ਵੱਲੋਂ ਘਰ ਅੰਦਰ ਪਏ ਕੱਪੜਿਆਂ ਸਮੇਤ ਚੋਰ ਕਣਕ ਵੀ ਚੋਰੀ ਕਰਕੇ ਲੈ ਗਏ ਹਨ। ਉਧਰ ਇਸ ਸਬੰਧੀ ਬਹਿਰਾਮਪੁਰ ਥਾਣਾ ਨੂੰ ਸੂਚਿਤ ਕਰ ਦਿੱਤਾ ਗਿਆ ਅਤੇ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਪੜਤਾਲ ਸ਼ੁਰੂ ਕਰ ਦਿੱਤੀ ਹੈ।

# ਸਰਪੰਚੀ ਦੇ ਉਮੀਦਵਾਰ ਜਗਵਿੰਦਰ ਸਿੰਘ ਦੇ ਹੱਕ 'ਚ ਭਰਵੀਂ ਇਕੱਤਰਤਾ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਜਗਵਿੰਦਰ ਸਿੰਘ ਮਨਕੂ ਰਿਟਾਇਰਡ ਜ਼ਿਲ੍ਹਾ ਖੇਤੀਬਾੜੀ ਅਫਸਰ ਜੋ ਕਿ ਕਸਬਾ ਫਤਿਹਾਬਾਦ ਦੇ ਸਰਪੰਚੀ ਦੇ ਉਮੀਦਵਾਰ ਵਜੋਂ ਖੜੇ ਹੋਏ ਹਨ ਉਨ੍ਹਾਂ ਦੀ ਚੋਣ ਮੁਹਿੰਮ ਨੂੰ ਹੁਲਾਰਾ ਦੇਣ ਲਈ ਕਸਬਾ ਫਤਿਹਾਬਾਦ ਦੇ ਵੱਖ ਵੱਖ ਧੜਿਆਂ ਜਿਨ੍ਹਾਂ ਵਿਚ ਅਮਰ



ਸਿੰਘ ਭਾਪਾ,ਬੇਅੰਤ ਸਿੰਘ ਪੈਟਰੋਲ ਪੰਪ ਵਾਲੇ,ਤਜਿੰਦਰ ਸਿੰਘ ਪ੍ਰਿੰਸ ਬਲਾਕ ਸੰਮਤੀ ਮੈਂਬਰ, ਸਾਬਕਾ ਸਰਪੰਚ ਸਰਿੰਦਰ ਸਿੰਘ ਸ਼ਿੰਦਾ, ਪ੍ਰਦੀਪ ਕੁਮਾਰ ਚੋਪੜਾ ਵਰਗੇ ਮੋਹਤਬਰ ਆਗੂਆਂ ਨੇ ਜਗਵਿੰਦਰ ਸਿੰਘ ਦੀ ਚੋਣ ਮੁਹਿੰਮ ਵਿਚ ਸ਼ਮੂਲੀਅਤ ਕੀਤੀ।ਇਸ ਮੌਕੇ ਪਹੁੰਚੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਨੇ ਕਿਹਾ ਕਿ ਪੰਚਾਇਤੀ ਚੋਣਾਂ ਸਭ ਨੂੰ ਰਲ ਕੇ ਲੜਨੀਆ ਚਾਹੀਦੀਆਂ ਇਸ ਨਾਲ ਭਾਈਚਾਰਾ ਹੋਰ ਮਜਬੂਤ ਹੁੰਦਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗਤਾਰ ਸਿੰਘ ਜਾਗੀ, ਮਹਿੰਦਰ ਸਿੰਘ ਕੰਬੋਜ, ਅਮਰ ਸਿੰਘ ਭਾਪਾ, ਬਲਵਿੰਦਰ ਸਿੰਘ ਕਾਨੂੰਗੋ, ਗੁਰਦੇਵ ਸਿੰਘ ਪਵਾਰ,ਲਖਵਿੰਦਰ ਸਿੰਘ ਕਾਨੂੰਗੋ, ਕਸ਼ਮੀਰ ਸਿੰਘ ਮਰੋਕ, ਧਰਮ ਸਿੰਘ ਸੰਧਾ, ਜਗਜੀਤ ਸਿੰਘ ਕਾਲੂ, ਮਹਿੰਦਰ ਸਿੰਘ ਮਾਸਟਰ, ਕੁੱਕੂ ਦਿਉਲ, ਦਵਿੰਦਰ ਸਿੰਘ ਕਾਕਾ, ਪ੍ਰਿੰਸੀਪਲ ਪ੍ਰਸ਼ੋਤਮ ਲਾਲ, ਬਲਜੀਤ ਸਿੰਘ ਸ਼ਾਹ, ਸੁਰਜੀਤ ਕੁਮਾਰ, ਕੁਲਵਿੰਦਰ ਸਿੰਘ ਧੰਜੂ, ਸਾਬੀ ਮੈਂਬਰ, ਰਵਿੰਦਰ ਕੌਰ ਰਾਣੀ, ਮਨਜੀਤ ਕੌਰ ਵਾਲੀਆ, ਸੁਖਦੇਵ ਸਿੰਘ ਠੇਕੇਦਾਰ, ਬਲਕਾਰ ਸਿੰਘ ਠੇਕੇਦਾਰ, ਅਮਨਦੀਪ ਸਿੰਘ, ਸੁਖਵਿੰਦਰ ਸਿੰਘ ਮੋਹਨਪੁਰੀਆ, ਹਰਜੀਤ ਸਿੰਘ, ਬਿੱਲਾ ਚੋਪੜਾ, ਸੋਨੂੰ ਸਮਰਾ, ਸੁਖਵਿੰਦਰ ਕੌਰ, ਸੰਨੀ, ਨਿਰਮਲ ਕੌਰ ਪ੍ਰਧਾਨ, ਮਲਕੀਤ ਸਿੰਘ, ਸ਼ਿੰਦੂ, ਕੁਲਦੀਪ ਸਿੰਘ, ਕਾਲੀ, ਇੰਦਰਜੀਤ ਸਿੰਘ, ਕਸ਼ਮੀਰ ਸਿੰਘ ਮੈਂਬਰ, ਕੁਲਦੀਪ ਸਿੰਘ ਮਰੋਕ, ਹਰੀਸ਼ ਗੁੱਜਰ, ਜੰਗਲੀ ਮਹਾਸ਼ਾ, ਕਰਨੈਲ ਸਿੰਘ ਪ੍ਰਧਾਨ, ਸੁਖਨੰਦਨ ਸਿੰਘ ਕਾਨੂੰਗੋ, ਸੁਖਦੇਵ ਸਿੰਘ ਕੇ ਕੇ, ਬਲਜੀਤ ਸਿੰਘ ਕਾਮਰੇਡ ਆਦਿ ਹਾਜ਼ਰ ਸਨ।

## ਐੱਸ. ਐੱਸ. ਐੱਮ ਕਾਲਜ 'ਚ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ

ਦੀਨਾਨਗਰ (ਸੰਜੀਵ)-ਐੱਸ. ਐੱਸ. ਐੱਮ. ਕਾਲਜ ਦੀਨਾਨਗਰ ਦੇ ਪ੍ਰਿੰਸੀਪਲ ਡਾ. ਆਰ. ਕੇ.. ਤੁਲੀ ਦੀ ਅਗਵਾਈ ਹੇਠ ਐੱਨ. ਐੱਸ. ਐੱਸ. ਵਿਭਾਗ ਦੇ ਸਹਿਯੋਗ ਨਾਲ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਨੇ




ਸੰਤੁਲਿਤ ਪੋਸ਼ਣ ਅਤੇ ਸਿਹਤ ਸਬੰਧੀ ਜਾਗਰੂਕਤਾ ਸਬੰਧੀ ਪੋਸਟਰ ਬਣਾ ਕੇ ਪੋਸ਼ਣ ਮੁਹਿੰਮ ਵਿੱਚ ਯੋਗਦਾਨ ਪਾਇਆ। ਇਸ ਸਬੰਧੀ ਪ੍ਰਿੰ. ਸਰ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਕੁਪੋਸਣ ਸਾਡੇ ਸਮਾਜ ਲਈ ਇੱਕ ਗੰਭੀਰ ਸਮੱਸਿਆ ਹੈ, ਕੁਪੋਸ਼ਣ ਨਾਲ ਸਾਡੇ ਸਰੀਰਕ ਅਤੇ ਮਾਨਸਿਕ ਵਿਕਾਸ ਰੁਕ ਜਾਂਦਾ ਹੈ, ਜਿਸ ਨੂੰ ਦੂਰ ਕਰਨ ਲਈ ਸਾਨੂੰ ਸਾਰਿਆਂ ਨੂੰ ਇਕੱਠੇ ਹੋ ਕੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਦੀ ਲੋੜ ਹੈ। ਇਸ ਮੁਹਿੰਮ ਵਿੱਚ ਵਿਦਿਆਰਥੀਆਂ ਦਾ ਅੱਗੇ ਆਉਣਾ ਇੱਕ ਸਲਾਘਾਯੋਗ ਉਪਰਾਲਾ ਹੈ। ਇਸ ਮੌਕੇ ਐੱਨ. ਐੱਸ. ਐੱਸ. ਅਧਿਕਾਰੀ ਡਾ: ਰਾਜਨ ਹਾਂਡਾ, ਪ੍ਰੋ. ਸੁਬੀਰ ਰਗਬੋਤਰਾ, ਪ੍ਰੋ-ਮੋਨਿਕਾ ਹਾਜ਼ਰ ਸਨ।

## ਡੀ ਸੀ ਤੇ ਐੱਸ ਐੱਸ ਪੀ ਬਟਾਲਾ ਨੇ ਕਿਸਾਨਾਂ ਨਾਲ ਕੀਤੀ ਗੱਲਬਾਤ

ਡੇਰਾ ਬਾਬਾ ਨਾਨਕ/ਗੁਰਦਾਸਪੁਰ (ਰਮੇਸ਼ ਸ਼ਰਮਾ/ਜਨਕ ਮਹਾਜਨ)-ਗੁਰਦਾਸਪੁਰ ਜ਼ਿਲੇ ਦੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਸਮੇਂ ਸਿਰ ਮਸ਼ੀਨਰੀ ਉਪਲੱਬਧ ਕਰਵਾਉਣ ਸਮੇਤ ਕਿਸਾਨਾਂ ਨੂੰ ਜਾਗਰੂਕ ਕਰਨ ਦੇ ਮਕਸਦ ਨਾਲ ਜ਼ਿਲ੍ਹਾ ਪ੍ਰਸ਼ਾਸਨ ਫ਼ੀਲਡ 'ਚ ਉਤਰਿਆ ਹੋਇਆ ਹੈ।



ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਅਤੇ ਐੱਸ. ਐੱਸ. ਪੀ. ਬਟਾਲਾ ਸੁਹੇਲ ਕਾਸਿਮ ਮੀਰ ਵਲੋਂ ਪਿਛਲੇ ਸਾਲ ਹਾਟ ਸਪਾਟ ਰਹੇ ਪਿੰਡ ਦੇਹੜ ਗਵਾਰ, ਢਿੱਲਵਾਂ, ਸ਼ਿਕਾਰ, ਪੱਡਾ, ਪੰਨਵਾਂ, ਤਲਵੰਡੀ ਹਿੰਦੂਆਂ, ਸਿੰਘਪੁਰਾ, ਧਰਮਾਬਾਦ, ਅਤੇ ਸ਼ਾਮਪੁਰਾ ਵਿਖੇ ਕਿਸਾਨਾਂ ਨੂੰ ਮਿਲਣ ਲਈ ਪਹੁੰਚੇ। ਇਸ ਮੌਕੇ ਐਸਡੀਐਮ ਰਾਜਪਾਲ ਸਿੰਘ ਸੇਖੋਂ, ਡੀਐਸਪੀ ਜਸਬੀਰ ਸਿੰਘ, ਨਾਇਬ ਤਹਿਸੀਲਦਾਰ, ਅਮਨਦੀਪ ਸਿੰਘ,ਵਏਡੀਓ ਗੁਰਪ੍ਰਤਾਪ ਸਿੰਘ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ। ਕਿਸਾਨਾਂ ਨਾਲ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਰਾਲੀ ਪ੍ਰਬੰਧਨ ਕਰਨ ਲਈ ਕਿਸਾਨਾਂ ਨੂੰ ਇੰਨ ਸੀਟੂ ਤੇ ਐਕਸ ਸੀਟੂ ਲਈ ਬੇਲਰ, ਚੌਪਰ, ਸੁਪਰ ਸੀਡਰ ਤੇ ਸਰਫੇਸ ਸੀਡਰ ਵਰਗੀ ਜਿਹੜੀ ਵੀ ਮਸ਼ੀਨਰੀ ਦੀ ਜ਼ਰੂਰਤ ਹੋਵੇਗੀ, ਉਹ ਮੁਹੱਈਆ ਕਰਵਾਈ ਜਾਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਮੁੱਚਾ ਜ਼ਿਲ੍ਹਾ ਪ੍ਰਸ਼ਾਸਨ ਕਿਸਾਨਾਂ ਨੂੰ ਆਪਣੇ ਖੇਤਾਂ ਵਿੱਚ ਪਰਾਲੀ ਤੇ ਹੋਰ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਲਈ ਪ੍ਰੇਰਤ ਕਰਨ ਵਾਸਤੇ ਖੇਤਾਂ ਵਿੱਚ ਪੁੱਜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਹੁੰਦੇ ਵਾਤਾਵਰਣ ਪ੍ਰਦੂਸ਼ਣ ਨਾਲ ਬੱਚਿਆਂ ਤੇ ਬਜ਼ੁਰਗਾਂ ਸਮੇਤ ਖੇਤਾਂ ਵਿੱਚ ਕੰਮ ਕਰਦੇ ਕਿਸਾਨਾਂ ਦੀ ਸਿਹਤ 'ਤੇ ਵੀ ਮਾੜਾ ਅਸਰ ਪੈਂਦਾ ਹੈ। ਉਨ੍ਹਾਂ ਕਿਹਾ ਕੰਬਾਇਨ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਹੀ ਚਲਾਈ ਜਾਵੇ ਅਤੇ ਕੰਬਾਇਨ ਮਗਰ ਸੁਪਰ ਐੱਸਐੱਮਐੱਸ ਲਗਾ ਕੇ ਹੀ ਕਟਾਈ ਕੀਤੀ ਜਾਵੇ। ਝੋਨਾ ਮੰਡੀਆਂ ਵਿੱਚ ਸੁਕਾ ਲਿਆਂਦਾ ਜਾਵੇ।

## ਆਈਟੀਸੀ ਦੇ ਸਨਫੀਸਟ ਡਾਰਕ ਫੈਂਟਸੀ ਵੱਲੋਂ ਬਿੱਗ ਫੈਂਟੈਸੀਜ਼ ਵਜੋਂ ਪਹਿਲ

ਲੁਧਿਆਣਾ:ਭਾਰਤ ਦੇ ਪਸੰਦੀਦਾ ਕੁਕੀ ਬ੍ਰਾਂਡ ਆਈਟੀਸੀ ਸਨਫੀਸਟ ਡਾਰਕ ਫੈਂਟਸੀ ਨੇ ਆਪਣੀ ਨਵੀਨਤਾਕਾਰੀ ਪਹਿਲਕਦਮੀ, ਬਿੱਗ ਫੈਂਟੇਸੀਜ਼: ਗਿਵ ਵਿੰਗਜ਼ ਟੂ ਯੂਅਰ ਇਮੈਜੀਨੇਸ਼ਨ ਦਾ ਐਲਾਨ ਕੀਤਾ ਹੈ। ਇਸ ਪਹਿਲ ਦੇ ਜ਼ਰੀਏ ਬ੍ਰਾਂਡ ਦਾ ਉਦੇਸ਼ ਕਲਾ ਨੂੰ ਤਕਨੀਕ ਨਾਲ ਮਿਲਾ ਕੇ ਬੱਚਿਆਂ ਦੀ ਰਚਨਾਤਮਕਤਾ ਅਤੇ ਕਲਪਨਾ ਸ਼ਕਤੀ ਨੂੰ ਜਗਾਉਣਾ ਹੈ।ਇਸ ਪ੍ਰੋਗਰਾਮ ਵਿੱਚ ਬੱਚੇ ਦੀ ਕਲਪਨਾ ਸ਼ਕਤੀ ਨੂੰ ਜਾਗਰਿਤ ਕਰਨ ਦੇ ਮਹੱਤਵ ਵਿਸ਼ੇ ਉੱਤੇ ਇੱਕ ਵਿਆਪਕ ਪੈਨਲ ਚਰਚਾ ਵੀ ਕੀਤੀ ਗਈ ਜਿਸ ਵਿੱਚ ਪੁਲਾੜ ਖੋਜ, ਸਿੱਖਿਆ, ਮਨੋਵਿਗਿਆਨ ਅਤੇ ਰਚਨਾਤਮਕ ਕਲਾ ਦੇ ਖੇਤਰਾਂ ਦੀਆਂ ਪ੍ਰਮੁੱਖ ਸ਼ਖਸੀਅਤਾਂ ਸ਼ਾਮਲ ਸਨ।

# ਪੰਜਾਬ ਗ੍ਰਾਮੀਣ ਬੈਂਕ ਬ੍ਰਾਂਚ ਅਜਨਾਲਾ ਵੱਲੋਂ ਵਿੱਤੀ ਸਾਖਰਤਾ ਕੈਂਪ ਆਯੋਜਿਤ

ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)-ਸਥਾਨਕ ਸ਼ਹਿਰ ਅਜਨਾਲਾ ਦੇ ਪ੍ਰਾਚੀਨ ਸ਼ਿਵ ਮੰਦਰ ਵਿਖੇ ਪੰਜਾਬ ਗ੍ਰਾਮੀਣ ਬੈਂਕ ਬ੍ਰਾਂਚ ਅਜਨਾਲਾ ਵਲੋਂ ਵਿਤੀ ਸਾਖਰਤਾ ਕੈਂਪ ਲਗਾਇਆ ਗਿਆ।



ਇਸ ਮੌਕੇ ਬ੍ਰਾਂਚ ਦੇ ਮੈਨੇਜਰ ਅਨਿਲ ਕੁਮਾਰ ਮੀਨਾ ਅਤੇ ਮੈਡਮ ਅੰਮ੍ਰਿਤਪਾਲ ਕੌਰ ਵਲੋਂ ਵੱਖ-ਵੱਖ ਖੇਤੀਬਾੜੀ ਦੇ ਨਾਲ ਸਬੰਧਤ ਅਤੇ ਹਾਊਸਿੰਗ ਕਾਰ ਅਤੇ ਪਰਸਨਲ ਲੋਨ, ਹੈਲਥ ਇੰਸ਼ੋਰੈਂਸ ਅਤੇ ਹੋਰ ਕਾਫੀ ਸਕੀਮਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।

ਇਸ ਮੌਕੇ ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਢਿੱਲੋਂ, ਸੋਸ਼ਲ ਵਰਕਰ ਮਨੀਸ਼ ਉਪਲ ਅਜਨਾਲਾ, ਕੌਂਸਲਰ ਅਵਿਨਾਸ਼ ਮਸੀਹ, ਅਜੈ ਕੁਮਾਰ ਸ਼ਰਮਾ, ਗੋਰਾ ਸੱਗੂ, ਸੁੱਖਵਿੰਦਰ ਸਿੰਘ ਸੁੱਖ ਜਿਊਲਰਜ ਵਾਲੇ, ਉਘੇ ਸਮਾਜ ਸੇਵੀ ਕ੍ਰਿਸ਼ਨ ਕੁਮਾਰ ਸਹਿਗਲ ਅਜਨਾਲਾ, ਪਵਨ ਕੁਮਾਰ ਮਹਿਤਾ, ਪ੍ਰਸ਼ੋਤਮ ਲਾਲ ਸ਼ਰਮਾ ਰੂਧਰ, ਵਿਸ਼ੂ ਕੁਮਾਰ ਕਟਾਰੀਆ, ਬਬਲੂ ਅਜਨਾਲਾ, ਕੁਲਦੀਪ ਕੁਮਾਰ ਤ੍ਰੇਹਣ, ਅਵਿਨਾਸ਼ ਅਜਨਾਲਾ, ਨੀਟਾ ਮਹੰਤ, ਰਾਜੀਵ ਕੁਮਾਰ, ਜਗੀਰ ਸਿੰਘ ਧਾਰੀਵਾਲ, ਓਮ ਪ੍ਰਕਾਸ਼ ਮਹਿਤਾ, ਅਰੁਣ ਕੁਮਾਰ, ਅਜੈ ਕੁਮਾਰ ਮਹਿਤਾ, ਰਾਜਨ ਕੁਮਾਰ, ਸ਼ਮਸ਼ੇਰ ਸਿੰਘ, ਦੀਪਕ ਸ਼ਾਹ ਹੰਸ ਅਜਨਾਲਾ, ਮੋਹਿਤ ਕੁਮਾਰ, ਜਸਪਾਲ ਮਹਿਤਾ, ਸੰਦੀਪ ਕੁਮਾਰ, ਰਘੂ ਕੁਮਾਰ ਚੋਪੜਾ, ਸਤਪਾਲ ਸਲਵਾਨ, ਸੱਤਪਾਲ ਸ਼ਰਮਾ, ਸੁਸ਼ੀਲ ਕੁਮਾਰ, ਕਿਸਾਨ ਆਗੂ ਦਵਿੰਦਰ ਸਿੰਘ ਔਲਖ ਗੁੱਝਾਪੀਰ, ਦਿਲਾਵਰ ਸਿੰਘ, ਮੈਡਮ ਅੰਮ੍ਰਿਤਪਾਲ ਕੋਰ, ਮੈਡਮ ਸੋਨੀਆ ਆਦਿ ਹਾਜ਼ਰ ਸਨ।

# 'ਖੇਡਾਂ ਵਤਨ ਪੰਜਾਬ ਦੀਆਂ' 'ਚ ਜ਼ਿਲ੍ਹਾ ਗੁਰਦਾਸਪੁਰ ਗਤਕਾ ਐਸੋਸੀਏਸ਼ਨ ਦੇ ਖਿਡਾਰੀਆਂ ਨੇ ਮਾਰੀਆਂ ਮੱਲਾਂ

ਧਾਰੀਵਾਲ, 3 ਅਕਤੂਬਰ (ਮਨਦੀਪ ਸਿੰਘ ਵਿੱਕੀ)-ਮੁੱਖ ਮੰਤਰੀ ਭਗਵੰਤ ਮਾਨ ਦੀ ਰਹਿਨੁਮਾਈ ਹੇਠ ਸੂਬਾ ਸਰਕਾਰ ਦੇ ਖੇਡ ਵਿਭਾਗ ਵੱਲੋਂ ਕਰਵਾਈਆਂ ਗਈਆਂ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਜ਼ਿਲਾ ਗੁਰਦਾਸਪੁਰ ਗਤਕਾ ਐਸੋਸੀਏਸ਼ਨ ਦੇ ਗਤਕਾ ਖਿਡਾਰੀਆਂ ਵੱਲੋਂ ਚੰਗਾ ਪ੍ਰਦਰਸ਼ਨ ਕਰਦਿਆਂ ਗੋਲਡ ਮੈਡਲ ਪ੍ਰਾਪਤ ਕੀਤੇ ਗਏ ਹਨ।ਜ਼ਿਲਾ ਗੁਰਦਾਸਪੁਰ ਗਤਕਾ ਐਸੋਸੀਏਸ਼ਨ ਦੇ ਪ੍ਰਧਾਨ ਕਮ ਚੇਅਰਮੈਨ ਰਵਿੰਦਰ ਸਿੰਘ ਮਠਾਰੂ ਅਤੇ ਐਸੋਸੀਏਸ਼ਨ ਦੇ ਜਨਰਲ ਸੈਕਟਰੀ ਅਤੇ ਗਤਕੇ ਦੇ ਸੀਨੀਅਰ ਕੋਚ ਜੋਧਵੀਰ ਸਿੰਘ ਤੋਂ ਇਲਾਵਾ ਐਸੋਸੀਏਸ਼ਨ ਦੇ ਹੋਰ ਅਹੁਦੇਦਾਰਾਂ ਤੇ ਮੈਂਬਰਾਂ ਦੇ ਯਤਨਾਂ ਸਦਕਾ ਗਤਕਾ ਖਿਡਾਰੀਆਂ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਵੱਧ ਚੜ ਕੇ ਮੱਲਾਂ ਮਾਰੀਆਂ ਗਈਆਂ ਹਨ।



ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਕਮ ਚੇਅਰਮੈਨ ਰਵਿੰਦਰ ਸਿੰਘ ਮਠਾਰੂ ਅਤੇ ਜਨਰਲ ਸੈਕਟਰੀ ਜੋਧਵੀਰ ਸਿੰਘ ਨੇ ਦੱਸਿਆ ਕਿ ਅੰਡਰ 17 ਸਾਲ ਦੇ ਵਿੱਚ ਅਭੀਜੀਤ ਸਿੰਘ, ਪ੍ਰਿਤਪਾਲ ਸਿੰਘ, ਅਮਿਤਪਾਲ ਸਿੰਘ, ਸਿਮਰਨਜੀਤ ਸਿੰਘ, ਮਨਜੀਤ ਸਿੰਘ, ਦਰਸ਼ਨੀਤ ਸਿੰਘ, ਸੁਖਜੀਤ ਸਿੰਘ, ਆਕਰਸ਼ ਪ੍ਰੀਤ ਸਿੰਘ, ਆਦਿ ਵੱਲੋਂ ਪ੍ਰਦਰਸ਼ਨੀ ਸ਼ਾਸਤਰ ਦੇ ਵਿੱਚ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਕੇ ਗੋਲਡ ਮੈਡਲ ਪ੍ਰਾਪਤ ਕੀਤੇ ਗਏ ਹਨ।ਐਸੋਸੀਏਸ਼ਨ ਦੇ ਪ੍ਰਧਾਨ ਕਮ ਚੇਅਰਮੈਨ ਰਵਿੰਦਰ ਸਿੰਘ ਮਠਾਰੂ ਅਤੇ ਜਨਰਲ ਸਕੱਤਰ ਜੋਧਵੀਰ ਸਿੰਘ ਨੇ ਦੱਸਿਆ ਕਿ ਇਸੇ ਤਰ੍ਹਾਂ ਅੰਡਰ 14 ਸਾਲ ਲੜਕਿਆਂ ਦੇ ਵਿੱਚ ਨਵਜੀਤ ਸਿੰਘ, ਗੁਰਪ੍ਰੀਤ ਸਿੰਘ, ਅਰਸ਼ਪ੍ਰੀਤ ਸਿੰਘ, ਏਕਮਜੋਤ ਸਿੰਘ, ਅਰਮਾਨ ਦੀਪ ਸਿੰਘ, ਹਰਜੋਤ ਸਿੰਘ, ਰਘੂਵੀਰ ਸਿੰਘ , ਕਮਲਨੈਣ ਸਿੰਘ, ਪ੍ਰਭਕੀਰਤ ਸਿੰਘ, ਸੰਦੀਪ ਸਿੰਘ, ਇੰਦਰਪ੍ਰੀਤ ਸਿੰਘ, ਸੁਰਜੀਤ ਸਿੰਘ ਆਦਿ ਨੇ ਚੰਗੀ ਖੇਡ ਦਾ ਪ੍ਰਦਰਸ਼ਨ ਕਰਕੇ ਡੈਮੋ ਮੁਕਾਬਲੇ ਵਿੱਚ ਗੋਲਡ ਮੈਡਲ ਪ੍ਰਾਪਤ ਕੀਤੇ ਹਨ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਲੜਕੀਆਂ ਦੇ ਵਿੱਚ ਜਸਮੀਤ ਕੌਰ, ਏਜਲ ਕੌਰ, ਸੁਮਨਦੀਪ ਕੌਰ, ਰਜਵੰਤ ਕੌਰ ਵੱਲੋਂ ਵੀ ਗੋਲਡ ਮੈਡਲ ਪ੍ਰਾਪਤ ਕਰਕੇ ਆਪਣੇ ਮਾਤਾ ਪਿਤਾ ਅਤੇ ਜਿਲਾ ਗੁਰਦਾਸਪੁਰ ਗਤਕਾ ਐਸੋਸੀਏਸ਼ਨ ਦਾ ਨਾਮ ਰੌਸ਼ਨ ਕੀਤਾ ਗਿਆ ਹੈ। ਅੱਵਲ ਆਏ ਇਹਨਾਂ ਗਤਕਾ ਖਿਡਾਰੀਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕਰਨ ਦੇ ਲਈ ਮੁੱਖ ਮਹਿਮਾਨ ਵਜੋਂ ਗੁਰਦੁਆਰਾ ਗੁਰੂ ਨਾਨਕ ਨਗਰ ਸਾਹਿਬ ਦੇ ਪ੍ਰਧਾਨ ਅਤੇ ਸਮਾਜ ਸੇਵੀ ਸ਼ਖ਼ਸ਼ੀਅਤ ਐਡਵੋਕੇਟ ਨਰੋਤਮ ਸਿੰਘ ਵਿਸ਼ੇਸ਼ ਤੌਰ ਤੇ ਪਹੁੰਚੇ।ਜਦਕਿ ਜ਼ਿਲ੍ਹਾ ਗੁਰਦਾਸਪੁਰ ਗਤਕਾ ਐਸੋਸੀਏਸ਼ਨ ਦੇ ਪ੍ਰਧਾਨ ਕਮ ਚੇਅਰਮੈਨ ਰਵਿੰਦਰ ਸਿੰਘ ਮਠਾਰੂ, ਐਸੋਸੀਏਸ਼ਨ ਦੇ ਜਨਰਲ ਸਕੱਤਰ ਤੇ ਸੀਨੀਅਰ ਕੋਚ ਜੋਧਵੀਰ ਸਿੰਘ, ਤੇਜਪਾਲ ਸਿੰਘ ਪਾਲ ਆਟੋ, ਰਜਿੰਦਰ ਸਿੰਘ ਹੈਪੀ , ਹਰਵਿੰਦਰ ਸਿੰਘ ਟਿੰਕੂ, ਇੰਦਰਪ੍ਰੀਤ ਸਿੰਘ ਰਿੰਕੀ, ਗਗਨਦੀਪ ਸਿੰਘ ਗੁਰਦੁਆਰਾ ਸਾਹਿਬ ਦੇ ਮੁੱਖ ਗ੍ਰੰਥੀ ਭਾਈ ਦਇਆ ਸਿੰਘ ਅਤੇ ਹੋਰ ਮੈਂਬਰਾਂ ਵੱਲੋਂ ਗਤਕਾ ਖਿਡਾਰੀਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕਰਦਿਆਂ ਜਿੱਥੇ ਮੁਬਾਰਕਬਾਦ ਦਿੱਤੀ ਗਈ, ਉੱਥੇ ਨਾਲ ਹੀ ਬੱਚਿਆਂ ਦੇ ਉਜਵ ਭਵਿੱਖ ਦੀ ਕਾਮਨਾ ਵੀ ਕੀਤੀ ਗਈ।ਇਸ ਮੌਕੇ ਹੋਰ ਵੀ ਮੈਂਬਰ ਅਤੇ ਬੱਚਿਆਂ ਦੇ ਮਾਤਾ-ਪਿਤਾ ਹਾਜ਼ਰ ਸਨ।

# ਪੰਜਾਬ ਕਿਸਾਨ ਯੂਨੀਅਨ ਦੀ ਜ਼ਿਲਾ ਕਮੇਟੀ ਅੰਮ੍ਰਿਤਸਰ ਦੀ ਜਨਰਲ ਬਾਡੀ ਦੀ ਮੀਟਿੰਗ

ਗਹਿਰੀ ਮਡੀ (ਮਨਜੀਤ ਸਿੰਘ ਭੰਗੂ)-ਪੰਜਾਬ ਕਿਸਾਨ ਯੂਨੀਅਨ ਦੀ ਜ਼ਿਲਾ ਕਮੇਟੀ ਅੰਮ੍ਰਿਤਸਰ ਦੀ ਜਨਰਲ ਬਾਡੀ ਦੀ ਮੀਟਿੰਗ ਜਥੇਬੰਦੀ ਦੇ ਜ਼ਿਲਾ ਅੰਮ੍ਰਿਤਸਰ ਦੇ ਪ੍ਰਧਾਨ ਬਲਬੀਰ ਸਿੰਘ ਮੂਧਲ ਦੀ ਪ੍ਰਧਾਨਗੀ ਹੇਠ ਹੋਈ। ਜਥੇਬੰਦੀ ਦੀ ਮੀਟਿੰਗ ਦੀ ਕਾਰਵਾਈ ਸਬੰਧੀ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਆਗੂ ਬਲਬੀਰ ਸਿੰਘ ਮੂਧਲ, ਜ਼ਿਲਾ ਪ੍ਰਧਾਨ ਲਖਬੀਰ ਸਿੰਘ ਤੇੜਾ ਅਤੇ ਜ਼ਿਲਾ ਪ੍ਰਚਾਰ ਸਕੱਤਰ ਅਤੇ ਮੀਡੀਆ ਕੋਆਰਡੀਨੇਟਰ ਨਰਿੰਦਰ ਲਾਡੀ ਨੇ ਦੱਸਿਆ ਕਿ ਮੀਟਿੰਗ ਵਿੱਚ ਲਖੀਮਪੁਰ ਖੀਰੀ ਦੇ



ਸ਼ਹੀਦ ਕਿਸਾਨਾਂ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ ਅਤੇ ਲਖੀਮਪੁਰ ਖੀਰੀ ਕਾਂਡ ਦੇ ਮੁੱਖ ਦੋਸ਼ੀ ਟੈਨੀ ਮਿਸ਼ਰਾ ਅਤੇ ਉਸਦੇ ਸਾਥੀ ਬੀਜੇਪੀ ਦੇ ਗੁੰਡਿਆਂ ਫਾਸਟ ਟਰੈਕ ਅਦਾਲਤ ਬਣਾ ਕੇ ਸਖਤ ਸਜਾਵਾਂ ਦੇਣ ਦੀ ਮੰਗ ਕੀਤੀ ਗਈ।ਕਿਸਾਨਾਂ ਦੀ ਲੁੱਟ ਖਸੁੱਟ ਬੰਦ ਕਰਨ, ਬਾਸਮਤੀ ਦਾ ਭਾਅ ਉਚਿਤ ਅਤੇ ਵਾਜਬ ਦੇਣ ਅਤੇ ਮੰਡੀਆਂ ਵਿੱਚ ਖਰੀਦ ਦੇ ਪ੍ਰਬੰਧ ਦਰੁਸਤ ਕਰਨ ਅਤੇ ਖਰੀਦ ਵਿੱਚ ਤੇਜੀ ਲਿਆਉਣ ਅਤੇ ਤੁਰੰਤ ਲਿਫਟਿੰਗ ਕਰਨ ਦੀ ਮੰਗ ਕੀਤੀ ਗਈ।ਝੋਨੇ ਦੀ ਰਹਿੰਦ ਖੂੰਹਦ ਤੇ ਪਰਾਲੀ ਦੀ ਸਾਂਭ ਸੰਭਾਲ ਲਈ ਕਿਸਾਨਾਂ ਨੂੰ ਪ੍ਰਤੀ ਏਕੜ 5000 ਰੁਪਏ ਦਾ ਮੁਆਵਜ਼ਾ ਬਿਨਾਂ ਸ਼ਰਤ ਅਤੇ ਤੁਰੰਤ ਦੇਣ ਅਤੇ ਜਿਨ੍ਹਾਂ ਕਿਸਾਨਾਂ ਵਿਰੁੱਧ ਪਰਾਲੀ ਸਾੜਨ ਦੇ ਜੁਰਮਾਨੇ ਕੀਤੇ ਗਏ ਹਨ ਉਨ੍ਹਾਂ ਜੁਰਮਾਨਿਆਂ ਨੂੰ ਬਿਨਾਂ ਸ਼ਰਤ ਵਾਪਸ ਲੈਣ ਅਤੇ ਅੱਗੇ ਤੋਂ ਕਿਸਾਨਾਂ ਨੂੰ ਜੁਰਮਾਨਾ ਨਾ ਕੀਤੇ ਜਾਣ ਦੀ ਮੰਗ ਕੀਤੀ ਗਈ। ਪੰਜਾਬ ਕਿਸਾਨ ਯੂਨੀਅਨ ਨੇ ਪੰਜਾਬ ਵਿੱਚ ਹੋ ਰਹੀਆਂ ਪੰਚਾਇਤੀ ਚੋਣਾਂ ਵਿੱਚ ਪੰਜਾਬ ਦੇ ਸਮੂਹ ਨਿਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਪਿੰਡਾਂ ਵਿੱਚ ਪੜ੍ਹੇ ਲਿਖੇ ਸਿਆਣੇ ਅਤੇ ਸੂਝਵਾਨ ਸਰਪੰਚ ਚੁਣੇ ਜਾਣ ਪਿੰਡਾਂ ਨੂੰ ਧੜੇਬੰਦੀਆਂ ਤੇ ਝਗੜਿਆਂ ਤੋਂ ਮੁਕਤ ਰੱਖਿਆ ਜਾਵੇ ਜਥੇਬੰਦੀ ਵੱਲੋਂ ਧਨਾਡ ਵਿਅਕਤੀਆਂ ਵੱਲੋਂ ਪਿੰਡਾਂ ਦੀ ਸਰਪੰਚੀ ਲਈ ਲੱਖਾਂ ਕਰੋੜਾਂ ਰੁਪਏ ਦੀਆਂ ਲਾਈਆਂ ਜਾ ਰਹੀਆਂ ਬੋਲੀਆਂ ਉੱਤੇ ਚਿੰਤਾ ਜਾਹਿਰ ਕੀਤੀ ਗਈ ਅਤੇ ਇਸ ਖਤਰਨਾਕ ਰੁਝਾਣ ਨੂੰ ਰੋਕਣ ਲਈ ਚੋਣ ਕਮਿਸ਼ਨ ਨੂੰ ਸਖਤ ਕਾਰਵਾਈ ਕਰਦਿਆਂ ਪਿੰਡਾਂ ਵਿੱਚ ਜਮਹੂਰੀ ਅਤੇ ਨਿਰਪੱਖ ਢੰਗ ਨਾਲ ਚੋਣ ਕਰਵਾਉਣ ਦੀ ਮੰਗ ਕੀਤੀ ਗਈ। ਪਿੰਡਾਂ ਵਿੱਚ ਪੰਚਾਇਤੀ ਚੋਣਾਂ ਵਿੱਚ ਲੱਖਾਂ ਕਰੋੜਾਂ ਰੁਪਏ ਦੀ ਬੋਲੀ ਦੇ ਰਹੇ ਵਿਅਕਤੀਆਂ ਵਿਰੁੱਧ ਤੁਰੰਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਗਈ।ਮੀਟਿੰਗ ਵਿੱਚ ਜਥੇਬੰਦੀ ਦੇ ਜ਼ਿਲ੍ਹਾ ਅੰਮ੍ਰਿਤਸਰ ਦੇ ਆਗੂ ਮੰਗਲ ਸਿੰਘ ਧਰਮਕੋਟ, ਭੈਣ ਜਸਬੀਰ ਕੌਰ ਹੇਅਰ ਨਰੇਸ਼ ਕੁਮਾਰ ਸਾਹਨੇਵਾਲੀ,ਨਿਰਮਲ ਸਿੰਘ ਛੱਜਲਵੱਡੀ, ਸ਼ਮਸ਼ੇਰ ਸਿੰਘ ਹੇਰ,ਮਨਜੀਤ ਸਿੰਘ ਗਹਿਰੀ, ਲੰਬੜਦਾਰ ਗਗਨ ਸਿੰਘ ਤੇੜਾ, ਬਲਵਿੰਦਰ ਸਿੰਘ ਹੇਰ ਪੰਡੋਰੀ, ਬਲਵਿੰਦਰ ਕੌਰ ਆਦਿ ਹਾਜ਼ਰ ਸਨ।

# ਸ਼ੈਲਰ ਮਾਲਕਾਂ ਵੱਲੋਂ ਝੋਨੇ ਦੀ ਖਰੀਦ ਸਬੰਧੀ ਕੈਬਨਿਟ ਮੰਤਰੀਆਂ ਨਾਲ ਮੀਟਿੰਗ

## * ਮੰਤਰੀਆਂ ਨੇ ਝੋਨੇ ਦੀ ਖਰੀਦ 'ਚ ਤੇਜ਼ੀ ਲਿਆਉਣ ਦਾ ਦਿੱਤਾ ਭਰੋਸਾ

ਅੰਮ੍ਰਿਤਸਰ, (ਨਰਿੰਦਜੀਤ ਸਿੰਘ)-ਝੋਨੇ ਦੇ ਚੱਲ ਰਹੇ ਸੀਜ਼ਨ ਦੌਰਾਨ ਫਸਲ ਦੀ ਖਰੀਦ ਵਿੱਚ ਤੇਜ਼ੀ ਲਿਆਉਣ ਸਬੰਧੀ ਸ਼ੈਲਰ ਮਾਲਕਾਂ ਦੇ ਇੱਕ ਵਫਦ ਵੱਲੋਂ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨਾਲ ਆਪਣੀਆਂ ਮੰਗਾਂ ਅਤੇ ਲੋੜਾਂ ਨੂੰ ਲੈ ਕੇ ਵਿਸਥਾਰ ਵਿੱਚ ਮੀਟਿੰਗ ਕੀਤੀ ਗਈ।ਇਸ ਮੌਕੇ ਸ਼ੈਲਰ ਮਾਲਕ ਐਸੋਸੀਏਸ਼ਨ ਵੱਲੋਂ ਜੰਡਿਆਲਾ ਗੁਰੂ ਐਸੋਸੀਏਸ਼ਨ ਤੋਂ ਸੁਰਜੀਤ ਸਿੰਘ ਕੰਗ, ਸੁਖਦੇਵ ਸਿੰਘ ਪ੍ਰਧਾਨ ਮਹਿਤਾ, ਦਿਲਬਾਗ ਸਿੰਘ ਬਾਠ ਤਰਨ ਤਾਰਨ, ਗੁਰਦੇਵ ਸਿੰਘ ਖਾਲਸਾ ਪ੍ਰਧਾਨ ਮੰਡੀ ਰਈਆ, ਬਲਦੇਵ ਸਿੰਘ ਬੱਦੋਵਾਲ ਅਤੇ ਹੋਰ ਨੇਤਾ ਹਾਜ਼ਰ ਸਨ।ਸ਼ੈਲਰ ਮਾਲਕਾਂ ਨੇ ਮੀਟਿੰਗ ਮਗਰੋਂ ਗੱਲਬਾਤ ਕਰਦਿਆਂ ਕਿਹਾ ਕਿ ਦੋਵਾਂ ਮੰਤਰੀਆਂ ਨੇ ਸਾਡੀ ਗੱਲਬਾਤ ਨੂੰ ਧਿਆਨ ਨਾਲ ਸੁਣਿਆ ਅਤੇ ਭਰੋਸਾ ਦਿੱਤਾ ਕਿ ਤੁਹਾਡੇ ਮਸਲੇ ਮੁੱਖ ਮੰਤਰੀ ਪੰਜਾਬ ਨਾਲ ਵਿਚਾਰ ਕੇ ਉਨ੍ਹਾਂ ਦੇ ਸਾਰਥਕ ਹੱਲ ਕੀਤੇ ਜਾਣਗੇ, ਜਿਸ ਉਪਰੰਤ ਅਸੀਂ ਵੀ ਆਪਣੀ ਐਸੋਸੀਏਸ਼ਨ ਵੱਲੋਂ ਵਾਅਦਾ ਕੀਤਾ ਹੈ ਕਿ ਝੋਨੇ ਦੀ ਖਰੀਦ ਵਿੱਚ ਤੇਜ਼ੀ ਲਿਆਂਦੀ ਜਾਵੇਗੀ।ਇਸ ਮੌਕੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਝੋਨੇ ਦੀ ਖਰੀਦ ਵਿੱਚ ਲੇਬਰ ਯੂਨੀਅਨ ਦੀਆਂ ਮੰਗਾਂ ਦਾ ਮੁੱਦਾ ਵੀ ਹੱਲ ਕਰ ਲਿਆ ਗਿਆ ਹੈ। ਪੰਜਾਬ ਸਰਕਾਰ ਨੇ ਉਹਨਾਂ ਦੀਆਂ ਮੁੱਖ ਮੰਗਾਂ ਮੰਨ ਲਈਆਂ ਹਨ ਅਤੇ ਇਸ ਵੇਲੇ ਝੋਨੇ ਦੀ ਸਾਫ ਸਫਾਈ, ਤੁਲਾਈ ਅਤੇ ਲੋਡਿੰਗ ਦਾ ਰੇਟ ਹਰਿਆਣੇ ਨਾਲੋਂ ਕਰੀਬ 30 ਪੈਸੇ ਵੱਧ ਪ੍ਰਤੀ ਬੋਰੀ ਲੇਬਰ ਨੂੰ ਦਿੱਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਅੰਮ੍ਰਿਤਸਰ ਵਿੱਚ ਝੋਨੇ ਦੀ ਆਮਦ ਸ਼ੁਰੂ ਹੋ ਚੁੱਕੀ ਹੈ ਅਤੇ ਖਰੀਦ ਏਜੰਸੀਆਂ ਵੱਲੋਂ ਖਰੀਦ ਵੀ ਕੀਤੀ ਜਾ ਰਹੀ ਹੈ ਅਤੇ ਹੁਣ



ਸੈਲਰ ਮਾਲਕਾਂ ਨਾਲ ਹੋਈ ਗੱਲਬਾਤ ਮਗਰੋਂ ਝੋਨੇ ਦੀ ਖਰੀਦ ਵਿੱਚ ਹੋਰ ਤੇਜ਼ੀ ਆਵੇਗੀ।ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਅੰਮ੍ਰਿਤਸਰ ਵਿੱਚ ਝੋਨੇ ਦੇ ਨਾਲ ਨਾਲ ਵੱਡੀ ਆਮਦ ਬਾਸਮਤੀ ਦੀ ਵੀ ਹੁੰਦੀ ਹੈ ਜੋ ਕਿ ਨਿੱਜੀ ਵਪਾਰੀਆਂ ਅਤੇ ਸ਼ੈਲਰ ਮਾਲਕਾਂ ਵੱਲੋਂ ਖੁਦ ਖਰੀਦੀ ਜਾਂਦੀ ਹੈ ।ਉਸ ਦੀ ਖਰੀਦ ਕਾਫੀ ਦਿਨਾਂ ਤੋਂ ਸ਼ੁਰੂ ਹੈ ਅਤੇ ਉਹ ਲੰਮੇ ਸਮੇਂ ਤੱਕ ਮੰਡੀ ਵਿੱਚ ਆਉਂਦੀ ਹੈ।ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਫਸਲ ਦਾ ਇੱਕ ਇੱਕ ਦਾਣਾ ਖਰੀਦੇਗੀ ਪਰ ਕਿਸਾਨਾਂ ਲਈ ਇਹ ਜ਼ਰੂਰੀ ਹੈ ਕਿ ਉਹ ਆਪਣੀ ਸੁੱਕੀ ਹੋਈ ਫਸਲ ਮੰਡੀ ਵਿੱਚ ਲੈ ਕੇ ਆਉਣ ਤਾਂ ਜੋ ਮੰਡੀ ਵਿੱਚ ਉਹਨਾਂ ਨੂੰ ਬੈਠਣਾ ਨਾ ਪਵੇ ਅਤੇ ਫਸਲ ਦੇ ਅੰਬਾਰ ਮੰਡੀ ਵਿੱਚ ਨਾ ਲੱਗਣ।ਉਨ੍ਹਾਂ ਨੇ ਕਿਹਾ ਕਿ ਸਾਡੀ ਹਰ ਤਰ੍ਹਾਂ ਨਾਲ ਪੂਰੀ ਤਿਆਰੀ ਹੈ ਅਤੇ ਮੰਡੀਆਂ ਵੀ ਪੂਰੀ ਤਰ੍ਹਾਂ ਤਿਆਰ ਹਨ, ਸੋ ਆਪਣੀ ਸੁੱਕੀ ਫਸਲ ਲੈ ਕੇ ਆਓ ਤਾਂ ਜੋ ਅਸੀਂ ਤੁਹਾਨੂੰ ਨਾਲੋ

# ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਪੰਚਾਇਤੀ ਚੋਣਾਂ ਦਾ ਬਾਈਕਾਟ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੱਦੇ 'ਤੇ ਜਥੇਬੰਦੀ ਦੀ ਹੁਸ਼ਿਆਰਪੁਰ ਇਕਾਈ ਵਲੋਂ ਜਥੇਬੰਦੀ ਦੇ ਸੀਨੀਅਰ ਸੂਬਾ ਆਗੂ ਸਵਿੰਦਰ ਸਿੰਘ ਚੁਤਾਲਾ ਦੀ ਸਰਪ੍ਰਸਤੀ ਹੇਠ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਭੁੱਲਾ ਬਾਠ ਤੇ ਕੁਲਦੀਪ ਸਿੰਘ ਬੇਗੋਵਾਲ ਦੀ ਅਗਵਾਈ ਵਿੱਚ ਆਪਣੀਆਂ ਮੰਗਾਂ ਨੂੰ ਲੈ ਕੇ ਸੈਂਕੜੇ ਕਿਸਾਨਾਂ ਮਜ਼ਦੂਰਾਂ ਤੇ ਔਰਤਾਂ ਨਾਲ ਮਿਲ ਕੇ ਰੇਲਵੇ ਸਟੇਸ਼ਨ ਟਾਂਡਾ ਵਿਖੇ ਰੇਲਵੇ ਟਰੈਕ 'ਤੇ ਧਰਨਾ ਲਗਾ ਕੇ ਰੋਸ ਪ੍ਰਦਰਸ਼ਨ ਸ਼ੁਰੂ ਕਰ ਦਿੱਤਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਭੁੱਲਾ ਨੇ ਕਿਹਾ ਕਿ ਦਿੱਲੀ ਕਿਸਾਨ ਅੰਦੋਲਨ ਦੌਰਾਨ ਲਖੀਮਪੁਰ ਖੀਰੀ ਵਿਖੇ ਬੀ ਜੇ ਪੀ ਦੇ ਉੱਤਰ ਪ੍ਰਦੇਸ਼ ਤੋਂ ਕੈਬਨਿਟ ਮੰਤਰੀ ਅਜੇ ਮਿਸ਼ਰਾ ਦੇ ਪੁੱਤਰ ਅਸ਼ੀਸ਼ ਵਲੋਂ ਕਿਸਾਨਾਂ 'ਤੇ ਗੱਡੀ ਚੜ੍ਹਾ ਸ਼ਰੇਆਮ ਕਤਲੇਆਮ ਕੀਤਾ ਸੀ ਤੇ ਮਾਮਲਾ ਦਰਜ ਹੋਣ ਤੋਂ ਬਾਅਦ ਅਜੇ ਤੱਕ ਲਖੀਮਪੁਰ ਖੀਰੀ ਤੇ ਪੀੜਤਾਂ ਤੇ ਕਿਸਾਨਾਂ ਨੂੰ ਇਨਸਾਫ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਅਜੇ ਤੱਕ ਕੇਂਦਰ ਸਰਕਾਰ ਨੇ ਕਿਸਾਨ ਅੰਦੋਲਨ ਦੌਰਾਨ ਮੰਗੀਆਂ ਮੰਗਾਂ ਅਨੁਸਾਰ ਫਸਲਾਂ ਤੇ ਐਮ ਐਸ ਪੀ ਲਾਗੂ ਨਹੀਂ ਕੀਤੀ ਤੇ ਨਾ ਹੀ ਕਿਸਾਨਾਂ ਖਿਲਾਫ ਦਿੱਲੀ ਅੰਦੋਲਨ ਦੌਰਾਨ ਕੀਤੇ ਝੂਠੇ ਪਰਚੇ ਰੱਦ ਨਹੀਂ ਕੀਤੇ। ਉਨ੍ਹਾਂ ਕਿਹਾ ਕਿ ਕਿਸਾਨਾਂ ਵਿੱਚ ਕੇਂਦਰ ਸਰਕਾਰ ਦੀ ਵਾਅਦਾ ਖਿਲਾਫੀ ਖਿਲਾਫ ਭਾਰੀ ਰੋਸ ਹੈ। ਉਨ੍ਹਾਂ ਕਿਹਾ ਕਿ ਜਥੇਬੰਦੀ ਦੇ ਸੂਬਾ ਪ੍ਰਧਾਨ ਦੇ ਨਿਰਦੇਸ਼ਾਂ ਅਨੁਸਾਰ ਪੂਰੇ ਪੰਜਾਬ ਅੰਦਰ ਵੱਖ ਵੱਖ ਥਾਵਾਂ ਰੇਲਵੇ ਟਰੈਕਾਂ ਜਾਮ ਕਰਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਪ੍ਰਧਾਨ ਪਰਮਜੀਤ ਭੁੱਲਾ ਨੇ ਕਿਹਾ ਕਿ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੱਦੇ ਤੇ ਕਿਸਾਨਾਂ ਨੂੰ ਪੰਚਾਇਤੀ ਚੋਣਾਂ ਦਾ ਬਾਈਕਾਟ ਕਰਨ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਜਦੋਂ ਤੱਕ ਕੇਂਦਰ ਤੇ ਪੰਜਾਬ ਸਰਕਾਰ ਐਮ ਐਸ ਪੀ ਲਾਗੂ ਨਹੀਂ ਕਰਦੀ ਤੇ ਕਿਸਾਨਾਂ ਖਿਲਾਫ ਦਰਜ ਝੂਠੇ ਪਰਚੇ ਰੱਦ ਨਹੀਂ ਕਰਦੇ। ਉਨ੍ਹਾਂ ਕਿਹਾ ਜਦੋਂ ਤੱਕ ਕਿਸਾਨਾਂ ਦੀਆਂ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਉਦੋਂ ਤੱਕ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵਲੋਂ ਸੰਘਰਸ਼ ਜਾਰੀ ਰਹੇਗਾ। ਇਹ ਧਰਨਾ ਕਰੀਬ ਤਿੰਨ ਘੰਟੇ ਤੱਕ ਜਾਰੀ ਰਿਹਾ। ਇਸ ਮੌਕੇ ਜਗਦੀਪ ਸਿੰਘ ਗਿੱਲ, ਕਸ਼ਮੀਰ ਸਿੰਘ ਫੱਤਾ ਕੁੱਲਾ, ਸਤਨਾਮ ਸਿੰਘ ਔਲਖ, ਗੁਰਸੇਵਕ ਸਿੰਘ ਟਾਹਲੀ, ਸ਼ਾਮ ਸਿੰਘ ਸ਼ਾਮਾਂ, ਲੱਖੀ ਸਿੰਘ, ਜਸਵਿੰਦਰ ਸਿੰਘ ਕਾਲੜਾ, ਕਾਲਾ ਸਿੰਘ, ਸ਼ੇਰ ਸਿੰਘ, ਦਿਨੇਸ਼, ਕਮਲਜੀਤ ਕੌਰ, ਗੁਰਮੀਤ ਕੌਰ, ਅੱਕੀ ਕੌਰ, ਗੀਤਾ, ਬਲਜਿੰਦਰ ਕੌਰ, ਸੁਖਵਿੰਦਰ ਕੌਰ, ਸਰਬਜੀਤ ਕੌਰ, ਬਲਜੀਤ ਕੌਰ, ਮੰਗਤਾ ਸਿੰਘ, ਪਰਮਜੀਤ ਕੌਰ ਤੇ ਸੰਤੋਸ਼ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਤੇ ਔਰਤਾਂ ਹਾਜ਼ਰ ਸਨ।

# ਮਾਤਾ ਗੁਜਰੀ ਖ਼ਾਲਸਾ ਕਾਲਜ ਵਿਖੇ 450 ਸਾਲਾ ਸ਼ਤਾਬਦੀ ਨੂੰ ਸਮਰਪਤ ਵਿਸ਼ੇਸ਼ ਸੈਮੀਨਾਰ



**ਕਰਤਾਰਪੁਰ (ਹਰਮੇਸ਼ ਦੱਤ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚਲਾਏ ਜਾ ਰਹੇ ਮਾਤਾ ਗੁਜਰੀ ਖ਼ਾਲਸਾ ਕਾਲਜ ਕਰਤਾਰਪੁਰ ਵਿਖੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋ.ਗੁ.ਪ੍ਰ. ਕਮੇਟੀ ਅਤੇ ਇੰਜੀ. ਸੁਖਮਿੰਦਰ ਸਿੰਘ ਵਿੱਦਿਆ ਸਕੱਤਰ/ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਦੇ ਦਿਸ਼ਾ-ਨਿਰਦੇਸ਼ਾਂ ਤੇ ਕਾਲਜ ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਗਿੱਲ ਦੀ ਯੋਗ ਅਗਵਾਈ ਹੇਠ ਸ੍ਰੀ ਗੁਰੂ ਅਮਰਦਾਸ ਜੀ ਦੇ 450 ਸਾਲਾ ਜੋਤੀ ਜੋਤਿ ਦਿਵਸ ਅਤੇ ਸ੍ਰੀ ਗੁਰੂ ਰਾਮਦਾਸ ਜੀ ਦੇ 450 ਸਾਲਾ ਗੁਰਿਆਈ ਦਿਵਸ ਨੂੰ ਸਮਰਪਤ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦੀ ਸ਼ੁਰੂਆਤ ਮੌਕੇ ਕਾਲਜ ਵਿਦਿਆਰਥੀਆਂ ਦੁਆਰਾ ਸ਼ਬਦ ਗਾਇਨ ਕੀਤਾ ਗਿਆ। ਸੈਮੀਨਾਰ ਵਿਚ ਮੁੱਖ ਬੁਲਾਰੇ ਭਾਈ ਸਰਬਜੀਤ ਸਿੰਘ ਢੋਟੀਆਂ ਮੁੱਖ ਪ੍ਰਚਾਰਕ, ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ, ਭਾਈ ਭਗਵੰਤ ਭਗਵਾਨ ਸਿੰਘ ਸੂਰਵਿੰਡ, ਇੰਟਰਨੈਸ਼ਨਲ ਗੋਲਡ ਮੈਡਲਿਸਟ (ਕਵੀਸ਼ਰ) ਤੇ ਜਥੇਦਾਰ ਰਣਜੀਤ ਸਿੰਘ ਕਾਹਲੋਂ, ਮੈਂਬਰ, ਸ਼੍ਰੋ.ਗੁ.ਪ੍ਰ. ਕਮੇਟੀ, ਸ੍ਰੀ ਅੰਮ੍ਰਿਤਸਰ ਵਿਸ਼ੇਸ਼ ਤੌਰ 'ਤੇ ਪੁੱਜੇ। ਕਾਲਜ ਪ੍ਰਿੰਸੀਪਲ ਨੇ ਆਏ ਮੁੱਖ ਮਹਿਮਾਨ ਤੇ ਬੁਲਾਰਿਆਂ ਨੂੰ ਜੀ ਆਇਆਂ ਆਖਿਆ। ਮੁੱਖ ਬੁਲਾਰੇ ਭਾਈ ਸਰਬਜੀਤ ਸਿੰਘ ਢੋਟੀਆਂ ਨੇ ਸ੍ਰੀ ਗੁਰੂ ਅਮਰਦਾਸ ਜੀ ਦੀ ਬਾਣੀ, ਉਪਦੇਸ਼ ਤੇ ਚਿੰਤਨ ਵਿਸ਼ੇ 'ਤੇ ਆਪਣੇ ਵਿਚਾਰ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਕਿਹਾ ਕਿ ਗੁਰੂ ਜੀ ਦੀ ਪਾਵਨ ਬਾਣੀ ਮਨੁੱਖੀ ਜੀਵਨ ਦੇ ਸਰਬਪੱਖੀ ਵਿਕਾਸ ਲਈ ਪ੍ਰੇਰਨਾ ਸਰੋਤ ਹੈ। ਉਹਨਾਂ ਦੱਸਿਆ ਕਿ ਗੁਰੂ ਸਾਹਿਬ ਨੇ ਗੁਰਬਾਣੀ ਅੰਦਰ ਮਨੁੱਖ ਨੂੰ ਸੁਚੱਜੇ ਅਤੇ ਸਫਲ ਜੀਵਨ ਜੀਉਣ ਦੀ ਜਾਂਚ ਸਿਖਾਈ। ਭਾਈ ਭਗਵਾਨ ਸਿੰਘ ਸੂਰਵਿੰਡ ਨੇ ਗੁਰੂ ਰਾਮਦਾਸ ਜੀ ਦੇ ਜੀਵਨ 'ਤੇ ਚਾਨਣਾ ਪਾਉਂਦਿਆਂ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਵਿਦਿਆਰਥੀਆਂ ਨੂੰ ਗੁਰਬਾਣੀ ਨਾਲ ਜੁੜਨ ਦਾ ਉਪਦੇਸ਼ ਦਿੱਤਾ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਗਿੱਲ ਨੇ ਪੁੱਜੀਆਂ ਪ੍ਰਮੁੱਖ ਸ਼ਖਸੀਅਤਾਂ ਦਾ ਧੰਨਵਾਦ ਕੀਤਾ ਤੇ ਉਨ੍ਹਾਂ ਕਿਹਾ ਕਿ ਇਹ ਸੈਮੀਨਾਰ ਕਰਵਾਉਣ ਦਾ ਉਦੇਸ਼ ਵਿਦਿਆਰਥੀਆਂ ਨੂੰ ਗੁਰੂ ਸਾਹਿਬਾਨ, ਗੁਰਬਾਣੀ ਤੇ ਸਿੱਖ ਇਤਿਹਾਸ ਤੋਂ ਜਾਣੂੰ ਕਰਵਾਉਣਾ ਤੇ ਉਨ੍ਹਾਂ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਨਾ ਹੈ। ਅੰਤ 'ਚ ਕਾਲਜ ਪ੍ਰਿੰਸੀਪਲ ਨੇ ਆਈਆਂ ਸ਼ਖ਼ਸੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਮੰਚ ਦਾ ਸੰਚਾਲਨ ਡਾ. ਸੁਚੇਤਾ ਰਾਣੀ ਨੇ ਕੀਤਾ। ਇਸ ਮੌਕੇ ਸਮੂਹ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

# ਮੂਨਕ ਖੁਰਦ 'ਚ ਸਰਬਸੰਮਤੀ ਨਾਲ ਚੁਣੀ ਗਈ ਪੰਚਾਇਤ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਮੌਜੂਦਾ ਪੰਚਾਇਤੀ ਚੋਣਾਂ ਦੌਰਾਨ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪਵਿੱਤਰ ਚਰਨਾਂ ਦੀ ਛੋਹ ਪ੍ਰਾਪਤ ਇਤਿਹਾਸਿਕ ਪਿੰਡ ਮੂਨਕ ਖੁਰਦ ਦੇ ਨਿਵਾਸੀਆਂ ਨੇ ਇੱਕ ਵਾਰ ਫਿਰ ਤੋਂ ਆਪਸੀ ਪਿਆਰ ਤੇ ਭਾਈਚਾਰਕ ਸਾਂਝ ਦਾ ਸੰਦੇਸ਼ ਦਿੰਦੇ ਹੋਏ ਸਰਬ ਸੰਮਤੀ ਨਾਲ ਪਿੰਡ ਦੀ ਪੰਚਾਇਤ ਦੀ ਚੋਣ ਕੀਤੀ ਹੈ।ਪਿੰਡ ਦੇ ਮੋਹਤਵਾਰ ਤੇ ਸੂਝਵਾਨ ਵਿਅਕਤੀਆਂ ਨੇ ਆਪਸੀ ਸਹਿਮਤੀ ਨਾਲ ਮਨਪ੍ਰੀਤ ਕੌਰ ਭਾਰਦਵਾਜ਼ ਨੂੰ ਪਿੰਡ ਦੀ ਸਰਪੰਚ, ਸਰਬਜੀਤ ਸਿੰਘ ਮੋਮੀ, ਮਨਪ੍ਰੀਤ ਕੌਰ, ਰਾਜਵਿੰਦਰ ਕੌਰ, ਸਵਰਨ ਕੌਰ, ਤਜਿੰਦਰ ਸਿੰਘ ਲਾਡੀ, ਮੀਨਾ ਰਾਣੀ, ਤਜਿੰਦਰ ਸਿੰਘ ਲਾਡੀ, ਜਤਿੰਦਰ ਸਿੰਘ ਲਾਡੀ, ਹਰਪ੍ਰੀਤ ਸਿੰਘ ਨੂੰ ਪਿੰਡ ਦੇ ਮੈਂਬਰ ਪੰਚਾਇਤ ਨਿਯੁਕਤ ਕੀਤਾ। ਇਸ ਮੌਕੇ ਹੋਏ ਸਨਮਾਨ ਸਮਾਰੋਹ ਵਿੱਚ ਸੰਬੋਧਨ ਕਰਦਿਆਂ ਸਿੰਘ ਨੇ ਕਿਹਾ ਕਿ ਪਿੰਡ ਵਿੱਚ ਸਰਬ ਸੰਮਤੀ ਹੋਣ ਨਾਲ ਸਮੁੱਚੇ ਪਿੰਡ ਵਾਸੀ ਵਧਾਈ ਦੇ ਪਾਤਰ ਹਨ ਅਤੇ ਸਰਬ ਸੰਮਤੀ ਹੋਣ ਨਾਲ ਜਿੱਥੇ ਪਿੰਡ ਦੇ ਵਿਕਾਸ ਨੂੰ ਪਹਿਲ ਦਿੱਤੀ ਜਾਵੇਗੀ ਉੱਥੇ ਹੀ ਆਪਸੀ ਪ੍ਰੇਮ ਪਿਆਰ ਅਤੇ ਭਾਈਚਾਰਕ ਸਾਂਝ ਨੂੰ ਵੀ ਹੋਰ ਜਿਆਦਾ ਮਜਬੂਤ ਕੀਤਾ ਜਾਵੇਗਾ ਤਾਂ ਜੋ ਪਿੰਡ ਵਿੱਚ ਸਾਰਿਆਂ ਦਾ ਪਿਆਰ ਇਤਫਾਕ ਬਣਿਆ ਰਵੇ। ਇਸ ਮੌਕੇ ਇਸ ਮੌਕੇ ਹੋਏ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਸਾਬਕਾ ਸਰਪੰਚ ਹਰਬੰਸ ਸਿੰਘ ਮੂਨਕ, ਸਾਬਕਾ ਸਰਪੰਚ ਤੀਰਥ ਸਿੰਘ, ਸਾਬਕਾ ਸਰਪੰਚ ਸ਼ਾਮ ਸਿੰਘ ਮੂਨਕਾਂ, ਸਾਬਕਾ ਸਰਪੰਚ ਕੁਲਵਿੰਦਰ ਕੌਰ, ਸਾਬਕਾ ਮੈਂਬਰ ਜਿਲ੍ਹਾ ਪਰਿਸ਼ਦ ਸੁਖਵਿੰਦਰ ਸਿੰਘ ਮੂਨਕ, ਸਮਾਜ ਸੇਵੀ ਦਵਿੰਦਰ ਸਿੰਘ ਲਾਡੀ, ਮਿਸਤਰੀ ਅਮਰਜੀਤ ਸਿੰਘ, ਕਮਲਜੀਤ ਸਿੰਘ ਨੇ ਸੰਬੋਧਨ ਕਰਦਿਆਂ ਸਮੁੱਚੀ ਪੰਚਾਇਤ ਨੂੰ ਮੁਬਾਰਕਬਾਦ ਦਿੱਤੀ ਤੇ ਪਿੰਡ ਦੇ ਵਿਕਾਸ ਵਾਸਤੇ ਇੱਕ ਮੁੱਠ ਹੋ ਕੇ ਕੰਮ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਨਿਯੁਕਤ ਸਰਪੰਚ ਬੀਬੀ ਮਨਪ੍ਰੀਤ ਕੌਰ ਤੇ ਹੋਰਨਾ ਪੰਚਾਇਤ ਮੈਂਬਰਾਂ ਨੇ ਪਿੰਡ ਵਾਸੀਆਂ ਨੂੰ ਵਿਸ਼ਵਾਸ ਦਵਾਇਆ ਕਿ ਉਹ ਪਿੰਡ ਦੀ ਬਿਹਤਰੀ ਵਾਸਤੇ ਇੱਕ ਮੁੱਠ ਹੋ ਕੇ ਕੰਮ ਕਰਨਗੇ।ਇਸ ਮੌਕੇ ਪਰਮਜੀਤ ਸਿੰਘ ਪੰਮੀ, ਜਰਨੈਲ ਸਿੰਘ, ਜੋਗਿੰਦਰ ਕੌਰ, ਬੀਬੀ ਸੁਰਜੀਤ ਕੌਰ, ਕਰਮ ਚੰਦ ਮਹਿਮੀ, ਭਜਨ ਸਿੰਘ ਗੁਰਦੀਪ ਸਿੰਘ ,ਜਥੇਦਾਰ ਪਰਮਜੀਤ ਸਿੰਘ ਖਾਲਸਾ, ਗੁਰਿੰਦਰ ਸਿੰਘ ਗਿੰਦੂ, ਹਿੰਮਤ ਸਿੰਘ ਰਾਜਾ ਸਿੰਘ, ਮੋਹਨਜੀਤ ਸਿੰਘ, ਮਨਜੀਤ ਸਿੰਘ ਸਵੀਟਾ, ਸੁਰਜੀਤ ਸਿੰਘ ਕਾਲਾ ਭਜਨ ਸਿੰਘ ਤੋਂ ਇਲਾਵਾ ਪਿੰਡ ਦੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ।

## ਜਨਮ ਦਿਨ ਮੁਬਾਰਕ



ਫਤਿਹਦੀਪ ਸਿੰਘ, ਭੁੰਬਲੀ



ਸਨਾ, ਮਲੋਟ



ਅਭੀਜੋਤ, ਜਲੰਧਰ



ਮਨਰਾਜ, ਦੌਲਤਪੁਰ ਢੱਡਾ



ਇੰਦਰਜੀਤ ਸਿੰਘ ਭੁੱਲਰ

# ਲੋਕ ਆਪਣੇ ਲਾਇਸੈਂਸੀ ਹਥਿਆਰ ਤੁਰੰਤ ਜਮ੍ਹਾਂ ਕਰਵਾਉਣ

**ਕਾਲਾ ਸੰਘਿਆਂ (ਮਨਜੀਤ ਮਾਨ)**-ਪੰਚਾਇਤੀ ਚੋਣਾਂ ਦੇ ਐਲਾਨ ਤੋਂ ਬਾਅਦ ਪੁਲਸ ਵੱਲੋਂ ਗਸ਼ਤ ਵਧਾਉਣ ਦੇ ਨਾਲ ਨਾਲ ਪਿਛਲੇ ਦਿਨੀਂ ਫਲੈਗ ਮਾਰਚ ਵੀ ਕੱਢਿਆ ਗਿਆ। ਪੰਚਾਇਤੀ ਚੋਣਾਂ ਸਬੰਧੀ ਪੱਤਰਕਾਰਾਂ ਨਾਲ ਵਿਸ਼ੇਸ਼ ਤੌਰ 'ਤੇ ਗੱਲਬਾਤ ਕਰਦਿਆਂ ਕਾਲ਼ਾ ਸੰਘਿਆਂ ਪੁਲਿਸ ਚੌਂਕੀ ਦੇ ਇੰਚਾਰਜ ਏ ਐਸ ਆਈ ਅਮਰਜੀਤ ਸਿੰਘ ਨੇ ਕਿਹਾ ਕਿ ਉੱਚ ਅਧਿਕਾਰੀਆਂ ਵੱਲੋਂ ਚੋਣਾਂ ਨੂੰ ਲੈ ਕੇ ਮਿਲੀਆਂ ਹਦਾਇਤਾਂ ਨੂੰ ਇੰਨ ਬਿੰਨ ਲਾਗੂ ਕਰਵਾਉਣ ਲਈ ਕਾਲ਼ਾ ਸੰਘਿਆਂ ਪੁਲਿਸ ਚੌਂਕੀ ਦੀ ਸਮੁੱਚੀ ਪੁਲਸ ਟੀਮ ਸਿਰਤੋੜ ਯਤਨ ਕਰ ਰਹੀ ਹੈ। ਉਹਨਾਂ ਕਿਹਾ ਕਿ ਇਲਾਕੇ ਦੇ ਲੋਕਾਂ ਨੂੰ ਵਾਰ ਵਾਰ ਅਪੀਲ ਕੀਤੀ ਜਾ ਰਹੀ ਹੈ ਕਿ ਉਹ ਆਪਣੇ ਲਾਇਸੈਂਸੀ ਹਥਿਆਰ ਪੁਲਸ ਚੌਂਕੀ ਵਿਖੇ ਜਮ੍ਹਾਂ ਕਰਵਾਉਣ। ਚੌਂਕੀ ਇੰਚਾਰਜ ਨੇ ਕਿਹਾ ਕਿ ਇਸੇ ਦੇ ਨਾਲ਼ ਨਾਲ਼ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਵਾਲਿਆਂ 'ਤੇ ਬਨਦੀ ਕਾਰਵਾਈ ਲਈ ਡਿਪਟੀ ਕਮਿਸ਼ਨਰ ਕਪੂਰਥਲਾ ਅਤੇ ਜ਼ਿਲ੍ਹਾ ਪੁਲਸ ਮੁਖੀ ਵੱਲੋਂ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਜਿਸ ਦੇ ਚਲਦਿਆਂ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਵਾਲਿਆਂ 'ਤੇ ਬਿਨਾਂ ਦੇਰੀ ਕਾਰਵਾਈ ਕੀਤੀ ਜਾਵੇਗੀ। ਚੌਂਕੀ ਇੰਚਾਰਜ ਨੇ ਕਿਹਾ ਕਿ ਇਲਾਕੇ ਦੀਆਂ ਧਾਰਮਿਕ ਅਸਥਾਨਾਂ ਦੀਆਂ ਪ੍ਰਬੰਧਕ ਕਮੇਟੀਆਂ ਚੋਣਾਂ ਦੇ ਦਿਨਾਂ ਵਿੱਚ ਕਿਸੇ ਵੀ ਬਾਹਰਲੇ ਵਿਅਕਤੀ ਨੂੰ ਧਾਰਮਿਕ ਅਸਥਾਨਾਂ 'ਤੇ ਰਹਿਣ ਦੀ ਆਗਿਆ ਨਾ ਦੇਣ। ਇਸ ਮੌਕੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਨਸ਼ਾ ਵੇਚਣ ਜਾਂ ਸ਼ੱਕੀ ਵਿਅਕਤੀ ਇਲਾਕੇ ਵਿੱਚ ਵਿਖਾਈ ਦਿੰਦਾ ਹੈ ਤਾਂ ਉਸ ਦੀ ਜਾਣਕਾਰੀ ਪੁਲਸ ਨੂੰ ਦਿੱਤੀ ਜਾਵੇ।

# ਡੱਲਾ ਸਾਹਿਬ ਦੇ ਜੋੜ ਮੇਲੇ 'ਚ ਸੀਚੇਵਾਲ ਨੇ ਵੰਡਿਆ ਬੂਟਿਆਂ ਦਾ ਪ੍ਰਸ਼ਾਦ



**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)**-ਇਤਿਹਾਸਿਕ ਪਿੰਡ ਡੱਲਾ ਸਾਹਿਬ ਦੇ ਸਾਲਾਨਾ ਜੋੜ ਮੇਲੇ 'ਚ ਰਾਜ ਸਭਾ ਮੈਂਬਰ ਅਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਵੱਡੇ ਪੱਧਰ 'ਤੇ ਬੂਟਿਆਂ ਦਾ ਪ੍ਰਸ਼ਾਦ ਵੰਡਿਆ। ਉਹਨਾਂ ਦੱਸਿਆ ਕਿ ਹਰ ਸਾਲ ਇਹ ਮੇਲਾ ਡੱਲਾ ਸਾਹਿਬ ਵਿਖੇ ਭਾਈ ਲਾਲੂ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ, ਜਿਸ ਵਿੱਚ ਦੂਰ-ਦਰਾਡੇ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋਣ ਲਈ ਪਹੁੰਚਦੀਆਂ ਹਨ ਅਤੇ ਗੁਰਦੁਆਰਾ ਸਾਹਿਬ ਦੀ ਪਵਿੱਤਰ ਬਾਉਲੀ ਵਿੱਚ ਇਸ਼ਨਾਨ ਕਰਦੀਆਂ ਹਨ। ਉਹਨਾਂ ਦੱਸਿਆ ਕਿ ਭਾਈ ਲਾਲੂ ਜੀ ਪ੍ਰਸਿੱਧ ਵੈਦ ਦੇ ਨਾਲ-ਨਾਲ ਤਾਈਏ ਤਾਪ ਦੇ ਬਹੁਤ ਵੱਡੇ ਮਾਹਰ ਸੀ। ਪੰਜਾਬ ਦੇ ਵਾਤਾਵਰਣ ਵਿਚ ਆ ਰਹੇ ਜ਼ਬਰਦਸਤ ਵਿਗਾੜ ਨੂੰ ਸੁਧਾਰਨ ਲਈ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਪਿਛਲੇ ਲੰਮੇ ਸਮੇਂ ਤੋਂ ਸੂਬੇ ਨੂੰ ਹਰਿਆ-ਭਰਿਆ ਕਰਨ ਲਈ ਬੂਟੇ ਵੰਡਣ ਦੀ ਮੁਹਿੰਮ ਚਲਾ ਰਹੇ ਹਨ। ਉਹਨਾਂ ਵੱਲੋਂ ਧਾਰਮਿਕ ਸਮਾਗਮਾਂ ਅਤੇ ਨਗਰ ਕੀਰਤਨਾਂ ਵਿੱਚ ਵੱਡੀ ਗਿਣਤੀ ਵਿੱਚ ਬੂਟਿਆਂ ਦਾ ਪ੍ਰਸ਼ਾਦ ਦਿੱਤਾ ਜਾਂਦਾ ਹੈ। ਡੱਲਾ ਸਾਹਿਬ ਦੇ ਜੋੜ ਮੇਲੇ 'ਤੇ ਉਨ੍ਹਾਂ ਨੇ 3100 ਦੇ ਕਰੀਬ ਬੂਟਿਆਂ ਦਾ ਪ੍ਰਸ਼ਾਦ ਵੰਡਿਆ। ਸੰਤ ਅਵਤਾਰ ਸਿੰਘ ਯਾਦਗਾਰੀ ਨਰਸਰੀ ਵਿਚੋਂ ਲਿਆਂਦੇ ਬੂਟੇ ਸੰਗਤਾਂ ਨੂੰ ਪ੍ਰਸ਼ਾਦ ਦੇ ਰੂਪ ਵਿਚ ਦਿੱਤੇ ਗਏ। ਇਨ੍ਹਾਂ ਬੂਟਿਆਂ ਵਿਚ ਜ਼ਿਆਦਾਤਰ ਨਿੰਮ, ਜਾਮਣ, ਟਾਹਲੀ, ਬਹੇੜੇ ਅਤੇ ਔਲਿਆਂ ਦੇ ਬੂਟੇ ਸਨ।

ਸੰਤ ਸੀਚੇਵਾਲ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਇਹਨਾਂ ਬੂਟਿਆਂ ਨੂੰ ਲਾਉਣ ਦੇ ਨਾਲ ਨਾਲ ਇਹਨਾਂ ਦੀ ਸਾਂਭ ਸੰਭਾਲ ਵੀ ਕੀਤੀ ਜਾਵੇ। ਉਹਨਾਂ ਕਿਸਾਨਾਂ ਨੂੰ ਪਾਰਲੀ ਨੂੰ ਖੇਤਾਂ ਵਿੱਚ ਵਹਾਉਣ ਦੀ ਅਪੀਲ ਕੀਤੀ। ਪਾਰਲੀ ਨੂੰ ਅੱਗ ਲਗਾਉਣ ਨਾਲ ਬੱਚਿਆਂ ਅਤੇ ਬਜ਼ੁਰਗਾਂ ਨੂੰ ਸਾਹ ਲੈਣਾ ਔਖਾ ਹੋ ਜਾਂਦਾ ਹੈ ਤੇ ਖਾਸ ਕਰਕੇ ਦਮੇ ਵਾਲੇ ਮਰੀਜ਼ਾਂ ਲਈ ਤਾਂ ਪਰਾਲੀ ਦਾ ਜ਼ਹਿਰੀਲਾ ਧੂੰਆਂ ਬੇਹੱਦ ਖਤਰਨਾਕ ਸਾਬਿਤ ਹੁੰਦਾ ਹੈ। ਇਸ ਮੌਕੇ ਏਕ ਓਂਕਾਰ ਚੈਰੀਟੇਬਲ ਟਰੱਸਟ ਵੱਲੋਂ ਲੋਕ ਭਲਾਈ ਦੇ ਕੀਤੇ ਜਾ ਰਹੇ ਕਾਰਜਾਂ ਲਈ ਬਣਾਇਆ ਗਿਆ ਪ੍ਰਦਰਸ਼ਨੀ ਕੇਂਦਰ ਵੀ ਸਥਾਪਿਤ ਕੀਤਾ ਗਿਆ ਸੀ। ਗੁਰੂ ਕਾ ਲੰਗਰ ਵੀ ਲਗਾਇਆ ਗਿਆ।ਮੱਸਿਆ ਮੌਕੇ ਗੁਰਦੁਆਰਾ ਗੁਰਪ੍ਰਕਾਸ਼ ਸਾਹਿਬ ਨਿਰਮਲ ਕੁਟੀਆ ਪਵਿੱਤਰ ਕਾਲੀ ਵੇਈਂ ਕਿਨਾਰੇ ਦੀਵਾਨ ਸਜਾਇਆ ਗਿਆ।

ਸਕੂਲ ਦੇ ਬੱਚਿਆਂ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਧਾਰਮਿਕ ਬਾਣੀ ਨਾਲ ਜੋੜਿਆ ਗਿਆ। 8 ਗੁਰੂ ਸਾਹਿਬਾਨਾਂ ਅਤੇ 72 ਬ੍ਰਹਮ ਗਿਆਨੀਆਂ ਦੀ ਚਰਨਛੋਹ ਪ੍ਰਾਪਤ ਪਿੰਡ ਡੱਲਾ ਸਾਹਿਬ ਨੂੰ ਰਾਜ ਸਭਾ ਮੈਂਬਰ ਬਣਦਿਆ ਹੀ ਸੰਤ ਸੀਚੇਵਾਲ ਵੱਲੋਂ ਗੋਦ ਲਿਆ ਗਿਆ ਸੀ। ਜਿਸਦੇ ਬਹੁਪੱਖੀ ਵਿਕਾਸ ਲਈ ਹੁਣ ਤੱਕ ਸੰਤ ਸੀਚੇਵਾਲ ਵੱਲੋਂ ਆਪਣੇ ਫੰਡ ਵਿੱਚੋਂ ਪਿੰਡ ਦੇ ਬਹੁਪੱਖੀ ਵਿਕਾਸ ਲਈ 62 ਲੱਖ ਦੇ ਕਰੀਬ ਦੀ ਰਾਸ਼ੀ ਜਾਰੀ ਕੀਤੀ ਜਾ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਸੀਚੇਵਾਲ ਮਾਡਲ ਰਾਹੀ ਇਲਾਕੇ ਦੇ 200 ਤੋਂ ਵੱਧ ਪਿੰਡਾਂ ਦਾ ਪ੍ਰਦੂਸ਼ਣ ਮੁਕਤ ਹੋਣਾ ਸਮਾਜ ਲਈ ਇੱਕ ਪ੍ਰੇਰਨਾ ਹੈ।

# ਸੀ ਟੀ ਗਰੁੱਪ ਨੇ ਐਲੂਮਨੀ ਐਕਸੀਲੈਂਸ ਐਵਾਰਡਜ਼ 2024 ਦੀ ਕੀਤੀ ਮੇਜ਼ਬਾਨੀ



**ਜਲੰਧਰ (ਸ਼ੈਲੀ ਐਲਬਰਟ)**-ਸੀਟੀ ਕਾਲਜ ਆਫ਼ ਐਜੂਕੇਸ਼ਨ ਨੇ ਆਪਣੇ ਬੀ.ਐਡ ਦੇ 200 ਤੋਂ ਵੱਧ ਸਾਬਕਾ ਵਿਦਿਆਰਥੀਆਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਦਾ ਜਸ਼ਨ ਮਨਾਉਣ ਲਈ ਐਲੂਮਨੀ ਐਕਸੀਲੈਂਸ ਅਵਾਰਡ 2024 ਦੀ ਮੇਜ਼ਬਾਨੀ ਕੀਤੀ।ਸੀਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਨੇ ਆਪਣੇ ਪ੍ਰੇਰਨਾਦਾਇਕ ਭਾਸ਼ਣ ਨਾਲ ਹਾਜ਼ਰੀਨ ਨੂੰ ਪ੍ਰੇਰਿਤ ਕਰਦੇ ਹੋਏ ਸਾਬਕਾ ਵਿਦਿਆਰਥੀਆਂ ਨੂੰ ਸਿੱਖਿਆ ਦੇ ਭਵਿੱਖ ਨੂੰ ਸੰਵਾਰਨ ਵਿੱਚ ਆਪਣੀ ਅਹਿਮ ਭੂਮਿਕਾ ਨੂੰ ਜਾਰੀ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਦੇ ਸੰਬੋਧਨ ਤੋਂ ਬਾਅਦ ਖੇਤਰ ਵਿੱਚ ਸਾਬਕਾ ਵਿਦਿਆਰਥੀਆਂ ਦੇ ਸਮਰਪਣ ਅਤੇ ਸਫਲਤਾ ਨੂੰ ਸਨਮਾਨਤ ਕਰਨ ਲਈ ਪੁਰਸਕਾਰ ਦਿੱਤੇ ਗਏ।ਇਸ ਮੌਕੇ ਨੂੰ ਮਨਾਉਣ ਲਈ ਸੀਟੀ ਕਾਲਜ ਆਫ਼ ਐਜੂਕੇਸ਼ਨ ਦੇ ਈਕੋ ਕਲੱਬ ਨੇ ਸਾਬਕਾ ਵਿਦਿਆਰਥੀਆਂ ਨੂੰ ਬੂਟੇ ਵੰਡੇ, ਵਾਤਾਵਰਣ ਦੀ ਸਥਿਰਤਾ ਨੂੰ ਉਤਸ਼ਾਹਤ ਕੀਤਾ ਅਤੇ ਉਨ੍ਹਾਂ ਦੇ ਅਲਮਾ ਮੇਟਰ ਨਾਲ ਉਨ੍ਹਾਂ ਦੇ ਸਬੰਧ ਨੂੰ ਹੋਰ ਮਜ਼ਬੂਤ ਕੀਤਾ।ਇਸ ਸਮਾਰੋਹ ਵਿੱਚ ਸੀਟੀ ਗਰੁੱਪ ਦੇ ਕਾਰਜਕਾਰੀ ਨਿਰਦੇਸ਼ਕ ਡਾ. ਨਿਤਿਨ ਟੰਡਨ ਸਮੇਤ ਪਤਵੰਤਿਆਂ ਨੇ ਸ਼ਿਰਕਤ ਕੀਤੀ। ਸੀਟੀ ਗਰੁੱਪ ਨਾਰਥ ਕੈਂਪਸ ਦੇ ਡਾਇਰੈਕਟਰ ਡਾ.ਰਮਨਦੀਪ ਗੌਤਮ, ਸੀਟੀ ਪਬਲਿਕ ਸਕੂਲ ਦੇ ਪ੍ਰਿੰਸੀਪਲ ਡਾ. ਨੂਪੁਰ ਸ਼ਰਮਾ, ਸੀਟੀ ਵਰਲਡ ਸਕੂਲ ਦੀ ਪ੍ਰਿੰਸੀਪਲ ਆਰਤੀ ਜਸਵਾਲ ਅਤੇ ਸੀਟੀ ਕਾਲਜ ਆਫ ਐਜੂਕੇਸ਼ਨ ਦੀ ਪ੍ਰਿੰਸੀਪਲ ਡਾ. ਅੰਜੂ ਸ਼ਰਮਾ ਹਾਜ਼ਰ ਸਨ।

# ਬਲੱਡ ਬੈਂਕ ਕੈਂਪ ਦਾ ਪ੍ਰਿੰ. ਗੋਗਨਾ ਨੇ ਕੀਤਾ ਉਦਘਾਟਨ



**ਫਗਵਾੜਾ (ਡਾ. ਰਮਨ)**- ਉਦਯੋਗਪਤੀ ਕੇ.ਕੇ. ਸਰਦਾਨਾ ਦੀ ਸਰਪ੍ਰਸਤੀ ਹੇਠ ਸਥਾਨਕ ਗੁਰੂ ਹਰਗੋਬਿੰਦ ਨਗਰ ਵਿਖੇ ਸੰਚਾਲਿਤ ਬਲੱਡ ਬੈਂਕ ਵਿੱਚ ਮਾਤਾ ਠਾਕੁਰ ਦੇਵੀ ਅਤੇ ਨਾਨਕ ਚੰਦ ਸੇਠੀ ਦੀ ਮਿੱਠੀ ਯਾਦ ਨੂੰ ਸਮਰਪਤ 438ਵਾਂ ਦੰਦਾਂ ਅਤੇ ਜਬਾੜ੍ਹਿਆਂ ਦਾ ਫਰੀ ਕੈਂਪ ਬਲਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ-ਰੇਖ ਹੇਠ ਲਗਾਇਆ ਗਿਆ। ਜਿਸ ਦਾ ਉਦਘਾਟਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਆਫ ਐਮੀਨੈਂਸ ਦੇ ਪ੍ਰਿੰਸੀਪਲ ਰਣਜੀਤ ਕੁਮਾਰ ਗੋਗਨਾ ਨੇ ਜਯੋਤੀ ਪ੍ਰਜਵਲਿਤ ਕਰਕੇ ਕੀਤਾ। ਉਹਨਾਂ ਬਲੱਡ ਬੈਂਕ ਵਲੋਂ ਸਮਾਜ ਸੇਵਾ ਵਿਚ ਪਾਏ ਜਾ ਰਹੇ ਯੋਗਦਾਨ ਦੀ ਸ਼ਲਾਘਾ ਕੀਤੀ ਅਤੇ 5 ਲੋੜਵੰਦ ਬਜ਼ੁਰਗਾਂ ਨੂੰ ਨਵੇਂ ਤਿਆਰ ਕੀਤੇ ਜਬਾੜ੍ਹੇ ਵੀ ਵੰਡੇ। ਕੈਂਪ ਦੌਰਾਨ ਸੀ.ਐਮ.ਸੀ ਲੁਧਿਆਣਾ ਤੋਂ ਪਹੁੰਚੀ ਮਾਹਰ ਡਾਕਟਰਾਂ ਦੀ 25 ਮੈਂਬਰੀ ਮੋਬਾਈਲ ਟੀਮ ਨੇ 145 ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕੀਤੀ। ਲੋੜਵੰਦਾਂ ਦੇ ਦੰਦ ਸਾਫ਼ ਕੀਤੇ ਗਏ ਅਤੇ ਲੋੜ ਅਨੁਸਾਰ ਦਵਾਈਆਂ ਦਿੱਤੀਆਂ ਗਈਆਂ। ਇਸ ਤੋਂ ਇਲਾਵਾ ਮਰੀਜ਼ਾਂ ਦੇ ਖਰਾਬ ਹੋਏ ਦੰਦਾਂ ਦੀ ਭਰਾਈ ਵੀ ਕੀਤੀ ਗਈ। ਕੈਂਪ ਦੌਰਾਨ 25 ਨਵੇਂ ਜਬਾੜ੍ਹੇ ਬਣਾਉਣ ਦੀ ਅਗਲੀ ਪ੍ਰਕਿਰਿਆ ਵੀ ਪੂਰੀ ਕੀਤੀ ਗਈ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਅਗਲਾ ਕੈਂਪ 16 ਅਕਤੂਬਰ ਨੂੰ ਲਗਾਇਆ ਜਾਵੇਗਾ। ਇਸ ਮੌਕੇ ਡਾ. ਐਮ.ਪੀ. ਸਿੰਘ, ਡਾ. ਮਿਨਾਕਸ਼ੀ, ਵਿਸ਼ਵਾਮਿੱਤਰ ਸ਼ਰਮਾ, ਕੁਲਦੀਪ ਦੁੱਗਲ, ਪਰਮਜੀਤ ਸਿੰਘ ਚੱਗਰ, ਗੁਲਸ਼ਨ ਕਪੂਰ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਰਮਨ ਨਹਿਰਾ, ਐਸ.ਸੀ. ਚਾਵਲਾ, ਅਮਰਜੀਤ ਡਾਂਗ, ਰੂਪ ਲਾਲ ਆਦਿ ਹਾਜ਼ਰ ਸਨ।

# ਅਮਰ ਕੌਰ-ਚਰਨ ਕੌਰ ਵੈੱਲਫੇਅਰ ਸੁਸਾਇਟੀ ਵੱਲੋਂ ਤਿੰਨ ਲੜਕੀਆਂ ਨੂੰ ਪੜ੍ਹਾਈ ਲਈ ਸਹਾਇਤਾ ਰਾਸ਼ੀ ਭੇਟ



**ਮੇਹਟੀਆਣਾ (ਜਗਤਾਰ ਸਿੰਘ ਸਿੰਘ ਭੂੰਗਰਨੀ)** ਅਮਰ ਕੌਰ-ਚਰਨ ਕੌਰ ਵੈਲਫੇਅਰ ਸੁਸਾਇਟੀ ਵੱਲੋਂ ਤਿੰਨ ਲੜਕੀਆਂ ਨੂੰ ਪੜ੍ਹਾਈ ਲਈ 83690 ਰੁਪਏ ਦੇ ਵੱਖ-ਵੱਖ ਚੈੱਕ ਦਿੱਤੇ ਗਏ।ਇਸ ਮੌਕੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਸੁਸਾਇਟੀ ਦੇ ਪ੍ਰਧਾਨ ਜਸਵੀਰ ਸਿੰਘ ਮਿਨਹਾਸ, ਵਾਈਸ ਪ੍ਰਧਾਨ ਜਗਤਾਰ ਸਿੰਘ ਭੂੰਗਰਨੀ, ਕੈਸ਼ੀਅਰ ਸੁਰਜੀਤ ਮਸੂਤਾ ਨੇ ਦੱਸਿਆ ਕਿ ਪਿੰਡ ਮਾਨਾ (ਹੁਸ਼ਿਆਰਪੁਰ) ਦੇ ਗਰੀਬ ਪਰਵਾਰ ਨਾਲ ਸਬੰਧਤ ਲੜਕੀ ਸਿਮਰਨ ਜੋਤ ਕੌਰ ਪੁੱਤਰੀ ਸਵ. ਜਸਵੰਤ ਸਿੰਘ ਜੋ ਬਾਬਾ ਭਾਗ ਸਿੰਘ ਇੰਸਟੀਚਿਊਟ ਵਿੱਚ ਨਰਸਿੰਗ ਦਾ ਕੋਰਸ ਕਰ ਰਹੀ ਹੈ ਜੋ ਪੜ੍ਹਾਈ ਪੱਖ ਤੋਂ ਬਹੁਤ ਹੁਸ਼ਿਆਰ ਹੈ, ਪਰ ਪਰਵਾਰ ਗਰੀਬ ਹੋਣ ਕਾਰਨ ਉਸਦਾ ਖਰਚ ਨਹੀਂ ਚੁੱਕ ਸਕਦੇ ਸਨ।ਉਨ੍ਹਾਂ ਨੂੰ ਉਪਰੋਕਤ ਸੁਸਾਇਟੀ ਬਾਰੇ ਪਤਾ ਲੱਗਾ ਜੋ ਕਿ ਗਰੀਬ ਪਰਵਾਰਾਂ ਦੇ ਬੱਚਿਆਂ ਨੂੰ ਪੜ੍ਹਾਈ ਕਰਵਾ ਰਹੇ ਹਨ ਜਿਸਦੇ ਸਰਪ੍ਰਸਤ ਡਾਕਟਰ ਹਰਦੇਵ ਸਿੰਘ ਪਰਹਾਰ ਅਤੇ ਜਸਵਿੰਦਰ ਕੌਰ ਪਰਹਾਰ ਯੂ ਐਸ ਏ ਹਨ ਉਹਨਾਂ ਤੱਕ ਪਹੁੰਚ ਕੀਤੀ।ਸੁਸਾਇਟੀ ਵਲੋਂ ਸਾਰੇ ਕਾਗਜ ਪੱਤਰਾਂ ਦੀ ਜਾਂਚ ਕਰ ਲੈਣ ਉਪਰੰਤ ਉਸ ਲੜਕੀ ਦੀ ਨਰਸਿੰਗ ਦੀ ਦੋ ਸਾਲ ਦੀ ਫੀਸ 40250 /-ਰੁਪਏ ਇਸੇ ਤਰਾਂ ਪਿੰਡ ਭਾਮ ਦੀਆਂ ਦੋ ਬੱਚੀਆਂ ਪੰਜਵੀਂ ਅਤੇ ਪਹਿਲੀ ਕਲਾਸ ਅੰਜਲੀ ਅਤੇ ਮਨਜੋਤ ਕੌਰ ਨੂੰ ਵੱਖ-ਵੱਖ ਕ੍ਰਮਵਾਰ 24660 ਰੁਪਏ ਅਤੇ 18780/- ਦੇ ਚੈੱਕ ਦਿੱਤੇ ਗਏ ਇਸ ਮੌਕੇ ਹੋਰਨਾਂ ਤੋਂ ਇਲਾਵਾ ਜਨਰਲ ਸਕੱਤਰ ਪਰਮਿੰਦਰ ਸਿੰਘ ਪੋਸੀ, ਬਲਵੀਰ ਸਿੰਘ ਤੰਬੜ, ਬਲਵੀਰ ਸਿੰਘ ਫੁਗਲਾਣਾ ਸਤਨਾਮ ਸਿੰਘ ਪਰਹਾਰ, ਸਾਬਕਾ ਸਰਪੰਚ ਗੁਰਮੇਲ ਸਿੰਘ ਭਾਮ ਅਤੇ ਬੱਚਿਆਂ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ।

## ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦੇ ਕੇ ਜੀ ਵਿੰਗ 'ਚ ਐਕਟੀਵਿਟੀ





**ਕਪੂਰਥਲਾ (ਹਨੀ)**-ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਕੇ ਜੀ ਵਿੰਗ 'ਚ ਪ੍ਰਿੰਸੀਪਲ ਪ੍ਰਭਦੀਪ ਕੌਰ ਮੋਗਾ ਦੀ ਅਗਵਾਈ ਵਿੱਚ ਇੱਕ ਬਹੁਤ ਹੀ ਮਜ਼ੇਦਾਰ ਗਤੀਵਿਧੀ 'ਮੈਚਿੰਗ ਦੀ ਆਈਡੈਂਟੀਕਲ' ਦਾ ਆਯੋਜਨ ਕੀਤਾ ਗਿਆ। ਇਸ ਗਤੀਵਿਧੀ ਰਾਹੀਂ ਉਹਨਾਂ ਨੇ ਇੱਕੋ ਜਿਹੀਆਂ ਦਿਖ ਰਹੀਆਂ ਚੀਜ਼ਾਂ ਦਾ ਮੇਲ ਕਰਵਾਇਆ। ਇਸ ਮੌਕੇ ਕੇ ਜੀ ਵਿੰਗ ਦੇ ਇੰਚਾਰਜ ਹਰਪ੍ਰੀਤ ਕੌਰ, ਲਵੀਤਾ, ਸੀਫਾ, ਮੋਨਿਕਾ, ਜੋਤੀ, ਹਰਪ੍ਰੀਤ ਕੌਰ ਆਦਿ ਸਟਾਫ਼ ਮੈਂਬਰ ਹਾਜਰ ਸਨ।

## ਐੱਸ ਡੀ ਕਾਲਜ ਫਾਰ ਵੂਮੈਨ 'ਚ ਬਲੱਡ ਡੋਨੇਸ਼ਨ ਡੇ ਮਨਾਇਆ



**ਸੁਲਤਾਨਪੁਰ ਲੋਧੀ, (ਹਨੀ)**- ਐਸ.ਡੀ.ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਦੇ ਐਨ.ਐਸ.ਐਸ ਵਿਭਾਗ ਤੇ ਰੈਡ ਰਿਬਨ ਕਲੱਬ ਵੱਲੋਂ ਬਲੱਡ ਡੋਨੇਸ਼ਨ ਡੇ ਦੇ ਰੂਪ ਵਿੱਚ ਮਨਾਇਆ ਗਿਆ। ਜਿਸ ਦੀ ਅਗਵਾਈ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਨੇ ਕੀਤੀ। ਇਸ ਦੌਰਾਨ ਖੂਨਦਾਨ ਮਹਾਂਦਾਨ ਦੇ ਮਹਾਂਵਾਕ ਅਨੁਸਾਰ ਇਸ ਦਾਨ ਦੀ ਮਹੱਤਤਾ ਦੱਸੀ ਗਈ। ਇਸ ਮੌਕੇ ਪਿੰਕੀ ਬੀ.ਏ ਭਾਗ ਤੀਜਾ, ਸੁਖਪ੍ਰੀਤ ਬੀ.ਏ ਭਾਗ ਤੀਜਾ, ਅੰਮ੍ਰਿਤ ਕੌਰ ਬੀ.ਕੌਮ ਭਾਗ ਪਹਿਲਾ, ਕੋਮਲਪ੍ਰੀਤ ਕੌਰ ਬੀ.ਕਾਮ ਭਾਗ ਪਹਿਲਾ ਨੇ ਖੂਨਦਾਨ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਖੂਨ ਦੇ ਗਰੁੱਪਾਂ ਸਬੰਧੀ ਵੀ ਦੱਸਿਆ। ਪ੍ਰੋਗਰਾਮ ਅਫਸਰ ਰਾਜਬੀਰ ਕੌਰ ਨੇ ਦੱਸਿਆ ਕਿ ਖੂਨ ਕਿਸੇ ਲੈਬਾਰਟਰੀ ਵਿੱਚ ਪੈਦਾ ਨਹੀਂ ਕੀਤਾ ਜਾ ਸਕਦਾ ਅਤੇ ਇਹ ਇੱਕ ਇਨਸਾਨ ਹੀ ਦੂਸਰੇ ਇਨਸਾਨ ਨੂੰ ਦੇ ਕੇ ਉਸ ਦੀ ਜਾਨ ਬਚਾ ਸਕਦਾ ਹੈ। ਇਸ ਮੌਕੇ ਵਿਦਿਆਰਥਣਾਂ ਅੰਦਰ ਸਵੱਛਤਾ ਹੀ ਸੇਵਾ ਦੇ ਅੰਤਰਗਤ ਕਰਵਾਏ ਇਸ ਲੜੀਵਾਰ ਪ੍ਰੋਗਰਾਮ ਦੀ ਮਹੱਤਤਾ ਦੱਸਦੇ ਹੋਏ ਸਾਫ ਸੁਥਰੇ ਵਾਤਾਵਰਣ ਵਿੱਚ ਰਹਿਣ, ਚੰਗਾ ਖਾਣ-ਪੀਣ ਤੇ ਸਵਸਥ ਹੋ ਕੇ ਖੂਨਦਾਨ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ।

## ਕਾਮਰੇਡ ਪ੍ਰਤਾਪ ਸਿੰਘ ਜਾਡਲਾ ਨੂੰ ਸ਼ਰਧਾਂਜਲੀਆਂ



**ਬੰਗਾ (ਅਵਤਾਰ ਕਲੇਰ)**-ਸੀ ਪੀ ਆਈ ਐਮ ਦੇ ਸੂਬਾ ਸਕੱਤਰੇਤ ਮੈਂਬਰ ਸਾਥੀ ਬਲਵੀਰ ਸਿੰਘ ਜਾਡਲਾ ਦੇ ਭਤੀਜੇ ਕਾਮਰੇਡ ਪ੍ਰਤਾਪ ਸਿੰਘ ਜਾਡਲਾ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ। ਜਿਸ ਵਿੱਚ ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ। ਕਾਮਰੇਡ ਪ੍ਰਤਾਪ ਸਿੰਘ ਰਾਣਾ ਦਾ ਪਿਛਲੇ ਦਿਨੀਂ ਦੇਹਾਂਤ ਹੋ ਗਿਆ ਸੀ।ਉਹ ਡੀ ਵਾਈ ਐਫ ਆਈ ਵਿੱਚ ਸਰਗਰਮ ਮੈਂਬਰ ਰਹੇ ਅਤੇ ਸੀ ਪੀ ਆਈ ਐਮ ਦੇ ਮੈਂਬਰ ਸਨ। ਸੀ ਪੀ ਆਈ ਐਮ ਦੇ ਸੂਬਾ ਕਮੇਟੀ ਮੈਂਬਰ ਕਾਮਰੇਡ ਦਰਸ਼ਨ ਸਿੰਘ ਮੱਟੂ, ਮਹਾਂ ਸਿੰਘ ਰੌੜੀ, ਚਰਨਜੀਤ ਸਿੰਘ ਦੌਲਤਪੁਰ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਰਾਣਾ ਨੈਨ ਸਿੰਘ, ਜਨਵਾਦੀ ਇਸਤਰੀ ਸਭਾ ਦੀ ਸੂਬਾਈ ਮੀਤ ਪ੍ਰਧਾਨ ਸੁਭਾਸ਼ ਮੱਟੂ, ਰਜਿੰਦਰ ਸਿੰਘ, ਸਰਪੰਚ ਸੁਰੇਸ਼ ਰਾਣਾ, ਸੁਰਿੰਦਰ ਸਿੰਘ ਰਾਣਾ, ਭੁਪਿੰਦਰ ਭਲਵਾਨ ,ਅਕਾਲੀ ਆਗੂ ਤਜਿੰਦਰ ਸਿੰਘ ਬਿੱਟੂ, ਰਜਿੰਦਰ ਸਿੰਘ ਲੱਖਣਪਾਲ, ਭੁਪਿੰਦਰ ਸਿੰਘ ਕੌਲਗੜ੍ਹ, ਸੁਖਦੇਵ ਸਿੰਘ ਗਰਚਾ ਆਦਿ ਸਾਥੀਆਂ ਨੇ ਸ਼ਰਧਾਂਜਲੀ ਭੇਟ ਕੀਤੀ।ਸਟੇਜ ਸਕੱਤਰ ਦੀ ਭੂਮਿਕਾ ਮਾਸਟਰ ਮੁਲਖ ਰਾਜ ਨੇ ਨਿਭਾਈ।ਅੰਤ ਵਿੱਚ ਕਾਮਰੇਡ ਬਲਵੀਰ ਸਿੰਘ ਜਾਡਲਾ ਨੇ ਆਏ ਹੋਏ ਰਾਜਨੀਤਿਕ ਆਗੂਆਂ, ਰਿਸ਼ਤੇਦਾਰਾਂ ਅਤੇ ਦੋਸਤਾਂ ਮਿੱਤਰਾਂ, ਪਿੰਡ ਵਾਸੀਆਂ ਦਾ ਪਰਵਾਰ ਵਲੋਂ ਧੰਨਵਾਦ ਕੀਤਾ।

## ਸੀ ਪੀ ਨੇ 42 ਅਧਿਕਾਰੀਆਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਕੀਤਾ ਸਨਮਾਨਤ



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਪੁਲਸ ਕਮਿਸ਼ਨਰ ਜਲੰਧਰ ਸਵਪਨ ਸ਼ਰਮਾ ਨੇ ਵੀਰਵਾਰ ਨੂੰ 42 ਅਧਿਕਾਰੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਸਮਰਪਣ ਲਈ ਪ੍ਰਸ਼ੰਸਾ ਪੱਤਰ ਸ਼੍ਰੇਣੀ-1 ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਪੁਲਸ ਕਮਿਸ਼ਨਰ ਨੇ ਦੱਸਿਆ ਕਿ ਇਨ੍ਹਾਂ ਮਿਹਨਤੀ ਅਧਿਕਾਰੀਆਂ ਨੂੰ ਬੇਮਿਸਾਲ ਯਤਨਾਂ ਲਈ ਸਨਮਾਨਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕੁੱਲ 42 ਅਧਿਕਾਰੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਸਮਰਪਣ ਲਈ ਪ੍ਰਸ਼ੰਸਾ ਪੱਤਰ ਸ਼੍ਰੇਣੀ-1 ਨਾਲ ਸਨਮਾਨਤ ਕੀਤਾ ਗਿਆ। ਸਵਪਨ ਸ਼ਰਮਾ ਨੇ ਦੱਸਿਆ ਕਿ ਇਨ੍ਹਾਂ ਅਧਿਕਾਰੀਆਂ ਨੂੰ ਜਨਤਕ ਸੁਰੱਖਿਆ ਪ੍ਰਤੀ ਆਪਣੀ ਅਣਥੱਕ ਵਚਨਬੱਧਤਾ ਸਦਕਾ ਨਕਦ ਇਨਾਮਾਂ ਨਾਲ ਵੀ ਨਿਵਾਜਿਆ ਗਿਆ ਹੈ। ਸਮਾਗਮ ਦੌਰਾਨ ਪੁਲਿਸ ਕਮਿਸ਼ਨਰ ਜਲੰਧਰ ਨੇ ਦੱਸਿਆ ਕਿ ਕੁੱਲ 42 ਪੁਲਸ ਅਧਿਕਾਰੀਆਂ ਨੂੰ 7.5 ਲੱਖ ਰੁਪਏ ਤੋਂ ਵੱਧ ਦੇ ਨਕਦ ਇਨਾਮਾਂ ਦੇ ਨਾਲ-ਨਾਲ ਪ੍ਰਸ਼ੰਸਾ ਪੱਤਰ ਵੀ ਦਿੱਤੇ ਗਏ ਹਨ। ਇਨ੍ਹਾਂ ਅਧਿਕਾਰੀਆਂ ਵਿੱਚ ਸੱਤ ਇੰਸਪੈਕਟਰ, ਚਾਰ ਸਬ-ਇੰਸਪੈਕਟਰ, 11 ਸਹਾਇਕ ਸਬ-ਇੰਸਪੈਕਟਰ, ਪੰਜ ਹੈੱਡ ਕਾਂਸਟੇਬਲ ਅਤੇ 15 ਕਾਂਸਟੇਬਲ ਸ਼ਾਮਲ ਹਨ।

# ਅੱਖਾਂ ਦਾਨ ਕਰਨਾ ਮਨੁੱਖਤਾ ਦੀ ਸਭ ਤੋਂ ਉੱਤਮ ਸੇਵਾ : ਵਿਧਾਇਕ ਰਾਜਾ




**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਅੱਖਾਂ ਦਾਨ ਕਰਨਾ ਮਨੁੱਖਤਾ ਦੀ ਸਭ ਤੋਂ ਉੱਤਮ ਸੇਵਾ ਹੈ ਅਤੇ ਇਹ ਦਾਨ ਕਰਨ ਨਾਲ ਅਸੀਂ ਕਿਸੇ ਹਨੇਰੀ ਜ਼ਿੰਦਗੀ ਵਿੱਚ ਜਿਉ ਰਹੇ ਵਿਅਕਤੀ ਦੀ ਜ਼ਿੰਦਗੀ ਵਿੱਚ ਰੌਸ਼ਨੀ ਪੈਦਾ ਕਰ ਸਕਦੇ ਹਾਂ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਹਲਕਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਨੇਤਰ ਦਾਨ ਐਸੋਸੀਏਸ਼ਨ ਹੁਸ਼ਿਆਰਪੁਰ ਵੱਲੋਂ ਚਲਾਈ ਜਾ ਰਹੀ ਨੇਤਰਦਾਨ ਜਾਗਰੂਕਤਾ ਮੁਹਿੰਮ ਦਾ ਹਿੱਸਾ ਬਣਨ ਸਮੇਂ ਕੀਤਾ।ਸਟੇਟ ਐਵਾਰਡੀ ਅਤੇ ਨੇਤਰਦਾਨ ਐਸੋਸੀਏਸ਼ਨ ਹੁਸ਼ਿਆਰਪੁਰ ਦੇ ਹਲਕਾ ਟਾਂਡਾ ਤੋਂ ਆਈ ਡੋਨਰ ਇੰਚਾਰਜ ਜਥੇਦਾਰ ਵਰਿੰਦਰ ਸਿੰਘ ਮਸੀਤੀ, ਬਲਾਕ ਪ੍ਰਧਾਨ ਆਮ ਆਦਮੀ ਪਾਰਟੀ ਕੇਸ਼ਵ ਸਿੰਘ ਸੈਣੀ ਤੇ ਚੇਅਰਮੈਨ ਪਰਮਜੀਤ ਸਿੰਘ ਪੰਮਾ ਖਰਲਾਂ ਦੀ ਹਾਜ਼ਰੀ ਵਿੱਚ ਵਿਧਾਇਕ ਰਾਜਾ ਨੇ ਨੇਤਰਦਾਨ ਜਾਗਰੂਕਤਾ ਦਾ ਸੰਚਾਰ ਕਰਦਿਆਂ ਕਿਹਾ ਕਿ ਜੇਕਰ ਅਸੀਂ ਜਿਉਂਦੇ ਜੀ ਅੱਖਾਂ ਦਾਨ ਕਰਨ ਸਬੰਧੀ ਰਜਿਸਟਰੇਸ਼ਨ ਕਰਵਾਈ ਹੋਵੇਗੀ ਤਾਂ ਸਾਡੀਆਂ ਅੱਖਾਂ ਸਾਡੇ ਮਰਨ ਤੋਂ ਬਾਅਦ ਵੀ ਜ਼ਿੰਦਾ ਰਹਿਣਗੀਆਂ ਅਤੇ ਸਾਡੀਆਂ ਅੱਖਾਂ ਕਿਸੇ ਨੇਤਰਹੀਨ ਵਿਅਕਤੀ ਨੂੰ ਰੌਸ਼ਨੀ ਪ੍ਰਦਾਨ ਕਰਕੇ ਉਸ ਦਾ ਭਲਾ ਕਰਨਗੀਆਂ। ਇਸ ਲਈ ਸਾਨੂੰ ਨੇਤਰਦਾਨ ਐਸੋਸੀਏਸ਼ਨ ਹੁਸ਼ਿਆਰਪੁਰ ਕੋਲ ਨੇਤਰ ਦਾਨ ਕਰਨ ਵਾਸਤੇ ਫਾਰਮ ਭਰਨਾ ਚਾਹੀਦਾ ਹੈ।ਇਸ ਮੌਕੇ ਉਹਨਾਂ ਸਟੇਟ ਐਵਾਰਡੀ ਭਾਈ ਵਰਿੰਦਰ ਸਿੰਘ ਮਸੀਤੀ ਅਤੇ ਨੇਤਰਦਾਨ ਐਸੋਸੀਏਸ਼ਨ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਉਹਨਾਂ ਦੇ ਉਦਮ ਸਦਕਾ ਹੀ ਅੱਜ ਕਈ ਵਿਅਕਤੀ ਅੱਖਾਂ ਦੀ ਪ੍ਰਾਪਤੀ ਕਰ ਸਕੇ ਹਨ। ਇਸ ਮੌਕੇ ਸਟੇਟ ਐਵਾਰਡੀ ਭਾਈ ਵਰਿੰਦਰ ਸਿੰਘ ਮਸੀਤੀ ਨੇ ਦੱਸਿਆ ਕਿ ਨੇਤਰਦਾਨ ਐਸੋਸੀਏਸ਼ਨ ਵੱਲੋਂ ਸਿਹਤ ਵਿਭਾਗ ਦੇ ਸਹਿਯੋਗ ਨਾਲ ਪਿਛਲੇ ਦਿਨਾਂ ਤੋਂ ਨੇਤਰਦਾਨ ਜਾਗਰੂਕਤਾ ਦੀ ਮੁਹਿੰਮ ਚਲਾਈ ਗਈ ਸੀ ਜਿਸ ਦੌਰਾਨ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਵਿਸ਼ੇਸ਼ ਤੌਰ ਤੇ ਇਸ ਮੁਹਿੰਮ ਵਿੱਚ ਸ਼ਾਮਿਲ ਹੋ ਕੇ ਉਹਨਾਂ ਦੀ ਹੌਂਸਲਾ ਅਫਜ਼ਾਈ ਕੀਤੀ ਹੈ।ਉਹਨਾਂ ਹੋਰ ਦੱਸਿਆ ਕਿ ਇਸ ਮੁਹਿੰਮ ਵਿੱਚ ਜਿੱਥੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦਾ ਵਿਸ਼ੇਸ਼ ਯੋਗਦਾਨ ਹੈ ਉੱਥੇ ਹੀ ਵੱਖ ਵੱਖ ਸਰਕਾਰੀ ਅਦਾਰੇ ਇਸ ਮੁਹਿੰਮ ਦਾ ਹਿੱਸਾ ਬਣੇ ਹਨ ਅਤੇ ਇਸ ਵਿੱਚ ਵਿਸ਼ੇਸ਼ ਕਰਕੇ ਸੇਵਾ ਮੁਕਤ ਡਿਪਟੀ ਡਾਇਰੈਕਟਰ ਡਾਕਟਰ ਕੇਵਲ ਸਿੰਘ ਕਾਜਲ, ਸਮਾਜ ਸੇਵੀ ਡਾਕਟਰ ਲਵਪ੍ਰੀਤ ਸਿੰਘ ਪਾਬਲਾ ਦਾ ਵਿਸ਼ੇਸ਼ ਯੋਗਦਾਨ ਰਿਹਾ ਹੈ ਜੋ ਮਰੀਜ਼ਾਂ ਨੂੰ ਅੱਖਾਂ ਉਪਲਬਧ ਕਰਾਉਣ ਵਿੱਚ ਆਪਣਾ ਵਿਸ਼ੇਸ਼ ਯੋਗਦਾਨ ਤੇ ਸੇਵਾਵਾਂ ਦੇ ਰਹੇ ਹਨ।

# ਸਿਲਵਰ ਓਕ ਸਕੂਲ ਵੱਲੋਂ ਨਿਸ਼ਾਨੇਬਾਜ਼ੀ ਟੀਮ ਦਾ ਸਨਮਾਨ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸ਼ਾਹਬਾਜ਼ਪੁਰ ਦੀ ਨਿਸ਼ਾਨੇਬਾਜ਼ੀ ਟੀਮ ਨੇ ਖੇਡਾਂ ਵਤਨ ਪੰਜਾਬ ਦੀਆਂ ਦੇ ਵਿੱਚ ਬਾਕਮਾਲ ਪ੍ਰਦਰਸ਼ਨ ਕਰਦੇ ਹੋਏ ਮੈਡਲ ਜਿੱਤਣ ਤੇ ਸਕੂਲ ਵੱਲੋਂ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਸਾਡੇ ਨਾਲ ਆਪੇ ਸਕੂਲ ਦੇ ਸ਼ੂਟਿੰਗ ਟੀਮ ਅਤੇ ਉਹਨਾਂ ਦੇ ਕੋਚ ਸੰਜੀਵ ਕੁਮਾਰ ਸ਼ਰਮਾਂ ਦੇ ਵਧੀਆ ਪ੍ਰਦਰਸ਼ਨ ਦੀ ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਦੱਸਿਆ ਕਿ ਖੇਡਾਂ ਵਤਨ ਪੰਜਾਬ ਦੀਆਂ ਦੇ ਜ਼ਿਲ੍ਹਾ ਲੈਵਲ ਤੇ ਮੈਚਾਂ ਦੇ ਵਿੱਚ ਸਕੂਲ ਦੀ ਸ਼ੂਟਿੰਗ ਟੀਮ ਦੇ ਖਿਡਾਰੀ ਲਕਸ਼ ਟੰਡਨ ਨੇ ਅਤੇ ਕੇਸ਼ਵ ਪਾਸੀ ਨੇ ਸਿਲਵਰ ਮੈਡਲ ਜਿੱਤੇ ਉੱਥੇ ਹੀ ਅਸ਼ਨੂਰ ਹੁੰਦਲ, ਏਕਮ ਨੂਰ ਕੌਰ ਅਤੇ ਹਰਕੀਰਤ ਸਿੰਘ ਨੇ ਕਾਂਸੀ ਦੇ ਤਮਗੇ ਤੇ ਕਬਜ਼ਾ ਕੀਤਾ।ਇੱਥੇ ਜ਼ਿਕਰਯੋਗ ਹੈ ਕਿ ਸਿਲਵਰ ਓਕ ਦੀ ਸ਼ੂਟਿੰਗ ਟੀਮ ਦੇ ਕੋਚ ਸੰਜੀਵ ਕੁਮਾਰ ਸ਼ਰਮਾ ਨੇ ਖੁਦ ਇਹਨਾਂ ਗੇਮਾਂ ਵਿੱਚ ਭਾਗ ਲੈਂਦੇ ਹੋਏ ਗੋਲਡ ਮੈਡਲ ਜਿੱਤਿਆ।ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਨੇ ਸਮੁੱਚੀ ਟੀਮ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਉਹਨਾਂ ਦੀ ਅਤੇ ਉਹਨਾਂ ਦੇ ਕੋਚ ਦੀ ਕਰੜੀ ਮਿਹਨਤ ਦਾ ਨਤੀਜਾ ਹੈ ਕਿ ਉਹ ਲਗਾਤਾਰ ਇਹਨਾਂ ਖੇਡਾਂ ਵਿੱਚ ਵਧੀਆ ਪ੍ਰਦਰਸ਼ਨ ਕਰ ਰਹੇ ਹਨ।ਇਸ ਮੌਕੇ ਮੈਨੇਜਰ ਗਜਿੰਦਰ ਪਾਲ ਸਿੰਘ ਅਤੇ ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਜਗਬੰਧਨ ਸਿੰਘ, ਰਾਜਵੀਰ ਕੌਰ, ਅਮਰਜੀਤ ਕੌਰ ਸੈਣੀ, ਗੁਰਪ੍ਰੀਤ ਕੌਰ, ਅਰਚਨਾ ਸੈਨੀ, ਸੁਮਨ ਚੋਪੜਾ, ਪ੍ਰੀਆ, ਮਮਤਾ, ਦਮਨ, ਕੰਚਨ, ਬਲਜੀਤ, ਹਰਜੀਤ ਸਿੰਘ, ਇਕਬਾਲ ਸਿੰਘ, ਗੁਰਦੇਵ ਸਿੰਘ ਅਤੇ ਬਾਕੀ ਸਟਾਫ ਵੀ ਮੌਜੂਦ ਸੀ।

# ਆੜ੍ਹਤੀ ਯੂਨੀਅਨ ਭੁਲੱਥ ਵੱਲੋਂ ਮੰਡੀਆਂ 'ਚ ਤੀਜੇ ਦਿਨ ਵੀ ਹੜਤਾਲ ਜਾਰੀ



**ਭੁਲੱਥ (ਮਨਪ੍ਰੀਤ ਸਿੰਘ)**-ਸਬ ਡਵੀਜ਼ਨ ਕਸਬਾ ਭੁਲੱਥ 'ਚ ਆੜ੍ਹਤੀ ਯੂਨੀਅਨ ਭੁਲੱਥ ਵੱਲੋਂ ਤੀਜੇ ਦਿਨ ਵੀ ਹੜਤਾਲ ਜਾਰੀ ਰਹੀ। ਹੜਤਾਲ ਕਰਕੇ ਮੰਡੀਆਂ 'ਚ ਸੁੰਨ ਪਈ ਨਜ਼ਰ ਆ ਰਹੀ ਹੈ ਤੇ ਦੂਜੇ ਪਾਸੇ ਮੰਡੀਆਂ 'ਚ ਲੱਗੀਆਂ ਝੋਨੇ ਦੀਆਂ ਢੇਰੀਆਂ ਲਿਫਟਿੰਗ ਨਾ ਹੋਣ ਕਰਕੇ ਰੁਲਦੀਆਂ ਪਈਆਂ ਨਜ਼ਰ ਆ ਰਹੀਆਂ ਹਨ। ਇਸ ਮੌਕੇ ਆੜ੍ਹਤੀ ਯੂਨੀਅਨ ਦੇ ਆਗੂਆਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਇਹ ਸੱਦਾ ਆੜ੍ਹਤੀ ਯੂਨੀਅਨ ਪੰਜਾਬ ਦੇ ਪ੍ਰਧਾਨ ਵਿਜੇ ਕਾਲੜਾ ਵੱਲੋਂ ਦਿੱਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਹੜਤਾਲ ਦੌਰਾਨ ਕਿਸਾਨਾਂ ਦਾ ਮਾਲ ਮੰਡੀ ਵਿਚ ਢੇਰੀ ਨਹੀਂ ਕੀਤਾ ਜਾਵੇਗਾ ਤੇ ਨਾ ਹੀ ਤੁਲਾਈ ਕੀਤੀ ਜਾਵੇਗੀ। ਦੂਜੇ ਪਾਸੇ ਕਿਸਾਨਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਕਿਉਂਕਿ ਝੋਨੇ ਦੀ ਫਸਲ ਕੱਟੇ ਜਾਣ ਉਪਰੰਤ ਮੰਡੀਆਂ ਵਿੱਚ ਝੋਨਾ ਲਿਆਉਣ ਲਈ ਕਿਸਾਨਾਂ ਨੂੰ ਮਾਨਸਿਕ ਪਰੇਸ਼ਾਨੀ ਚੋਂ ਲੰਘਣਾ ਪੈ ਰਿਹਾ ਹੈ। ਹੜਤਾਲ ਦੌਰਾਨ ਮੰਡੀਆਂ ਵਿੱਚ ਲੱਗੀਆਂ ਝੋਨੇ ਦੀਆਂ ਬੋਰੀਆਂ ਦੇ ਅੰਬਾਰ ਤੁਲਾਈ ਨਾ ਹੋਣ ਕਰਕੇ ਤੇ ਆੜ੍ਹਤੀ ਯੂਨੀਅਨ ਵੱਲੋਂ ਕੀਤੀ ਹੜਤਾਲ ਕਰਕੇ ਰੁਲ ਰਿਹਾ ਨਜ਼ਰ ਆ ਰਿਹਾ ਹੈ। ਹੜਤਾਲ ਦੌਰਾਨ ਮੰਡੀ ਵਿੱਚ ਕੰਮ ਨਾ ਹੋਣ ਕਾਰਨ ਉਥੋਂ ਦੀ ਲੇਬਰ ਵਿਹਲੀ ਬੈਠੀ ਹੈ।

ਇਸ ਮੌਕੇ ਸਾਬਕਾ ਸਰਪੰਚ ਸਰਬਜੀਤ ਸਿੰਘ ਬਾਗਵਾਨਪੁਰ, ਦਸਤਾਰ ਸਿੰਘ ਕੰਗ, ਸੂਰਤ ਰਾਮ, ਤਰਲੋਕ ਸਿੰਘ, ਬਚਿੱਤਰ ਸਿੰਘ, ਸੁਖਵਿੰਦਰ ਸਿੰਘ ਘੁੰਮਣ, ਕੁਲਵੰਤ ਸਿੰਘ ਕੰਗ, ਸੂਬੇਦਾਰ ਰਤਨ ਸਿੰਘ, ਦਰਸ਼ਨ ਸਿੰਘ ਸ਼ਾਹੀ, ਕਸ਼ਮੀਰ ਸਿੰਘ ਕੰਗ, ਬਲਵੀਰ ਸਿੰਘ ਕੰਗ ਨੇ ਮੰਗ ਕਰਦਿਆਂ ਕਿਹਾ ਕਿ ਆੜ੍ਹਤੀ ਯੂਨੀਅਨ ਦੀ ਚੱਲ ਰਹੀ ਹੜਤਾਲ ਦੇ ਮੱਦੇਨਜ਼ਰ ਕਿਸਾਨਾਂ ਦੀ ਹੋ ਰਹੀ ਖੱਜਲ ਖੁਆਰੀ ਤੁਰੰਤ ਖਤਮ ਕੀਤੀ ਜਾ ਜਾਵੇ ਤਾਂ ਕਿ ਮੰਡੀਆਂ 'ਚ ਰੁਲ ਰਹੀ ਝੋਨੇ ਦੀ ਲਿਫਟਿੰਗ ਤੁਰੰਤ ਕਰਵਾਈ ਜਾ ਸਕੇ।

# 18ਵੇਂ ਡੈਲੀਗੇਟ ਅਜਲਾਸ 'ਚ ਸਰਬਸੰਮਤੀ ਨਾਲ ਬਜਿੰਦਰ ਪੰਡਤ ਸਕੱਤਰ ਬਣੇ



**ਨੰਗਲ (ਸੁਰਜੀਤ ਢੇਰ)**- ਨਜ਼ਦੀਕੀ ਪਿੰਡ ਢੇਰ ਵਿਖੇ ਹਿੰਦ ਕਮਿਊਨਿਸਟ ਪਾਰਟੀ ਮਾਰਕਸਵਾਦੀ ਤਹਿਸੀਲ ਕਮੇਟੀ ਸ੍ਰੀ ਆਨੰਦਪੁਰ ਸਾਹਿਬ ਦਾ 18 ਵਾਂ ਡੈਲੀਗੇਟ ਅਜਲਾਸ ਕਾਮਰੇਡ ਗੁਰਦਿਆਲ ਸਿੰਘ ਢੇਰ ਹਾਲ ਵਿੱਚ ਹੋਇਆ। ਜਿਸ ਵਿੱਚ ਸਰਬਸੰਮਤੀ ਨਾਲ ਬਜਿੰਦਰ ਪੰਡਤ ਨੂੰ ਤਹਿਸੀਲ ਸਕੱਤਰ ਚੁਣ ਲਿਆ ਗਿਆ।ਇਸ ਮੌਕੇ ਸੀ ਪੀ ਆਈ ਐਮ ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਉਦਘਾਟਨੀ ਭਾਸ਼ਣ ਦਿੰਦਿਆਂ ਦੱਸਿਆ ਕਿ ਪਾਰਟੀ ਦੀ ਕੇਂਦਰੀ ਕਮੇਟੀ ਦੇ ਫ਼ੈਸਲੇ ਅਨੁਸਾਰ ਬਰਾਂਚ ਤੋਂ ਲੈ ਕੇ ਕੇਂਦਰ ਪੱਧਰ ਤੱਕ ਚੋਣ ਕੀਤੀ ਜਾ ਰਹੀ ਹੈ। ਜਿਸ ਤਹਿਤ 24ਵੀਂ ਕੇਂਦਰੀ ਕਾਂਗਰਸ 2 ਤੋਂ 6 ਅਪ੍ਰੈਲ ਨੂੰ ਤਾਮਿਲਨਾਡੂ ਵਿਖੇ ਹੋਵੇਗੀ। ਇਸੇ ਤਰ੍ਹਾਂ ਸੂਬਾ ਕਾਨਫਰੰਸ 9 ਤੋਂ 10 ਦਸੰਬਰ ਨੂੰ ਜਲੰਧਰ ਦੇਸ਼ ਭਗਤ ਯਾਦਗਾਰ ਹਾਲ ਵਿੱਚ ਹੋਵੇਗੀ। ਉਨ੍ਹਾਂ ਕਿਹਾ ਕਿ ਕਮਿਊਨਿਸਟ ਵਰਕਰ ਬਰਾਬਰਤਾ ਦਾ ਸਮਾਜ ਸਿਰਜਣ ਲਈ ਲੜ ਰਹੇ ਹਨ। ਕਮਿਊਨਿਸਟਾਂ ਦਾ ਕਮਜ਼ੋਰ ਹੋਣਾ ਦੇਸ਼ ਲਈ ਚੰਗਾ ਨਹੀਂ ਹੈ। ਆਪਣੀ ਵਿਚਾਰਧਾਰਾ ਨੂੰ ਪ੍ਰਫੁੱਲਤ ਕਰਨਾ ਅਤੀ ਜ਼ਰੂਰੀ ਹੈ।ਉਨ੍ਹਾਂ ਨੇ ਕਿਹਾ ਕਿ ਵਧ ਰਹੀ ਬੇਰੁਜ਼ਗਾਰੀ, ਮਹਿੰਗਾਈ, ਭੁੱਖਮਰੀ, ਭ੍ਰਿਸ਼ਟਾਚਾਰ, ਔਰਤ 'ਤੇ ਜ਼ੁਲਮ ਅਤੇ ਘੱਟ- ਗਿਣਤੀਆਂ 'ਤੇ ਹੋ ਰਹੇ ਲਗਾਤਾਰ ਹਮਲਿਆਂ ਖਿਲਾਫ ਪਾਰਟੀ 23 ਤੋਂ 30 ਅਕਤੂਬਰ ਤੱਕ ਕੇਂਦਰ ਦੀ ਮੋਦੀ ਸਰਕਾਰ ਖਿਲਾਫ ਸੂਬਾ ਪੱਧਰ 'ਤੇ ਮੁਹਿੰਮ ਚਲਾਏਗੀ। ਉਨ੍ਹਾਂ ਨੇ ਕਿਹਾ ਕਿ ਕਮਿਊਨਿਸਟ ਪਾਰਟੀਆਂ ਦੇ ਉਪਰਾਲੇ ਸਦਕਾ ਇਸ ਵਾਰ ਕੇਂਦਰ ਵਿਚ ਬੀ ਜੇ ਪੀ ਦੀ ਸਰਕਾਰ ਨਹੀਂ ਬਣੀ, ਸਗੋਂ ਐਨ ਡੀ ਏ ਦੀ ਸਰਕਾਰ ਬਣ ਸਕੀ। ਉਨ੍ਹਾਂ ਇਹ ਵੀ ਕਿਹਾ ਕਿ ਹਰੇਕ ਕਮੇਟੀ ਵਿੱਚ 10 ਫੀਸਦੀ ਨੌਜਵਾਨਾਂ ਨੂੰ ਚੁਣਿਆ ਜਾਵੇਗਾ।ਅਜਲਾਸ ਸ਼ੁਰੂ ਹੋਣ ਤੋਂ ਪਹਿਲਾਂ ਬਜ਼ੁਰਗ ਮਾਸਟਰ ਤਾਰਾ ਸਿੰਘ ਨੇ ਪਾਰਟੀ ਦਾ ਝੰਡਾ ਲਹਿਰਾਇਆ। ਇਸ ਤੋਂ ਬਾਅਦ ਜਸਵਿੰਦਰ ਸਿੰਘ ਭੰਗਲ, ਬਜਿੰਦਰ ਪੰਡਤ ਅਤੇ ਗੁਰਦਿਆਲ ਸਿੰਘ ਮਾਵੀ ਦੀ ਪ੍ਰਧਾਨਗੀ ਹੇਠ ਅਜਲਾਸ ਆਰੰਭ ਹੋਇਆ ਤੇ ਪਾਰਟੀ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਸੀਤਾ ਰਾਮ ਯੇਚੁਰੀ, ਪੱਛਮੀ ਬੰਗਾਲ ਦੇ ਸਾਬਕਾ ਮੁੱਖ ਮੰਤਰੀ ਬੁੱਧਾਦੇਵ ਭੱਟਾਚਾਰੀਆ ਸਮੇਤ ਹੋਰ ਵਿਛੜ ਗਏ ਆਗੂਆਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ।ਅਜਲਾਸ ਵਿਚ ਰਿਪੋਰਟ ਗੀਤਾ ਰਾਮ ਨੇ ਪੇਸ਼ ਕੀਤੀ। ਜਿਸ ਨੂੰ ਬਹਿਸ ਤੋਂ ਬਾਅਦ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ। ਇਸ ਮੌਕੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਗੁਰਨੇਕ ਸਿੰਘ ਭੱਜਲ, ਰਾਮ ਸਿੰਘ ਨੂਰਪੁਰੀ, ਜ਼ਿਲ੍ਹਾ ਸਕੱਤਰ ਕਾਮਰੇਡ ਸੁਰਜੀਤ ਸਿੰਘ ਢੇਰ ਨੇ ਵੀ ਸੰਬੋਧਨ ਕੀਤਾ।ਅਗਲੀ ਤਹਿਸੀਲ ਕਮੇਟੀ ਦਾ ਪੈਨਲ ਗੁਰਨੇਕ ਸਿੰਘ ਭੱਜਲ ਨੇ ਪੇਸ਼ ਕੀਤਾ। ਜਿਸ ਵਿੱਚ ਡਾਕਟਰ ਰਵਿੰਦਰ ਨਾਥ, ਅਮਰਜੀਤ ਸਿੰਘ ਹੋਲਗੜ੍ਹ,ਜਗਤਾਰ ਸਿੰਘ ਜਿੰਦਵੜੀ,ਚਰਨ ਸਿੰਘ ਅਟਵਾਲ, ਪ੍ਰੇਮ ਸਿੰਘ ਹੋਲਗੜ੍ਹ, ਜਗੀਰ ਸਿੰਘ ਰੌਲੀ, ਰਾਮ ਸਿੰਘ ਲਸਾੜੀ, ਬਜਿੰਦਰ ਪੰਡਤ, ਪ੍ਰੇਮ ਚੰਦ ਜੱਟਪੁਰ, ਰਜਿੰਦਰ ਸਿੰਘ ਡੋਡ, ਸੋਮ ਨਾਥ ਕਰਤਾਰਪੁਰ, ਗੁਰਦਿਆਲ ਸਿੰਘ ਮਾਵੀ, ਮਹਿੰਦਰ ਸਿੰਘ, ਜਸਵਿੰਦਰ ਸਿੰਘ ਭੰਗਲ, ਪ੍ਰੋਮਿਲਾ ਦੇਵੀ ਨੂੰ ਮੈਂਬਰ ਚੁਣਿਆ ਗਿਆ ਤੇ ਕਮੇਟੀ ਨੇ ਸਰਬਸੰਮਤੀ ਨਾਲ ਬਜਿੰਦਰ ਪੰਡਤ ਨੂੰ ਤਹਿਸੀਲ ਸਕੱਤਰ ਚੁਣ ਲਿਆ ਗਿਆ। ਇਸ ਅਜਲਾਸ ਵਿਚ ਜ਼ਿਲ੍ਹਾ ਕਾਨਫਰੰਸ ਜੋ ਕਿ 22 ਅਕਤੂਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੀ ਹੈ, ਲਈ ਡੈਲੀਗੇਟਾਂ ਦੀ ਚੋਣ ਵੀ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਕਮੇਟੀ ਮੈਂਬਰ ਸਤਨਾਮ ਸਿੰਘ ਵੀ ਹਾਜ਼ਰ ਸਨ।